ਵੀਰਵਾਰ, 21 ਮਈ, 2026
7 ਜੇਠ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 350

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 21 MAY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਹਲਵਾਰਾ ਹਵਾਈ ਅੱਡੇ ਦਾ ਨਾਂਅ ਸ਼ਹੀਦ ਸਰਾਭਾ ਦੇ ਨਾਂਅ 'ਤੇ ਹੋਵੇ : ਮਾਨ

## ਅੱਡੇ ਦੇ ਵਿਕਾਸ 'ਤੇ ਪੰਜਾਬ ਸਰਕਾਰ ਨੇ 54 ਕਰੋੜ ਤੋਂ ਵੱਧ ਖ਼ਰਚ ਕੀਤੇ



**ਹਲਵਾਰਾ (ਨਵਾਂ ਜ਼ਮਾਨਾ ਸਰਵਿਸ)**

ਹਲਵਾਰਾ ਏਅਰਪੋਰਟ ਤੋਂ ਉਡਾਣਾਂ ਦੀ ਸ਼ੁਰੂਆਤ ਪੰਜਾਬ ਲਈ ਆਰਥਿਕ ਵਿਕਾਸ, ਕੁਨੈਕਟੀਵਿਟੀ ਅਤੇ ਤਰੱਕੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਦੇ ਦ੍ਰਿੜ੍ਹ ਯਤਨਾਂ ਅਤੇ ਵਿੱਤੀ ਵਚਨਬੱਧਤਾ ਸਦਕਾ ਮੁਕੰਮਲ ਹੋਇਆ ਇਹ ਲੰਮੇ ਸਮੇਂ ਤੋਂ ਲਟਕ ਰਿਹਾ ਪ੍ਰੋਜੈਕਟ ਪੂਰੇ ਖੇਤਰ ਵਿੱਚ ਵਪਾਰ, ਉਦਯੋਗ, ਨਿਵੇਸ਼ ਅਤੇ ਰੁਜ਼ਗਾਰ ਨੂੰ ਹੁਲਾਰਾ ਦੇਵੇਗਾ। ਉਡਾਣਾਂ ਸ਼ੁਰੂ ਹੋਣ ਤੋਂ ਬਾਅਦ ਪਹਿਲੀ ਵਾਰ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਏਅਰਪੋਰਟ ਟਰਮੀਨਲ ਦਾ ਦੌਰਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਇਸ ਹਵਾਈ ਅੱਡੇ ਦੀ ਸ਼ੁਰੂਆਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸੂਬੇ ਵਿੱਚ ਵਿਸ਼ਵ ਪੱਧਰੀ ਸਹੂਲਤਾਂ ਲਿਆਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

ਪੰਜਾਬ ਸਰਕਾਰ ਵੱਲੋਂ ਹਵਾਈ ਅੱਡੇ ਦੇ ਵਿਕਾਸ 'ਤੇ ਲਗਭਗ 54.67 ਕਰੋੜ ਰੁਪਏ ਖ਼ਰਚਣ ਦੀ ਗੱਲ ਆਖਦਿਆਂ ਸੁਤੰਤਰਤਾ ਸੰਗਰਾਮੀਆਂ ਅਤੇ ਮਹਾਨ ਸੰਤਾਂ ਦੀ ਵਿਰਾਸਤ ਦਾ ਸਨਮਾਨ ਕਰਨ ਦੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਅਣਥੱਕ ਯਤਨਾਂ ਸਦਕਾ ਮੁਹਾਲੀ ਏਅਰਪੋਰਟ ਦਾ ਨਾਂਅ ਸ਼ਹੀਦ ਭਗਤ ਸਿੰਘ ਅਤੇ ਆਦਮਪੁਰ ਏਅਰਪੋਰਟ ਦਾ ਨਾਂਅ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਨਾਂਅ 'ਤੇ ਰੱਖੇ ਜਾਣ ਤੋਂ • ਬਾਕੀ ਸਫਾ 2 'ਤੇ

## ਨੀਟ ਪ੍ਰੀਖਿਆਰਥੀਆਂ ਲਈ ਮੁਫ਼ਤ ਸਫ਼ਰ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**-ਨੀਟ ਦੀ ਪ੍ਰੀਖਿਆ ਦੇਣ ਜਾ ਰਹੇ ਪ੍ਰੀਖਿਆਰਥੀਆਂ ਲਈ ਪੰਜਾਬ ਰੋਡਵੇਜ਼ ਦੀ ਬੱਸ ਵਿੱਚ ਕੋਈ ਕਿਰਾਇਆ ਨਹੀਂ ਲੱਗੇਗਾ। ਬੁੱਧਵਾਰ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਪੀਲ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੇ ਨੀਟ ਪ੍ਰੀਖਿਆਰਥੀਆਂ ਦਾ ਪੰਜਾਬ ਰੋਡਵੇਜ਼ ਦੀਆਂ ਬੱਸਾਂ ਵਿੱਚ 20, 21 ਅਤੇ 22 ਜੂਨ ਤੱਕ ਕੋਈ ਕਿਰਾਇਆ ਨਹੀਂ ਲੱਗੇਗਾ। ਪੰਜਾਬ ਰੋਡਵੇਜ਼ ਦੀ ਬੱਸ ਵਿੱਚ ਸਫ਼ਰ ਕਰਨ ਵਾਲੇ ਸਾਰੇ ਵਿਦਿਆਰਥੀ ਆਪਣਾ ਐਡਮਿਟ ਕਾਰਡ ਦਿਖਾਉਣ, ਤਾਂ ਜੋ ਉਨ੍ਹਾਂ ਨੂੰ ਟਿਕਟ ਨਾ ਲੈਣੀ ਪਵੇ।

## ਐਡਵੋਕੇਟ ਗਗਨਦੀਪ ਜੰਮੂ 'ਤੇ ਜਾਨਲੇਵਾ ਹਮਲਾ ਡੂੰਘੀ ਸਾਜ਼ਿਸ਼ ਦਾ ਨਤੀਜਾ : ਸੀ ਪੀ ਆਈ

ਚੰਡੀਗੜ੍ਹ (ਨ ਜ਼ ਸ)- ਸੀ ਪੀ ਆਈ ਪੰਜਾਬ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ, ਸਾਬਕਾ ਸੂਬਾ ਸਕੱਤਰ ਬੰਤ ਸਿੰਘ ਬਰਾੜ ਅਤੇ ਹਰਦੇਵ ਸਿੰਘ ਅਰਸ਼ੀ ਮੈਂਬਰ ਕੇਂਦਰੀ ਕੰਟਰੋਲ ਕਮਿਸ਼ਨ ਸੀ ਪੀ ਆਈ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਬਲਵਿੰਦਰ ਸਿੰਘ ਜੰਮੂ, ਜਿਹੜੇ ਕਿ ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਹਨ, ਉਹਨਾ ਦੇ ਸਪੁੱਤਰ ਨਾਮੀ ਵਕੀਲ ਗਗਨਦੀਪ ਜੰਮੂ ਉਪਰ ਅਣਪਛਾਤੇ ਹਮਲਾਵਰਾਂ ਵੱਲੋਂ ਗੋਲੀਆਂ ਚਲਾ ਕੇ ਕੀਤਾ ਹਮਲਾ ਇੱਕ ਗਹਿਰੀ ਸਾਜ਼ਿਸ਼ ਦਾ ਨਤੀਜਾ ਜਾਪਦਾ ਹੈ। ਗਗਨਦੀਪ ਜੰਮੂ ਜਿਹੜੇ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਬਾਰ ਦੇ ਸਕੱਤਰ ਵੀ ਰਹਿ ਚੁੱਕੇ ਹਨ ਅਤੇ ਉਹ 35 ਸਾਲ ਦੀ ਉਮਰ ਵਿੱਚ ਹੀ ਇੱਕ ਚੋਟੀ ਦੀ ਸ਼ਖ਼ਸੀਅਤ ਵਜੋਂ ਸਥਾਪਤ ਹਨ, ਹਮਲਾਵਰਾਂ ਵੱਲੋਂ ਉਹਨਾ ਦੀ ਕਾਰ ਉੱਤੇ ਚਲਾਈਆਂ ਗੋਲੀਆਂ ਦਾ ਸਾਫ ਮਕਸਦ ਇੱਕ ਜਾਨਲੇਵਾ ਹਮਲਾ ਸੀ। ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਇਸ ਹਮਲੇ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ ਅਤੇ ਪੰਜਾਬ ਸਰਕਾਰ, ਪੁਲਸ ਪ੍ਰਸ਼ਾਸਨ ਅਤੇ ਹੋਰ ਏਜੰਸੀਆਂ ਨੂੰ ਜ਼ੋਰ ਦੇ ਕੇ ਕਹਿੰਦੀ ਹੈ ਕਿ ਇਸ ਸਾਜ਼ਿਸ਼ ਨੂੰ ਜਲਦੀ ਤੋਂ ਜਲਦੀ ਨੰਗਾ ਕੀਤਾ ਜਾਵੇ ਅਤੇ ਦੋਸ਼ੀਆਂ ਨੂੰ ਬਿਨਾਂ ਦੇਰੀ ਗਿਰਫਤਾਰ ਕੀਤਾ ਜਾਵੇ। ਇਸ ਤੋਂ ਇਲਾਵਾ ਐਡਵੋਕੇਟ ਗਗਨਦੀਪ ਜੰਮੂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾਣ।

# 'ਕਾਕਰੋਚ ਜਨਤਾ ਪਾਰਟੀ' ਦੇ ਬਣੇ ਲੱਖਾਂ ਫਾਲੋਅਰਜ਼




**ਚੰਡੀਗੜ੍ਹ** : ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਅੱਜ-ਕੱਲ੍ਹ ਇੱਕ ਅਨੋਖੇ ਨਾਂਅ ਦੀ ਖ਼ੂਬ ਚਰਚਾ ਹੋ ਰਹੀ ਹੈ-'ਕਾਕਰੋਚ ਜਨਤਾ ਪਾਰਟੀ'। ਇਹ ਨਾਂਅ ਸੁਣਦਿਆਂ ਹੀ ਹਰ ਕਿਸੇ ਦੇ ਮਨ ਵਿੱਚ ਕਈ ਸਵਾਲ ਖੜ੍ਹੇ ਹੋ ਰਹੇ ਹਨ ਕਿ ਆਖ਼ਰ ਇਹ ਕਿਹੋ ਜਿਹੀ ਪਾਰਟੀ ਹੈ, ਇਸ ਨੂੰ ਕਿਸ ਨੇ ਸ਼ੁਰੂ ਕੀਤਾ ਹੈ ਅਤੇ ਇਸ ਦਾ ਮੁੱਖ ਮਕਸਦ ਕੀ ਹੈ? ਦਿਲਚਸਪ ਗੱਲ ਇਹ ਹੈ ਕਿ ਇਸ ਡਿਜੀਟਲ ਪਾਰਟੀ ਨੂੰ ਵੱਡੇ-ਵੱਡੇ ਸਿਆਸਤਦਾਨਾਂ ਦਾ ਵੀ ਸਮਰਥਨ ਮਿਲ ਰਿਹਾ ਹੈ। ਦਰਅਸਲ, ਕੁਝ ਦਿਨ ਪਹਿਲਾਂ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਸੂਰਿਆਕਾਂਤ ਵੱਲੋਂ ਦਿੱਤੇ ਇੱਕ ਬਿਆਨ ਨੂੰ ਲੈ ਕੇ ਨੌਜਵਾਨਾਂ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ ਸੀ। ਚੀਫ਼ ਜਸਟਿਸ ਨੇ ਕਥਿਤ ਤੌਰ 'ਤੇ ਨੌਕਰੀਆਂ ਦੇ ਸੰਦਰਭ ਵਿੱਚ ਗੱਲ ਕਰਦਿਆਂ ਬੇਰੁਜ਼ਗਾਰਾਂ ਦੀ ਤੁਲਨਾ 'ਕਾਕਰੋਚ' ਨਾਲ ਕਰ ਦਿੱਤੀ ਸੀ। ਹਾਲਾਂਕਿ ਬਾਅਦ ਵਿੱਚ ਉਨ੍ਹਾਂ ਨੇ ਆਪਣੇ ਬਿਆਨ 'ਤੇ ਸਫ਼ਾਈ ਦਿੰਦਿਆਂ ਕਿਹਾ ਸੀ ਕਿ ਉਨ੍ਹਾਂ ਨੇ ਇਹ ਟਿੱਪਣੀ 'ਫ਼ਰਜ਼ੀ ਡਿਗਰੀਆਂ' ਵਾਲਿਆਂ ਲਈ ਕੀਤੀ ਸੀ, ਪਰ ਸੋਸ਼ਲ ਮੀਡੀਆ 'ਤੇ ਟਰੋਲਰਜ਼ ਨੇ ਇਸ ਮੁੱਦੇ ਨੂੰ ਹੱਥੋਂ ਨਹੀਂ ਜਾਣ ਦਿੱਤਾ। ਇਹ ਕੋਈ ਅਸਲ ਜਾਂ ਚੋਣ ਕਮਿਸ਼ਨ ਕੋਲ ਰਜਿਸਟਰਡ ਸਿਆਸੀ ਪਾਰਟੀ ਨਹੀਂ ਹੈ, ਬਲਕਿ 'ਐਕਸ' 'ਤੇ ਬਣਾਇਆ ਗਿਆ ਇੱਕ ਸਿਆਸੀ ਵਿਅੰਗ ਵਾਲਾ ਹੈਂਡਲ ਹੈ, ਜੋ ਦੇਸ਼ ਦੀ ਸਿਆਸਤ ਅਤੇ ਬੇਰੁਜ਼ਗਾਰੀ ਦੇ ਮੁੱਦੇ 'ਤੇ ਤਨਜ਼ ਕੱਸ ਰਿਹਾ ਹੈ। ਇਸ ਪਾਰਟੀ ਦੇ ਬਾਇਓ ਵਿੱਚ ਇਸ ਨੂੰ 'ਨੌਜਵਾਨਾਂ ਦਾ ਰਾਜਨੀਤਿਕ ਮੋਰਚਾ' ਦੱਸਿਆ ਗਿਆ ਹੈ, ਜੋ ਨੌਜਵਾਨਾਂ ਲਈ ਅਤੇ ਨੌਜਵਾਨਾਂ ਦੀ ਸੋਚ 'ਤੇ ਕੰਮ ਕਰਦਾ ਹੈ, ਕਿਉਂਕਿ ਇਹ ਅਕਾਊਂਟ ਦੇਸ਼ ਦੇ ਮੁੱਖ ਜੱਜ ਦੇ ਬਿਆਨ ਤੋਂ ਤੁਰੰਤ ਬਾਅਦ ਹੋਂਦ ਵਿੱਚ ਆਇਆ ਹੈ, ਇਸ ਲਈ ਇਸ ਨੂੰ ਸਿੱਧਾ ਉਸੇ ਵਿਵਾਦ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਇਸ ਪਾਰਟੀ ਵੱਲੋਂ ਕੀਤੇ ਜਾ ਰਹੇ ਸਿਆਸੀ ਵਿਅੰਗ ਲੋਕਾਂ ਨੂੰ ਇੰਨੇ ਪਸੰਦ ਆ ਰਹੇ ਹਨ ਕਿ ਮਹਿਜ਼ 24 ਘੰਟਿਆਂ ਦੇ ਅੰਦਰ ਹੀ ਇਸ ਹੈਂਡਲ ਦੇ ਹਜ਼ਾਰਾਂ ਫਾਲੋਅਰਜ਼ ਹੋ ਗਏ ਸਨ। 3 ਦਿਨਾਂ ਵਿੱਚ ਇਸ ਨਾਲ ਲੱਖਾਂ ਹੀ ਫਾਲੋਅਰਜ਼ ਜੁੜ ਗਏ ਹਨ, ਜਿਨ੍ਹਾਂ ਨੂੰ ਇਹ ਪਾਰਟੀ ਮਜ਼ਾਕ ਵਿੱਚ ਅੱਗੋਂ 'ਕਾਕਰੋਚ' ਕਹਿ ਕੇ ਹੀ ਸੰਬੋਧਨ ਕਰਦੀ ਹੈ। ਸੋਸ਼ਲ ਮੀਡੀਆ 'ਤੇ ਇਹ ਪੇਜ ਬੇਰੁਜ਼ਗਾਰ ਨੌਜਵਾਨਾਂ ਦੀ ਆਵਾਜ਼ ਅਤੇ ਸਿਸਟਮ 'ਤੇ ਤਿੱਖਾ ਹਮਲਾ ਕਰਨ ਦਾ ਇੱਕ ਨਵਾਂ ਹਥਿਆਰ ਬਣ ਗਿਆ ਹੈ।

# ਟੌਫੀ ਕਿਸੇ ਨੇ ਬਣਾਈ, ਖੱਟ ਗਿਆ ਕੋਈ ਹੋਰ




**ਮੁੰਬਈ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਆਪਣੇ ਇਟਲੀ ਦੌਰੇ ਦੌਰਾਨ ਉੱਥੋਂ ਦੀ ਪ੍ਰਧਾਨ ਮੰਤਰੀ ਜੌਰਜੀਆ ਮੇਲੋਨੀ ਨੂੰ 'ਮੈਲੋਡੀ' ਟੌਫੀਆਂ ਦਾ ਇੱਕ ਪੈਕੇਟ ਤੋਹਫੇ ਵਜੋਂ ਦੇਣ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਮੰਗਲਵਾਰ ਨੂੰ 'ਪਾਰਲੇ ਇੰਡਸਟਰੀਜ਼' ਦੇ ਸ਼ੇਅਰਾਂ ਨੂੰ 5 ਫੀਸਦੀ ਦਾ ਅੱਪਰ ਸਰਕਟ ਲੱਗ ਗਿਆ ਅਤੇ ਇਸ ਦੀ ਕੀਮਤ 5.25 ਰੁਪਏ ਪ੍ਰਤੀ ਸ਼ੇਅਰ ਤੱਕ ਪਹੁੰਚ ਗਈ। ਪਰ ਇੱਥੇ ਸਭ ਤੋਂ ਦਿਲਚਸਪ ਅਤੇ ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਜਿਸ 'ਪਾਰਲੇ ਇੰਡਸਟਰੀਜ਼' ਦੇ ਸ਼ੇਅਰ ਲੋਕਾਂ ਨੇ ਖਰੀਦੇ ਹਨ, ਉਸ ਦਾ ਮੈਲੋਡੀ ਟੌਫੀ ਬਣਾਉਣ ਵਾਲੀ ਅਸਲ ਕੰਪਨੀ 'ਪਾਰਲੇ ਪ੍ਰੋਡਕਟਸ' ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਪਾਰਲੇ ਪ੍ਰੋਡਕਟਸ ਪਾਰਲੇ-ਜੀ, ਮੋਨਾਕੋ, ਕਰੈਕਜੈਕ, ਮੈਂਗੋ ਬਾਈਟ, ਪੌਪਿੰਸ ਅਤੇ 'ਮੈਲੋਡੀ' ਵਰਗੇ ਬ੍ਰਾਂਡ ਬਣਾਉਂਦੀ ਹੈ। ਇਹ ਇੱਕ ਪ੍ਰਾਈਵੇਟ ਕੰਪਨੀ ਹੈ ਅਤੇ ਸ਼ੇਅਰ ਬਾਜ਼ਾਰ ਵਿੱਚ ਲਿਸਟਡ ਨਹੀਂ ਹੈ। ਪਾਰਲੇ ਇੰਡਸਟਰੀਜ਼ ਬੀ ਐੱਸ ਈ 'ਤੇ ਲਿਸਟਡ ਇੱਕ ਵੱਖਰੀ ਕੰਪਨੀ ਹੈ, ਜਿਸ ਦਾ ਮੈਲੋਡੀ ਕੈਂਡੀ ਨਾਲ ਕੋਈ ਸਿੱਧਾ ਵਪਾਰਕ ਸੰਬੰਧ ਨਹੀਂ ਹੈ। ਇਹ ਅਜਿਹਾ ਮਾਮਲਾ ਲੱਗਦਾ ਹੈ, ਜਿੱਥੇ ਵਪਾਰੀਆਂ ਅਤੇ ਰਿਟੇਲ ਨਿਵੇਸ਼ਕਾਂ ਨੇ ਵਾਇਰਲ ਵੀਡੀਓ ਦੇਖ ਕੇ 'ਪਾਰਲੇ' ਨਾਂਅ ਨਾਲ ਜੁੜੀ ਲਿਸਟਡ ਕੰਪਨੀ ਦੇ ਸ਼ੇਅਰ ਖਰੀਦਣ ਲਈ ਜਲਦਬਾਜ਼ੀ ਕੀਤੀ, ਕਿਉਂਕਿ ਉਨ੍ਹਾਂ ਇਸ 'ਪਾਰਲੇ' ਨੂੰ ਵਾਇਰਲ ਮੈਲੋਡੀ ਪਲ ਨਾਲ ਜੋੜ ਕੇ ਦੇਖਿਆ। ਇੰਟਰਨੈੱਟ 'ਤੇ ਮੋਦੀ ਅਤੇ ਮੇਲੋਨੀ ਦੀ ਇੱਕ ਮਜ਼ਾਕੀਆ ਵੀਡੀਓ ਵਾਇਰਲ ਹੋਣ ਤੋਂ ਬਾਅਦ ਹੀ ਸ਼ੇਅਰਾਂ ਵਿੱਚ ਇਹ ਉਛਾਲ ਦੇਖਣ ਨੂੰ ਮਿਲਿਆ। ਮੇਲੋਨੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਉੱਤੇ ਵੀਡੀਓ ਸਾਂਝੀ ਕਰਦਿਆਂ ਲਿਖਿਆ, 'ਤੋਹਫ਼ੇ ਲਈ ਧੰਨਵਾਦ।' ਵੀਡੀਓ ਵਿੱਚ ਉਹ ਇਹ ਕਹਿੰਦੀ ਸੁਣਾਈ ਦੇ ਰਹੀ ਹੈ, 'ਉਨ੍ਹਾ ਤੋਹਫੇ ਵਿੱਚ ਇੱਕ ਬਹੁਤ, ਬਹੁਤ ਵਧੀਆ ਟੌਫੀ ਦਿੱਤੀ ਹੈ', ਜਿਸ ਤੋਂ ਬਾਅਦ ਦੋਵੇਂ ਨੇਤਾ ਹੱਸਣ ਲੱਗ ਪੈਂਦੇ ਹਨ।

## ਮਾਨ ਆਈ ਐੱਸ ਆਈ ਦਾ ਏਜੰਟ : ਬਿੱਟੂ

**ਚੰਡੀਗੜ੍ਹ** : ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਆਈ ਐੱਸ ਆਈ ਦਾ ਏਜੰਟ ਦੱਸਦਿਆਂ ਕਿਹਾ ਹੈ ਕਿ ਉਹ ਆਈ ਐੱਸ ਆਈ ਦੇ ਕਹਿਣ 'ਤੇ ਸਾਡੇ ਦੇਸ਼ ਨੂੰ ਖਤਰੇ ਵਿੱਚ ਪਾਉਣਾ ਚਾਹੁੰਦਾ ਹੈ ਅਤੇ ਪ੍ਰਧਾਨ ਮੰਤਰੀ ਦੇ ਕੰਮ ਵਿੱਚ ਵਿਘਨ ਪਾਉਣਾ ਚਾਹੁੰਦਾ ਹੈ। ਮੀਡੀਆ ਨਾਲ ਗੱਲਬਾਤ ਦੌਰਾਨ ਬਿੱਟੂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਭਗਵੰਤ ਮਾਨ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਜਾਣੀ ਚਾਹੀਦੀ ਹੈ। ਦਰਅਸਲ, ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਹਾਲੀਆ ਵਿਦੇਸ਼ ਦੌਰੇ ਨੂੰ ਲੈ ਕੇ ਤਨਜ਼ ਕੱਸਿਆ ਸੀ। ਇਸੇ ਮੁੱਦੇ 'ਤੇ ਜਦੋਂ ਪੱਤਰਕਾਰਾਂ ਨੇ ਰਵਨੀਤ ਬਿੱਟੂ ਨੂੰ ਸਵਾਲ ਪੁੱਛਿਆ ਤਾਂ ਉਨ੍ਹਾ ਇਹ ਤਿੱਖੀ ਪ੍ਰਤੀਕਿਰਿਆ ਦਿੱਤੀ। ਬਿੱਟੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਪੂਰੇ ਦੇਸ਼ ਦੇ ਪ੍ਰਧਾਨ ਮੰਤਰੀ ਹਨ, ਵਿਦੇਸ਼ ਜਾ ਕੇ ਉਨ੍ਹਾ ਤੇਲ ਅਤੇ ਗੈਸ ਦੇ ਮਸਲੇ ਹੱਲ ਕਰਨੇ ਹਨ। ਉਨ੍ਹਾ ਕਿਹਾ ਕਿ ਪ੍ਰਧਾਨ ਮੰਤਰੀ ਨੇ ਯੂ ਏ ਈ ਜਾ ਕੇ ਤੇਲ ਦਾ ਮਸਲਾ ਹੱਲ ਕੀਤਾ ਹੈ।

## ਨਾਰਵੇ ਦੀ ਪੱਤਰਕਾਰ ਦੇ ਇੰਸਟਾਗ੍ਰਾਮ ਤੇ ਫੇਸਬੁਕ ਅਕਾਊਂਟ ਮੁਅੱਤਲ

**ਨਵੀਂ ਦਿੱਲੀ** : ਨਾਰਵੇ ਦੀ ਮਹਿਲਾ ਪੱਤਰਕਾਰ ਹੈਲੇ ਲਿੰਗ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਵਾਲ ਪੁੱਛਣ ਦਾ ਵਿਵਾਦ ਡੂੰਘਾ ਹੋ ਗਿਆ ਹੈ। ਪ੍ਰਧਾਨ ਮੰਤਰੀ ਮੋਦੀ ਨੂੰ 'ਦੁਨੀਆ ਦੇ ਸਭ ਤੋਂ ਆਜ਼ਾਦ ਮੀਡੀਆ' ਦੇ ਸਵਾਲਾਂ ਦਾ ਸਾਹਮਣਾ ਕਰਨ ਦੀ ਚੁਣੌਤੀ ਦੇਣ ਵਾਲੀ ਇਸ ਵੀਡੀਓ ਦੇ ਵਾਇਰਲ ਹੋਣ ਤੋਂ ਬਾਅਦ, ਹੈਲੇ ਲਿੰਗ ਨੇ ਦਾਅਵਾ ਕੀਤਾ ਹੈ ਕਿ ਉਸ ਦੇ ਇੰਸਟਾਗ੍ਰਾਮ ਅਤੇ ਫੇਸਬੁੱਕ ਅਕਾਊਂਟਸ ਨੂੰ ਮੁਅੱਤਲ (ਸਸਪੈਂਡ) ਕਰ ਦਿੱਤਾ ਗਿਆ ਹੈ। ਨਾਰਵੇ ਦੇ ਅਖ਼ਬਾਰ 'ਡੈਗਸਵਿਸਨ' ਦੀ ਇਸ ਪੱਤਰਕਾਰ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇਸ ਦੀ ਪੁਸ਼ਟੀ ਕਰਦਿਆਂ ਲਿਖਿਆ, "ਜੇਕਰ ਤੁਸੀਂ ਮੇਰੇ ਨਾਲ ਇੰਸਟਾਗ੍ਰਾਮ ਜਾਂ ਫੇਸਬੁੱਕ 'ਤੇ ਸੰਪਰਕ ਕਰਨ ਦੀ ਕੋਸ਼ਿਸ਼ ਕਰ ਰਹੇ ਹੋ, ਤਾਂ ਮੈਂ ਦੱਸਣਾ ਚਾਹੁੰਦੀ ਹਾਂ ਕਿ ਮੇਰੇ ਦੋਵੇਂ ਅਕਾਊਂਟਸ ਸਸਪੈਂਡ ਕਰ ਦਿੱਤੇ ਗਏ ਹਨ। ਮੈਂ ਵੱਧ ਤੋਂ ਵੱਧ ਭਾਰਤੀਆਂ ਦੇ ਸਵਾਲਾਂ ਦੇ ਜਵਾਬ ਦੇਣਾ ਚਾਹੁੰਦੀ ਸੀ, ਪਰ ਹੁਣ ਇਸ ਵਿੱਚ ਦੇਰੀ ਹੋਵੇਗੀ। ਉਮੀਦ ਹੈ ਕਿ ਮੇਰੇ ਅਕਾਊਂਟਸ ਜਲਦੀ ਵਾਪਸ ਮਿਲ ਜਾਣਗੇ। 'ਮੈਟਾ' ਵੱਲੋਂ ਉਸ ਦਾ ਇੰਸਟਾਗ੍ਰਾਮ ਅਕਾਊਂਟ 19 ਮਈ 2026 ਨੂੰ ਸਸਪੈਂਡ ਕੀਤਾ ਗਿਆ ਹੈ ਅਤੇ ਅਪੀਲ ਕਰਨ ਲਈ 180 ਦਿਨਾਂ ਦਾ ਸਮਾਂ ਦਿੱਤਾ ਗਿਆ ਹੈ। ਹੈਲੇ ਲਿੰਗ ਨੇ ਇਸ ਨੂੰ 'ਪ੍ਰੈੱਸ ਦੀ ਆਜ਼ਾਦੀ ਲਈ ਚੁਕਾਉਣੀ ਪਈ ਇੱਕ ਛੋਟੀ ਜਿਹੀ ਕੀਮਤ' ਦੱਸਿਆ ਹੈ।




## ਪਾਵਰਕਾਮ ਦੇ ਸਾਬਕਾ ਸੀ ਐੱਮ ਡੀ ਤੇ ਐੱਸ ਡੀ ਓ ਸਮੇਤ 3 ਗ੍ਰਿਫ਼ਤਾਰ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਵਿਜੀਲੈਂਸ ਬਿਊਰੋ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਨੇ ਬੁੱਧਵਾਰ ਨੂੰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਾਬਕਾ ਸੀ ਐੱਮ ਡੀ ਕੇ ਡੀ ਚੌਧਰੀ ਨੂੰ ਤਤਕਾਲੀ ਐੱਸ ਡੀ ਓ ਸੰਜੀਵ ਪ੍ਰਭਾਕਰ ਅਤੇ ਮੈਸ. ਦਾਮਿਨੀ ਰਿਜ਼ੋਰਟ ਐਂਡ ਬਿਲਡਰਜ਼ ਪ੍ਰਾਈਵੇਟ ਲਿਮਟਿਡ ਲੁਧਿਆਣਾ ਦੇ ਡਾਇਰੈਕਟਰ ਅਮਿਤ ਗਰਗ ਸਮੇਤ ਗ੍ਰਿਫ਼ਤਾਰ ਕੀਤਾ ਹੈ। ਤਿੰਨਾਂ ਨੂੰ ਵਿਜੀਲੈਂਸ ਪੜਤਾਲ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਉਪਰ ਦੋਸ਼ ਹੈ ਕਿ ਉਨ੍ਹਾਂ ਨੇ ਮਿਲੀਭੁਗਤ ਕਰਕੇ ਨਿੱਜੀ ਕਲੋਨੀ ਬਸੰਤ ਸਿਟੀ ਵਿੱਚ ਲੱਗਭੱਗ 10 ਕਰੋੜ ਰੁਪਏ ਦੇ ਸਰਕਾਰੀ ਫੰਡਾਂ ਦੀ ਵਰਤੋਂ ਕਰਕੇ 66 ਕੇ ਵੀ ਦਾ ਸਬ-ਸਟੇਸ਼ਨ ਲਗਾਇਆ ਸੀ। ਨਿਯਮਾਂ ਅਨੁਸਾਰ ਕਲੋਨਾਈਜ਼ਰ ਨੂੰ ਖੁਦ 66 ਕੇ ਵੀ ਸਬ-ਸਟੇਸ਼ਨ ਵਿੱਚ ਨਿਵੇਸ਼ ਕਰਨਾ ਪੈਣਾ ਸੀ। ਪ੍ਰਭਾਕਰ ਉਦੋਂ ਐੱਸ ਡੀ ਓ ਸਨ ਅਤੇ ਕੇ ਡੀ ਚੌਧਰੀ ਪਹਿਲੇ ਸੀ ਐੱਮ ਡੀ (ਹੁਣ ਸੇਵਾਮੁਕਤ) ਸਨ।

## ਰੁਪੱਈਆ ਹੋਇਆ ਹੋਰ ਕਮਜ਼ੋਰ

**ਨਵੀਂ ਦਿੱਲੀ** : ਭਾਰਤੀ ਰੁਪੱਈਆ ਡਾਲਰ ਦੇ ਮੁਕਾਬਲੇ ਲਗਾਤਾਰ ਡਿੱਗ ਰਿਹਾ ਹੈ। 20 ਮਈ ਨੂੰ ਪ੍ਰਤੀ ਡਾਲਰ ਦੀ ਕੀਮਤ 96.95 ਰੁਪਏ ਹੋ ਗਈ। ਜੇਕਰ ਰੁਪੱਈਆ 100 ਰੁਪਏ ਪ੍ਰਤੀ ਡਾਲਰ ਨੂੰ ਪਾਰ ਕਰ ਜਾਂਦਾ ਹੈ, ਤਾਂ ਇਹ ਨਾ ਸਿਰਫ਼ ਨਿਵੇਸ਼ਾਂ ਨੂੰ ਪ੍ਰਭਾਵਤ ਕਰੇਗਾ, ਸਗੋਂ ਤੁਹਾਡੇ ਘਰੇਲੂ ਬਜਟ ਨੂੰ ਵੀ ਪ੍ਰਭਾਵਤ ਕਰੇਗਾ। 19 ਮਈ ਨੂੰ ਰੁਪਏ ਦੀ ਕੀਮਤ 96.57 ਰੁਪਏ ਪ੍ਰਤੀ ਡਾਲਰ ਸੀ।

## ਚੰਡੀਗੜ੍ਹ 'ਚ ਛੁੱਟੀਆਂ 23 ਤੋਂ

**ਚੰਡੀਗੜ੍ਹ** : ਚੰਡੀਗੜ੍ਹ ਪ੍ਰਸ਼ਾਸਨ ਦੇ ਜ਼ਿਲ੍ਹਾ ਸਿੱਖਿਆ ਦਫ਼ਤਰ (ਡੀ ਈ ਓ) ਨੇ ਸਰਕਾਰੀ ਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਲਈ 2026 ਦੀਆਂ ਛੁੱਟੀਆਂ ਦਾ ਸ਼ਡਿਊਲ ਜਾਰੀ ਕਰ ਦਿੱਤਾ ਹੈ। ਇਹ ਹੁਕਮ ਸਿੱਖਿਆ ਸਕੱਤਰ ਪ੍ਰੇਰਨਾ ਪੁਰੀ ਦੇ ਦਸਤਖਤਾਂ ਨਾਲ ਜਾਰੀ ਕੀਤਾ ਗਿਆ ਹੈ। ਗਰਮੀਆਂ ਦੀਆਂ ਛੁੱਟੀਆਂ 23 ਮਈ ਤੋਂ 30 ਜੂਨ ਤੱਕ ਹੋਣਗੀਆਂ। ਹਾਲਾਂ ਕਿ 29 ਅਤੇ 30 ਜੂਨ ਅਧਿਆਪਕਾਂ ਲਈ ਕੰਮਕਾਜੀ ਦਿਨ ਹੋਣਗੇ। ਪਤਝੜ ਦੀਆਂ ਛੁੱਟੀਆਂ 7 ਨਵੰਬਰ ਤੋਂ 11 ਨਵੰਬਰ ਤੱਕ ਹੋਣਗੀਆਂ। ਸਰਦੀਆਂ ਦੀਆਂ ਛੁੱਟੀਆਂ 26 ਦਸੰਬਰ ਤੋਂ 7 ਜਨਵਰੀ, 2027 ਤੱਕ ਹੋਣਗੀਆਂ।

## ਪੁੱਤ ਨੇ ਨਹਿਰ 'ਚ ਛਾਲ ਮਾਰੀ, ਬਚਾਉਂਦਾ ਪਿਓ ਵੀ ਗਿਆ





**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)** ਤਕਰਾਰ ਤੋਂ ਬਾਅਦ ਇੱਥੇ ਥਾਣਾ ਸਿਟੀ ਸਾਹਮਣੇ ਬਣੀ ਸਬਜ਼ੀ ਮੰਡੀ ਵਿੱਚ ਸਬਜ਼ੀ ਵੇਚਣ ਵਾਲੇ ਪਿਓ-ਪੁੱਤਰ ਜਹਾਨੋਂ ਤੁਰ ਗਏ। ਗੁੱਸੇ ਵਿੱਚ ਆਏ ਪੁੱਤਰ ਨੇ ਕਰੀਬ ਚਾਰ ਕਿੱਲੋਮੀਟਰ ਦੂਰ ਪਿੰਡ ਝਬੇਲਵਾਲੀ ਨੇੜਲ ਨਹਿਰ 'ਤੇ ਪਹੁੰਚ ਕੇ ਘਰ ਫੋਨ ਕੀਤਾ ਕਿ ਉਹ ਨਹਿਰ ਵਿੱਚ ਛਾਲ ਮਾਰਨ ਲੱਗਾ ਹੈ। ਪਿਤਾ ਤੁਰੰਤ ਉੱਥੇ ਪਹੁੰਚ ਗਿਆ, ਪਰ ਉਸ ਦੇ ਦੇਖਦਿਆਂ ਹੀ ਮੁੰਡੇ ਨੇ ਛਾਲ ਮਾਰ ਦਿੱਤੀ। ਬਚਾਉਣ ਲਈ ਪਿਤਾ ਨੇ ਵੀ ਨਹਿਰ ਵਿੱਚ ਛਾਲ ਮਾਰ ਦਿੱਤੀ। ਮੌਕੇ 'ਤੇ ਮੌਜੂਦ ਲੋਕਾਂ ਨੇ ਉਨ੍ਹਾਂ ਨੂੰ ਕੱਢਣ ਲਈ ਨਹਿਰ ਵਿੱਚ ਰੱਸੀਆਂ ਸੁੱਟੀਆਂ। ਮੁੰਡੇ ਨੇ ਰੱਸੀ ਫੜ ਵੀ ਲਈ ਸੀ, ਪਰ ਜਦੋਂ ਉਸ ਨੇ ਦੇਖਿਆ ਕਿ ਉਸ ਦਾ ਬਾਪ ਡੁੱਬ ਰਿਹਾ ਹੈ, ਤਾਂ ਉਹ ਰੱਸੀ ਛੱਡ ਕੇ ਆਪਣੇ ਪਿਤਾ ਨੂੰ ਬਚਾਉਣ ਲਈ ਪਿੱਛੇ ਮੁੜਿਆ ਅਤੇ ਖੁਦ ਵੀ ਡੁੱਬ ਗਿਆ। ਪੀੜਤ ਪਰਵਾਰ ਦੇ ਮੈਂਬਰ ਕੁਲਦੀਪ ਸਿੰਘ ਨੇ ਦੱਸਿਆ ਕਿ ਉਸ ਦਾ ਭਰਾ ਮੱਖਣ ਸਿੰਘ ਤੇ ਉਸ ਦਾ ਬੇਟਾ ਹਰਤੇਜ ਸਿੰਘ ਸਬਜ਼ੀ ਮੰਡੀ ਵਿੱਚ ਫਲ ਅਤੇ ਸਬਜ਼ੀ ਵੇਚਣ ਦਾ ਕੰਮ ਕਰਦੇ ਸਨ। ਦੋਵਾਂ ਵਿਚਕਾਰ ਕਿਸੇ ਗੱਲ ਨੂੰ ਲੈ ਕੇ ਤਕਰਾਰ ਹੋ ਗਿਆ ਅਤੇ ਇਹ ਤਕਰਾਰ ਇੱਕ ਵੱਡਾ ਰੂਪ ਧਾਰਨ ਕਰ ਗਿਆ। ਘਟਨਾ ਸੰਬੰਧੀ ਜਦੋਂ ਉਨ੍ਹਾ ਥਾਣਾ ਸਿਟੀ ਪੁਲਸ ਨੂੰ ਸੂਚਨਾ ਦਿੱਤੀ ਤਾਂ ਸਿਟੀ ਪੁਲਸ ਨੇ ਕਿਹਾ ਕਿ ਨਹਿਰਾਂ ਵਾਲਾ ਇਲਾਕਾ ਥਾਣਾ ਬਰੀਵਾਲਾ ਦੇ ਅਧੀਨ ਆਉਂਦਾ ਹੈ, ਇਸ ਲਈ ਬਰੀਵਾਲਾ ਥਾਣਾ ਹੀ ਕਾਰਵਾਈ ਕਰੇਗਾ। ਦੂਜੇ ਪਾਸੇ, ਥਾਣਾ ਬਰੀਵਾਲਾ ਦੀ ਪੁਲਸ ਨੇ ਕਿਹਾ ਕਿ ਝਗੜਾ ਮੁਕਤਸਰ ਸਿਟੀ ਪੁਲਸ ਦੀ ਹਦੂਦ ਵਿੱਚ ਹੋਇਆ ਹੈ, ਇਸ ਲਈ ਬਣਦੀ ਕਾਰਵਾਈ ਸਿਟੀ ਪੁਲਸ ਵੱਲੋਂ ਕੀਤੀ ਜਾਣੀ ਚਾਹੀਦੀ ਹੈ। ਥਾਣਾ ਸਿਟੀ ਦੇ ਪੁਲਸ ਮੁਖੀ ਨੇ ਦੱਸਿਆ ਕਿ ਇਹ ਮਾਮਲਾ ਥਾਣਾ ਬਰੀਵਾਲਾ ਦਾ ਹੈ। ਅਖੀਰ ਥਾਣਾ ਬਰੀਵਾਲਾ ਪੁਲਸ ਨੇ ਮਾਮਲੇ ਦਾ ਨੋਟਿਸ ਲੈਂਦਿਆਂ ਨਹਿਰ ਵਿੱਚੋਂ ਲਾਸ਼ਾਂ ਦੀ ਭਾਲ ਸ਼ੁਰੂ ਕਰ ਦਿੱਤੀ।

## ਪਿੰਡਾਂ ਦੇ ਪੈਟਰੋਲ ਪੰਪ ਖਾਲੀ ਹੋਣ ਲੱਗੇ

**ਚੰਡੀਗੜ੍ਹ (ਨ ਜ਼ ਸ)**- ਪੈਟਰੋਲ ਪੰਪ ਡੀਲਰਜ਼ ਐਸੋਸੀਏਸ਼ਨ ਪੰਜਾਬ ਨੇ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਨੂੰ ਇੱਕ ਹੰਗਾਮੀ ਪੱਤਰ ਭੇਜ ਕੇ ਤੇਲ ਦੇ ਸਟਾਕ ਦੀ ਪੂਰਤੀ ਦੇ ਗੰਭੀਰ ਸੰਕਟ ਨੂੰ ਹੱਲ ਕਰਨ ਲਈ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ, ਜਿਸ ਕਾਰਨ ਸੂਬੇ ਭਰ ਵਿੱਚ ਰਿਟੇਲ ਆਊਟਲੈੱਟ (ਪੰਪ) ਖਾਲੀ ਹੋ ਰਹੇ ਹਨ। ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਖੇ ਮੁੱਖ ਸਕੱਤਰ ਨੂੰ ਸੰਬੋਧਿਤ ਕੀਤੇ ਗਏ ਸਖ਼ਤ ਸ਼ਬਦਾਂ ਵਾਲੇ ਪੱਤਰ ਵਿੱਚ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਦੋਆਬਾ ਨੇ ਇਸ਼ਾਰਾ ਕੀਤਾ ਹੈ ਕਿ ਪ੍ਰਚਲਿਤ 'ਕੈਸ਼ ਐਂਡ ਕੈਰੀ' ਪ੍ਰਣਾਲੀ ਦੇ ਤਹਿਤ ਡੀਲਰਾਂ ਦੁਆਰਾ ਆਪਣੇ ਖਾਤਿਆਂ ਵਿੱਚ ਲੋੜੀਂਦੀ ਪੇਸ਼ਗੀ ਰਕਮ ਬਰਕਰਾਰ ਰੱਖਣ ਦੇ ਬਾਵਜੂਦ, ਤੇਲ ਦੀ ਸਪਲਾਈ ਵਿੱਚ ਲਗਾਤਾਰ ਦੇਰੀ ਅਤੇ ਰੁਕਾਵਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦੇ ਨਤੀਜੇ ਵਜੋਂ ਕਈ ਪੈਟਰੋਲ ਪੰਪਾਂ 'ਤੇ ਤੇਲ ਦੀ ਭਾਰੀ ਕਮੀ ਹੋ ਗਈ ਹੈ। ਪੱਤਰ ਵਿੱਚ ਕਿਹਾ ਗਿਆ ਹੈ ਕਿ ਕਈ ਜ਼ਿਲ੍ਹਿਆਂ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ ਲੰਬੇ ਸਮੇਂ ਤੋਂ ਪੰਪ ਖਾਲੀ ਰਹਿਣ ਦੀਆਂ ਰਿਪੋਰਟਾਂ ਹਨ।

## ਇਆਲੀ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਨੂੰ ਛੱਡਿਆ



**ਚੰਡੀਗੜ੍ਹ (ਨ ਜ਼ ਸ)**- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਇੱਕ ਵੱਡਾ ਝਟਕਾ ਲੱਗਿਆ ਹੈ, ਪਾਰਟੀ ਦੇ ਪ੍ਰਮੁੱਖ ਮੈਂਬਰ ਅਤੇ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਾਰੇ ਅਹੁਦਿਆਂ ਤੋਂ ਆਪਣਾ ਅਸਤੀਫ਼ਾ ਸੌਂਪ ਦਿੱਤਾ ਹੈ। ਇਆਲੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੀ ਤਾਲਮੇਲ ਕਮੇਟੀ ਦੇ ਕਨਵੀਨਰ ਸਨ। ਇਆਲੀ ਨੇ ਸੋਸ਼ਲ ਮੀਡੀਆ 'ਤੇ ਆਪਣੇ 7 ਮਿੰਟ ਲੰਬੇ ਵੀਡੀਓ ਸੰਬੋਧਨ ਵਿੱਚ ਸਪੱਸ਼ਟ ਕੀਤਾ ਹੈ ਕਿ ਉਹ ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਨਹੀਂ ਹੋਣਗੇ। ਇਹ ਅਟਕਲਾਂ ਲਗਾਈਆਂ ਜਾ ਰਹੀਆਂ ਹਨ ਕਿ ਇਆਲੀ ਪਾਸਾ ਬਦਲ ਸਕਦੇ ਹਨ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਕੋਈ ਅਹਿਮ ਅਹੁਦਾ ਸੰਭਾਲ ਸਕਦੇ ਹਨ। ਇਆਲੀ ਨੇ ਹਾਲ ਹੀ ਵਿੱਚ ਪੰਜਾਬ ਪੁਲਸ ਵੱਲੋਂ ਫਰਵਰੀ 2023 ਦੇ ਅਜਨਾਲਾ ਥਾਣੇ 'ਤੇ ਹੋਏ ਹਮਲੇ ਦੇ ਮਾਮਲੇ ਵਿੱਚ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਰਸਮੀ ਤੌਰ 'ਤੇ ਗ੍ਰਿਫਤਾਰ ਕਰਨ ਲਈ ਅਸਾਮ ਦੇ ਡਿਬਰੂਗੜ੍ਹ ਪਹੁੰਚਣ ਦੀ ਤਿੱਖੀ ਆਲੋਚਨਾ ਕੀਤੀ ਸੀ। ਇਆਲੀ ਨੇ ਕਿਹਾ ਕਿ 4 ਲੱਖ ਤੋਂ ਵੱਧ ਵੋਟਾਂ ਦੇ ਸਭ ਤੋਂ ਵੱਡੇ ਫਤਵੇ ਨਾਲ ਚੋਣ ਜਿੱਤਣ ਦੇ ਬਾਵਜੂਦ ਅੰਮ੍ਰਿਤਪਾਲ ਨੂੰ ਤਿੰਨ ਸਾਲਾਂ ਤੋਂ ਉਨ੍ਹਾਂ ਦੇ ਹਲਕੇ ਤੋਂ ਦੂਰ ਰੱਖਿਆ ਗਿਆ ਹੈ ਅਤੇ ਜਦੋਂ ਉਨ੍ਹਾਂ ਦੀ ਵਾਪਸੀ ਦੀ ਉਮੀਦ ਸੀ ਤਾਂ ਪੁਲਸ ਉਨ੍ਹਾਂ ਨੂੰ ਇੱਕ ਹੋਰ ਝੂਠੇ ਕੇਸ ਵਿੱਚ ਹਿਰਾਸਤ ਵਿੱਚ ਲੈਣ ਦੀ ਯੋਜਨਾ ਬਣਾ ਰਹੀ ਹੈ।

## ਸੰਦੀਪ ਲੁੱਧੜ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਚੰਡੀਗੜ੍ਹ, (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਬੁੱਧਵਾਰ ਪੰਜਾਬ ਸਟਾਈਲ ਕਬੱਡੀ ਦੇ ਵਿਸ਼ਵ ਪ੍ਰਸਿੱਧ ਖਿਡਾਰੀ ਸੰਦੀਪ ਲੁੱਧੜ 'ਆਪ' ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਸੰਦੀਪ ਲੁੱਧੜ ਅਤੇ ਉਨ੍ਹਾ ਦੇ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਇੱਕ ਹੋਰ ਬਹੁਤ ਹੀ ਸ਼ਾਨਦਾਰ ਵਾਧਾ ਹੋਇਆ ਹੈ। ਪੰਜਾਬ ਦੀ ਮਾਂ ਖੇਡ ਕਬੱਡੀ ਦੇ ਉੱਘੇ ਅਤੇ ਹੋਣਹਾਰ ਖਿਡਾਰੀ ਸੰਦੀਪ ਲੁੱਧੜ ਨੇ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਹੈ। ਖੇਡ ਮੈਦਾਨਾਂ ਵਿੱਚ ਪੰਜਾਬ ਦਾ ਨਾਂਅ ਰੌਸ਼ਨ ਕਰਨ ਵਾਲੇ ਅਜਿਹੇ ਨੌਜਵਾਨਾਂ ਦਾ ਸਾਥ ਸਾਨੂੰ ਰੰਗਲਾ ਪੰਜਾਬ ਸਿਰਜਣ ਦੀ ਮੁਹਿੰਮ ਵਿੱਚ ਹੋਰ ਤਾਕਤ ਦੇਵੇਗਾ।

## ਬਿਜਲੀ ਮੁਲਾਜ਼ਮਾਂ ਨੂੰ ਮਿਲੇਗਾ 1 ਕਰੋੜ ਰੁਪਏ ਦਾ ਮੁਫ਼ਤ ਬੀਮਾ

**ਪਟਿਆਲਾ (ਨ ਜ਼ ਸ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਆਪਣੇ ਹਜ਼ਾਰਾਂ ਮੁਲਾਜ਼ਮਾਂ ਦੀ ਵਿੱਤੀ ਸੁਰੱਖਿਆ ਅਤੇ ਭਲਾਈ ਲਈ ਇੱਕ ਇਤਿਹਾਸਕ ਕਦਮ ਚੁੱਕਿਆ ਹੈ। ਪਾਵਰ ਕਾਰਪੋਰੇਸ਼ਨ ਨੇ ਦੇਸ਼ ਦੇ ਸਭ ਤੋਂ ਵੱਡੇ ਬੈਂਕ, ਸਟੇਟ ਬੈਂਕ ਆਫ਼ ਇੰਡੀਆ ਨਾਲ ਇੱਕ ਐੱਮ.ਓ.ਯੂ. (ਸਹਿਮਤੀ ਪੱਤਰ) ਸਹੀਬੱਧ ਕੀਤਾ ਹੈ। ਇਸ ਸਮਝੌਤੇ ਤਹਿਤ ਬੈਂਕ ਵੱਲੋਂ ਬਿਜਲੀ ਮੁਲਾਜ਼ਮਾਂ ਨੂੰ ਇੱਕ ਅੱਪਗ੍ਰੇਡਡ 'ਕਾਰਪੋਰੇਟ ਸੈਲਰੀ ਪੈਕੇਜ' ਦਿੱਤਾ ਜਾਵੇਗਾ, ਜਿਸ ਵਿੱਚ 1 ਕਰੋੜ ਰੁਪਏ ਤੱਕ ਦੇ ਮੁਫ਼ਤ ਬੀਮਾ ਕਵਰ ਸਮੇਤ ਕਈ ਸ਼ਾਨਦਾਰ ਬੈਂਕਿੰਗ ਸਹੂਲਤਾਂ ਸ਼ਾਮਲ ਹਨ। ਇਸ ਵੇਲੇ ਪੀ.ਐੱਸ.ਪੀ.ਸੀ.ਐੱਲ. ਦੇ ਲੱਗਭੱਗ 80 ਫੀਸਦੀ ਕਰਮਚਾਰੀਆਂ ਦੇ ਤਨਖਾਹ ਖਾਤੇ ਪਹਿਲਾਂ ਹੀ ਐੱਸ ਬੀ ਆਈ ਵਿੱਚ ਹਨ।

## 22 ਸਾਲ ਬਾਅਦ ਚੈਂਪੀਅਨ ਬਣਨ ਦਾ ਜਸ਼ਨ




**ਲੰਡਨ** : ਆਰਸਨਲ ਨੂੰ 22 ਸਾਲ ਬਾਅਦ ਪ੍ਰੀਮੀਅਰ ਲੀਗ ਚੈਂਪੀਅਨਸ਼ਿਪ ਟਰਾਫੀ ਚੁੰਮਣ ਦਾ ਮੌਕਾ ਮਿਲ ਗਿਆ, ਜਦੋਂ ਮੈਨਚੈਸਟਰ ਸਿਟੀ ਸੋਮਵਾਰ ਬਾਰਨਮਾਊਥ ਨੂੰ ਹਰਾਉਣ ਵਿੱਚ ਨਾਕਾਮ ਰਹੀ। ਇਹ ਮੈਚ 1-1 ਨਾਲ ਡਰਾਅ ਰਿਹਾ। ਸਿਟੀ ਲਈ ਆਖਰੀ ਦੋ ਮੈਚ ਜਿੱਤਣੇ ਤੇ ਆਰਸਨਲ ਦਾ ਆਖਰੀ ਮੈਚ ਹਾਰਨਾ ਜ਼ਰੂਰੀ ਸੀ। ਸਿਟੀ ਦਾ ਮੈਚ ਡਰਾਅ ਰਹਿਣ ਕਾਰਨ ਆਰਸਨਲ ਚਾਰ ਅੰਕਾਂ ਦੀ ਅਜੇਤੂ ਬੜ੍ਹਤ ਬਣਾ ਕੇ ਸਿਖਰ 'ਤੇ ਪੁੱਜ ਗਿਆ। ਆਰਸਨਲ ਦੀ ਕਲੱਬ ਲੀਗ ਵਿੱਚ ਲਗਾਤਾਰ ਤਿੰਨ ਸਾਲ ਦੂਜੇ ਸਥਾਨ 'ਤੇ ਰਹੀ।

## ਅੱਜ-ਨਾਮਾ

ਰੁੱਝਿਆ ਜੰਗਾਂ ਵਿੱਚ ਰੋਜ਼ ਟਰੰਪ ਰਹਿੰਦਾ,
ਰੱਖਦਾ ਸਾਲ ਦਾ ਕੈਲੰਡਰ ਤਿਆਰ ਬੇਲੀ।
ਰਹਿੰਦੀ ਕਸਰ ਆ ਹੋਰ ਤਾਂ ਫਿਕਰ ਨਾਹੀਂ,
ਬਣਾਉਂਦੇ ਰਹੀਦਾ ਨਿੱਤ ਹਥਿਆਰ ਬੇਲੀ।
ਖੁਦ ਹੀ ਟਰੰਪ ਆ ਜੰਗਾਂ ਦਾ ਯਾਰ ਜਿੱਦਾਂ,
ਏਹੋ ਜਿਹੇ ਓਸ ਨੇ ਰੱਖੇ ਕੁਝ ਯਾਰ ਬੇਲੀ।
ਜੰਗਾਂ ਲੜਨ ਦਾ ਰੋਜ਼ ਪਿਆ ਕੰਮ ਕਰਦਾ,
ਚਿੰਤਾ ਕੋਈ ਨਹੀਂ, ਜਿੱਤ ਜਾਂ ਹਾਰ ਬੇਲੀ।
ਮੁਲਕ ਦੇ ਵਿੱਚ ਤਾਂ ਜਾਏ ਵਿਰੋਧ ਵਧਦਾ,
ਅਦਾਲਤ ਆਖਿਆ ਇਹ ਨਾ ਠੀਕ ਬੇਲੀ।
ਸਿਸਟਮ ਜਾਪਦਾ ਓਸ ਨੂੰ ਰਾਸ ਹੈ ਨਹੀਂ,
ਰੁੱਝਿਆ ਕਰਨ ਕਾਨੂੰਨ ਉਹ ਵੀਕ ਬੇਲੀ।

-ਤੀਸ ਮਾਰ ਖਾਂ

# ਸਵੇਰੇ 10 ਵਜੇ ਬੰਦ ਹੋ ਜਾਂਦਾ ਹੈ ਬਾਂਦਾ !

**ਬਾਂਦਾ** : ਗਰਮੀ ਏਨੀ ਪੈ ਰਹੀ ਹੈ ਕਿ ਯੂ ਪੀ ਦੇ ਬਾਂਦਾ ਵਿੱਚ ਸਵੇਰੇ 10 ਵਜੇ ਤੱਕ ਦੁਕਾਨਾਂ ਬੰਦ ਹੋ ਜਾਂਦੀਆਂ ਹਨ। ਜੌਹਰੀ ਲਖਨ ਗੁਪਤਾ ਨੇ ਦੱਸਿਆ ਕਿ ਉਹ ਸਵੇਰੇ 6 ਵਜੇ ਘਰੋਂ ਨਿਕਲਦਾ ਹੈ ਤੇ 9 ਵਜੇ ਤੱਕ ਵਾਪਸ ਆ ਜਾਂਦਾ ਹੈ। 10 ਵਜੇ ਤੱਕ ਵੀਰਾਨੀ ਛਾ ਜਾਂਦੀ ਹੈ। ਉਸ ਦੀ ਦੁਕਾਨ ਦੇ ਸ਼ਟਰ ਖੁੱਲ੍ਹੇ ਰਹਿੰਦੇ ਹਨ, ਪਰ ਗਾਹਕ ਸ਼ਾਮ ਤੋਂ ਪਹਿਲਾਂ ਘੱਟ ਹੀ ਆਉਂਦੇ ਹਨ। ਉਸ ਨੇ ਦੱਸਿਆ, 'ਅਪ੍ਰੈਲ ਤੋਂ ਲੈ ਕੇ ਹੁਣ ਤੱਕ ਮੈਂ ਲਗਭਗ ਕੁਝ ਵੀ ਨਹੀਂ ਵੇਚਿਆ।'

27 ਅਪ੍ਰੈਲ ਨੂੰ ਬਾਂਦਾ ਦਾ ਤਾਪਮਾਨ 47.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਕਿ ਉਸ ਦਿਨ ਭਾਰਤ ਵਿੱਚ ਸਭ ਤੋਂ ਵੱਧ ਤਾਪਮਾਨ ਸੀ ਅਤੇ 1951 ਤੋਂ ਬਾਅਦ ਇਹ ਸਭ ਤੋਂ ਵੱਧ ਸੀ। ਮੰਗਲਵਾਰ ਇਸ ਨੇ 48.2 ਡਿਗਰੀ ਨਾਲ ਨਵਾਂ ਰਿਕਾਰਡ ਬਣਾਇਆ। ਕਿਸਾਨਾਂ ਨੇ ਇਸ ਸਾਲ ਰਾਤ ਨੂੰ ਫਲੱਡ ਲਾਈਟਾਂ ਹੇਠ ਖੇਤਾਂ ਵਿੱਚ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ, ਕਿਉਂਕਿ ਦਿਨ ਵੇਲੇ ਕੰਮ ਕਰਨਾ ਅਸਹਿ ਹੋ ਗਿਆ ਸੀ। ਮਜ਼ਦੂਰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਕੰਮ ਕਰਨ ਦੀ ਬਜਾਏ ਆਪਣੀ ਮਜ਼ਦੂਰੀ ਦਾ 40 ਫੀਸਦੀ ਤੱਕ ਕੁਰਬਾਨ ਕਰਕੇ ਰਾਤ ਨੂੰ ਹੀ ਕੰਮ ਕਰ ਰਹੇ ਹਨ। ਪ੍ਰਵਾਸ ਆਮ ਨਾਲੋਂ ਪਹਿਲਾਂ ਸ਼ੁਰੂ ਹੋ ਗਿਆ ਹੈ। ਖਾਣ-ਪੀਣ ਦੇ ਸਟਾਲ, ਜੋ ਦੁਪਹਿਰ ਤੱਕ ਖੁੱਲ੍ਹ ਜਾਂਦੇ ਸਨ, ਹੁਣ ਸੂਰਜ ਡੁੱਬਣ ਤੋਂ ਬਾਅਦ ਖੁੱਲ੍ਹਦੇ ਹਨ।

ਬਿਜਲੀ ਅਧਿਕਾਰੀਆਂ ਨੇ ਦੱਸਿਆ ਕਿ ਬਾਂਦਾ ਦੇ 44 ਸਬ-ਸਟੇਸ਼ਨਾਂ 'ਤੇ ਬਿਜਲੀ ਵਿਭਾਗ ਦੇ ਕਰਮਚਾਰੀ 1,379 ਤੋਂ ਵੱਧ ਟਰਾਂਸਫਾਰਮਰਾਂ 'ਤੇ ਲਗਾਤਾਰ ਪਾਣੀ ਪਾ ਰਹੇ ਹਨ। ਪਿਛਲੇ 45 ਦਿਨਾਂ ਵਿੱਚ ਬਹੁਤ ਜ਼ਿਆਦਾ ਤਾਪਮਾਨ ਤੇ ਬਹੁਤ ਜ਼ਿਆਦਾ ਲੋਡ ਕਾਰਨ ਕਈ ਯੂਨਿਟਾਂ ਖਰਾਬ ਹੋ ਗਈਆਂ ਹਨ।

ਵਾਤਾਵਰਣ ਮਾਹਰਾਂ ਦਾ ਕਹਿਣਾ ਹੈ ਕਿ ਬਾਂਦਾ ਵਿੱਚ ਜੋ ਕੁਝ ਵਾਪਰ ਰਿਹਾ ਹੈ, ਉਹ ਬੁੰਦੇਲਖੰਡ ਦੇ ਪਹਿਲਾਂ ਹੀ ਨਾਜ਼ੁਕ ਲੈਂਡਸਕੇਪ ਵਿੱਚ ਸਾਲਾਂ ਤੋਂ ਚੱਲ ਰਹੇ ਵਾਤਾਵਰਣਕ ਵਿਗਾੜ ਨਾਲ ਜੁੜਿਆ ਹੋਇਆ ਹੈ। ਜਰਨਲ ਆਫ ਐਕਸਟੈਂਸ਼ਨ ਸਿਸਟਮਜ਼ ਵਿੱਚ ਪ੍ਰਕਾਸ਼ਤ ਇੱਕ ਅਧਿਐਨ ਦੇ ਸਹਿ ਲੇਖਕ ਬਾਂਦਾ ਖੇਤੀਬਾੜੀ ਯੂਨੀਵਰਸਿਟੀ ਦੇ ਪ੍ਰੋਫੈਸਰ ਅਰਜੁਨ ਪੀ ਵਰਮਾ ਨੇ 1991-92 ਤੋਂ 2021-22 ਤੱਕ ਜੰਗਲੀ ਕਵਰ ਨੂੰ ਟਰੈਕ ਕੀਤਾ ਅਤੇ ਪਾਇਆ ਕਿ ਬਾਂਦਾ ਆਪਣੇ ਸੰਘਣੇ ਜੰਗਲੀ ਕਵਰ ਦਾ ਲਗਭਗ ਛੇਵਾਂ ਹਿੱਸਾ ਗੁਆ ਚੁੱਕਾ ਹੈ। ਖੁੱਲ੍ਹੇ ਜੰਗਲ ਇੱਕੋ ਜਿਹੀ ਦਰ ਨਾਲ ਸੁੰਗੜ ਗਏ। ਇਸ ਦਾ ਮੁੱਖ ਕਾਰਨ ਜੰਗਲਾਤ ਜ਼ਮੀਨ ਦੇ ਅੰਦਰ ਵੱਡੇ ਪੱਧਰ 'ਤੇ ਮਾਈਨਿੰਗ ਅਤੇ ਖੇਤੀਬਾੜੀ ਕਬਜ਼ੇ ਹਨ। ਪ੍ਰੋਫੈਸਰ ਵਰਮਾ ਨੇ ਕਿਹਾ, 'ਮੈਂ ਖੁਦ ਹੁਣ ਸਵੇਰੇ 9.30 ਵਜੇ ਤੋਂ ਸ਼ਾਮ ਤੱਕ ਦਫਤਰ ਦੇ ਅੰਦਰ ਕੰਮ ਕਰਦਾ ਹਾਂ। ਮੈਂ ਖੇਤ ਵਿੱਚ ਨਹੀਂ ਜਾ ਸਕਦਾ।'

ਬਾਂਦਾ ਖੇਤੀਬਾੜੀ ਯੂਨੀਵਰਸਿਟੀ ਦੇ ਮੌਸਮ ਵਿਭਾਗ ਦੇ ਮੁਖੀ ਪ੍ਰੋਫੈਸਰ ਦਿਨੇਸ਼ ਸਾਹਾ ਕਹਿੰਦੇ ਹਨ ਕਿ ਮਾਈਨਿੰਗ ਨੇ ਨਦੀਆਂ ਦੇ ਸੁੱਕਣ ਦੀ ਗਤੀ ਤੇਜ਼ ਕਰ ਦਿੱਤੀ ਹੈ, ਜਿਸ ਨਾਲ ਭੂਮੀਗਤ ਪਾਣੀ ਦੇ ਰੀਚਾਰਜ ਵਿੱਚ ਕਮੀ ਆਈ ਹੈ, ਜਦੋਂ ਕਿ ਜੰਗਲਾਂ ਦੀ ਕਟਾਈ ਨੇ ਨਮੀ ਘਟਾ ਦਿੱਤੀ ਹੈ ਅਤੇ ਪੱਥਰ-ਕਰੈਸ਼ਰ ਯੂਨਿਟਾਂ ਤੋਂ ਨਿਕਲਣ ਵਾਲੀ ਧੂੜ ਮਿੱਟੀ ਬਨਸਪਤੀ ਨੂੰ ਢੱਕ ਦਿੰਦੀ ਹੈ। ਇਹ ਸਾਰੇ ਕਾਰਕ ਇੱਕ-ਦੂਜੇ ਨਾਲ ਜੁੜੇ ਹੋਏ ਹਨ। ਪਹਾੜੀਆਂ ਨਾਲ ਜੋ ਹੋਇਆ, ਉਹ ਬਾਂਦਾ ਦੀਆਂ ਨਦੀਆਂ ਨਾਲ ਵੀ ਹੋ ਰਿਹਾ ਹੈ। ਕੇਨ ਨਦੀ, ਜੋ ਯਮੁਨਾ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਬਾਂਦਾ ਦੇ ਲਗਭਗ 100 ਕਿੱਲੋਮੀਟਰ ਵਿੱਚੋਂ ਵਗਦੀ ਹੈ, ਵਿੱਚੋਂ ਰੋਜ਼ਾਨਾ ਲਗਭਗ 55,000 ਟਨ ਲਾਲ ਰੇਤ • ਬਾਕੀ ਸਫਾ 2 'ਤੇ

## ਨਰਿੰਦਰ ਕੁਮਾਰ ਨਮਿਤ ਪਾਠ ਦੇ ਭੋਗ ਪਾਏ ਗਏ



**ਜਲੰਧਰ, (ਗਿਆਨ ਸੈਦਪੁਰੀ)**-ਰੋਜ਼ਾਨਾ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ ਦੀ ਜੀਵਨ ਸਾਥਣ ਤੇ ਭਾਰਤੀ ਕਮਿਊਨਿਸਟ ਪਾਰਟੀ ਜਲੰਧਰ (ਸ਼ਹਿਰੀ) ਦੇ ਸਕੱਤਰ ਕਾਮਰੇਡ ਸੰਤੋਸ਼ ਬਰਾੜ ਦੇ ਛੋਟੇ ਭਰਾਤਾ ਨਰਿੰਦਰ ਕੁਮਾਰ ਨਮਿਤ ਬੁੱਧਵਾਰ ਨੂੰ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ। ਯਾਦ ਰਹੇ ਕਿ ਨਰਿੰਦਰ ਕੁਮਾਰ ਸੀ ਪੀ ਆਈ ਬ੍ਰਾਂਚ ਨਵਾਂ ਜ਼ਮਾਨਾ ਦੇ ਮੈਂਬਰ ਸਨ ਅਤੇ ਉਨ੍ਹਾਂ ਦੀ ਪਤਨੀ ਅਮਰਜੀਤ ਕੌਰ ਸੀ ਪੀ ਆਈ ਬ੍ਰਾਂਚ ਜਲੰਧਰ (ਸ਼ਹਿਰੀ) ਦੀ ਮੈਂਬਰ ਹੈ। ਮਕਸੂਦਾਂ (ਜਲੰਧਰ) ਉਨ੍ਹਾਂ ਦੇ ਗ੍ਰਹਿ ਵਿਖੇ ਕਰਵਾਏ ਗਏ ਸ਼ੋਕ ਸਮਾਗਮ ਵਿੱਚ ਸਵਰਗੀ ਨਰਿੰਦਰ ਕੁਮਾਰ ਦੇ ਪਰਵਾਰਕ ਮੈਂਬਰ, ਉਨ੍ਹਾਂ ਦੇ ਰਿਸ਼ਤੇਦਾਰ ਤੇ ਸੱਜਣ-ਮਿੱਤਰ ਸ਼ਾਮਲ ਹੋਏ। ਪ੍ਰੈੱਸ ਕਲੱਬ ਸ਼ਾਹਕੋਟ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਦੀ ਇਕਾਈ ਸ਼ਾਹਕੋਟ ਵੱਲੋਂ ਸ਼ੋਕ ਸੰਦੇਸ਼ ਰਾਹੀਂ ਪਰਵਾਰ ਨਾਲ ਸੰਵੇਦਨਾਵਾਂ ਸਾਂਝੀਆਂ ਕਰਦਿਆਂ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਜਨਰਲ ਸਕੱਤਰ ਕਾਮਰੇਡ ਗੁਰਮੀਤ ਵੱਲੋਂ ਵੀ ਸ਼ੋਕ ਸੰਦੇਸ਼ ਆਇਆ।

ਸ਼ੋਕ ਸਮਾਗਮ ਵਿੱਚ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ, ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ, ਜ਼ਿਲ੍ਹਾ ਕੌਂਸਲ ਮੈਂਬਰ ਗੁਰਜੀਤ ਸਿੰਘ ਫਤਿਹਪੁਰ, ਜ਼ਿਲ੍ਹਾ ਕੌਂਸਲ ਮੈਂਬਰ (ਇਨਵਾਈਟੀ) ਕਾਮਰੇਡ ਕਸ਼ਮੀਰ ਕੁਰੈਸ਼ੀ, ਸੀ ਪੀ ਆਈ ਤਹਿਸੀਲ ਸ਼ਾਹਕੋਟ ਦੇ ਮੈਂਬਰ ਜਤਿੰਦਰ ਸਿੰਘ ਤੇ ਸੁਖਜੀਤ ਸਿੰਘ ਮੌਜੂਦ ਸਨ। ਸਵਰਗੀ ਨਰਿੰਦਰ ਕੁਮਾਰ ਦੇ ਪਰਵਾਰਕ ਮੈਂਬਰਾਂ ਵਿੱਚ ਕਾਮਰੇਡ ਸੰਤੋਸ਼ ਬਰਾੜ (ਭੈਣ) ਤਿਲਕ ਰਾਜ, ਨਰੇਸ਼ ਕੁਮਾਰ, ਪ੍ਰਿਥਵੀ ਰਾਜ, ਰਾਜਨ ਕੁਮਾਰ ਤੇ ਰਾਜੇਸ਼ ਕੁਮਾਰ (ਸਾਰੇ ਭਰਾ) ਤੇ ਉਨ੍ਹਾਂ ਦੀਆਂ ਪਤਨੀਆਂ, ਪ੍ਰਿੰਸ ਬਰਾੜ (ਭਾਣਜਾ) ਤੋਂ ਇਲਾਵਾ ਕਈ ਮੁਅੱਜਜ ਸ਼ਖਸੀਅਤਾਂ ਸ਼ੋਕ ਸਮਾਗਮ ਵਿੱਚ ਸ਼ਾਮਲ ਸਨ।

## ਉਜ਼ਬੇਕਿਸਤਾਨ 'ਚ ਚਮਕਿਆ ਪੰਜਾਬ ਦਾ ਪੁੱਤਰ, ਜਿੱਤਿਆ ਚਾਂਦੀ ਦਾ ਤ.ਗਮਾ

**ਸ੍ਰੀ ਫਤਿਹਗੜ੍ਹ ਸਾਹਿਬ, ਸਮਰਾਲਾ (ਪ੍ਰਮੋਦ ਭਾਰਦਵਾਜ, ਸੁਰਜੀਤ ਸਿੰਘ)**- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਸਰੀਰਕ ਸਿੱਖਿਆ ਅਤੇ ਖੇਡ ਟੈਕਨੋਲੋਜੀ ਵਿਭਾਗ ਦੇ ਵਿਦਿਆਰਥੀ ਅੰਮ੍ਰਿਤਪਾਲ ਸਿੰਘ ਨੇ ਤਾਸ਼ਕੰਦ ਵਿੱਚ ਆਯੋਜਿਤ ਸੈਂਟਰਲ ਸਾਊਥ ਏਸ਼ੀਆ ਰਗਬੀ ਸੈਵਨਜ਼ ਚੈਂਪੀਅਨਸ਼ਿਪ-2026 ਵਿੱਚ ਭਾਰਤੀ ਟੀਮ ਵੱਲੋਂ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦਿਆਂ ਚਾਂਦੀ ਦਾ ਤਗ਼ਮਾ ਆਪਣੇ ਨਾਂਅ ਕੀਤਾ ਹੈ। ਇਸ ਉਪਲਬਧੀ ਨਾਲ ਉਨ੍ਹਾਂ ਨੇ ਯੂਨੀਵਰਸਿਟੀ, ਪੰਜਾਬ ਅਤੇ ਭਾਰਤ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ ਹੈ।ਅੰਮ੍ਰਿਤਪਾਲ ਸਿੰਘ ਇਸ ਤੋਂ ਪਹਿਲਾਂ ਵੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਰਗਬੀ ਮੁਕਾਬਲਿਆਂ ਵਿੱਚ ਲਗਾਤਾਰ ਚੰਗਾ ਪ੍ਰਦਰਸ਼ਨ ਕਰ ਚੁੱਕੇ ਹਨ। ਉਨ੍ਹਾਂ ਨੇ ਸੀਨੀਅਰ ਨੈਸ਼ਨਲ ਰਗਬੀ ਚੈਂਪੀਅਨਸ਼ਿਪ ਅਤੇ ਨੈਸ਼ਨਲ ਗੇਮਜ਼ ਵਿੱਚ ਵੀ ਆਪਣੀ ਵੱਖਰੀ ਪਛਾਣ ਬਣਾਈ ਹੈ।ਇਸ ਵੱਡੀ ਉਪਲਬਧੀ 'ਤੇ ਯੂਨੀਵਰਸਿਟੀ ਵੱਲੋਂ ਖ਼ੁਸ਼ੀ ਜ਼ਾਹਰ ਕੀਤੀ ਗਈ। ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ, ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ, ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ, ਡਾ. ਅੰਕਦੀਪ ਕੌਰ ਅਟਵਾਲ, ਡਾ. ਹਰਨੀਤ ਬਿਲਿੰਗ, ਵਿਭਾਗ ਮੁਖੀ ਡਾ. ਵਰਿੰਦਰ ਸਿੰਘ ਭੁੱਲਰ, ਪੀ.ਆਰ.ਓ. ਜਸਪ੍ਰੀਤ ਕੌਰ, ਫ਼ਤਿਹਗੜ੍ਹ ਸਾਹਿਬ ਰਗਬੀ ਸੈਕਟਰੀ ਨੀਰਜ ਕੁਮਾਰ ਨੇ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਕੋਚ ਸੰਦੀਪ ਕੁਮਾਰ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਹੋਰ ਵੀ ਵੱਡੀਆਂ ਸਫਲਤਾਵਾਂ ਦੀ ਕਾਮਨਾ ਕੀਤੀ।



## ਉੱਦਮੀ ਨਾਰੀ ਸਨਮਾਨ ਸਮਾਰੋਹ 'ਚ ਔਰਤਾਂ ਨੂੰ ਐਂਟਰਪ੍ਰੀਨਿਓਰ ਤੇ ਆਤਮ-ਨਿਰਭਰ ਬਣਾਉਣ 'ਤੇ ਜ਼ੋਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਅਖਿਲ ਭਾਰਤੀ ਮਹਿਲਾ ਅਗਰਵਾਲ ਸੰਮੇਲਨ ਵੱਲੋਂ 'ਉੱਦਮੀ ਨਾਰੀ ਸਨਮਾਨ ਸਮਾਰੋਹ' ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਸੈਂਕੜਿਆਂ ਦੀ ਗਿਣਤੀ ਵਿਚ ਔਰਤਾਂ ਨੇ ਹਿੱਸਾ ਲਿਆ।



ਸੰਮੇਲਨ ਦੀ ਪ੍ਰਧਾਨ ਆਮਨਾ ਗੁਪਤਾ ਤੇ ਚੀਫ਼ ਪੈਟਰਨ ਸੰਜਨਾ ਮਿੱਤਲ ਦੀ ਅਗਵਾਈ ਵਿਚ ਆਯੋਜਤ ਇਸ ਸ਼ਾਨਦਾਰ ਸਮਾਰੋਹ ਵਿਚ ਡੀਸੀਐੱਮ ਗਰੁੱਪ ਆਫ਼ ਸਕੂਲਜ਼ ਦੀ ਸੀਨੀਅਰ ਡਾਇਰੈਕਟਰ ਡਾ. ਰਾਗਿਨੀ ਗੁਪਤਾ ਤੇ ਸਮਾਜ ਸੇਵਿਕਾ ਕੁਸੁਮ ਗਰਗ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਦੀਪ ਪ੍ਰਜਲਵਿੱਤ ਦੇ ਨਾਲ ਆਯੋਜਤ ਸਮਾਰੋਹ ਵਿਚ ਪ੍ਰਧਾਨ ਆਮਨਾ ਗੁਪਤਾ ਵੱਲੋਂ ਸਾਰਿਆਂ ਦਾ ਸਵਾਗਤ ਕੀਤਾ ਗਿਆ ਤੇ ਸਨਮਾਨ ਸਮਾਰੋਹ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਮੰਚ ਦਾ ਸੰਚਾਲਨ ਜਨਰਲ ਸਕੱਤਰ ਮੀਨਾਕਸ਼ੀ ਮਿੱਤਲ ਵੱਲੋਂ ਕੀਤਾ ਗਿਆ। ਪ੍ਰੋਗਰਾਮ ਵਿੱਚ ਸਫ਼ਲ ਔਰਤਾਂ ਦੇ ਜੀਵਨ ਸਫ਼ਰ ਬਾਰੇ ਵਿਸਥਾਰ ਵਿੱਚ ਜਾਣ ਪਛਾਣ ਕਰਾਈ ਗਈ। ਪ੍ਰੋਗਰਾਮ ਵਿਚ ਏਕਤਾ ਗੁਪਤਾ, ਮੋਨਿਕਾ ਅਗਰਵਾਲ, ਅੰਜੂ ਮਿੱਤਲ, ਸੋਨੀਆ ਅਗਰਵਾਲ, ਸ਼ੈਫੀ ਗੁਪਤਾ, ਡਾ. ਏਕਤਾ ਗੁਪਤਾ, ਭਾਰਤੀ ਜੈਨ, ਅਲਕਾ ਬਾਂਸਲ, ਸ਼ਿਵਾਨੀ 2ਂਸਲ, ਪੂਜਾ ਗੁਪਤਾ, ਦੀਪਿਕਾ ਸਿੰਗਲਾ, ਪਾਇਲ ਸਿੰਗਲਾ, ਦੀਪਿਕਾ ਅਗਰਵਾਲ, ਸਵੀਟੀ ਗੁਪਤਾ, ਈਸ਼ਾ ਗੁਪਤਾ ਨੂੰ 'ਉਦਮੀ ਨਾਰੀ ਸਨਮਾਨ' ਨਾਲ ਨਿਵਾਜਿਆ ਗਿਆ। ਸੰਬੋਧਨ ਕਰਦਿਆਂ ਡਾ. ਰਾਗਿਨੀ ਗੁਪਤਾ ਨੇ ਕਿਹਾ ਕਿ ਮੌਜੂਦਾ ਦੌਰ ਵਿਚ ਆਰਥਿਕ ਖੇਤਰ ਵਿੱਚ ਵੀ ਔਰਤਾਂ ਸਭ ਤੋਂ ਅੱਗੇ ਹਨ। ਉਨ੍ਹਾਂ ਕਿਹਾ ਕਿ ਜਦੋਂ ਇਕ ਨਾਰੀ ਆਤਮ-ਨਿਰਭਰ ਹੋ ਕੇ ਖੁਦ ਆਪਣੀ ਮਿਹਨਤ ਦੇ ਬਲਬੂਤੇ ਕਮਾਉਣ ਲੱਗਦੀ ਹੈ ਤਾਂ ਉਸ ਵਿੱਚ ਆਤਮ-ਵਿਸ਼ਵਾਸ ਵੀ ਵਧਦਾ ਹੈ ਅਤੇ ਸਮਾਜ ਵਿਚ ਸਨਮਾਨ ਦੀ ਨਿਗਾਹ ਨਾਲ ਦੇਖੀ ਜਾਂਦੀ ਹੈ। ਉਨ੍ਹਾਂ ਨੇ ਪ੍ਰੋਗਰਾਮ ਦੇ ਸਫ਼ਲ ਆਯੋਜਨ 'ਤੇ ਪ੍ਰਬੰਧਕਾਂ ਨੂੰ ਵਧਾਈ ਦਾ ਪਾਤਰ ਦੱਸਿਆ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿਚ ਦੇਸ਼ ਦੀ ਉੱਨਤੀ ਤੇ ਵਿਕਾਸ ਵਿਚ ਔਰਤਾਂ ਅਹਿਮ ਯੋਗਦਾਨ ਪਾ ਰਹੀਆਂ ਹਨ।

ਪ੍ਰੋਗਰਾਮ ਵਿੱਚ ਸਵਦੇਸ਼ੀ ਵਸਤੂਆਂ ਦੀ ਵਰਤੋਂ ਕਰਨ, ਔਰਤਾਂ ਨੂੰ ਉੱਦਮੀ ਅਤੇ ਆਤਮ-ਨਿਰਭਰ ਬਣਾਉਣ ਤੇ ਆਨਲਾਈਨ ਸ਼ਾਪਿੰਗ ਦੀ ਬਜਾਏ ਬਜ਼ਾਰ ਤੋਂ ਸਾਮਾਨ ਖਰੀਦਣ 'ਤੇ ਵੀ ਜ਼ੋਰ ਦਿੱਤਾ ਗਿਆ। ਚੀਫ਼ ਪੈਟਰਨ ਸੰਜਨਾ ਮਿੱਤਲ ਨੇ ਕਿਹਾ ਕਿ ਮਹਿਲਾ ਸੰਮੇਲਨ ਵੱਲੋਂ ਮਹਾਰਾਜ ਅਗਰਸੈਨ ਜੀ ਦੇ ਪ੍ਰਚਾਰ-ਪ੍ਰਸਾਰ ਤੋਂ ਇਲਾਵਾ ਸਮਾਜਿਕ ਕਾਰਜਾਂ ਵਿੱਚ ਅਹਿਮ ਰੁਚੀ ਲਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅਗਰਵਾਲ ਪਰਿਵਾਰਾਂ ਦੀਆਂ ਔਰਤਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਤੇ ਆਪਸੀ ਭਾਈਚਾਰਾ ਤੇ ਪਿਆਰ ਵਧਾਉਣਾ ਹੀ ਉਨ੍ਹਾਂ ਦਾ ਮੁੱਖ ਉਦੇਸ਼ ਹੈ।

## ਕਾਰ ਤੇ ਟੈਂਕਰ ਦੀ ਸਿੱਧੀ ਟੱਕਰ 'ਚ ਔਰਤ ਦੀ ਮੌਤ, ਚਾਲਕ ਜ਼ਖ਼ਮੀ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਰੋਪੜ ਰੋਡ 'ਤੇ ਪੈਂਦੇ ਪਿੰਡ ਸ਼ੇਰੀਆਂ ਨੇੜੇ ਕਾਰ ਤੇ ਟੈਂਕਰ ਦੀ ਹੋਈ ਸਿੱਧੀ ਟੱਕਰ ਵਿਚ ਕਾਰ ਸਵਾਰ ਔਰਤ ਜਸਵੀਰ ਕੌਰ (57) ਵਾਸੀ ਮਾਛੀਵਾੜਾ ਸਾਹਿਬ ਦੀ ਮੌਤ ਹੋ ਗਈ, ਜਦਕਿ ਉਸਦਾ ਚਾਲਕ ਅਜੈ ਵਾਸੀ ਰੋਪੜ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਜਸਵੀਰ ਕੌਰ ਆਪਣੇ ਲੜਕੇ ਨੂੰ ਮਿਲਣ ਲਈ ਰੋਪੜ ਗਈ ਸੀ ਤੇ ਕਾਰ ਚਾਲਕ ਅਜੈ ਉਸ ਨੂੰ ਮਾਛੀਵਾੜਾ ਵਿਖੇ ਘਰ ਛੱਡਣ ਲਈ ਆ ਰਿਹਾ ਸੀ ਤਾਂ ਰਸਤੇ ਵਿਚ ਪਿੰਡ ਸ਼ੇਰੀਆਂ ਨੇੜੇ ਸਾਹਮਣੇ ਤੋਂ ਆ ਰਹੇ ਤੇਲ ਟੈਂਕਰ ਨਾਲ ਸਿੱਧੀ ਟੱਕਰ ਹੋ ਗਈ। ਜਸਵੀਰ ਕੌਰ ਤੇ ਅਜੈ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ ਅਤੇ ਪੁਲਸ ਦੀ 112 ਹੈਲਪਲਾਈਨ ਗੱਡੀ ਦੇ ਚਾਲਕ ਸਹਾਇਕ ਥਾਣੇਦਾਰ ਵਿਜੈ ਕੁਮਾਰ ਨੇ ਦੋਵਾਂ ਨੂੰ ਇਲਾਜ ਲਈ ਸਮਰਾਲਾ ਹਸਪਤਾਲ ਵਿਖੇ ਪੁਚਾਇਆ। ਡਾਕਟਰਾਂ ਵੱਲੋਂ ਜਾਂਚ ਦੌਰਾਨ ਦੇਖਿਆ ਕਿ ਜਸਵੀਰ ਕੌਰ ਦੀ ਮੌਤ ਹੋ ਚੁੱਕੀ ਹੈ ਤੇ ਅਜੈ ਗੰਭੀਰ ਰੂਪ 'ਚ ਜ਼ਖ਼ਮੀ ਹੈ। ਅਜੈ ਦੀ ਹਾਲਤ ਗੰਭੀਰ ਦੇਖਦਿਆਂ ਉਸ ਨੂੰ ਚੰਡੀਗੜ੍ਹ ਰੈਫ਼ਰ ਕਰ ਦਿੱਤਾ ਗਿਆ ਹੈ। ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਟਰ ਪਰਸ਼ੋਤਮ ਲਾਲ ਨੇ ਦੱਸਿਆ ਕਿ ਮ੍ਰਿਤਕ ਜਸਵੀਰ ਕੌਰ ਦੀ ਲਾਸ਼ ਪੋਸਟ ਮਾਰਟਮ ਲਈ ਮੋਰਚਰੀ 'ਚ ਰਖਵਾ ਦਿੱਤੀ ਹੈ ਅਤੇ ਹਾਦਸੇ ਵਾਲੇ ਟੈਂਕਰ ਨੂੰ ਕਬਜ਼ੇ 'ਚ ਲੈ ਲਿਆ ਹੈ। ਉਨ੍ਹਾਂ ਦੱਸਿਆ ਕਿ ਹਾਦਸੇ ਤੋਂ ਬਾਅਦ ਟੈਂਕਰ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲਿਸ ਵਲੋਂ ਮ੍ਰਿਤਕ ਜਸਵੀਰ ਕੌਰ ਦੇ ਪਤੀ ਗੁਰਦੀਪ ਸਿੰਘ ਨੂੰ ਘਟਨਾ ਸਬੰਧੀ ਸੂਚਿਤ ਕੀਤਾ ਗਿਆ, ਜੋ ਸਮਰਾਲਾ ਹਸਪਤਾਲ ਵਿਖੇ ਪਹੁੰਚ ਗਏ ਸਨ। ਸਬ-ਇੰਸਪੈਕਟਰ ਪਰਸ਼ੋਤਮ ਲਾਲ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਅਧਾਰ 'ਤੇ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।



## ਹੱਕੀ ਮੰਗਾਂ ਲਈ ਦਵਾਈਆਂ ਦੀਆਂ ਦੁਕਾਨਾਂ ਨੂੰ ਬੰਦ ਰੱਖਿਆ

**ਲਹਿਰਾਗਾਗਾ (ਪਵਨ ਸ਼ਰਮਾ)**- ਕੈਮਿਸਟ ਐਸੋਸੀਏਸ਼ਨ ਲਹਿਰਾ ਗਾਗਾ ਵੱਲੋਂ ਆਲ ਇੰਡੀਆ ਕੈਮਿਸਟ ਐਂਡ ਡਰਗਿਸਟ ਐਸੋਸੀਏਸ਼ਨ ਅਤੇ ਪੰਜਾਬ ਕੈਮਿਸਟ ਐਸੋਸੀਏਸਨ ਵੱਲੋਂ ਦੇਸ਼ ਭਰ ਵਿੱਚ ਦੀ ਦਿੱਤੀ ਗਈ ਹੜਤਾਲ ਦੇ ਸੱਦੇ 'ਤੇ ਦਵਾਈਆਂ ਦੀਆਂ ਦੁਕਾਨਾਂ ਨੂੰ ਪੂਰਨ ਤੌਰ 'ਤੇ ਬੰਦ ਰੱਖਿਆ ਗਿਆ, ਤਾਂ ਜੋ ਆਪਣੀਆਂ ਹੱਕੀ ਮੰਗਾਂ ਲਈ ਸਰਕਾਰ ਵਿਰੁੱਧ ਰੋਸ ਜ਼ਾਹਰ ਕੀਤਾ ਜਾ ਸਕੇ। ਕੈਮਿਸਟ ਐਸੋਸੀਏਸ਼ਨ ਲਹਿਰਾਗਾਗਾ ਦੇ ਪ੍ਰਧਾਨ ਸਤਿੰਦਰ ਕੁਮਾਰ ਅਤੇ ਸੈਕਟਰੀ ਦੇ ਖੁਸ਼ਵਿੰਦਰ ਸ਼ਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਇਹ ਹੜਤਾਲ ਆਨਲਾਈਨ ਫਾਰਮੇਸੀ ਦੇ ਵਿਰੋਧ ਵਿਚ ਅਤੇ ਕੈਮਿਸਟਾਂ ਨੂੰ ਹੋਰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਵਾਉਣ ਲਈ ਇਹ ਬੰਦ ਦਾ ਫੈਸਲਾ ਕੀਤਾ ਗਿਆ ਹੈ। ਇਸ ਮੌਕੇ ਤਰਸੇਮ ਗੋਇਲ, ਰਾਜੀ ਭਾਰਦਵਾਜ, ਕ੍ਰਿਸਨ ਚੰਦ, ਸੰਜੇ ਕਾਂਸਲ, ਵਾਈਸ ਪ੍ਰਧਾਨ ਮੁਕੇਸ਼ ਗੁਰਨੇ, ਰਮਨੀਤ ਗਰਗ, ਰੌਬਿਨ ਬਾਂਸਲ, ਰੋਮੀ, ਬਚਨ ਦੇਵ, ਬਿਬੇਕ ਸ਼ਰਮਾ, ਆਦਿ ਹਾਜ਼ਰ ਸਨ।



## ਤਿੰਨ ਵਾਰਡਾਂ 'ਚ ਸਿੱਧਾ ਤੇ ਇੱਕ ਵਾਰਡ 'ਚ ਹੋਵੇਗਾ ਤਿਕੋਣਾ ਮੁਕਾਬਲਾ

**ਧੂਰੀ (ਮਨੋਹਰ ਸਿੰਘ ਸੱਗੂ)**- ਧੂਰੀ ਨਗਰ ਕੌਂਸਲ ਦੀ 26 ਮਈ ਨੂੰ ਹੋਣ ਵਾਲੀ ਚੋਣ ਲਈ ਜਿੱਥੇ ਸ਼ਹਿਰ ਦੇ ਤਿੰਨ ਵਾਰਡਾਂ ਅੰਦਰ ਸਿੱਧਾ ਅਤੇ ਇੱਕ ਵਾਰਡ ਅੰਦਰ ਤਿਕੋਣਾ ਮੁਕਾਬਲਾ ਹੋਵੇਗਾ, ਉੱਥੇ ਸ਼ਹਿਰ ਦੇ ਵਾਰਡ ਨੰਬਰ-1 ਅੰਦਰ ਸਭ ਤੋਂ ਵੱਧ 9 ਉਮੀਦਵਾਰ ਚੋਣ ਮੈਦਾਨ ਵਿੱਚ ਹਨ। ਇਸ ਚੋਣ ਲਈ ਸ਼ਹਿਰ ਦੇ ਵਾਰਡ ਨੰਬਰ 5 ਅੰਦਰ ਆਮ ਆਦਮੀ ਪਾਰਟੀ ਦੀ ਸੁਸ਼ੀਲ ਰਾਣੀ ਤੇ ਭਾਜਪਾ ਦੀ ਸੋਨਾ ਰਾਣੀ, ਵਾਰਡ ਨੰਬਰ 10 ਅੰਦਰ ਆਪ ਦੇ ਵਿਕਰਾਂਤ ਚੱਠਾ ਤੇ ਭਾਜਪਾ ਦੇ ਹਰੀ ਕਿਸ਼ਨ ਮਣੀ ਸਾਬਕਾ ਕੌਂਸਲਰ ਅਤੇ ਵਾਰਡ ਨੰਬਰ 14 ਅੰਦਰ ਆਜ਼ਾਦ ਉਮੀਦਵਾਰ ਸਾਬਕਾ ਪ੍ਰਧਾਨ ਸੰਦੀਪ ਤਾਇਲ ਤੇ ਆਮ ਆਦਮੀ ਪਾਰਟੀ ਦੇ ਸੰਦੀਪ ਬਾਂਸਲ ਸੋਨੀ ਦਰਮਿਆਨ ਸਿੱਧਾ ਮੁਕਾਬਲਾ ਅਤੇ ਵਾਰਡ ਨੰਬਰ 21 (ਬੀ ਸੀ) ਅੰਦਰ ਆਪ ਦੇ ਭੁਪਿੰਦਰ ਸਿੰਘ ਸਾਬਕਾ ਕੌਂਸਲਰ, ਭਾਜਪਾ ਦੇ ਅਮਰਿੰਦਰ ਸਿੰਘ ਤੇ ਕਾਂਗਰਸ ਦੇ ਸਤਵਿੰਦਰ ਸਿੰਘ ਛਿੰਦੀ ਦਰਮਿਆਨ ਤਿਕੋਣਾ ਮੁਕਾਬਲਾ ਹੋਵੇਗਾ ਉਥੇ ਵਾਰਡ ਨੰਬਰ 1 (ਅਨੁਸੂਚਿਤ ਜਾਤੀ ਔਰਤਾਂ) ਅੰਦਰ ਸਭ ਤੋਂ ਵੱਧ 9 ਉਮੀਦਵਾਰ ਚੋਣ ਮੈਦਾਨ ਵਿੱਚ ਹਨ।

## ਸਿਹਤ ਸੰਸਥਾਵਾਂ 'ਚ 'ਬੇਟੀ ਬਚਾਓ, ਬੇਟੀ ਪੜ੍ਹਾਓ' ਦਾ ਹੋਕਾ

**ਬੂਥਗੜ੍ਹ (ਹਰਨਾਮ ਸਿੰਘ ਡੱਲਾ)** ਮਹਿਲਾ ਭਰੂਣ ਹੱਤਿਆ ਵਰਗੀ ਸਮਾਜਿਕ ਬੁਰਾਈ ਨੂੰ ਰੋਕਣ ਦੇ ਉਦੇਸ਼ ਨਾਲ ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਅਧੀਨ ਸਿਹਤ ਸੰਸਥਾਵਾਂ ਵਿਚ 'ਬੇਟੀ ਬਚਾਉ, ਬੇਟੀ ਪੜ੍ਹਾਉ' ਨਾਅਰੇ ਨਾਲ ਮਰੀਜ਼ਾਂ ਤੇ ਹੋਰ ਲੋਕਾਂ ਨੂੰ ਜਾਗਰੂਕ ਕੀਤਾ ਗਿਆ।



ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਸਿਹਤ ਕ੍ਰਮਚਾਰੀਆਂ ਵੱਲੋਂ ਲੋਕਾਂ ਨੂੰ ਧੀਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਧੀਆਂ ਤੇ ਪੁੱਤਰ ਦੋਵੇਂ ਸਮਾਜ ਲਈ ਬਰਾਬਰ ਮਹੱਤਵ ਰੱਖਦੇ ਹਨ ਅਤੇ ਧੀਆਂ ਅੱਜ ਹਰ ਖੇਤਰ ਵਿਚ ਆਪਣੀ ਕਾਬਲੀਅਤ ਸਾਬਤ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਮਹਿਲਾ ਭਰੂਣ ਹੱਤਿਆ ਸਿਰਫ਼ ਕਾਨੂੰਨੀ ਅਪਰਾਧ ਹੀ ਨਹੀਂ, ਸਗੋਂ ਮਨੁੱਖਤਾ ਵਿਰੁੱਧ ਇੱਕ ਗੰਭੀਰ ਸਮਾਜਿਕ ਬੁਰਾਈ ਹੈ, ਜਿਸ ਨੂੰ ਖਤਮ ਕਰਨ ਲਈ ਹਰ ਵਿਅਕਤੀ ਨੂੰ ਅੱਗੇ ਆਉਣਾ ਚਾਹੀਦਾ ਹੈ। ਅਧਿਕਾਰੀਆਂ ਨੇ ਲੋਕਾਂ ਨੂੰ ਪੀ.ਸੀ.ਪੀ.ਐਨ.ਡੀ.ਟੀ ਐਕਟ ਬਾਰੇ ਵੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਰਭ ਅੰਦਰ ਬੱਚੇ ਦਾ ਲਿੰਗ ਪਤਾ ਕਰਨਾ ਤੇ ਉਸ ਦੇ ਆਧਾਰ 'ਤੇ ਗਰਭਪਾਤ ਕਰਾਉਣਾ ਕਾਨੂੰਨੀ ਤੌਰ 'ਤੇ ਮਨਾਹੀ ਹੈ।ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਦਾ ਪ੍ਰਬੰਧ ਹੈ।

## ਜਨਗਣਨਾ ਡਿਊਟੀ 'ਤੇ ਤਾਇਨਾਤ ਅਧਿਆਪਕਾਂ ਨੂੰ ਸਕੂਲ ਡਿਊਟੀ ਤੋਂ ਫਾਰਗ ਕੀਤਾ ਜਾਵੇ

**ਕੋਟਕਪੂਰਾ, (ਰਛਪਾਲ ਭੁੱਲਰ)** ਭਾਰਤ ਸਰਕਾਰ ਵੱਲੋਂ ਕੀਤੀ ਜਾ ਰਹੀ ਜਨਗਣਨਾ ਵਾਸਤੇ ਪੰਜਾਬ ਸਰਕਾਰ ਅਧੀਨ ਸਿਵਲ ਪ੍ਰਸ਼ਾਸਨ ਦੇ ਵੱਖ-ਵੱਖ ਅਧਿਕਾਰੀਆਂ ਨੇ ਸਰਕਾਰੀ ਸਕੂਲਾਂ ਵਿੱਚ ਕੰਮ ਕਰ ਰਹੇ ਅਧਿਆਪਕਾਂ ਨੂੰ ਬਹੁਤ ਵੱਡੀ ਗਿਣਤੀ ਵਿੱਚ ਜਨਗਣਨਾ ਕਰਨ ਲਈ ਬਤੌਰ ਸੁਪਰਵਾਈਜ਼ਰ, ਗਿਣਤੀਕਾਰ ਲਾਇਆ ਗਿਆ ਹੈ।ਇਨ੍ਹਾਂ ਡਿਊਟੀਆਂ 'ਤੇ ਤੈਨਾਤ ਕੀਤੇ ਗਏ ਅਧਿਆਪਕਾਂ ਨੂੰ ਇਹ ਕਾਰਜ ਕਰਨ ਵਾਸਤੇ ਕੋਈ ਸਪੱਸ਼ਟ ਹਦਾਇਤਾਂ ਨਾ ਹੋਣ ਕਰਕੇ ਸਿਵਲ ਪ੍ਰਸ਼ਾਸਨ ਦੀ ਵੱਖ-ਵੱਖ ਅਧਿਕਾਰੀ ਵੱਖੋ-ਵੱਖਰੀਆਂ ਹਦਾਇਤਾਂ ਜਾਰੀ ਕਰ ਰਹੇ ਹਨ। ਇਸ ਸਬੰਧੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ, ਜਨਰਲ ਸਕੱਤਰ ਜਿੰਦਰ ਪਾਇਲਟ, ਵਿੱਤ ਸਕੱਤਰ ਨਵੀਨ ਸਚਦੇਵਾ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ, ਸੂਬਾ ਸਲਾਹਕਾਰ ਬਲਕਾਰ ਵਲਟੋਹਾ ਅਤੇ ਪ੍ਰੇਮ ਚਾਵਲਾ ਨੇ ਕਿਹਾ ਕਿ ਜਥੇਬੰਦੀ ਦੇ ਧਿਆਨ ਵਿੱਚ ਆਇਆ ਹੈ ਕਿ ਜਨਗਣਨਾ ਪ੍ਰਕਿਰਿਆ ਵਿੱਚ ਲੱਗੇ ਅਧਿਆਪਕਾਂ ਨੂੰ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।



ਅਧਿਆਪਕਾਂ ਦੀਆਂ ਜਨਗਣਨਾ ਦੀਆਂ ਡਿਊਟੀਆਂ ਕਈ ਥਾਵਾਂ ਤੇ ਉਨ੍ਹਾਂ ਦੀ ਰਿਹਾਇਸ਼ ਅਤੇ ਨਿਯੁਕਤੀ ਸਥਾਨ ਤੋਂ ਬਹੁਤ ਦੂਰ ਲਾ ਦਿੱਤੀਆਂ ਗਈਆਂ ਹਨ, ਪਰ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਸਕੂਲ ਡਿਊਟੀ ਤੋਂ ਫਾਰਗ ਕਰਨ ਸਬੰਧੀ ਕੋਈ ਵੀ ਸਪੱਸ਼ਟ ਹਦਾਇਤਾਂ ਜਾਰੀ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਅੱਤ ਦੀ ਗਰਮੀ ਤੇ 44-45 ਡਿਗਰੀ ਤਾਪਮਾਨ ਪਹੁੰਚਣ 'ਤੇ ਵੀ ਅਧਿਆਪਕਾਂ ਨੂੰ ਛੁੱਟੀ ਹੋਣ ਤੋਂ ਬਾਅਦ ਘਰਾਂ ਵਿੱਚ ਜਾਕੇ ਸਰਵੇ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ ਤੇ ਜਨਗਣਨਾ ਫਾਰਮ ਵਿੱਚ 34 ਖਾਨੇ ਭਰਨੇ ਪੈਂਦੇ ਹਨ ਤੇ ਉਸ ਨੂੰ ਆਨਲਾਈਨ ਪੋਰਟਲ ਤੇ ਅਪਲੋਡ ਕੀਤਾ ਜਾਣਾ ਵੀ ਜ਼ਰੂਰੀ ਹੈ, ਜਿਸ ਨਾਲ ਹਰ ਘਰ ਲਈ ਲਗਭਗ 30 ਮਿੰਟ ਦਾ ਸਮਾਂ ਲੱਗਦਾ ਹੈ।ਕਈ ਘਰ ਬੰਦ ਹੋਣ ਕਾਰਨ ਵਾਰ-ਵਾਰ ਘਰਾਂ ਵਿੱਚ ਜਾਣਾ ਪੈਂਦਾ ਹੈ।ਇਸ ਤਰ੍ਹਾਂ ਸਕੂਲ ਡਿਊਟੀ ਦੇ ਨਾਲ-ਨਾਲ ਜਨਗਣਨਾ ਦਾ ਕੰਮ ਕਰਨਾ ਬਹੁਤ ਮੁਸ਼ਕਲ ਭਰਿਆ ਕਾਰਜ ਹੈ।ਜਥੇਬੰਦੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਜਨਗਣਨਾ ਵਿੱਚ ਨਿਯੁਕਤ ਅਧਿਆਪਕਾਂ ਤੇ ਕ੍ਰਮਚਾਰੀਆਂ ਨੂੰ ਸਕੂਲ ਡਿਊਟੀ ਤੋਂ ਮੁਕੰਮਲ ਤੌਰ 'ਤੇ ਤੁਰੰਤ ਫ਼ਾਰਗ਼ ਕੀਤਾ ਜਾਵੇ ਤਾਂ ਜੁ ਸਾਰੇ ਇਸ ਕੌਮੀ ਕਾਜ ਨੂੰ ਸਮੇਂ ਸਿਰ ਨੇਪਰੇ ਚੜ੍ਹਾ ਸਕਣ।

## ਪੰਜਾਬ ਸਰਕਾਰ ਵੱਲੋਂ ਨਵਾਂ ਬੱਸ ਰੂਟ : ਪਟਿਆਲਾ ਤੋਂ ਚੰਡੀਗੜ੍ਹ ਤੱਕ (ਵਾਇਆ ਜਖਵਾਲੀ, ਬਰਾਸ, ਚੁੰਨੀ) ਜਾਵੇਗੀ ਬੱਸ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪੰਜਾਬ ਸਰਕਾਰ ਵੱਲੋਂ ਇੱਕ ਨਵਾਂ ਬੱਸ ਰੂਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਕਰੀਬ ਦਰਜਨ ਤੋਂ ਵੱਧ ਪਿੰਡਾਂ ਨੂੰ ਫਾਇਦਾ ਹੋਵੇਗਾ। ਬੱਸ ਦੇ ਪਹਿਲੇ ਦਿਨ ਆਉਣ 'ਤੇ ਪਿੰਡ ਰਜਿੰਦਰਗੜ੍ਹ ਵਿਖੇ ਬੱਸ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਬਿੱਕਰ ਸਿੰਘ ਰਜਿੰਦਰਗੜ੍ਹ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਪਟਿਆਲਾ ਤੋਂ ਸੈਕਟਰ 43 ਚੰਡੀਗੜ੍ਹ ਤੱਕ ਇੱਕ ਨਵਾਂ ਰੂਟ ਸ਼ੁਰੂ ਕੀਤਾ ਹੈ, ਇਹ ਬੱਸ ਪਟਿਆਲੇ ਤੋਂ ਚੱਲ ਕੇ ਵਾਇਆ ਜਖਵਾਲੀ, ਬਰਾਸ, ਚੁੰਨੀ ਹੁੰਦੀ ਹੋਈ ਚੰਡੀਗੜ੍ਹ ਤੱਕ ਜਾਵੇਗੀ। ਇਸ ਇਲਾਕੇ ਦੇ ਕਰੀਬ ਦਰਜਨ ਪਿੰਡਾਂ ਨੂੰ ਇਸ ਰੂਟ ਦਾ ਫਾਇਦਾ ਹੋਵੇਗਾ। ਚੰਡੀਗੜ੍ਹ ਕੰਮ ਕਰਨ ਲਈ ਜਾਣ ਵਾਲੇ ਮੁੰਡੇ ਕੁੜੀਆਂ ਦੇ ਲਈ ਇਹ ਬਹੁਤ ਹੀ ਸੁਖਾਵਾਂ ਰੂਟ ਹੋਵੇਗਾ। ਉਹਨਾਂ ਦੱਸਿਆ ਕਿ ਵਿਧਾਇਕ ਲਖਬੀਰ ਸਿੰਘ ਰਾਏ ਕੋਲ ਇਲਾਕੇ ਦੇ ਲੋਕਾਂ ਨੇ ਮੰਗ ਰੱਖੀ ਸੀ ਕਿ ਇਸ ਰੂਟ ਦੇ ਉੱਤੇ ਬੱਸ ਸੇਵਾ ਸ਼ੁਰੂ ਕੀਤੀ ਜਾਵੇ। ਜਿਸ ਦੀ ਬਦੌਲਤ ਇਲਾਕੇ ਨੂੰ ਪੰਜਾਬ ਸਰਕਾਰ ਵੱਲੋਂ ਇਹ ਬੱਸ ਰੂਟ ਦਿੱਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਿਕਰ ਸਿੰਘ ਰਾਜਿੰਦਰਗੜ੍ਹ, ਬਲਜਿੰਦਰ ਸਿੰਘ ਸਰਪੰਚ, ਪਾਲਾ ਸਿੰਘ, ਕੰਵਲਜੀਤ ਸਿੰਘ, ਨਵਜੋਤ ਸਿੰਘ, ਜਸਪ੍ਰੀਤ ਸਿੰਘ, ਦਲਵਾਰਾ ਸਿੰਘ ਫੌਜੀ, ਬਲਜਿੰਦਰ ਸਿੰਘ ਫੌਜੀ, ਕਰਮਜੀਤ ਸਿੰਘ ਆਦਿ ਵੀ ਹਾਜ਼ਰ ਸਨ।



## ਗੁਰੂ ਨਾਨਕ ਕਾਲਜ ਦੇ ਡਾ. ਪ੍ਰਭਜੀਤ ਕੌਰ ਢਿੱਲੋਂ ਨੂੰ ਸਰਵੋਤਮ ਪੇਸ਼ਕਾਰੀ ਪੁਰਸਕਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਗੁਰੂ ਨਾਨਕ ਕਾਲਜ ਦੇ ਡਾ. ਪ੍ਰਭਜੀਤ ਕੌਰ ਢਿੱਲੋਂ, ਸਹਾਇਕ ਪ੍ਰੋਫੈਸਰ, ਪੋਸਟ ਗ੍ਰੈਜੂਏਟ ਭੌਤਿਕ ਵਿਗਿਆਨ ਵਿਭਾਗ ਨੂੰ ਨੰਧਾ ਇੰਜੀਨੀਅਰਿੰਗ ਕਾਲਜ ਦੁਆਰਾ ਆਯੋਜਤ ਨੈਕਸਟ ਜਨਰੇਸ਼ਨ ਸਸਟੇਨੇਬਲ ਮਟੀਰੀਅਲਜ਼ ਫਾਰ ਇਮਰਜਿੰਗ ਟੈਕਨਾਲੋਜੀਜ 'ਤੇ ਰਾਸ਼ਟਰੀ ਕਾਨਫਰੰਸ ਵਿੱਚ ਸਰਵੋਤਮ ਮੌਖਿਕ ਪੇਸ਼ਕਾਰੀ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ਹੈ। ਇਹ ਪੁਰਸਕਾਰ 'ਬੀ ਐਡ ਓ ਨੈਨੋਪਾਰਟੀਕਲਜ਼: ਗ੍ਰੀਨ ਸਿੰਥੇਸਿਸ, ਫੋਟੋਸਟ੍ਰਿਕਸ਼ਨ ਇਫੈਕਟ ਅਤੇ ਡੀ ਐਫ ਟੀ ਸਟੱਡੀ' ਵਿਸ਼ੇ 'ਤੇ ਸ਼ਾਨਦਾਰ ਖੋਜ ਪੇਸ਼ਕਾਰੀ ਦੇ ਸਨਮਾਨ ਵਿੱਚ ਪ੍ਰਦਾਨ ਕੀਤਾ ਗਿਆ।ਖੋਜ ਕਾਰਜ ਵਿੱਚ ਡਾ. ਅਨੀਤਾ ਰਾਣੀ, ਮੁਖੀ ਭੌਤਿਕ ਵਿਗਿਆਨ, ਲਕਸ਼, ਬੀ.ਐੱਸ.ਸੀ. 9 (ਨਾਨ-ਮੈਡੀਕਲ) ਵਿਦਿਆਰਥੀ, ਮੈਡਮ ਰਾਜਵੀਰ ਕੌਰ, ਸਹਾਇਕ ਪ੍ਰੋਫੈਸਰ ਭੌਤਿਕ ਵਿਗਿਆਨ; ਡਾ. ਕਿਰਨਦੀਸ਼ ਕੌਰ, ਸਹਾਇਕ ਪ੍ਰੋਫੈਸਰ ਰਸਾਇਣ ਵਿਗਿਆਨ ਮੈਡਮ ਗਗਨਜੋਤ ਕੌਰ, ਸਹਾਇਕ ਪ੍ਰੋਫੈਸਰ ਭੌਤਿਕ ਵਿਗਿਆਨ, ਡਾ. ਰੁਚਿਤਾ ਆਰ. ਪਟੇਲ, ਸਹਾਇਕ ਪ੍ਰੋਫੈਸਰ ਭੌਤਿਕ ਵਿਗਿਆਨ, ਨਵਜੀਵਨ ਸਾਇੰਸ ਕਾਲਜ, ਦਾਹੋਦ ( ਗੁਜਰਾਤ) ਵੱਲੋਂ ਸਹਿਯੋਗ ਦਿੱਤਾ ਗਿਆ।



ਕਾਲਜ ਦੀ ਸਥਾਨਕੀ ਪ੍ਰਬੰਧਕੀ ਕਮੇਟੀ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ ਅਤੇ ਕਾਲਜ ਪ੍ਰਿੰਸੀਪਲ ਪ੍ਰੋ. ਸਰਬਜੀਤ ਕੌਰ ਨੇ ਡਾ. ਪ੍ਰਭਜੀਤ ਕੌਰ ਢਿੱਲੋਂ ਤੇ ਪੂਰੀ ਖੋਜ ਟੀਮ ਨੂੰ ਉਨ੍ਹਾਂ ਦੇ ਅਕਾਦਮਿਕ ਅਤੇ ਖੋਜ ਕਾਰਜਾਂ ਵਿੱਚ ਨਿਰੰਤਰ ਸਫਲਤਾ ਲਈ ਵਧਾਈ ਦਿੱਤੀ।

## ਪੀ ਆਰ ਟੀ ਸੀ ਦੇ ਐੱਮ ਡੀ ਵੱਲੋਂ ਨਵੇਂ ਬੱਸ ਸਟੈਂਡ ਤੇ ਵਰਕਸ਼ਾਪ ਦਾ ਦੌਰਾ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪੀ.ਆਰ.ਟੀ.ਸੀ. ਦੇ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨੇ ਪਟਿਆਲਾ ਦੇ ਨਵੇਂ ਬੱਸ ਸਟੈਂਡ ਤੇ ਵਰਕਸ਼ਾਪ ਦਾ ਦੌਰਾ ਕੀਤਾ।ਉਨ੍ਹਾਂ ਪਟਿਆਲਾ ਡਿਪੂ ਵਿੱਚ ਬ੍ਰਾਂਚ ਵਾਈਜ ਕੰਮ-ਕਾਜ ਦੀ ਸਮੀਖਿਆ ਕੀਤੀ।ਇਸ ਦੌਰੇ ਦੌਰਾਨ ਮੈਨੇਜਿੰਗ ਡਾਇਰੈਕਟਰ ਨੇ ਸਮੂਹ ਬ੍ਰਾਂਚਾਂ ਦੇ ਇੰਚਾਰਜਾਂ ਤੋਂ ਉਨ੍ਹਾਂ ਦੇ ਅਧੀਨ ਚੱਲ ਰਹੇ ਕੰਮਾਂ ਸਬੰਧੀ ਜਾਣਕਾਰੀ ਲਈ ਤੇ ਦਫ਼ਤਰੀ ਕੰਮ ਨੂੰ ਹੋਰ ਸੁਚਾਰੂ ਢੰਗ ਨਾਲ ਕਰਨ ਲਈ ਪ੍ਰੇਰਿਤ ਕੀਤਾ। ਮਨੀਸ਼ਾ ਰਾਣਾ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਦੀ ਆਮਦਨ ਵਿੱਚ ਹੋਰ ਇਜ਼ਾਫਾ ਕਰਨ ਲਈ ਆਉਣ ਵਾਲੇ ਸਮੇਂ ਵਿੱਚ ਪੀ.ਆਰ.ਟੀ.ਸੀ ਦੀ ਆਪਣੀ ਮਾਲਕੀ ਵਾਲੀਆਂ ਮਿੰਨੀ ਤੇ ਵੱਡੀਆਂ ਬੱਸਾਂ ਛੇਤੀ ਹੀ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਸ਼ਾਮਲ ਕੀਤੀਆਂ ਜਾ ਰਹੀਆਂ ਹਨ। ਐਮ ਡੀ ਮਨੀਸ਼ਾ ਰਾਣਾ ਨੇ ਯੂਨੀਅਨਾਂ ਦੀਆਂ ਮੰਗਾਂ ਸਬੰਧੀ ਜਾਣਕਾਰੀ ਤੇ ਇਨ੍ਹਾਂ ਦਾ ਨਿਪਟਾਰਾ ਕਰਨ ਲਈ ਸੁਝਾਅ ਵੀ ਲਏ।ਉਨ੍ਹਾਂ ਨੇ ਮੁਲਾਜਮਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਪੀਣ ਵਾਲੇ ਪਾਣੀ ਦੀ ਸਹੂਲਤ ਲਈ ਹੋਰ ਨਵਾਂ ਆਰ.ਓ. ਲਾਉਣ ਦੇ ਨਿਰਦੇਸ਼ ਦਿੱਤੇ।ਇਸ ਦੇ ਨਾਲ ਹੀ ਉਨ੍ਹਾਂ ਨੇ ਡਿਪੂ ਦੇ ਵਰਕਸ਼ਾਪ ਅਤੇ ਓਪਰੇਸ਼ਨ ਸਟਾਫ ਨੂੰ ਹੋਰ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਆ ਤਾਂ ਜੁ ਪੀ.ਆਰ.ਟੀ.ਸੀ. ਆਮ ਜਨਤਾ ਨੂੰ ਨਿਰੰਤਰ ਸਫਰ ਸਹੂਲਤ ਪ੍ਰਦਾਨ ਕਰ ਸਕੇ। ਐਮ.ਡੀ. ਰਾਣਾ ਨੇ ਨਵੇਂ ਬੱਸ ਸਟੈਂਡ ਦਾ ਮੌਕਾ ਦੇਖਿਆ ਤੇ ਇੱਥੇ ਮੌਜੂਦ ਸਵਾਰੀਆਂ ਨਾਲ ਗੱਲਬਾਤ ਕਰਕੇ ਫੀਡਬੈਕ ਹਾਸਲ ਕੀਤੀ ਅਤੇ ਉਨ੍ਹਾਂ ਨੇ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਸਵਾਰੀਆਂ ਦੀ ਸਹੂਲਤ ਲਈ ਬੱਸ ਸਟੈਂਡ ਵਿਖੇ ਹੋਰ ਨਵਾਂ ਆਰ.ਓ. ਲਾਉਣ ਦੇ ਨਿਰਦੇਸ਼ ਦਿੱਤੇ।



## ਪੰਜਾਬ ਸਰਕਾਰ .ਗਰਮੀਆਂ ਦੀਆਂ ਛੁੱਟੀਆਂ ਕਰੇ, .ਗਰਮੀ ਨਾਲ ਬੱਚਿਆਂ ਦਾ ਬੁਰਾ ਹਾਲ

**ਮਾਨਸਾ (ਆਤਮਾ ਸਿੰਘ ਪਮਾਰ)** ਲਗਾਤਾਰ ਵਧਦੇ ਤਾਪਮਾਨ ਕਾਰਨ ਬੱਚਿਆਂ ਦਾ ਬਹੁਤ ਬੁਰਾ ਹਾਲ ਹੋਇਆ ਪਿਆ ਹੈ, ਕਿਉਂਕਿ ਸੂਰਜ ਪੂਰਾ ਜੋਬਨ ਦਿਖਾ ਰਿਹਾ ਹੈ। ਬੱਚਿਆਂ ਦਾ ਛੁੱਟੀ ਸਮੇਂ ਘਰ ਜਾਣਾ ਅੱਗ 'ਚੋਂ ਲੰਘਣ ਦੇ ਬਰਾਬਰ ਹੈ ਤੱਤੀ ਲੋਅ ਤੱਤੀ ਹਵਾ ਪਸੀਨੇ ਪਸੀਨੋ ਮਸਾਂ ਘਰ ਪਹੁੰਚਦੇ ਹਨ। ਉਧਰ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀਆਂ ਡਿਊਟੀਆਂ ਕਹਿਰ ਦੀ ਗ਼ਰਮੀ 'ਚ ਜਨਗਣਨਾ, ਡਰੱਗਜ਼ 'ਚ ਲਾ ਦਿੱਤੀਆਂ ਹਨ।ਪਹਿਲਾਂ ਸਕੂਲਾਂ 'ਚ ਡਿਊਟੀ ਫਿਰ ਸਰਵੇ ਪੰਜਾਬ ਸਰਕਾਰ ਵਲੋਂ ਸਰਾਸਰ ਧੱਕਾ ਕੀਤਾ ਜਾ ਰਿਹਾ ਹੈ। ਪੰਜਾਬ ਦੇ ਕਈ ਬਲਾਕਾਂ 'ਚ ਸਰਵੇ ਕਰ ਰਹੇ ਅਧਿਆਪਕਾਂ ਨੂੰ ਸਕੂਲ ਜਾਣ ਤੋਂ ਛੋਟ ਦਿੱਤੀ ਗਈ ਹੈ। ਕਈ ਸਕੂਲਾਂ ਵਿੱਚ ਜਾ ਰਹੇ ਹਨ।ਨਾਲ ਹੀ ਸਰਵੇ ਵੀ ਕਰ ਰਹੇ ਹਨ ਕਈ ਅਧਿਆਪਕਾਂ ਨੂੰ ਦੋ ਦੋ ਬੂਥ ਨੰਬਰ ਦਿੱਤੇ ਗਏ ਹਨ। ਇਹ ਵੀ ਸਰਾਸਰ ਧੱਕਾ ਹੈ। ਇਹ ਵਿਚਾਰਾਂ ਦਾ ਪ੍ਰਗਟਾਵਾ ਐਸੋਸੀਏਟ ਪ੍ਰੀ ਪ੍ਰਾਇਮਰੀ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਕਨਵੀਨਰ ਸੁਖਚੈਨ ਸਿੰਘ ਗੁਰਨੇ ਤੇ ਜਨਰਲ ਸਕੱਤਰ ਮੱਖਣ ਸਿੰਘ ਮੱਲ ਸਿੰਘ ਵਾਲਾ ਵੱਲੋਂ ਕੀਤਾ ਗਿਆ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਤਪਦੀ ਗ਼ਰਮੀ ਨੂੰ ਦੇਖਦੇ ਹੋਏ ਗਰਮੀਆਂ ਦੀਆਂ ਛੁੱਟੀਆਂ ਕੀਤੀਆਂ ਜਾਣ। ਜਿਸ ਨਾਲ ਬੱਚੇ ਨੂੰ ਵੀ ਗਰਮੀ ਤੋਂ ਰਾਹਤ ਮਿਲੇਗੀ ਤੇ ਅਧਿਆਪਕ ਵੀ ਆਪਣੇ ਸਰਵੇ ਡਿਊਟੀਆਂ ਸਹੀ ਢੰਗ ਨਾਲ ਕਰ ਸਕਣ।

## ਧੂਰੀ ਨਗਰ ਕੌਂਸਲ ਚੋਣ ਲਈ ਤਿੰਨ ਜੋੜੇ ਵੱਖ ਵੱਖ ਵਾਰਡਾਂ 'ਚ ਚੋਣ ਮੈਦਾਨ 'ਚ

**ਧੂਰੀ (ਮਨੋਹਰ ਸਿੰਘ ਸੱਗੂ)**- 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਚੋਣਾਂ ਲਈ ਧੂਰੀ ਨਗਰ ਕੌਂਸਲ ਦੇ ਵੱਖ ਵੱਖ ਵਾਰਡਾਂ ਅੰਦਰ ਤਿੰਨ ਜੋੜੇ ਚੋਣ ਮੈਦਾਨ ਵਿੱਚ ਹਨ।ਧੂਰੀ ਨਗਰ ਕੌਂਸਲ ਦੀ ਚੋਣ 'ਚ ਸਾਬਕਾ ਕੌਂਸਲਰ ਅਮਰੀਕ ਸਿੰਘ ਵਾਰਡ ਨੰਬਰ 20 ਤੋਂ ਅਤੇ ਉਨ੍ਹਾਂ ਦੀ ਪਤਨੀ ਮਨਜੀਤ ਕੌਰ ਵਾਰਡ ਨੰਬਰ 18 ਤੋਂ ਆਜ਼ਾਦ ਉਮੀਦਵਾਰ ਵਜੋਂ। ਸਾਬਕਾ ਪ੍ਰਧਾਨ ਸੰਦੀਪ ਤਾਇਲ ਵਾਰਡ ਨੰਬਰ-14 ਤੋਂ ਅਤੇ ਉਨ੍ਹਾਂ ਦੀ ਪਤਨੀ ਸਾਬਕਾ ਪ੍ਰਧਾਨ ਪੁਸ਼ਪਾ ਤਾਇਲ ਵਾਰਡ ਨੰਬਰ-16 ਤੋਂ ਆਜ਼ਾਦ ਉਮੀਦਵਾਰ ਵਜੋਂ ਅਤੇ ਸਾਬਕਾ ਕੌਂਸਲਰ ਅਜੇ ਪਰੋਚਾ ਵਾਰਡ ਨੰਬਰ 8 ਤੋਂ ਅਤੇ ਉਨ੍ਹਾਂ ਦੀ ਪਤਨੀ ਆਂਚਲ ਪਰੋਚਾ ਵਾਰਡ ਨੰਬਰ 7 ਤੋਂ ਆਜ਼ਾਦ ਉਮੀਦਵਾਰ ਵਜੋਂ ਆਪਣੀ ਕਿਸਮਤ ਅਜ਼ਮਾਉਣ ਲਈ ਚੋਣ ਮੈਦਾਨ ਵਿੱਚ ਹਨ।

## ਘੱਟ ਗਿਣਤੀ ਭਾਈਚਾਰੇ ਦੀਆਂ ਸ਼ਿਕਾਇਤਾਂ 'ਤੇ ਕਾਰਵਾਈ ਨਾ ਕਰਨ ਵਾਲੇ ਪੁਲਸ ਅਧਿਕਾਰੀ ਤਲਬ

**ਫਰੀਦਕੋਟ, (ਐਲਿਗਜੈਂਡਰ ਡਿਸੂਜ਼ਾ)**- ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਨੇ ਇੱਥੇ ਮੋਹਾਲੀ ਦਫ਼ਤਰ ਵਿਖੇ ਇੱਕ ਅਹਿਮ ਕਾਰਵਾਈ ਕਰਦਿਆਂ ਉਨ੍ਹਾਂ ਪੁਲਸ ਅਧਿਕਾਰੀਆਂ ਨੂੰ ਤਲਬ ਕੀਤਾ, ਜਿਨ੍ਹਾਂ ਵੱਲੋਂ ਘੱਟ ਗਿਣਤੀ ਭਾਈਚਾਰੇ ਦੇ ਲੋਕਾਂ ਵੱਲੋਂ ਦਿੱਤੀਆਂ ਦਰਖ਼ਾਸਤਾਂ 'ਤੇ ਸਮੇਂ ਸਿਰ ਕਾਰਵਾਈ ਨਹੀਂ ਸੀ ਕੀਤੀ ਗਈ। ਤਲਬ ਕੀਤੇ ਗਏ ਅਧਿਕਾਰੀਆਂ ਵਿੱਚ ਐੱਸ.ਐੱਚ.ਓ. ਫਿਰੋਜ਼ਪੁਰ ਸਿਟੀ, ਸ਼ਾਹਕੋਟ ਅਤੇ ਵੱਖ-ਵੱਖ ਮਾਮਲਿਆਂ ਨਾਲ ਸੰਬੰਧਤ ਹੋਰ ਪੁਲਸ ਮੁਲਾਜ਼ਮ ਸ਼ਾਮਲ ਸਨ।ਚੇਅਰਮੈਨ ਗੌਰਵ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਸੰਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੇ ਆਦੇਸ਼ ਜਾਰੀ ਕੀਤੇ ਅਤੇ ਪੀੜਤ ਲੋਕਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਵਾਇਆ। ਇਸ ਦੌਰਾਨ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਵੱਡੀ ਗਿਣਤੀ ਵਿੱਚ ਲੋਕ ਆਪੋ-ਆਪਣੀਆਂ ਫ਼ਰਿਆਦਾਂ ਅਤੇ ਦਰਖ਼ਾਸਤਾਂ ਲੈ ਕੇ ਚੇਅਰਮੈਨ ਸਾਹਬ ਦੇ ਪੇਸ਼ ਹੋਏ। ਮਾਮਲਿਆਂ ਦੀ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਚੇਅਰਮੈਨ ਨੇ ਸਾਰੀਆਂ ਸ਼ਿਕਾਇਤਾਂ ਨੂੰ ਬੇਹੱਦ ਗੰਭੀਰਤਾ ਨਾਲ ਲਿਆ ਅਤੇ ਤੁਰੰਤ ਉੱਚ ਪੱਧਰੀ ਜਾਂਚ ਦੇ ਹੁਕਮ ਜਾਰੀ ਕਰ ਦਿੱਤੇ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਕਿਸੇ ਵੀ ਨਾਗਰਿਕ ਨਾਲ ਅਨਿਆਂ ਨਹੀਂ ਹੋਣ ਦਿੱਤਾ ਜਾਵੇਗਾ।



## ਵਾਰਡ ਨੰਬਰ 2 ਵਿੱਚ ਜਗਜੀਤ ਸਿੰਘ ਜੱਗੀ ਨੂੰ ਮਿਲ ਰਿਹਾ ਭਾਰੀ ਸਮਰਥਨ

**ਜਗਰਾਉਂ (ਅਮਿਤ ਖੰਨਾ)**- ਜਗਰਾਉਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਵਾਰਡ ਨੰਬਰ 2 ਵਿੱਚ ਚੋਣਾਵੀ ਮਾਹੌਲ ਦਿਨੋਂ-ਦਿਨ ਗਰਮ ਹੁੰਦਾ ਜਾ ਰਿਹਾ ਹੈ। ਆਮ ਆਦਮੀ ਪਾਰਟੀ ਦੇ ਉਮੀਦਵਾਰ ਜਗਜੀਤ ਸਿੰਘ ਜੱਗੀ ਨੂੰ ਇਲਾਕੇ ਦੇ ਲੋਕਾਂ ਵੱਲੋਂ ਭਰਵਾਂ ਸਮਰਥਨ ਅਤੇ ਪਿਆਰ ਮਿਲ ਰਿਹਾ ਹੈ। ਵਾਰਡ ਦੇ ਵਸਨੀਕਾਂ ਦਾ ਕਹਿਣਾ ਹੈ ਕਿ ਜੱਗੀ ਇੱਕ ਮਿਹਨਤੀ, ਇਮਾਨਦਾਰ ਅਤੇ ਹਰਮਨ ਪਿਆਰੇ ਨੌਜਵਾਨ ਆਗੂ ਹਨ, ਜੋ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਰਹਿੰਦੇ ਹਨ। ਚੋਣ ਪ੍ਰਚਾਰ ਦੌਰਾਨ ਜਗਜੀਤ ਸਿੰਘ ਜੱਗੀ ਨੇ ਬੁੱਧਵਾਰ ਨੂੰ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ ਕੀਤਾ ਅਤੇ ਆਪਣੇ ਹੱਕ ਵਿੱਚ ਵੋਟਾਂ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਵੱਡੀ ਗਿਣਤੀ ਵਿੱਚ ਸਮਰਥਕ ਅਤੇ ਪਾਰਟੀ ਵਰਕਰ ਮੌਜੂਦ ਰਹੇ। ਵਾਰਡ ਦੀਆਂ ਗਲੀਆਂ ਵਿੱਚ ਜੱਗੀ ਦੇ ਹੱਕ ਵਿੱਚ ਨਾਅਰੇ ਗੂੰਜਦੇ ਰਹੇ ਅਤੇ ਲੋਕਾਂ ਨੇ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।



## ਖੇਡਾਂ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ

**ਬਾਘਾ ਪੁਰਾਣਾ ( ਮਨੀ ਸਿੰਗਲਾ)**- ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਬਾਨੀ ਸਵ: ਪ੍ਰਿੰਸੀਪਲ ਗੁਰਦੇਵ ਸਿੰਘ ਦੇ ਆਸ਼ੀਰਵਾਦ ਨਾਲ ਅਤੇ ਮੌਜੂਦਾ ਪ੍ਰਿੰਸੀਪਲ ਸੰਦੀਪ ਮਹਿਤਾ ਦੇ ਅਣਥੱਕ ਯਤਨਾਂ ਸਦਕਾ ਪੜ੍ਹਾਈ ਦੇ ਨਾਲ -ਨਾਲ ਖੇਡਾਂ ਅਤੇ ਹੋਰ ਸਮਾਜਿਕ ਗਤੀਵਿਧੀਆਂ ਵਿੱਚ ਵੀ ਉੱਚੀਆਂ ਬੁਲੰਦੀਆਂ ਨੂੰ ਛੂਹ ਰਹੀ ਹੈ, ਵਿਖੇ 2024-25 ਸੈਸ਼ਨ ਦੌਰਾਨ ਸਟੇਟ ਪੱਧਰ 'ਤੇ ਖੇਡਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਜ਼ਿਲ੍ਹਾ ਸਿੱਖਿਆ ਅਫਸਰ ਗੁਰਦਿਆਲ ਸਿੰਘ, ਜ਼ਿਲ੍ਹਾ ਟੂਰਨਾਮੈਂਟ ਦੇ ਮੀਤ ਪ੍ਰਧਾਨ ਰਿਸ਼ੀ ਮਨਚੰਦਾ ਅਤੇ ਜਨਰਲ ਸਕੱਤਰ ਨਵਦੀਪ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਇਹ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਅੰਡਰ-19 (ਕ੍ਰਿਕਟ) ਲੜਕੀਆਂ ਵਿੱਚ ਸ਼ਨਾਇਆ ਮਹਿਤਾ, ਹਰਮਨਪ੍ਰੀਤ ਕੌਰ, ਅੰਕੁਸ਼, ਮਨਵੀਰ ਕੌਰ, ਜੈਸਮੀਨ ਕੌਰ, ਖੁਸ਼ਪ੍ਰੀਤ ਕੌਰ, ਹਰਲੀਨ ਕੌਰ, ਨਵਮੀਤ ਕੌਰ, ਦਰੋਪਤੀ ਨੇ ਭਾਗ ਲਿਆ। ਕ੍ਰਿਕਟ ਅੰਡਰ -17 (ਲੜਕੀਆਂ) ਰਾਜਵੀਰ ਕੌਰ, ਦਿਵਿਆ ਗੁਪਤਾ (ਅੰਡਰ -14) ਦਿਵਾਂਸ਼ੀ, ਇਸੇ ਤਰ੍ਹਾਂ ਕ੍ਰਿਕਟ (ਅੰਡਰ -14) ਲੜਕੇ ਨਰਿੰਦਰ ਸਿੰਘ, ਸ਼ੁਭਮ, ਧੀਰਜ ਰੱਸਾਕਸ਼ੀ ਮੁਕਾਬਲੇ (ਅੰਡਰ -17) ਲੜਕੀਆਂ ਲਵਪ੍ਰੀਤ ਸ਼ਰਮਾ ਅਤੇ ਅਮਨਦੀਪ ਕੌਰ, ਐਥਲੈਟਿਕਸ ਵਿੱਚ ਲੰਬੀ ਛਾਲ (ਅੰਡਰ -14 ਅਤੇ 19) ਨਵਦੀਪ ਸਿੰਘ, ਅਰਸ਼ਦੀਪ ਸਿੰਘ ਬਰਾੜ, ਡਿਸਕਸ ਥ੍ਰੋ (ਅੰਡਰ -19) ਲੜਕੀ ਸ਼ਰੂਤੀ ਮਹਿਤਾ, ਕ੍ਰਾਸ ਕੰਟਰੀ (ਅੰਡਰ -19) ਅਨਮੋਲ ਸਿੰਘ ਨੇ ਭਾਗ ਲਿਆ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅੱਗੇ ਵੀ ਇਸੇ ਤਰ੍ਹਾਂ ਖੇਡਾਂ ਵਿੱਚ ਭਾਗ ਲੈਂਦੇ ਰਹਿਣ ਲਈ ਪ੍ਰੇਰਿਆ। ਇਸ ਮੌਕੇ ਪ੍ਰਿੰਸੀਪਲ ਪਰਮਿੰਦਰ ਕੌਰ, ਡਾਇਰੈਕਟਰ ਕਿਡਜ਼ੀ ਸੁਧਾ ਮਹਿਤਾ, ਕੋਆਰਡੀਨੇਟਰ ਮੁਕੇਸ਼ ਅਰੋੜਾ, ਮਾਊਂਟ ਇੰਟਰਨੈਸ਼ਨਲ ਸਕੂਲ ਹੈੱਡ ਖੁਸ਼ਪ੍ਰੀਤ ਕੌਰ, ਡੀ.ਪੀ.ਈ. ਬਲਰਾਜ ਸਿੰਘ, ਕੋਚ ਵਿੱਕੀ ਸਿੰਘ ਅਤੇ ਨਵਨੀਤ ਸਿੰਘ ਵੀ ਹਾਜ਼ਰ ਸਨ।



## ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ ਲਈ 369 ਉਮੀਦਵਾਰ ਪਾਏ ਗਏ ਯੋਗ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਅਧੀਨ ਆਉਂਦੀਆਂ ਨਗਰ ਕੌਂਸਲ ਫ਼ਿਰੋਜ਼ਪੁਰ, ਜ਼ੀਰਾ, ਤਲਵੰਡੀ ਭਾਈ ਤੇ ਨਗਰ ਪੰਚਾਇਤ ਮੁੱਦਕੀ ਦੀਆਂ 26 ਮਈ ਨੂੰ ਹੋਣ ਵਾਲੀਆਂ ਚੋਣਾਂ ਲਈ ਕੁੱਲ 409 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਸਨ, ਜਿਨ੍ਹਾਂ ਦੀ ਪੜਤਾਲ ਉਪਰੰਤ 40 ਨਾਮਜ਼ਦਗੀ ਪੱਤਰ ਰੱਦ ਕੀਤੇ ਗਏ ਤੇ 369 ਉਮੀਦਵਾਰ ਯੋਗ ਪਾਏ ਗਏ ਹਨ। ਉਨ੍ਹਾਂ ਨਾਮਜ਼ਦਗੀ ਪੱਤਰਾਂ ਬਾਰੇ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਫ਼ਿਰੋਜ਼ਪੁਰ ਤੋਂ 173, ਜ਼ੀਰਾ ਤੋਂ 111 ਤੇ ਤਲਵੰਡੀ ਭਾਈ ਤੋਂ 67 ਅਤੇ ਮੁੱਦਕੀ ਤੋਂ 18 ਉਮੀਦਵਾਰ ਯੋਗ ਪਾਏ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਚੋਣਾਂ ਵਿੱਚ 128457 ਵੋਟਰ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨਗੇ, ਜਿਨ੍ਹਾਂ ਵਿੱਚੋਂ 61091 ਮਰਦ ਅਤੇ 67360 ਔਰਤਾਂ, ਜਦਕਿ 6 ਅਦਰ ਵੋਟਰ ਹਨ। ਉਨ੍ਹਾਂ ਕਿਹਾ ਕਿ ਚੋਣਾਂ ਸਬੰਧੀ ਕਿਸੇ ਪ੍ਰਕਾਰ ਦੀ ਜਾਣਕਾਰੀ ਲਈ ਸੰਬਧਤ ਰਿਟਰਨਿੰਗ ਅਫ਼ਸਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ?ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਨ੍ਹਾਂ ਚੋਣਾਂ ਲਈ ਕੁੱਲ 76 ਵਾਰਡਾਂ ਵਿੱਚ 145 ਪੋਲਿੰਗ ਬੂਥ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਫ਼ਿਰੋਜ਼ਪੁਰ ਵਿਚ 33 ਵਾਰਡ ਤੇ 85 ਪੋਲਿੰਗ ਬੂਥ, ਮੁੱਦਕੀ ਨਗਰ ਪੰਚਾਇਤ ਵਿੱਚ 13 ਵਾਰਡ ਤੇ 13 ਪੋਲਿੰਗ ਬੂਥ, ਨਗਰ ਕੌਂਸਲ ਤਲਵੰਡੀ ਭਾਈ ਵਿੱਚ 13 ਵਾਰਡ ਤੇ 16 ਪੋਲਿੰਗ ਬੂਥ, ਨਗਰ ਕੌਂਸਲ ਜ਼ੀਰਾ ਵਿੱਚ 17 ਵਾਰਡ ਤੇ 31 ਪੋਲਿੰਗ ਬੂਥ ਬਣਾਏ ਗਏ ਹਨ। 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਾਂ ਪੈਣਗੀਆਂ ਅਤੇ 29 ਮਈ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਉਨ੍ਹਾਂ ਸਾਰੇ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਡਰ, ਲਾਲਚ ਦੇ ਪੂਰੀ ਜ਼ਿੰਮੇਵਾਰੀ ਨਾਲ ਕਰਨ ਦੀ ਅਪੀਲ ਕੀਤੀ।



## ਮਾਛੀਕੇ 'ਚ ਗਲੀਆਂ ਦੇ ਇੰਟਰਲਾਕ ਦਾ ਕੰਮ ਸ਼ੁਰੂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਪਿੰਡ ਮਾਛੀਕੇ ਦੇ ਵਾਰਡ ਨੰਬਰ 2 ਵਿੱਚ ਲੰਮੇ ਸਮੇਂ ਤੋਂ ਖਰਾਬ ਪਈਆਂ ਗਲੀਆਂ ਦੇ ਇੰਟਰਲਾਕ ਦਾ ਕੰਮ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵੱਲੋਂ ਸ਼ੁਰੂ ਕਰਵਾਇਆ ਗਿਆ। ਇਹ ਕੰਮ ਪੰਚਾਇਤ ਮੈਂਬਰ ਮਨਜੀਤ ਕੌਰ ਦੇ ਵਾਰਡ ਵਿੱਚ ਕਰਵਾਇਆ ਜਾ ਰਿਹਾ ਹੈ, ਜਿਸ ਨਾਲ ਇਲਾਕਾ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ ਹੈ ਅਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ।ਇਸ ਸਮੇਂ ਸਰਪੰਚ ਜਗਮੋਹਨ ਸਿੰਘ, ਡਾ. ਜਗਦੇਵ ਸਿੰਘ ਬੱਬੂ ਸੋਸ਼ਲ ਮੀਡੀਆ ਹਲਕਾ ਇੰਚਾਰਜ, ਪਰਮਿੰਦਰ ਸਿੰਘ ਕਾਲਾ ਪੰਚਾਇਤ ਮੈਂਬਰ, ਹਾਕਮ ਸਿੰਘ ਪੰਚਾਇਤ ਮੈਂਬਰ, ਭੋਲਾ ਸਿੰਘ ਪੰਚਾਇਤ ਮੈਂਬਰ, ਕਰਮਜੀਤ ਕੰਮਾ ਪੰਚਾਇਤ ਮੈਂਬਰ, ਜੀਤਾ ਸਿੰਘ ਪੰਚਾਇਤ ਮੈਂਬਰ, ਮੈਗਲ ਸਿੰਘ ਆਪ ਆਗੂ, ਚੰਦ ਸਿੰਘ ਆਪ ਆਗੂ, ਮਾਸਟਰ ਸੁਖਪ੍ਰੀਤ ਸੁੱਖੀ, ਠੇਕੇਦਾਰ ਮਿਸਤਰੀ ਮੁੰਦਰੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਵੀ ਹਾਜ਼ਰ ਸਨ।



## ...ਸ.ਫ਼ਾ 1 ਦੇ ਬਾਕੀ

### ਸਵੇਰੇ 10 ਵਜੇ ਬੰਦ...

ਕੱਢੀ ਜਾਂਦੀ ਹੈ। ਇਹ ਖੁਦਾਈ ਹੁਣ ਛੋਟੀਆਂ ਨਦੀਆਂ ਰੰਜ ਅਤੇ ਬਗਾਈ ਤੱਕ ਫੈਲ ਗਈ ਹੈ, ਜਿੱਥੇ ਪਾਣੀ ਦਾ ਪੱਧਰ ਤੇਜ਼ੀ ਨਾਲ ਡਿੱਗ ਰਿਹਾ ਹੈ।

ਚਾਰ ਯੂਨੀਵਰਸਿਟੀਆਂ ਦੇ ਖੋਜਕਰਤਾਵਾਂ ਨੇ 2025 ਵਿੱਚ ਅਧਿਐਨ 'ਚ ਪਤਾ ਲਾਇਆ ਕਿ ਬਾਂਦਾ ਦਾ ਕੁੱਲ ਜੰਗਲਾਤ ਰਕਬਾ 2005 ਵਿੱਚ ਲਗਭਗ 120 ਵਰਗ ਕਿੱਲੋਮੀਟਰ ਤੋਂ ਘਟ ਕੇ ਲਗਭਗ 95 ਵਰਗ ਕਿੱਲੋਮੀਟਰ ਰਹਿ ਗਿਆ, ਜੋ ਕਿ 15.54% ਦੀ ਕਮੀ ਹੈ। ਅਧਿਐਨ ਵਿੱਚ ਚਿਤਾਵਨੀ ਦਿੱਤੀ ਗਈ ਕਿ ਜ਼ਿਲ੍ਹੇ ਦੇ ਕੁਝ ਹਿੱਸੇ ਦੋ ਦਹਾਕਿਆਂ ਦੇ ਅੰਦਰ ਬੰਜਰ ਹੋ ਸਕਦੇ ਹਨ।

### ਹਲਵਾਰਾ ਹਵਾਈ ਅੱਡੇ ਦਾ ਨਾਂਅ...

ਬਾਅਦ ਹੁਣ ਹਲਵਾਰਾ ਏਅਰਪੋਰਟ ਦਾ ਨਾਂਅ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂਅ 'ਤੇ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਉਹ ਇਸ ਮਾਮਲੇ ਨੂੰ ਕੇਂਦਰ ਸਰਕਾਰ ਕੋਲ ਉਠਾਉਣਗੇ।ਮਾਨ ਨੇ ਕਿਹਾ—ਪੰਜਾਬ ਸਰਕਾਰ ਵੱਲੋਂ ਨੌਜਵਾਨ ਪਾਇਲਟਾਂ ਨੂੰ ਸਿਖਲਾਈ ਦੇਣ ਲਈ ਸਾਹਨੇਵਾਲ ਹਵਾਈ ਅੱਡੇ ਦੀ ਇਮਾਰਤ ਦੀ ਵਰਤੋਂ ਸੰਬੰਧੀ ਵੀ ਠੋਸ ਯਤਨ ਕੀਤੇ ਜਾਣਗੇ। ਨੌਜਵਾਨਾਂ ਨੂੰ ਪਹਿਲਾਂ ਹੀ ਕਿਫਾਇਤੀ ਦਰਾਂ 'ਤੇ ਹਵਾਬਾਜ਼ੀ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ ਜਨਤਕ ਹਿੱਤ ਵਿੱਚ ਹਲਵਾਰਾ ਹਵਾਈ ਅੱਡੇ ਤੋਂ ਉਡਾਣ ਦੇ ਸਮੇਂ ਨੂੰ ਬਦਲਣ ਦਾ ਮੁੱਦਾ ਵੀ ਕੇਂਦਰ ਸਰਕਾਰ ਕੋਲ ਉਠਾਇਆ ਜਾਵੇਗਾ।

## ਪੀ ਜੀ ਆਈ 'ਚ 33ਵੇਂ ਅੰਤਰਰਾਸ਼ਟਰੀ ਪਬਲਿਕ ਹੈੱਲਥ ਪ੍ਰੋਗਰਾਮ ਦੀ ਸ਼ੁਰੂਆਤ

**ਸਮਰਾਲਾ, (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਵਿੱਚ 33ਵੇਂ ਅੰਤਰਰਾਸ਼ਟਰੀ ਪਬਲਿਕ ਹੈਲਥ ਮੈਨੇਜਮੈਂਟ ਡਿਵੈਲਪਮੈਂਟ ਪ੍ਰੋਗਰਾਮ ਦਾ ਉਦਘਾਟਨ ਡਾਇਰੈਕਟਰ ਪ੍ਰੋ. ਵਿਵੇਕ ਲਾਲ ਅਤੇ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਦੇ ਐਡੀਸ਼ਨਲ ਸਕੱਤਰ ਵੀਰਾਜ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ 20 ਦੇਸ਼ਾਂ ਤੋਂ ਆਏ 43 ਕਲੀਨਿਕਲ ਅਤੇ ਪਬਲਿਕ ਹੈਲਥ ਮਾਹਰ ਵੀ ਹਾਜ਼ਰ ਸਨ। ਇਸ ਉਦਘਾਟਨੀ ਸਮਾਗਮ ਨੇ ਇਸ ਵਿਸ਼ਵ ਪ੍ਰਸਿੱਧ ਫਲੈਗਸ਼ਿਪ ਪ੍ਰੋਗਰਾਮ ਦੇ 10 ਸਾਲ ਪੂਰੇ ਹੋਣ ਦਾ ਜਸ਼ਨ ਮਨਾਇਆ। ਪਿਛਲੇ ਇੱਕ ਦਹਾਕੇ ਦੌਰਾਨ ਇਸ ਪ੍ਰੋਗਰਾਮ ਨੇ 97 ਦੇਸ਼ਾਂ ਦੇ ਲਗਭਗ 1,700 ਸਿਹਤ ਪੇਸ਼ੇਵਰਾਂ, ਪ੍ਰਸ਼ਾਸਕਾਂ ਅਤੇ ਪਬਲਿਕ ਹੈਲਥ ਆਗੂਆਂ ਨੂੰ ਤਿਆਰ ਕੀਤਾ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਪੀ ਜੀ ਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਪਬਲਿਕ ਹੈਲਥ ਭਾਰਤ ਦੀ ਸਮਾਵੇਸ਼ੀ ਅਤੇ ਸਥਿਤੀ-ਅਨੁਕੂਲ ਪਬਲਿਕ ਹੈਲਥ ਲੀਡਰਸ਼ਿਪ ਟ੍ਰੇਨਿੰਗ ਦੀ ਸੋਚ ਨੂੰ ਦਰਸਾਉਂਦਾ ਹੈ। ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਦੇ ਐਡੀਸ਼ਨਲ ਸਕੱਤਰ ਵੀਰਾਜ ਸਿੰਘ ਨੇ ਪਬਲਿਕ ਹੈਲਥ ਪ੍ਰੋਗਰਾਮ ਨੂੰ ਭਾਰਤ ਦੀ ਟਿਕਾਊ ਸਮਰੱਥਾ-ਨਿਰਮਾਣ ਪਹਿਲਾਂ ਦਾ ਅਹਿਮ ਹਿੱਸਾ ਦੱਸਿਆ, ਜੋ ਭਾਗੀਦਾਰ ਦੇਸ਼ਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਸਹਾਇਕ ਹੈ ਅਤੇ ਪਬਲਿਕ ਹੈਲਥ ਅਤੇ ਸਮਾਜਿਕ-ਆਰਥਿਕ ਵਿਕਾਸ ਸਹਿਯੋਗ ਵਿੱਚ ਭਾਰਤ ਦੀ ਵਿਸ਼ਵ ਪੱਧਰੀ ਸਾਫਟ ਪਾਵਰ ਨੂੰ ਹੋਰ ਮਜ਼ਬੂਤ ਕਰਦਾ ਹੈ। ਇਸ ਮੌਕੇ ਪਬਲਿਕ ਹੈਲਥ ਦੇ ਪ੍ਰੋਗਰਾਮ ਡਾਇਰੈਕਟਰ ਪ੍ਰੋ. ਸੋਨੂ ਗੋਇਲ ਨੇ ਕਿਹਾ ਕਿ ਇਸ ਪਹਿਲ ਨੇ ਪਬਲਿਕ ਹੈਲਥ ਐਂਬੈਸਡਰਾਂ ਦਾ ਇੱਕ ਮਜ਼ਬੂਤ ਵਿਸ਼ਵ ਪੱਧਰੀ ਨੈੱਟਵਰਕ ਤਿਆਰ ਕੀਤਾ ਹੈ। ਆਪਣੇ 33ਵੇਂ ਸੰਸਕਰਣ ਵਿੱਚ ਦਾਖਲ ਹੋਣ ਦੇ ਨਾਲ ਪਬਲਿਕ ਹੈਲਥ ਵੱਖ-ਵੱਖ ਦੇਸ਼ਾਂ ਵਿਚਕਾਰ ਸਬੰਧ ਮਜ਼ਬੂਤ ਕਰਦੇ ਹੋਏ ਵਿਸ਼ਵ ਸਿਹਤ ਨੂੰ ਅੱਗੇ ਵਧਾਉਣ ਦੇ ਸਾਂਝੇ ਮਕਸਦ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ।



## ਬਿੱਟੂ ਮੁਆਫ਼ੀ ਮੰਗੇ, ਨਹੀਂ ਤਾਂ ਲੋਕ ਸਬਕ ਸਿਖਾਉਣਗੇ : ਡਾ. ਬਲਬੀਰ ਸਿੰਘ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਆੜੇ ਹੱਥੀਂ ਲੈਂਦਿਆਂ ਬਿੱਟੂ ਨੂੰ ਮੁਆਫ਼ੀ ਮੰਗਣ ਦੀ ਨਸੀਹਤ ਦਿੰਦਿਆਂ ਕਿਹਾ ਕਿ ਪੰਜਾਬ ਦੇ ਲੋਕ ਬਿੱਟੂ ਸਮੇਤ ਭਾਜਪਾ ਨੂੰ ਸਬਕ ਸਿਖਾਉਣਗੇ।ਸਿਹਤ ਮੰਤਰੀ ਨੇ ਇੱਥੇ ਪ੍ਰੈੱਸ ਕਾਨਫਰੰਸ ਕਰਦਿਆਂ ਦੱਸਿਆ ਕਿ ਬਿੱਟੂ ਨੇ ਧੂਰੀ ਸਬ-ਡਵੀਜਨ ਹਸਪਤਾਲ ਵਿਖੇ ਇਲਾਜ ਲਈ ਦਾਖਲ ਇੱਕ ਭਾਜਪਾ ਆਗੂ ਦਾ ਹਾਲਚਾਲ ਜਾਨਣ ਸਮੇਂ ਬੀਤੇ ਦਿਨ ਇੱਕ ਪਾਸੇ ਹਸਪਤਾਲ ਦੇ ਇਲਾਜ ਪ੍ਰਬੰਧਾਂ ਦੀ ਤਾਰੀਫ਼ ਕੀਤੀ, ਦੂਜੇ ਪਾਸੇ ਆਪਣੇ ਡਰਟੀ ਪਿਕਸ ਡਿਪਾਰਟਮੈਂਟ ਜ਼ਰੀਏ ਹਸਪਤਾਲ 'ਚ ਕੁੱਤਿਆਂ ਦੀ ਫੋਟੋ ਸੋਸ਼ਲ ਮੀਡੀਆ ਉਤੇ ਪਾਈ ਹੈ। ਉਨ੍ਹਾ ਕਿਹਾ ਕਿ ਇਸ ਹੋਛੀ ਕਾਰਵਾਈ ਨੇ ਭਾਜਪਾ ਆਗੂ ਦੀ ਸੌੜੀ ਸੋਚ ਅਤੇ ਦੋਹਰੇ ਕਿਰਦਾਰ ਨੂੰ ਨੰਗਾ ਕਰ ਦਿੱਤਾ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਕੇਂਦਰੀ ਰਾਜ ਮੰਤਰੀ ਇੱਕ ਪਾਸੇ ਐੱਨ ਜੀ ਓ ਸਰਵ ਭਾਰਤੀ ਸੇਵਾ ਸੰਮਤੀ ਵੱਲੋਂ ਧੂਰੀ ਹਸਪਤਾਲ ਨਾਲ ਮਿਲ ਕੇ ਚਲਾਏ ਜਾ ਰਹੇ ਮਰੀਜ਼ਾਂ ਲਈ ਲੰਗਰ ਪ੍ਰਬੰਧਾਂ ਦੀ ਤਾਰੀਫ਼ ਕਰਦੇ ਹੋਏ ਦੱਸ ਰਹੇ ਹਨ ਕਿ ਇੱਥੇ 600 ਮਰੀਜ਼ਾਂ ਦੀ ਓ ਪੀ ਡੀ ਹੈ ਅਤੇ ਦੂਜੇ ਪਾਸੇ ਹਸਪਤਾਲ 'ਚ ਕੁੱਤੇ ਦਿਖਾ ਕੇ ਕਹਿ ਰਹੇ ਹਨ ਕਿ ਇਥੇ ਮਰੀਜ਼ ਤਾਂ ਆਉਂਦੇ ਹੀ ਨਹੀਂ ਹਨ। ਉਨ੍ਹਾ ਕਿਹਾ ਇਸ ਤੋਂ ਪਤਾ ਚੱਲਦਾ ਹੈ ਕਿ ਰਵਨੀਤ ਬਿੱਟੂ ਕਹਿੰਦੇ ਕੁਝ ਅਤੇ ਕਰਦੇ ਕੁਝ ਹਨ, ਜਿਸ ਲਈ ਪੰਜਾਬੀ ਅਜਿਹੇ ਦੋਹਰੇ ਕਿਰਦਾਰ ਵਾਲੇ ਆਗੂਆਂ ਨੂੰ ਜ਼ਰੂਰ ਜਵਾਬ ਦੇਣਗੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਧੂਰੀ ਸਬ-ਡਵੀਜ਼ਨ ਹਸਪਤਾਲ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਐਨਾ ਸ਼ਾਨਦਾਰ ਬਣਵਾ ਦਿੱਤਾ ਹੈ ਕਿ ਉਥੇ ਆਮ ਲੋਕਾਂ ਸਮੇਤ ਭਾਜਪਾ ਦੇ ਆਗੂ ਵੀ ਆਪਣਾ ਇਲਾਜ ਕਰਵਾਉਣ ਲਈ ਆਉਂਦੇ ਹਨ, ਜਦੋਂ ਕਿ ਭਾਜਪਾ ਦੀ ਸਰਕਾਰ ਵਾਲੇ ਗੁਜਰਾਤ ਤੇ ਰਾਜਸਥਾਨ ਆਦਿ ਰਾਜਾਂ ਵਿੱਚ ਵੀ ਐਨਾ ਸ਼ਾਨਦਾਰ ਸਬ-ਡਵੀਜ਼ਨ ਹਸਪਤਾਲ ਨਹੀਂ, ਕਿਉਂਕਿ ਉਹ ਖ਼ੁਦ ਭੁੱਜ ਦਾ ਸਰਕਾਰੀ ਹਸਪਤਾਲ ਦੇਖ ਕੇ ਆਏ ਸਨ, ਜਿੱਥੇ ਮਰੀਜ਼ਾਂ ਨੂੰ ਬੁਖਾਰ ਦੀ ਗੋਲੀ ਵੀ ਨਹੀਂ ਮਿਲਦੀ ਅਤੇ ਹੋਰ ਇਲਾਜ ਤਾਂ ਦੂਰ ਦੀ ਗੱਲ ਹੈ। ਸਿਹਤ ਮੰਤਰੀ ਨੇ ਭਾਜਪਾ ਆਗੂ ਨੂੰ ਚੁਣੌਤੀ ਦਿੱਤੀ ਕਿ ਉਹ ਆਪਣੀ ਪਾਰਟੀ ਦੇ ਸਰਕਾਰ ਵਾਲੇ ਰਾਜਾਂ ਵਿੱਚ ਪੰਜਾਬ ਦੇ ਮੁਕਾਬਲੇ ਦੇ 10 ਹਸਪਤਾਲ ਹੀ ਦਿਖਾ ਦੇਣ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਚੋਰ 15 ਤੋਲੇ ਸੋਨੇ ਦੇ ਗਹਿਣੇ ਤੇ 5 ਲੱਖ ਨਕਦੀ ਲੈ ਕੇ ਰਫੂ-ਚੱਕਰ

**ਗੁਰਦਾਸਪੁਰ, (ਜਨਕ ਮਹਾਜਨ)**

ਥਾਣਾ ਪੁਰਾਣਾ ਸ਼ਾਲਾ ਅਧੀਨ ਪੈਂਦੇ ਪਿੰਡ ਦਊਵਾਲ ਵਿਖੇ ਬੀਤੇ ਕੱਲ੍ਹ ਇਕ ਪਰਿਵਾਰ ਦੇ ਸੰਸਕਾਰ 'ਤੇ ਜਾਣ ਤੋਂ ਬਾਅਦ ਉਨ੍ਹਾਂ ਦੇ ਘਰ 1.30 ਵਜੇ ਦੇ ਕਰੀਬ ਲੁਟੇਰੇ ਕਿਸਮ ਦੇ ਵਿਅਕਤੀਆਂ ਨੇ ਘਰ ਦੇ ਕਮਰਿਆਂ ਦੇ ਤਾਲੇ ਤੋੜ ਕੇ ਇਕ ਵੱਡੀ ਚੋਰੀ ਨੂੰ ਅੰਜਾਮ ਦਿੱਤਾ ਹੈ। ਪਿੰਡ ਦਾਉਵਾਲ ਦੇ ਸਰਪੰਚ ਬਲਵਿੰਦਰ ਪਾਲ ਨੇ ਦੱਸਿਆ ਕਿ ਉਨ੍ਹਾਂ ਦੀ ਭੈਣ ਦੀ ਅਚਾਨਕ ਮੌਤ ਹੋ ਜਾਣ ਕਾਰਨ ਸਮੇਤ ਪਰਿਵਾਰ ਘਰ ਨੂੰ ਤਾਲੇ ਮਾਰ ਕੇ ਦਰਿਆ ਬਿਆਸ ਤੋਂ ਪਾਰਲੇ ਪਿੰਡ ਕੋਹਲੀਆਂ ਗਿਆ ਹੋਇਆ ਸੀ। ਪੀੜਤ ਸਰਪੰਚ ਬਲਵਿੰਦਰ ਪਾਲ ਨੇ ਕਿਹਾ ਕਿ ਇੱਕ ਤਾਂ ਉਨ੍ਹਾਂ ਦੀ ਭੈਣ ਦੀ ਅਚਾਨਕ ਮੌਤ ਹੋ ਜਾਣ ਕਾਰਨ ਪਰਿਵਾਰ ਪਹਿਲਾਂ ਹੀ ਸਦਮੇ ਵਿਚ ਸੀ ਅਤੇ ਉਲਟਾ ਉਪਰੋਂ ਚੋਰਾਂ ਵੱਲੋਂ ਦਿਨ ਦਿਹਾੜੇ ਘਰ ਅੰਦਰ ਦਾਖਲ ਕੇ ਡਾਕਾ ਮਾਰਨਾ ਵਰਗੀ ਵਾਰਦਾਤ ਨੂੰ ਅੰਜਾਮ ਦੇ ਕੇ ਆਰਥਿਕ ਪੱਖੋਂ ਉਨ੍ਹਾਂ ਦਾ ਲੱਕ ਹੀ ਤੋੜ ਦਿੱਤਾ ਹੈ। ਉਨ੍ਹਾਂ ਕਿਹਾ ਸਾਰਾ ਪਰਿਵਾਰ ਆਪਣੇ ਸ਼ਰੀਕੇ ਬਰਾਦਰੀ ਸਮੇਤ ਭੈਣ ਦੇ ਅੰਤਿਮ ਸਸਕਾਰ ਤੇ ਦਰਿਆ ਬਿਆਸ ਤੋਂ ਪਾਰਲੇ ਪਿੰਡ ਕੋਲੀਆਂ ਗਿਆ ਹੋਇਆ ਸੀ। ਭੈਣ ਦੇ ਸੰਸਕਾਰ ਤੋਂ ਬਾਅਦ ਜਦੋਂ ਉਹ ਘਰ ਪੁੱਜੇ ਤਾਂ ਦੇਖਿਆ ਕਿ ਘਰ ਦਾ ਤਾਲਾ ਟੁੱਟਾ ਹੋਇਆ ਸੀ ਉੱਥੇ ਹੀ ਘਰ ਦੀਆਂ ਅਲਮਾਰੀਆਂ ਬੈੱਡ ਆਦਿ ਸਾਰਾ ਸਾਮਾਨ ਖਿੱਲਰਿਆ ਹੋਇਆ ਸੀ ਅਤੇ ਬੈੱਡਾਂ ਦੇ ਉਪਰ ਖਾਲੀ ਬਾਕਸ ਖਿੱਲਰੇ ਹੋਏ ਸਨ। ਜਦੋਂ ਸਰਪੰਚ ਦੇ ਪਿਤਾ ਨੇ ਸਰਪੰਚ ਨੂੰ ਫੋਨ ਕਰਕੇ ਦੱਸਿਆ ਕਿ ਉਨ੍ਹਾਂ ਦੇ ਘਰ ਚੋਰਾਂ ਨੇ ਵੱਡਾ ਨੁਕਸਾਨ ਕਰ ਦਿੱਤਾ ਹੈ ਤਾਂ ਜਲਦਬਾਜ਼ੀ ਵਿਚ ਜਦੋਂ ਸਰਪੰਚ ਨੇ ਆਪਣੇ ਪਰਿਵਾਰ ਸਮੇਤ ਘਰ ਆਨ ਕੇ ਛਾਣਬੀਣ ਕੀਤੀ ਤਾਂ ਪੀੜਤ ਪਰਿਵਾਰ ਦੇ ਦੱਸਣ ਅਨੁਸਾਰ ਕਰੀਬ 15 ਤੋਲੇ ਸੋਨੇ ਦੇ ਗਹਿਣੇ ਗੱਟੇ ਅਤੇ ਘਰ ਅੰਦਰ ਰੱਖੀ ਪੰਜ ਲੱਖ ਰੁਪਏ ਚੋਰ ਚੋਰੀ ਕਰਕੇ ਲੈ ਗਏ ਹਨ। ਸਰਪੰਚ ਨੇ ਭਰੇ ਮਨ ਨਾਲ ਦੱਸਿਆ ਕਿ ਉਸ ਦਾ ਸਾਰਾ ਘਰ ਹੀ ਲੁੱਟਿਆ ਗਿਆ ਹੈ। ਪੀੜਤ ਸਰਪੰਚ ਬਲਵਿੰਦਰਪਾਲ ਨੇ ਦੱਸਿਆ ਕਿ ਇਲਾਕੇ ਅੰਦਰ ਨਿੱਤ ਹੋ ਰਹੀਆਂ ਚੋਰੀਆਂ ਕਾਰਨ ਇਲਾਕੇ ਦੇ ਲੋਕ ਕਾਫ਼ੀ ਸਹਿਮੇ ਹੋਏ ਨਜ਼ਰ ਆ ਰਹੇ ਹਨ ਪਰ ਪੁਲਸ ਅਜੇ ਤਕ ਕਿਸੇ ਵੀ ਚੋਰ ਨੂੰ ਫੜਨ ਵਿਚ ਸਫਲ ਨਹੀਂ ਹੋ ਸਕੀ। ਇਸ ਮਾਮਲੇ ਸੰਬੰਧੀ ਜਦੋਂ ਡੀਐੱਸਪੀ ਰਜਿੰਦਰ ਮਿਨਹਾਸ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਚੋਰਾਂ ਨੂੰ ਜਲਦ ਤੋਂ ਜਲਦੀ ਕਾਬੂ ਕਰਕੇ ਕਟਿਹਰੇ ਵਿਚ ਪੇਸ਼ ਕੀਤਾ ਜਾਵੇਗਾ।



# ਦੱਬੀ ਹੋਈ ਫਿਰਨੀ ਦਾ ਛੁਡਵਾਇਆ ਨਜਾਇਜ਼ ਕਬਜ਼ਾ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਮਾਨ ਸਰਕਾਰ ਵੱਲੋਂ ਸਰਕਾਰੀ ਥਾਵਾਂ ਜੋ ਧੱਕੇ ਨਾਲ ਦੱਬੀਆਂ ਗਈਆਂ ਸਨ ਉਨ੍ਹਾਂ ਦਾ ਕਬਜ਼ਾ ਛਡਵਾਇਆ ਜਾ ਰਿਹਾ ਹੈ। ਮਾਨ ਸਰਕਾਰ ਦਾ ਟੀਚਾ ਹੈ ਕਿ ਜੋ ਪੰਚਾਇਤ ਦੀਆਂ ਸਾਂਝੀਆਂ ਥਾਵਾਂ ਹਨ ਉਹ ਸਾਂਝੇ ਕੰਮ ਵਾਸਤੇ ਵਰਤੀਆਂ ਜਾਣ ਨਾ ਕਿ ਕਿਸੇ ਦੇ ਨਿੱਜੀ ਕੰਮ ਵਾਸਤੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਿੰਡ ਪੁਰਾਣਾ ਤਨੇਲ ਦੇ ਸਰਪੰਚ ਸਰਦਾਰ ਮਨਦੀਪ ਸਿੰਘ ਨੇ ਕਿਹਾ ਕਿ ਪਿੰਡ ਨੂੰ ਲੱਗਦੀ ਫਿਰਨੀ ਜੋ ਕਈ ਸਾਲ ਪਹਿਲਾਂ ਸਾਬਕਾ ਸਰਪੰਚ ਗੁਰਪਾਲ ਸਿੰਘ ਦੇ ਕਬਜ਼ੇ ਵਿੱਚ ਸੀ ਜਿਸਦੀ ਪਿਛਲੇ ਦਿਨੀਂ ਕਾਨੂੰਨੀ ਕਾਰਵਾਈ ਕਰਕੇ ਨਿਸ਼ਾਨਦੇਹੀ ਕਰਵਾਈ, ਹੁਣ ਪਿੰਡ ਦੀ ਫਿਰਨੀ ਬਣਾ ਕੇ ਪਿੰਡ ਪੁਰਾਣੇ ਤਨੇਲ ਨੂੰ ਦਿੱਤੀ ਜਾ ਰਹੀ ਹੈ ਜਿਸ ਦਾ ਸਿਹਰਾ ਹਲਕੇ ਮਜੀਠੇ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੂੰ ਜਾਂਦਾ ਹੈ।ਸਰਪੰਚ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਲਕੇ ਅਤੇ ਸਾਡੇ ਪਿੰਡ ਤਨੇਲ ਵਿੱਚ ਬਹੁਤ ਜ਼ਿਆਦਾ ਵਿਕਾਸ ਕੀਤਾ ਹੈ। ਇਸ ਮੌਕੇ ਸਰਪੰਚ ਮਨਦੀਪ ਸਿੰਘ, ਮੰਗਲ ਸਿੰਘ, ਬਿੱਟੂ ਸਿੰਘ, ਰਣਜੀਤ ਸਿੰਘ, ਪਲਵਿੰਦਰ ਸਿੰਘ, ਅਰਸ਼ਦੀਪ ਅਤੇ ਆਕਾਸ਼ਦੀਪ ਸਿੰਘ ਹਾਜ਼ਰ ਸਨ।

# ਗੁਰੂਕੁਲ ਸਕੂਲ ਭਿੱਖੀਵਿੰਡ ਦਾ 12ਵੀਂ ਜਮਾਤ ਦਾ ਨਤੀਜਾ ਰਿਹਾ ਸੌ ਫੀਸਦੀ








**ਵਲਟੋਹਾ (ਰਣਜੀਤ ਸਿੰਘ ਵਲਟੋਹਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਗੁਰੂਕੁਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਦਾ ਨਤੀਜਾ ਸੌ ਫੀਸਦੀ ਰਿਹਾ। ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਚੰਗੇ ਅੰਕ ਹਾਸਲ ਕਰ ਕੇ ਮਾਪਿਆਂ ਅਤੇ ਸਕੂਲ ਦਾ ਨਾ ਰੌਸ਼ਨ ਕੀਤਾ।ਚੰਗੇ ਅੰਕ ਹਾਸਲ ਕਰਨ ਵਾਲੇ ਬੱਚਿਆਂ ਵਿੱਚੋਂ ਕਿਰਨਪ੍ਰੀਤ ਕੌਰ ਸਪੁੱਤਰੀ ਸੁਖਜੀਤ ਸਿੰਘ 91 ਫੀਸਦੀ, ਰਮਨੀਤ ਕੌਰ ਸਪੁੱਤਰੀ ਕਵਲਦੀਪ ਸਿੰਘ 90 ਫੀਸਦੀ, ਅਰਸ਼ਪ੍ਰੀਤ ਕੌਰ ਸਪੁੱਤਰੀ ਗੁਰਸੇਵਕ ਸਿੰਘ 88 ਫੀਸਦੀ, ਗੋਵਿੰਦ ਸਪੁੱਤਰ ਅਵਤਾਰ ਸਿੰਘ 87 ਫੀਸਦੀ ਅਤੇ ਮਨਜੋਤ ਕੌਰ ਸਪੁੱਤਰੀ ਜਸਬੀਰ ਸਿੰਘ ਨੇ ਵੀ 87 ਫੀਸਦੀ ਅੰਕ ਹਾਸਲ ਕੀਤੇ। ਇਸ ਤੋਂ ਇਲਾਵਾ ਹਰਲੀਨ ਕੌਰ ਸਪੁੱਤਰੀ ਸੁਖਦੇਵ ਸਿੰਘ, ਸੰਦੀਪ ਕੌਰ ਸਪੁੱਤਰੀ ਬਲਜੀਤ ਸਿੰਘ ਅਤੇ ਅਵਨੀਤ ਕੌਰ ਸਪੁੱਤਰੀ ਨਿਸ਼ਾਨ ਸਿੰਘ ਨੇ ਵੀ ਚੰਗੇ ਅੰਕ ਹਾਸਲ ਕਰਕੇ ਸਫਲ ਮਿਹਨਤ ਦਾ ਸੰਕੇਤ ਦਿੱਤਾ।ਪ੍ਰਿੰਸੀਪਲ ਲੁਕੇਸ਼ ਮਲਹੋਤਰਾ ਨੇ ਕਿਹਾ ਕਿ ਬੱਚਿਆਂ ਨੇ ਚੰਗੇ ਅੰਕ ਲੈ ਕੇ ਸਾਬਤ ਕਰ ਦਿੱਤਾ ਹੈ ਕਿ ਸਖਤ ਮਿਹਨਤ ਹੀ ਕਾਮਯਾਬੀ ਦੀ ਪੌੜੀ ਹੈ ਅਤੇ ਮਿਹਨਤ ਕਦੇ ਵੀ ਅਜਾਈਂ ਨਹੀਂ ਜਾਂਦੀ।ਕਾਮਯਾਬੀ ਹਾਸਲ ਕਰਨ ਲਈ ਅਣਥੱਕ ਮਿਹਨਤ ਹੀ ਇਨਸਾਨ ਨੂੰ ਬੁਲੰਦੀਆਂ ਤੱਕ ਪਹੁੰਚਾਉਂਦੀ ਹੈ।ਉਨ੍ਹਾਂ ਬੱਚਿਆਂ ਨੂੰ ਅੱਗੇ ਤੋਂ ਵੀ ਵਧੇਰੇ ਮਿਹਨਤ ਕਰਨ ਅਤੇ ਇਸ ਤੋਂ ਵੀ ਵਧੀਆ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ।ਸਕੂਲ ਚੇਅਰਮੈਨ ਦਲਜੀਤ ਮਲਹੋਤਰਾ ਨੇ ਕਿਹਾ ਕੇ ਚੰਗੇ ਨਤੀਜੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਸਦਕਾ ਪ੍ਰਾਪਤ ਹੋਏ ਹਨ।ਉਨ੍ਹਾਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।ਸਕੂਲ ਵਾਈਸ ਪ੍ਰਿੰਸੀਪਲ ਮੈਡਮ ਪਰਮਜੀਤ ਕੌਰ ਨੇ ਕਿਹਾ ਕਿ ਗੁਰੂਕੁਲ ਸਕੂਲ ਦੇ ਬੱਚੇ ਹਰ ਸਾਲ ਚੰਗੇ ਅੰਕ ਲੈ ਕੇ ਪਾਸ ਹੁੰਦੇ ਹਨ।ਉਨ੍ਹਾਂ ਦੱਸਿਆ ਕਿ ਬਹੁਤ ਸਾਰੇ ਵਿਦਿਆਰਥੀ ਸਕੂਲ ਤੋਂ ਸਿੱਖਿਆ ਪ੍ਰਾਪਤ ਕਰਨ ਤੋਂ ਬਾਅਦ ਚੰਗੇ ਮੁਕਾਮ ਹਾਸਲ ਕਰ ਚੁੱਕੇ ਹਨ।ਇਸ ਸਮੇਂ ਕੋਆਰਡੀਨੇਟਰ ਹਰਮਨਪ੍ਰੀਤ ਕੌਰ ਅਤੇ ਇੰਦਰਜੀਤ ਕੌਰ, ਅਧਿਆਪਕ ਗੁਰਚਰਨ ਸਿੰਘ, ਅਮਨਦੀਪ ਸਿੰਘ, ਹਰਨੰਦ ਸਿੰਘ, ਨਿਸ਼ਾਨ ਸਿੰਘ, ਸਾਹਿਲ ਕੁਮਾਰ, ਦਿਲਜੀਤ ਸਿੰਘ, ਬਿਕਰਮਜੀਤ ਸਿੰਘ, ਕਿਰਨਜੀਤ ਕੌਰ, ਗੁਰਜੀਤ ਕੌਰ, ਨਵਦੀਪ ਕੌਰ, ਕਾਜਲ ਧਵਨ, ਰਜਵੰਤ ਕੌਰ, ਕਿਰਨ ਕੌਰ, ਅਰੁਣਪ੍ਰੀਤ ਕੌਰ, ਰਮਨਦੀਪ ਕੌਰ, ਦਿਵਿਆ ਸਰੀਨ, ਕੋਮਲਪ੍ਰੀਤ ਕੌਰ, ਕਵਲਜੀਤ ਕੌਰ, ਗੁਰਪ੍ਰੀਤ ਕੌਰ, ਕਰਮਜੀਤ ਕੌਰ, ਨਵਜੋਤ ਮਲਹੋਤਰਾ, ਕੋਮਲ ਕੱਕੜ, ਪਰਮਿੰਦਰ ਕੌਰ, ਸੰਦੀਪ ਕੌਰ, ਅਵਨੀਤ ਕੌਰ, ਪਰਮਿੰਦਰ ਕੌਰ, ਰੇਨੂ, ਪ੍ਰਿਆ ਆਦਿ ਹਾਜ਼ਰ ਸਨ।

# ਮੋਹਣ ਸਿੰਘ ਬਾਠ ਨਿੱਬਰਵਿੰਡ ਪੰਜਾਬ ਕਾਂਗਰਸ ਦੇ ਉਪ-ਪ੍ਰਧਾਨ ਨਿਯੁਕਤ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਕਾਂਗਰਸ ਹਾਈ ਕਮਾਂਡ ਵੱਲੋਂ ਸੁਖਵਿੰਦਰ ਸਿੰਘ ਡੈਨੀ ਸਾਬਕਾ ਵਿਧਾਇਕ ਅਤੇ ਜ਼ਿਲਾ ਕਾਂਗਰਸ ਪ੍ਰਧਾਨ ਦੀ ਸਿਫਾਰਸ਼ 'ਤੇ ਸੀਨੀਅਰ ਕਾਂਗਰਸੀ ਆਗੂ ਚੇਅਰਮੈਨ ਮੋਹਣ ਸਿੰਘ ਬਾਠ ਨਿੱਬਰਵਿੰਡ ਨੂੰ ਕਾਂਗਰਸ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਨਿਯੁਕਤੀ 'ਤੇ ਪ੍ਰਤੀਕਰਮ ਦਿੰਦਿਆਂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਨੇ ਕਿਹਾ ਕਿ ਮੋਹਣ ਸਿੰਘ ਨਿੱਬਰਿੰਡ ਜੋ ਕਿ ਬਹੁਤ ਹੀ ਪੁਰਾਣੇ ਅਤੇ ਸੀਨੀਅਰ ਕਾਂਗਰਸੀ ਆਗੂ ਹਨ। ਇਨ੍ਹਾਂ ਦਾ ਸਿਆਸਤ ਵਿੱਚ ਵੱਡਾ ਤਜਰਬਾ ਹੈ। ਇਹ ਸੂਬੇ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਲਈ ਕਿਸਾਨ ਕਾਂਗਰਸ ਪੰਜਾਬ ਵਿੱਚ ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਉਜਾਗਰ ਕਰਨ ਲਈ ਸਖ਼ਤ ਮਿਹਨਤ ਕਰਨਗੇ ਅਤੇ ਕਾਂਗਰਸ ਪ੍ਰਧਾਨ ਮਲਿਕ ਅਰਜੁਨ ਖੜਗੇ ਅਤੇ ਸੁਖਪਾਲ ਸਿੰਘ ਖਹਿਰਾ ਪ੍ਰਧਾਨ ਆਲ ਇੰਡੀਆ ਕਿਸਾਨ ਕਾਂਗਰਸ ਦੀਆਂ ਉਮੀਦਾਂ ਤੇ ਖਰੇ ਉਤਰਨਗੇ।ਚੇਅਰਮੈਨ ਮੋਹਨ ਸਿੰਘ ਬਾਠ ਨੇ ਕਿਹਾ ਕਿ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਅਤੇ ਕਾਂਗਰਸ ਹਾਈ ਕਮਾਂਡ ਨੇ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪੀ ਹੈ ਉਹ ਬਹੁਤ ਹੀ ਤਨਦੇਹੀ ਨਾਲ ਇਸ ਨੂੰ ਨਿਭਾਉਣਗੇ ਅਤੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਤੱਕ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਸਰਪੰਚ ਬਲਜੀਤ ਸਿੰਘ ਸਰਾਂ, ਸਤਨਾਮ ਸਿੰਘ ਭੱਟੀਕੇ, ਜਗਬੀਰ ਸਿੰਘ ਲਾਲੀ ਯੋਧਾ ਨਗਰੀ, ਸਰਪੰਚ ਮਲਕੀਤ ਸਿੰਘ ਸਰਜਾ ਅਤੇ ਹੋਰ ਆਗੂਆਂ ਨੇ ਚੇਅਰਮੈਨ ਮੋਹਨ ਸਿੰਘ ਬਾਠ ਨੂੰ ਕਿਸਾਨ ਕਾਂਗਰਸ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ ਕੀਤੇ ਜਾਣ ਦਾ ਸਵਾਗਤ ਕੀਤਾ ਹੈ।



# ਆਂਗਣਵਾੜੀ ਵਰਕਰਾਂ ਦੀਆਂ ਬੇਲੋੜੀਆਂ ਡਿਊਟੀਆਂ ਲਾਉਣੀਆਂ ਸਰਕਾਰ ਬੰਦ ਕਰੇ : ਪ੍ਰਧਾਨ ਛੀਨਾ/ਚਾਹਲ

**ਧਾਰੀਵਾਲ, (ਮਨਦੀਪ ਵਿੱਕੀ)**

ਪੰਜਾਬ ਭਰ ਵਿੱਚ ਆਂਗਣਵਾੜੀ ਵਰਕਰਾਂ ਵਿੱਚ ਵਿਭਾਗੀ ਕੰਮਾਂ ਤੋਂ ਇਲਾਵਾ ਹੋਰ ਗੈਰ ਵਿਭਾਗੀ ਅਤੇ ਬੇਲੋੜੀਆਂ ਡਿਊਟੀਆਂ ਲਗਾਉਣ ਕਾਰਨ ਭਾਰੀ ਰੋਸ਼ ਪਾਇਆ ਜਾ ਰਿਹਾ ਹੈ। ਇਸ ਸਬੰਧੀ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਵ ਆਂਗਣਵਾੜੀ ਵਰਕਰਜ਼ ਹੈਲਪਰ ਯੂਨੀਅਨ ਦੇ ਪੰਜਾਬ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਤੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਕੰਵਲਜੀਤ ਕੌਰ ਚਾਹਲ ਨੇ ਦੱਸਿਆ ਇੱਕ ਪਾਸੇ ਤਾਂ ਆਂਗਨਵਾੜੀ ਵਰਕਰਾਂ ਨੂੰ ਸਿਰਫ ਨਿਗੂਣਾ ਜਿਹਾ ਮਾਣ ਭੱਤਾ ਦਿੱਤਾ ਜਾਂਦਾ ਹੈ ਪਰ ਕੰਮ ਸਰਕਾਰੀ ਮੁਲਾਜਮਾਂ ਦੇ ਬਰਾਬਰ ਲਿਆ ਜਾਂਦਾ ਹੈ। ਕਈ ਵਾਰ ਤਾਂ ਸਰਕਾਰੀ ਮੁਲਾਜ਼ਮਾਂ ਤੋਂ ਵੀ ਜ਼ਿਆਦਾ ਬੇਲੋੜੀਆਂ ਡਿਊਟੀਆਂ ਆਂਗਣਵਾੜੀ ਵਰਕਰਾਂ ਤੋਂ ਲਈਆਂ ਜਾਂਦੀਆਂ ਹਨ, ਪਰ ਮਾਣ ਭੱਤੇ ਵਿੱਚ ਕੋਈ ਵਾਧਾ ਨਹੀਂ ਕੀਤਾ ਜਾਂਦਾ। ਉਹਨਾਂ ਦੱਸਿਆ ਇਸ ਵੇਲੇ ਆਂਗਣਵਾੜੀ ਵਰਕਰਾਂ ਦੀਆਂ ਬੀ ਐੱਲ ਓਜ਼ , ਡਰੱਗ, ਸੈਂਸਸ, ਨਸ਼ਾ ਮੁਕਤੀ ਸਰਵੇ ਅਤੇ ਜਨਗਣਨਾ ਸਬੰਧੀ ਕਾਰਜਾਂ ਵਿੱਚ ਡਿਊਟੀਆਂ ਲਗਾਈਆਂ ਗਈਆਂ ਹਨ। ਉਹਨਾਂ ਸਵਾਲ ਚੁੱਕਦਿਆਂ ਕਿਹਾ ਇਕ ਆਂਗਣਵਾੜੀ ਵਰਕਰ ਕੋਈ ਮਸ਼ੀਨ ਨਹੀਂ ਹੈ ਜਿਸ ਉਪਰ ਏਨਾ ਜ਼ਿਆਦਾ ਕੰਮ ਥੋਪਿਆ ਜਾ ਰਿਹਾ ਹੈ ਅਤੇ ਪੂਰੇ ਪੰਜਾਬ ਵਿੱਚ ਵਰਕਰਾਂ ਨੂੰ ਇਸ ਤਰ੍ਹਾਂ ਨਾਲ ਕੰਮਾਂ ਦਾ ਵਾਧੂ ਬੋਝ ਪਾ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਪ੍ਰਧਾਨ ਸ੍ਰੀਮਤੀ ਛੀਨਾ ਅਤੇ ਸ੍ਰੀਮਤੀ ਚਾਹਲ ਨੇ ਕਿਹਾ ਆਂਗਣਵਾੜੀ ਵਰਕਰ ਆਪਣੇ ਵਿਭਾਗੀ ਕੰਮਾਂ ਦੇ ਨਾਲ ਨਾਲ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾ ਰਹੀਆਂ ਹਨ। ਆਂਗਣਵਾੜੀ ਵਰਕਰਾਂ ਦੀ ਡਿਊਟੀ ਦਾ ਸਮਾਂ ਸਵੇਰੇ 8 ਤੋਂ ਦੁਪਹਿਰ 2 ਵਜੇ ਤੱਕ ਦਾ ਹੈ। ਪਰ ਕਈ ਵਾਰ ਦੋ ਵਜੇ ਤੱਕ ਲੋਕਾਂ ਦੀ ਭੀੜ ਜਿਆਦਾ ਇਕੱਠੀ ਹੋ ਜਾਂਦੀ ਹੈ ਜਿਸ ਕਰਕੇ ਉਨ੍ਹਾਂ ਨੂੰ ਸ਼ਾਮ ਪੰਜ ਵਜੇ ਤੱਕ ਵੀ ਬੈਠਣਾ ਪੈਂਦਾ ਹੈ ਤਾਂ ਜੋ ਲੋਕਾਂ ਦੇ ਫਾਰਮ ਭਰੇ ਜਾ ਸਕਣ ਤਾਂ ਕਿ ਉਨ੍ਹਾਂ ਦਾ ਨੁਕਸਾਨ ਨਾ ਹੋਵੇ। ਇਸ ਦੇ ਬਾਵਜੂਦ ਵੀ ਸੈਂਸਸ ਅਤੇ ਹੋਰਨਾਂ ਡਿਊਟੀਆਂ ਦਾ ਵਾਧੂ ਬੋਝ ਪਾਇਆ ਜਾ ਰਿਹਾ ਹੈ। ਉਨ੍ਹਾਂ ਨੇ ਸਬੰਧਿਤ ਅਧਿਕਾਰੀਆਂ ਏ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਬੇਲੋੜੇ ਕੰਮ ਲਈ ਆਂਗਣਵਾੜੀ ਵਰਕਰਾਂ ਨੂੰ ਮਾਨਸਿਕ ਤੌਰ 'ਤੇ ਤੰਗ ਪ੍ਰੇਸ਼ਾਨ ਕਰਨਾ ਬੰਦ ਨਾ ਕੀਤਾ ਅਤੇ ਵਿਭਾਗ ਕੰਮਾਂ ਤੋਂ ਇਲਾਵਾ ਵਾਧੂ ਡਿਊਟੀਆਂ ਲਗਾਉਣੀਆਂ ਬੰਦ ਨਾ ਕੀਤੀਆਂ ਤਾਂ ਪੰਜਾਬ ਭਰ ਦੀਆਂ ਆਂਗਣਵਾੜੀ ਵਰਕਰਾਂ ਵਿਭਾਗੀ ਕੰਮਾਂ ਤੋਂ ਬਿਨਾਂ ਬਾਕੀ ਸਾਰੇ ਗੈਰ ਵਿਭਾਗੀ ਅਤੇ ਸਰਕਾਰੀ ਕੰਮਾਂ ਦਾ ਮੁਕੰਮਲ ਬਾਈਕਾਟ ਕਰਨਗੀਆਂ। ਉਨ੍ਹਾਂ ਸਾਫ ਕਿਹਾ ਆਂਗਣਵਾੜੀ ਵਰਕਰ ਸਿਰਫ ਆਪਣੇ ਵਿਭਾਗੀ ਕੰਮਾਂ ਅਤੇ ਮਾਵਾਂ ਬੱਚਿਆਂ ਦੀ ਭਲਾਈ ਦਾ ਕਾਰਜ ਹੀ ਕਰਨਗੀਆਂ ਕਿਸੇ ਹੋਰ ਬੇਲੋੜੀ ਡਿਊਟੀ ਦਾ ਭਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।




# ਪੰਜਵੀਂ ਜਮਾਤ 'ਚੋਂ ਅੱਵਲ ਆਏ ਵਿਦਿਆਰਥੀ ਚੀਫ਼ ਖਾਲਸਾ ਦੀਵਾਨ ਵੱਲੋਂ ਸਨਮਾਨਿਤ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਪੰਜਵੀਂ ਜਮਾਤ ਸੀਕੇਡੀ ਬੋਰਡ ਵਿੱਚੋਂ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਨਤੀਜੇ ਵਿੱਚੋਂ ਝਬਾਲ ਸਕੂਲ ਦਾ ਵਿਦਿਆਰਥੀ ਕਰਨਵੀਰ ਸਿੰਘ ਬਾਠ ਸਪੁੱਤਰ ਭੁਪਿੰਦਰ ਸਿੰਘ ਨੇ 99.38% ਅੰਕ ਪ੍ਰਾਪਤ ਕਰਕੇ ਚੀਫ਼ ਖਾਲਸਾ ਦੀਵਾਨ ਦੀਆਂ ਸਮੂਹ ਬਰਾਂਚਾਂ ਵਿੱਚੋਂ ਪਹਿਲਾ ਸਥਾਨ ਹਾਸਿਲ ਕਰਦਿਆਂ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਸ਼ੁੱਭ ਅਵਸਰ ਤੇ ਰਮਨੀਕ ਸਿੰਘ ਫਰੀਡਮ (ਆਨਰੇਰੀ ਸਕੱਤਰ), ਸ. ਜਸਪਾਲ ਸਿੰਘ ਢਿੱਲੋਂ, (ਐਡੀਸ਼ਨਲ ਆਨਰੇਰੀ ਸਕੱਤਰ ਕਮ ਚੇਅਰਮੈਨ ਸੀ.ਕੇ.ਡੀ ਬੋਰਡ ਇਗਜ਼ਾਮ), ਸ. ਭੁਪਿੰਦਰ ਸਿੰਘ ਸੇਠੀ (ਮੈਂਬਰ ਬੋਰਡ ਕਮੇਟੀ), ਡਾ.ਅੰਮ੍ਰਿਤਪਾਲ ਸਿੰਘ ਚਾਵਲਾ (ਡਾਇਰੈਕਟਰ ਐਜੂਕੇਸ਼ਨ), ਕੁਲਦੀਪ ਸਿੰਘ ਕੁਹਾੜਕਾ (ਮੈਂਬਰ ਇੰਚਾਰਜ ), ਪ੍ਰਿੰਸੀਪਲ ਗੁਰਪ੍ਰੀਤ ਕੌਰ (ਸੁਲਤਾਨਵਿੰਡ ਲਿੰਕ ਰੋਡ),ਸਕੂਲ ਦੇ ਮੈਂਬਰ ਇੰਚਾਰਜ ਸ. ਮਨਜੀਤ ਸਿੰਘ ਢਿੱਲੋਂ, ਸ. ਆਦਰਸ਼ਪਿੰਦਰ ਸਿੰਘ ਮਾਨ,ਸ. ਅਜੀਤਪਾਲ ਸਿੰਘ ਅਨੇਜਾ, ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਅਨੁਰੀਤ ਬਾਵਾ ਨੇ ਆਏ ਹੋਏ ਮਹਿਮਾਨਾਂ ਅਤੇ ਬੱਚਿਆਂ ਦੇ ਮਾਪਿਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਵਿਦਿਆਰਥੀਆਂ ਨੇ ਗੀਤਾਂ ਅਤੇ ਗਿੱਧੇ ਰਾਹੀਂ ਆਏ ਹੋਏ ਮਹਿਮਾਨਾਂ ਦਾ ਮਨੋਰੰਜਨ ਕੀਤਾ।ਚੀਫ਼ ਖਾਲਸਾ ਦੀਵਾਨ ਦੀਆਂ ਪ੍ਰਮੁੱਖ ਹਸਤੀਆਂ ਵੱਲੋਂ ਆਪਣੇ ਕਰ ਕਮਲਾਂ ਨਾਲ ਪੰਜਵੀਂ ਜਮਾਤ ਵਿੱਚੋਂ ਵਧੀਆ ਅੰਕ ਪ੍ਰਾਪਤ ਕਰਕੇ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਟਰਾਫ਼ੀਆਂ, ਸਕੂਲ ਬੈਗ ਅਤੇ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ।ਸਕੂਲ ਦੀ ਸਮੂਹ ਮੈਨੇਜਮੈਂਟ ਵੱਲੋਂ ਵਧੀਆ ਕਾਰਗੁਜ਼ਾਰੀ ਲਈ ਸਕੂਲ ਦੇ ਪ੍ਰਿੰਸੀਪਲ ਅਤੇ ਮੁੱਖ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।



# ਸੀ ਬੀ ਐੱਸ ਈ ਬੋਰਡ ਦੇ ਨਤੀਜਿਆਂ 'ਚ ਮੋਹਰੀ ਰਹੇ ਵਿਦਿਆਰਥੀ ਸਨਮਾਨਿਤ




**ਤਰਨਤਾਰਨ (ਪ੍ਰਿਤਪਾਲ ਸਿੰਘ)**

ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਵਿਖੇ ਦੱਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਸ਼ਾਨਦਾਰ ਨਤੀਜਿਆਂ ਨੂੰ ਮੁੱਖ ਰੱਖਦੇ ਹੋਏ ਸਨਮਾਨ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਸਰਵਸ੍ਰੇਸ਼ਟ ਨਤੀਜੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਵਿੱਚ ਇੱਕ ਖਾਸ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਨਮਾਨਿਤ ਕਰਨ ਲਈ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਖਾਸ ਪ੍ਰਬੰਧ ਕੀਤਾ ਗਿਆ।ਇਸ ਮੌਕੇ ਬੋਲਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਮਨੀਸ਼ਾ ਸੂਦ ਨੇ ਦੱਸਿਆ ਕਿ ਸਕੂਲ ਦੀ ਦੱਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਬੇਮਿਸਾਲ ਰਿਹਾ। ਸਕੂਲ ਦੀ ਦਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਦੱਸਵੀਂ ਜਮਾਤ ਵਿੱਚੋਂ 18 ਵਿਦਿਆਰਥੀਆਂ ਨੇ 90% ਤੋਂ ਉਪਰ ਅੰਕ ਅਤੇ ਬਾਰ੍ਹਵੀਂ ਜਮਾਤ ਵਿੱਚੋਂ 12 ਵਿਦਿਆਰਥੀਆਂ ਨੇ 90% ਤੋਂ ਉਪਰ ਅੰਕ ਪ੍ਰਾਪਤ ਕੀਤੇ।ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਅਲੀਸ਼ਾ ਸਟਰੀਮ ਕਾਮਰਸ ਅਤੇ ਨੂਰਪ੍ਰੀਤ ਕੌਰ ਸਟਰੀਮ ਨਾਨ-ਮੈਡੀਕਲ ਵਿੱਚ ਤਰਨ ਤਾਰਨ ਜ਼ਿਲ੍ਹੇ 'ਚੋਂ ਅੱਵਲ ਰਹੀਆਂ ਅਤੇ ਦਸਵੀਂ ਜਮਾਤ ਦੀ ਵਿਦਿਆਰਥਣ ਰਵਨੀਤ ਕੌਰ ਸਕੂਲ ਵਿੱਚੋਂ ਪਹਿਲੇ ਸਥਾਨ 'ਤੇ ਰਹੀ ।ਸਕੂਲ ਦੇ 15 ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚੋਂ 100 ਅੰਕ ਪ੍ਰਾਪਤ ਕਰਕੇ ਸਕੂਲ ਦੀ ਸ਼ਾਨ ਨੂੰ ਹੋਰ ਵਧਾਇਆ।ਇਸ ਵਿਸ਼ੇਸ਼ ਸਮਾਰੋਹ ਦੇ ਅਖੀਰ ਵਿੱਚ ਮੈਨੇਜਮੈਂਟ ਦੀ ਕਮੇਟੀ ਦੇ ਮੈਂਬਰ ਸਾਹਿਬਾਨ ਨੇ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਨਮਾਨਿਤ ਕੀਤਾ ਅਤੇ ਆਸ ਦਿਵਾਈ ਕਿ ਸਕੂਲ ਬੋਰਡ ਦੇ ਨਤੀਜਿਆਂ ਵਿੱਚ ਹਰ ਸਾਲ ਹੋਰ ਬੁਲੰਦੀਆਂ ਹਾਸਲ ਕਰਦਾ ਰਹੇਗਾ।

# ਅਟਾਰੀ ਮੰਡੀ ਦੇ ਪ੍ਰਧਾਨ ਦਾ ਤਾਜ ਸਾਹਿਬ ਸਿੰਘ ਪੰਡੋਰੀ ਦੇ ਸਿਰ ਸਜਿਆ

**ਅਟਾਰੀ (ਸਤਬੀਰ ਭੀਲ)**-ਸਰਹੱਦੀ ਕਸਬਾ ਅਟਾਰੀ ਦੀ ਦਾਣਾ ਮੰਡੀ ਦੇ ਆੜ੍ਹਤੀ ਐਸੋਸੀਏਸ਼ਨ ਦੀ ਇੱਕ ਵਿਸ਼ੇਸ਼ ਇਕੱਤਰਤਾ ਹੋਈ ਜਿਸ ਵਿੱਚ ਕਣਕ ਅਤੇ ਝੋਨੇ ਦੇ ਸੀਜ਼ਨ ਦੌਰਾਨ ਆੜ੍ਹਤੀਆਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਵਿਚਾਰ-ਵਟਾਂਦਰਾ ਹੋਇਆ। ਇਸ ਮੀਟਿੰਗ ਦੌਰਾਨ ਆੜ੍ਹਤੀ ਯੂਨੀਅਨ ਨੇ ਇੱਕ ਫੈਸਲਾ ਲਿਆ ਕਿ ਮੰਡੀ ਦਾ ਨਵਾਂ ਪ੍ਰਧਾਨ ਚੁਣਿਆ ਜਾਵੇ ਜੋ ਕਿ ਮੰਡੀ ਦੀਆਂ ਮੁਸ਼ਕਲਾਂ ਹੱਲ ਕਰ ਸਕੇ। ਸੋ ਸਮੂਹ ਆੜ੍ਹਤੀ ਯੂਨੀਅਨ ਨੇ ਮੰਡੀ ਦੀ ਪ੍ਰਧਾਨਗੀ ਦਾ ਤਾਜ ਸਾਹਿਬ ਸਿੰਘ ਪੰਡੋਰੀ ਦੇ ਸਿਰ 'ਤੇ ਰੱਖ ਦਿੱਤਾ ਤੇ ਨਵਾਂ ਪ੍ਰਧਾਨ ਚੁਣ ਲਿਆ ਗਿਆ। ਆੜ੍ਹਤੀ ਸਾਹਿਬ ਸਿੰਘ ਪੰਡੋਰੀ ਉਤੇ ਸਾਰੇ ਆੜ੍ਹਤੀ ਭਰਾਵਾਂ ਨੇ ਸਹਿਮਤੀ ਪ੍ਰਗਟਾਈ। ਉਪ ਪ੍ਰਧਾਨ ਆੜ੍ਹਤੀ ਗੁਰਜੀਤ ਸਿੰਘ ਗਿੱਲ ਅਤੇ ਆੜ੍ਹਤੀ ਕੈਪਟਨ ਸਿੰਘ ਮੋਦੇ, ਆੜ੍ਹਤੀ ਜੈਪਾਲ ਸਿੰਘ ਹਰਦੋ ਰਤਨ, ਆੜ੍ਹਤੀ ਹਰਪ੍ਰੀਤ ਸਿੰਘ ਭੁੱਲਰ ਆਦਿ ਨੂੰ ਸਰਬਸੰਮਤੀ ਨਾਲ ਮੈਂਬਰ ਚੁਣ ਲਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆੜ੍ਹਤੀ ਜੋਗਿੰਦਰ ਸਿੰਘ ਰਾਣਾ, ਆੜ੍ਹਤੀ ਬਿਕਰਮਜੀਤ ਸਿੰਘ ਮੋਦੇ, ਆੜ੍ਹਤੀ ਬਲਜਿੰਦਰ ਸਿੰਘ, ਆੜ੍ਹਤੀ ਜਸਬੀਰ ਸਿੰਘ ਸੰਧੂ, ਆੜ੍ਹਤੀ ਰਾਜਪਾਲ ਸਿੰਘ ਰਾਜਾ ਬੁਰਜ, ਆੜ੍ਹਤੀ ਗੁਰਲਾਲ ਸਿੰਘ ਭੀਲ, ਆੜ੍ਹਤੀ ਰਾਜ ਸਰਤਾਜ ਬੀਰ ਸਿੰਘ ਭੀਲ, ਆੜ੍ਹਤੀ ਦਿਲਬਾਗ ਸਿੰਘ ਸੰਧੂ ਗਰੁੱਪ, ਆੜ੍ਹਤੀ ਸਰਬਜੀਤ ਸਿੰਘ ਸ਼ੱਬਾ, ਆੜ੍ਹਤੀ ਜਗਬੀਰ ਸਿੰਘ ਡੰਡੇ, ਆੜ੍ਹਤੀ ਗੁਰਵੇਲ ਸਿੰਘ ਗਿੱਲ ਮੋਦੇ, ਆੜ੍ਹਤੀ ਦਿਲਬਾਗ ਸਿੰਘ ਕਾਉਂਕੇ, ਆੜ੍ਹਤੀ ਸਕੱਤਰ ਸਿੰਘ, ਆੜ੍ਹਤੀ ਜਗਰੂਪ ਸਿੰਘ ਅਚਿੰਤਕੋਟ, ਆੜ੍ਹਤੀ ਰਵੀ ਭੱਲਾ, ਆੜ੍ਹਤੀ ਛਵੀ ਭੱਲਾ, ਸੁਭਾਸ਼ ਭੱਲਾ, ਆੜ੍ਹਤੀ ਅਮਨ, ਰਜਿੰਦਰ ਸਿੰਘ ਘਰਿੰਡਾ, ਆੜ੍ਹਤੀ ਉਂਕਾਰ ਸਿੰਘ ਕਾਉਂਕੇ, ਆੜ੍ਹਤੀ ਪਰਮਜੀਤ ਸਿੰਘ ਡੱਲੇਕੇ, ਆੜ੍ਹਤੀ ਬਲਬੀਰ ਸਿੰਘ ਅਟਾਰੀ, ਸ਼ਮਸ਼ੇਰ ਸਿੰਘ ਸ਼ਹੂਰਾ ਆਦਿ ਆਗੂ ਹਾਜ਼ਰ ਸਨ। ਦੂਸਰੇ ਪਾਸੇ ਵਿਰੋਧੀ ਧਿਰ ਦੇ ਆੜ੍ਹਤੀਆਂ ਨੇ ਦੱਬੀ ਸੁਰ ਵਿੱਚ ਕਿਹਾ ਕਿ ਸਾਨੂੰ ਪ੍ਰਧਾਨ ਤਾਂ ਮਨਜ਼ੂਰ ਹੈ ਪਰ ਵਾਈਸ ਪ੍ਰਧਾਨ ਤੇ ਮੈਂਬਰਾਂ ਦੀ ਚੋਣ ਵੋਟ ਰਾਹੀਂ ਹੋਣੀ ਚਾਹੀਦੀ ਹੈ ਤਾਂ ਕਿ ਸੱਚ ਸਾਹਮਣੇ ਆ ਸਕੇ ਕਿ ਕੌਣ ਕਿੰਨੇ ਪਾਣੀ ਵਿੱਚ ਹੈ ਪਰ ਇਹ ਗੱਲ ਵੀ ਵਰਣਨਯੋਗ ਹੈ ਕਿ ਅਸਲ ਚੋਣ ਬੈਲਟ ਪੇਪਰ ਰਾਹੀ ਮੰਨੀ ਜਾਂਦੀ ਹੈ ਤਾਂ ਕਿ ਕਿਸੇ ਨੂੰ ਕੋਈ ਇਤਰਾਜ਼ ਨਾ ਹੋਵੇ।



# ਗੁਰਦਾਸਪੁਰੋਂ ਦਿੱਲੀ ਏਅਰਪੋਰਟ ਲਈ ਬੱਸਾਂ ਚਲਾਉਣ ਦੀ ਮੰਗ

**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਦੇ ਹਰ ਜ਼ਿਲ੍ਹਾ ਹੈੱਡਕੁਆਰਟਰ ਅਤੇ ਵੱਡੇ ਸ਼ਹਿਰਾਂ ਤੋਂ ਦਿੱਲੀ ਏਅਰਪੋਰਟ ਨੂੰ ਮੌਜੂਦਾ ਸਮੇਂ ਵਿਚ ਰੋਜ਼ਾਨਾ ਚਾਰ, ਪੰਜ ਬੱਸਾਂ ਦਿੱਲੀ ਏਅਰਪੋਰਟ ਨੂੰ ਚੱਲ ਰਹੀਆਂ ਹਨ ਜਦਕਿ ਗੁਰਦਾਸਪੁਰ ਜ਼ਿਲ੍ਹਾ ਹੈੱਡਕੁਆਟਰ ਹੋਣ ਦੇ ਬਾਵਜੂਦ ਇਥੋਂ ਕੋਈ ਵੀ ਬੱਸ ਦਿਲੀ ਏਅਰਪੋਰਟ ਅਤੇ ਦਿੱਲੀ ਨੂੰ ਕੋਈ ਵੀ ਬੱਸ ਨਹੀਂ ਜਾ ਰਹੀ ਜਿਸ ਕਾਰਨ ਇਥੋਂ ਦੇ ਇਲਾਕਾ ਵਾਸੀਆਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਕੁਝ ਲੋਕਾਂ ਨੇ ਦੱਸਿਆ ਕਿ ਇਸ ਇਲਾਕੇ ਦੇ ਵੱਡੀ ਗਿਣਤੀ ਵਿਚ ਲੋਕ ਵਿਦੇਸ਼ਾਂ ਵਿਚ ਰਹਿੰਦੇ ਹਨ ਅਤੇ ਰੋਜ਼ਾਨਾਂ ਕਾਫ਼ੀ ਗਿਣਤੀ ਵਿਚ ਉਨ੍ਹਾਂ ਲੋਕਾਂ ਦਾ ਦਿੱਲੀ ਤੋਂ ਆਉਣਾ ਅਤੇ ਜਾਣਾ ਲੱਗਾ ਰਹਿੰਦਾ ਹੈ। ਲੋਕਾਂ ਦੱਸਿਆ ਕਿ ਗੁਰਦਾਸਪੁਰ ਤੋਂ ਸਿੱਧੀ ਬੱਸ ਦਿਲੀ ਏਅਰਪੋਰਟ ਆਦਿ ਨੂੰ ਨਾ ਜਾਣ ਕਰਕੇ ਲੋਕਾਂ ਨੂੰ ਮਹਿੰਗੇ ਰੇਟਾਂ 'ਤੇ ਟੈਕਸੀ ਆਦਿ ਕਿਰਾਏ 'ਤੇ ਲੈ ਕੇ ਆਉਣਾ-ਜਾਣਾ ਪੈਂਦਾ ਹੈ ਜਿਸ 'ਤੇ ਕਾਫ਼ੀ ਪੈਸੇ ਖਰਚ ਹੁੰਦੇ ਹਨ। ਲੋਕਾਂ ਨੇ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਬਾਰਡਰ ਨਾਲ ਲਗਣ ਕਰਕੇ ਇਸ ਇਲਾਕੇ ਦੇ ਕਾਫ਼ੀ ਲੋਕਾਂ ਦਾ ਰੋਜ਼ਾਨਾਂ ਵਿਦੇਸ਼ਾਂ ਨੂੰ ਆਉਣਾ-ਜਾਣਾ ਲੱਗਾ ਰਹਿੰਦਾ ਹੈ ਜਿਨ੍ਹਾਂ ਨੂੰ ਵਾਇਆ ਪਠਾਨਕੋਟ, ਬਟਾਲਾ ਆਦਿ ਸ਼ਹਿਰਾਂ ਨੂੰ ਬੱਸਾਂ ਲੈਣੀਆਂ ਪੈਂਦੀਆਂ ਹਨ। ਲੋਕਾਂ ਦੀ ਪੰਜਾਬ ਸਰਕਰ ਅਤੇ ਲੋਕਲ ਨੇਤਾਵਾਂ ਪਾਸੋਂ ਮੰਗ ਹੈ ਕਿ ਲੋਕਾਂ ਨੂੰ ਦੀ ਜ਼ਰੂਰਤ ਨੂੰ ਵੇਖਦੇ ਹੋਏ ਗੁਰਦਾਸਪੁਰ ਤੋਂ ਦਿੱਲੀ ਏਅਰਪੋਰਟ ਲਈ 4-5 ਬੱਸਾਂ ਰੋਜ਼ਾਨਾ ਚਲਾਈਆਂ ਜਾਣ ਤਾਂ ਜੋ ਇਸ ਇਲਾਕੇ ਦੇ ਵਿਦੇਸ਼ਾਂ ਵਿਚ ਰਹਿੰਦੇ ਲੋਕਾਂ ਨੂੰ ਵੀ ਕੁਝ ਰਾਹਤ ਮਿਲ ਸਕੇ। ਇਸ ਤੋਂ ਇਲਾਵਾ ਗੁਰਦਾਸਪੁਰ ਇਲਾਕੇ ਦੇ ਰਹਿਣ ਵਾਲੇ ਲੋਕ ਵੀ ਇਨ੍ਹਾਂ ਬੱਸਾਂ ਰਾਹੀਂ ਦਿੱਲੀ ਆਦਿ ਸ਼ਹਿਰਾਂ ਨੂੰ ਸਿੱਧੇ ਆ ਅਤੇ ਜਾ ਸਕਣ। ਜਦ ਇਸ ਸਬੰਧੀ ਗੁਰਦਾਸਪੁਰ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਮਨ ਬਹਿਲ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਹ ਜਲਦੀ ਹੀ ਟਰਾਂਸਪੋਰਟ ਮੰਤਰੀ ਪੰਜਾਬ ਨਾਲ ਗੱਲਬਾਤ ਕਰਕੇ ਗੁਰਦਾਸਪੁਰ ਤੋਂ ਦਿੱਲੀ ਏਅਰਪੋਰਟ ਲਈ ਬੱਸਾਂ ਚਲਾਉਣ ਦੀ ਕੋਸ਼ਿਸ਼ ਕਰਨਗੇ।




# ਮੁਰਗੀ ਪਾਲਣ ਦੇ ਖੇਤਰ 'ਚ ਉੱਭਰ ਰਹੀਆਂ ਸੰਭਾਵਨਾਵਾਂ 'ਤੇ ਵਿਚਾਰ-ਚਰਚਾ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਦੇ ਪਸ਼ੂ ਉਤਪਾਦ ਤਕਨਾਲੋਜੀ ਵਿਭਾਗ ਵੱਲੋਂ ਵਿਸ਼ਵ ਪੋਲਟਰੀ ਦਿਵਸ ਮਨਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੇ ਸਹਿਯੋਗ ਸਦਕਾ ਕਰਵਾਏ ਗਏ ਉਕਤ ਸਮਾਗਮ ਦੌਰਾਨ ਪੋਲਟਰੀ ਸਿਹਤ, ਪੋਸ਼ਣ, ਪ੍ਰੋਸੈਸਿੰਗ ਅਤੇ ਪੋਲਟਰੀ ਖੇਤਰ 'ਚ ਉਭਰ ਰਹੀਆਂ ਸੰਭਾਵਨਾਵਾਂ ਸਬੰਧੀ ਚਰਚਾ ਕੀਤੀ ਗਈ।ਇਸ ਮੌਕੇ ਡਾ. ਵਰਮਾ ਨੇ ਉਕਤ ਵਿਭਾਗ 'ਚ ਨਵੀਂ ਸਥਾਪਿਤ ਪੋਲਟਰੀ ਸਲਾਟਰ ਅਤੇ ਮੀਟ ਪ੍ਰੋਸੈਸਿੰਗ ਸਹੂਲਤ ਦਾ ਉਦਘਾਟਨ ਕਰਨ ਦੇ ਬਾਅਦ ਆਪਣੇ ਭਾਸ਼ਣ 'ਚ ਕਿਹਾ ਕਿ ਇਹ ਸਹੂਲਤ ਵੈਟਰਨਰੀ ਵਿਦਿਆਰਥੀਆਂ ਨੂੰ ਆਧੁਨਿਕ ਪੋਲਟਰੀ ਪ੍ਰੋਸੈਸਿੰਗ ਅਤੇ ਵੈਲਯੂ ਐਡੀਸ਼ਨ ਤਕਨਾਲੋਜੀਆਂ 'ਚ ਪ੍ਰੈਕਟੀਕਲ ਟ੍ਰੇਨਿੰਗ ਦੇਣ 'ਚ ਮਦਦਗਾਰ ਸਾਬਤ ਹੋਵੇਗੀ।ਜਦਕਿ ਮੈਨੇਜਿੰਗ ਡਾਇਰੈਕਟਰ ਡਾ. ਐੱਸ. ਕੇ. ਨਾਗਪਾਲ ਨੇ ਸੰਬੋਧਨ ਕਰਦਿਆਂ ਭਾਰਤ 'ਚ ਪੋਲਟਰੀ, ਅੰਡਾ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਦੇ ਮੌਜੂਦਾ ਹਾਲਾਤ ਅਤੇ ਅੰਕੜਿਆਂ ਬਾਰੇ ਜਾਣਕਾਰੀ ਦਿੱਤੀ।ਵਿਭਾਗ ਮੁੱਖੀ ਤੇ ਪ੍ਰੋਫੈਸਰ ਡਾ. ਵੀ. ਵੀ.. ਕੁਲਕਰਣੀ ਨੇ ਮੁੱਖ ਮਹਿਮਾਨ ਵਜੋਂ ਹਾਜ਼ਰ ਪ੍ਰਿੰ: ਡਾ. ਵਰਮਾ ਦਾ ਸਵਾਗਤ ਕਰਨ ਉਪਰੰਤ ਕਿਹਾ ਕਿ ਪੋਲਟਰੀ ਉਦਯੋਗ ਭੋਜਨ ਸੁਰੱਖਿਆ, ਪੋਸ਼ਣ ਅਤੇ ਰੋਜ਼ਗਾਰ ਸਿਰਜਣ 'ਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਅਸਿਸਟੈਂਟ ਪ੍ਰੋਫ਼ੈਸਰ ਡਾ. ਗੌਤਮੀ ਸ਼ਰਮਾ ਨੇ 'ਟੀਕਾਕਰਨ ਅਤੇ ਕੁਦਰਤੀ ਫੀਡ ਰਾਹੀਂ ਪੋਲਟਰੀ ਸਿਹਤ ਅਤੇ ਉਤਪਾਦਕਤਾ 'ਚ ਸੁਧਾਰ' ਵਿਸ਼ੇ 'ਤੇ ਪੇਸ਼ਕਾਰੀ ਦਿੱਤੀ।ਅਸਿਸਟੈਂਟ ਪ੍ਰੋਫੈਸਰ ਡਾ. ਆਨੰਧੂ ਕੁਮਾਰ ਨੇ 'ਚਿਕਨ ਦਾ ਪੌਸ਼ਟਿਕ ਮੁੱਲ, ਮਿੱਥਾਂ ਅਤੇ ਵਿਵਾਦ' ਵਿਸ਼ੇ 'ਤੇ ਜਾਣਕਾਰੀ ਸਾਂਝੀ ਕੀਤੀ। ਇਸੇ ਦੌਰਾਨ ਅਸਿਸਟੈਂਟ ਪ੍ਰੋਫ਼ੈਸਰ ਡਾ. ਦੀਪਕ ਮਹਾਜਨ ਨੇ 'ਅੰਡਿਆਂ ਦਾ ਪੋਸ਼ਣ ਮੁੱਲ, ਮਿੱਥਾਂ ਅਤੇ ਵਿਵਾਦ' ਵਿਸ਼ੇ 'ਤੇ ਜਾਣਕਾਰੀ ਦਿੱਤੀ।



# ਨਗਰ ਨਿਗਮ ਤੇ ਨਗਰ ਕੌਂਸਲਾਂ ਦੀ ਹਦੂਦ ਅੰਦਰ ਪਾਬੰਦੀਆਂ ਦੇ ਹੁਕਮ ਜਾਰੀ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕਰਦਿਆਂ ਸਬੰਧਤ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀ ਹਦੂਦ ਵਿੱਚ ਹਰ ਕਿਸਮ ਦੇ ਅਗਨ ਸ਼ਸਤਰ, ਅਸਲਾ, ਵਿਸਫੋਟਕ, ਜਲਣਸ਼ੀਲ ਵਸਤਾਂ ਅਤੇ ਤੇਜ਼ਧਾਰ ਹਥਿਆਰ, ਜਿਵੇਂ ਕਿ ਟਕੂਏ, ਬਰਛੇ, ਤ੍ਰਿਸ਼ੂਲ ਆਦਿ ਸ਼ਾਮਿਲ ਹਨ, ਲੈ ਕੇ ਚੱਲਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸਕੱਤਰ ਮਾਣਯੋਗ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪੱਤਰ ਰਾਹੀਂ ਸੂਚਿਤ ਕੀਤਾ ਗਿਆ ਹੈ ਕਿ ਪੰਜਾਬ ਰਾਜ ਵਿੱਚ ਨਗਰ ਨਿਗਮ/ਨਗਰ ਕੌਂਸਲ ਚੋਣਾਂ-2026 ਮਿਤੀ 26 ਮਈ ਨੂੰ ਹੋਣ ਜਾ ਰਹੀਆਂ ਹਨ।ਇਨ੍ਹਾਂ ਚੋਣਾਂ ਨੂੰ ਮੁੱਖ ਰੱਖਦੇ ਹੋਏ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਸਬੰਧਤ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀ ਹਦੂਦ ਅੰਦਰ ਅਸਲਾ ਰੱਖਣ 'ਤੇ ਪਾਬੰਦੀ ਲਗਾਉਣ ਬਾਰੇ ਲਿਖਿਆ ਹੈ। ਇਹ ਹੁਕਮ ਆਰਮੀ ਪਰਸੋਨਲ, ਪੈਰਾ ਮਿਲਟਰੀ ਫੋਰਸ, ਬਾਵਰਦੀ ਪੁਲਸ ਕਰਮਚਾਰੀਆਂ 'ਤੇ ਲਾਗੂ ਨਹੀਂ ਹੋਵੇਗਾ।ਇਹ ਹੁਕਮ 18 ਮਈ ਤੋਂ 29 ਮਈ ਤੱਕ ਲਾਗੂ ਰਹਿਣਗੇ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਸਟੋਰੀ ਟੈਲਿੰਗ ਤੇ ਸੁੰਦਰ ਲਿਖਾਈ ਮੁਕਾਬਲੇ ਕਰਵਾਏ

**ਧਾਰੀਵਾਲ, (ਮਨਦੀਪ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਇੰਟਰ ਹਾਊਸ ਸੁੰਦਰ ਲਿਖਾਈ ਅਤੇ ਸਟੋਰੀ ਟੈਲਿੰਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਕਾਰਗੁਜ਼ਾਰੀ ਦਿਖਾਈ।ਸਟੋਰੀ ਟੈਲਿੰਗ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਆਤਮ-ਵਿਸ਼ਵਾਸ ਨਾਲ ਕਹਾਣੀਆਂ ਪੇਸ਼ ਕੀਤੀਆਂ।ਉਨ੍ਹਾਂ ਦੀ ਬੋਲਚਾਲ, ਅਭਿਨੈ ਅਤੇ ਵਿਚਾਰਾਂ ਨੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੁਕਾਬਲੇ ਵਿੱਚ ਫ਼ਤਿਹ ਹਾਊਸ ਦੇ ਵਿਦਿਆਰਥੀ ਫ਼ਤਿਹਵੀਰ ਸਿੰਘ ਸਪੁੱਤਰ ਜਗਦੀਪ ਸਿੰਘ ਨੇ ਪਹਿਲਾ ਸਥਾਨ, ਅਜੀਤ ਹਾਊਸ ਦੀ ਵਿਦਿਆਰਥਣ ਅਵਨੀਤ ਕੌਰ ਸਪੁੱਤਰੀ ਸਰਦਾਰ ਰਣਜੀਤ ਸਿੰਘ ਨੇ ਦੂਜਾ ਸਥਾਨ, ਜੁਝਾਰ ਹਾਊਸ ਦੇ ਵਿਦਿਆਰਥੀ ਜੈਦੀਪ ਸਿੰਘ ਸਪੁੱਤਰ ਸਰਦਾਰ ਬਿਕਰਮਜੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਸੁੰਦਰ ਲਿਖਾਈ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਮਿਸਿਜ਼ ਸੁਮਨ ਅਤੇ ਮਿਸਿਜ਼ ਰੇਨੂੰ ਨੇ ਨਿਭਾਈ। ਉਨ੍ਹਾਂ ਨੇ ਦੱਸਿਆ ਕਿ ਨਤੀਜਾ ਤਿਆਰ ਕਰਨਾ ਬਹੁਤ ਮੁਸ਼ਕਲ ਸੀ ਕਿਉਂਕਿ ਸਾਰੇ ਵਿਦਿਆਰਥੀਆਂ ਦੀ ਲਿਖਾਈ ਬਹੁਤ ਹੀ ਸੁੰਦਰ ਸੀ ਅਤੇ ਜਿਸ ਵਿੱਚ ਸਿਮਰਨਜੀਤ ਕੌਰ ਸਪੁੱਤਰੀ ਸਰਦਾਰ ਕੇਵਲ ਸਿੰਘ ਨੇ ਪਹਿਲਾ ਸਥਾਨ, ਕੁਸਮੀਤ ਕੌਰ ਸਪੁੱਤਰੀ ਸੁਖਮੀਤ ਸਿੰਘ ਨੇ ਦੂਜਾ ਸਥਾਨ, ਇਸ਼ਮੀਤ ਕੌਰ ਸਪੁੱਤਰੀ ਮਨਜੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਇਹ ਮੁਕਾਬਲੇ ਬੱਚਿਆਂ ਦੇ ਅੰਦਰ ਲੁਕੇ ਹੋਏ ਹੁਨਰ ਨੂੰ ਬਾਹਰ ਲਿਆਉਣ ਦਾ ਇਕ ਸੁੰਦਰ ਮੌਕਾ ਹਨ।ਇਸ ਤਰ੍ਹਾਂ ਦੇ ਪ੍ਰੋਗਰਾਮ ਬੱਚਿਆਂ ਵਿੱਚ ਬੋਲਣ ਦੀ ਕਲਾ, ਆਤਮ-ਵਿਸ਼ਵਾਸ ਅਤੇ ਸ੍ਰਿਜਨਾਤਮਕਤਾ ਨੂੰ ਵਿਕਸਤ ਕਰਦੇ ਹਨ।ਹੈਂਡਰਾਈਟਿੰਗ ਮੁਕਾਬਲੇ ਵਿੱਚ ਵੀ ਵਿਦਿਆਰਥੀਆਂ ਨੇ ਬਹੁਤ ਸੁੰਦਰ ਲਿਖਤ ਦਾ ਪ੍ਰਦਰਸ਼ਨ ਕੀਤਾ।ਉਨ੍ਹਾਂ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਦੇ ਨਾਲ ਨਾਲ ਅਧਿਆਪਕਾਂ ਦੀ ਲਿਖਾਈ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਚੰਗੀ ਲਿਖਾਈ ਸਿਰਫ਼ ਸੁੰਦਰਤਾ ਹੀ ਨਹੀਂ, ਸਗੋਂ ਅਨੁਸ਼ਾਸਨ ਅਤੇ ਧੀਰਜ ਦੀ ਨਿਸ਼ਾਨੀ ਵੀ ਹੁੰਦੀ ਹੈ।ਮੈਨੂੰ ਮਾਣ ਹੈ ਕਿ ਸਾਡੇ ਬੱਚੇ ਪੜ੍ਹਾਈ ਦੇ ਨਾਲ-ਨਾਲ ਇਨ੍ਹਾਂ ਗੁਣਾਂ ਵਿੱਚ ਵੀ ਅੱਗੇ ਵੱਧ ਰਹੇ ਹਨ।




# 'ਹਾਈਪਰਟੈਨਸ਼ਨ ਬਿਨਾਂ ਕਿਸੇ ਲੱਛਣ ਦੇ ਦਿਲ 'ਤੇ ਲੁਕਵਾਂ ਵਾਰ ਕਰਦਾ'

**ਜਲੰਧਰ**-ਜ਼ਿਆਦਾਤਰ ਲੋਕ ਦਿਲ ਦੇ ਦੌਰੇ ਨੂੰ ਅਚਾਨਕ ਹੋਣ ਵਾਲੀ ਘਟਨਾ ਨਾਲ ਜੋੜਦੇ ਹਨ ਲੇਕਿਨ ਜਿਸ ਚੀਜ਼ 'ਤੇ ਬਹੁਤ ਘੱਟ ਧਿਆਨ ਦਿੱਤਾ ਜਾਂਦਾ ਹੈ ਉਹ ਹੈ ਇਸ ਘਟਨਾ ਤੋਂ ਪਹਿਲਾਂ ਹੁੰਦਾ ਆਇਆ ਕਈ ਸਾਲਾਂ ਦਾ ਨੁਕਸਾਨ।ਹਾਈਪਰਟੈਨਸ਼ਨ ਅਕਸਰ ਬਿਨਾਂ ਕਿਸੇ ਲੱਛਣ ਦੇ ਚੁੱਪਚਾਪ ਕੰਮ ਕਰਦਾ ਹੈ ਅਤੇ ਧਮਨੀਆਂ 'ਤੇ ਵਾਧੂ ਦਬਾਅ ਪਾਉਂਦਾ ਹੈ।ਇਨ੍ਹਾਂ ਕਈ ਸਾਲਾਂ ਦੌਰਾਨ ਉਹ ਨਿਰੰਤਰ ਦਬਾਅ ਚੁੱਪਚਾਪ ਦਿਲ ਨੂੰ ਇਸ ਤਰੀਕੇ ਨਾਲ ਬਦਲ ਦਿੰਦਾ ਹੈ ਜੋ ਘਾਤਕ ਸਿੱਧ ਹੋ ਸਕਦਾ ਹੈ।ਭਾਰਤ ਵਿੱਚ ਇਹ ਕੋਈ ਦੂਰ ਦਾ ਜੋਖਮ ਨਹੀਂ ਹੈ।ਕੌਮੀ ਪਰਿਵਾਰਕ ਸਿਹਤ ਸਰਵੇਖਣ (ਐੱਨਐੱਫਐੱਚਐੱਸ-5) ਦੇ ਅੰਕੜਿਆਂ ਅਨੁਸਾਰ ਲਗਭਗ 24% ਬਾਲਗ ਪੁਰਸ਼ ਅਤੇ 21% ਬਾਲਗ ਔਰਤਾਂ ਹਾਈਪਰਟੈਨਸ਼ਨ ਨਾਲ ਜਿਉਂਦੀਆਂ ਹਨ।ਇਹ ਅੰਕੜੇ ਸਾਦੀ ਨਜ਼ਰ ਵਿੱਚ ਅਜਿਹੀ ਲੁਕਵੀਂ ਸਥਿਤੀ ਦੀ ਕਹਾਣੀ ਦੱਸਦੇ ਹਨ, ਜੋ ਸਾਡੀਆਂ ਅੱਖਾਂ ਦੇ ਸਾਮ੍ਹਣੇ ਹੀ ਲੁਕੀ ਹੁੰਦੀ ਹੈ।ਵਿਸ਼ਵ ਹਾਈਪਰਟੈਨਸ਼ਨ ਦਿਵਸ ਦੇ ਮੌਕੇ 'ਤੇ ਡਾ. ਵੀ. ਪੀ. ਸ਼ਰਮਾ, ਡਾਇਰੈਕਟਰ ਅਤੇ ਸੀਨੀਅਰ ਸਲਾਹਕਾਰ ਕਾਰਡੀਓਲੋਜੀ, ਫੋਰਟਿਸ ਹਸਪਤਾਲ ਜਲੰਧਰ ਨੇ ਹਾਈਪਰਟੈਨਸ਼ਨ, ਦਿਲ-ਸਿਹਤ ਸਮੱਸਿਆਵਾਂ ਦੇ ਵਿਕਾਸ ਦੇ ਜੋਖਮਾਂ, ਲੱਛਣਾਂ ਅਤੇ ਇਲਾਜ ਬਾਰੇ ਮੁਹਾਰਤ ਸਾਂਝੀ ਕੀਤੀ।

# ਰੇਵੰਨ ਇੰਟਰਨੈਸ਼ਨਲ ਸਕੂਲ ਮਜੀਠਾ ਨੂੰ ਮਾਣਮੱਤਾ ਨਤੀਜਾ ਪ੍ਰਾਪਤ ਕਰਨ ਦਾ ਮਾਣ ਹਾਸਲ

**ਮਜੀਠਾ (ਸੋਇਮ ਆਨੰਦ)**

ਪੰਜਾਬ ਸਕੂਲ ਸਿਖਿਆ ਵਿਭਾਗ ਵੱਲੋਂ ਬਾਰਵੀ ਕਲਾਸ ਦੇ ਨਤੀਜੇ ਦਾ ਐਲਾਨ ਕਰ ਦਿੱਤਾ ਗਿਆ ਹੈ ਜਿਸ ਤਹਿਤ ਰੇਵੰਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਹਰੀਆਂ ਰੋਡ ਮਜੀਠਾ ਦੇ ਵਿਦਿਆਰਥੀਆਂ ਨੇ ਕਾਮਰਸ ਗਰੁੱਪ ਵਿਚੋਂ ਸੁਖਮਨ ਬਦੇਸ਼ਾ ਨੇ 91 ਫੀਸਦੀ ਅੰਕ ਲੈ ਕੇ ਪਹਿਲਾ, ਸੋਬੀਆ ਨੇ 90 ਫੀਸਦੀ ਅੰਕ ਲੈ ਕੇ ਦੂਸਰਾ, ਅਤੇ ਅਰਪਨਪ੍ਰੀਤ ਕੌਰ ਨੇ 89.4 ਫੀਸਦੀ ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ ।ਸਾਇੰਸ ਗਰੁੱਪ ਵਿਚੋਂ ਖੁਸ਼ਪ੍ਰੀਤ ਕੋਰ ਨੇ 91 ਫੀਸਦੀ ਅੰਕ ਲੈ ਕੇ ਪਹਿਲਾ, ਪਲਕਪ੍ਰੀਤ ਕੋਰ ਨੇ 90.2 ਫੀਸਦੀ ਅੰਕ ਲੈ ਕੇ ਦੂਸਰਾ, ਰਿਸ਼ਮਪ੍ਰੀਤ ਕੋਰ ਨੇ 89.2 ਫੀਸਦੀ ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਆਰਟਸ ਗਰੁੱਪ ਵਿਚੋਂ ਸਿਮਰਨਜੀਤ ਕੌਰ ਨੇ 85 ਫੀਸਦੀ ਅੰਕ ਲੈ ਕੇ ਪਹਿਲਾ, ਕਮਾਕਸੀ ਨੇ 84.6 ਫੀਸਦੀ ਅੰਕ ਲੈ ਕੇ ਦੂਜਾ ਅਤੇ ਵਿਸ਼ਵਜੀਤ ਕੌਰ ਨੇ 82. 2 ਫੀਸਦੀ ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ। ਸਾਰੇ ਵਿਦਿਆਰਥੀਆਂ ਨੇ ਚੰਗੀਆਂ ਪੁਜ਼ੀਸ਼ਨਾਂ ਲੈ ਕੇ ਵਧੀਆ ਮੁਕਾਮ ਹਾਸਲ ਕੀਤੇ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਦੀ ਵਧੀਆ ਕਾਰਗੁਜ਼ਾਰੀ ਕਰਕੇ ਸਕੂਲ ਡਾਇਰੈਕਟਰ ਅਮਰਪ੍ਰੀਤ ਸਿੰਘ ਨੇ ਸਕੂਲ ਦੇ ਮਿਹਨਤੀ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਬਾਰ੍ਹਵੀਂ ਕਲਾਸ ਵਿੱਚੋਂ ਅੱਵਲ ਆਏ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਸਨਮਾਨਿਤ ਕੀਤਾ।ਇਸ ਮੌਕੇ ਐੱਮ. ਡੀ. ਅਮਰਪ੍ਰੀਤ ਸਿੰਘ ਨਾਲ ਮੈਡਮ ਗੁਰਪ੍ਰੀਤ ਕੌਰ, ਪ੍ਰਿੰਸੀਪਲ ਵਰਿੰਦਰ ਕੁਮਾਰ, ਰਮਨਦੀਪ ਕੌਰ, ਮਨਦੀਪ ਕੌਰ, ਕਵਲਜੀਤ ਕੌਰ, ਅਮਨਬੀਰ ਕੌਰ, ਨੀਤੂ ਬਾਲਾ, ਪ੍ਰਭਜੋਤ ਕੌਰ, ਰਾਜਵਿੰਦਰ ਕੌਰ, ਪ੍ਰਮਪ੍ਰੀਤ ਸਿੰਘ, ਅਮਨਦੀਪ ਸਿੰਘ, ਕਵਲਜੀਤ ਅਤੇ ਸਕੂਲ ਦੇ ਵਿਦਿਆਰਥੀ ਵੀ ਹਾਜ਼ਰ ਸਨ।



# ਤਕਨੀਕੀ ਕਾਲਜਾਂ 'ਚ ਸਿੱਖਿਆ ਹਾਸਲ ਕਰਨ ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ : ਡੀਸੀ

## ਚਾਹਵਾਨ ਵਿਦਿਆਰਥੀਆਂ ਲਈ ਸਰਕਾਰੀ ਬਹੁ-ਤਕਨੀਕੀ ਕਾਲਜ ਭਿੱਖੀਵਿੰਡ ਵਿਖੇ ਹੈਲਪ ਡੈਸਕ ਸਥਾਪਿਤ

**ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)**

ਪੰਜਾਬ ਰਾਜ ਦੇ ਵੱਖ-ਵੱਖ ਤਕਨੀਕੀ ਕਾਲਜਾਂ ਵਿੱਚ ਸਾਲ 2026-27 ਦੌਰਾਨ ਤਕਨੀਕੀ ਸਿੱਖਿਆ ਹਾਸਲ ਕਰਨ ਲਈ ਆਨਲਾਈਨ ਰਜਿਸਟਰੇਸ਼ਨ ਦਾ ਕੰਮ ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ, ਚੰਡੀਗੜ੍ਹ ਵੱਲੋਂ ਸ਼ੁਰੂ ਕਰ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਰਾਹੁਲ ਨੇ ਦੱਸਿਆ ਕਿ ਚਾਹਵਾਨ ਵਿਦਿਆਰਥੀਆਂ ਲਈ ਇਕ ਹੈਲਪ ਡੈਸਕ ਸਰਕਾਰੀ ਬਹੁ-ਤਕਨੀਕੀ ਕਾਲਜ ਭਿੱਖੀਵਿੰਡ ਵਿਖੇ ਸਥਾਪਿਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਹੈਲਪ ਡੈਸਕ ਤੇ ਤਕਨੀਕੀ ਸਿੱਖਿਆ ਹਾਸਲ ਕਰਨ ਦੇ ਚਾਹਵਾਨ ਵਿਦਿਆਰਥੀ, ਆਪਣੀ ਆਨਲਾਈਨ ਰਜਿਸਟ੍ਰੇਸ਼ਨ ਫੀਸ ਜਮ੍ਹਾ ਕਰਵਾ ਕੇ ਬਿਨਾਂ ਕਿਸੇ ਹੋਰ ਵਾਧੂ ਚਾਰਜ ਦੇ ਕੇ ਕਰਵਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਦਸਵੀਂ ਪਾਸ ਕਰ ਚੁੱਕੇ ਵਿਦਿਆਰਥੀ ਇੰਜੀਨੀਅਰਿੰਗ ਡਿਪਲੋਮੇ ਦੇ ਪਹਿਲੇ ਸਾਲ ਵਿੱਚ ਦਾਖ਼ਲਾ ਲੈ ਸਕਦੇ ਹਨ, ਜਦਕਿ ਦੋ ਸਾਲਾ ਆਈ. ਟੀ. ਆਈ. ਜਾਂ ਸਾਇੰਸ ਜਾਂ ਵੋਕੇਸ਼ਨਲ ਵਿਸ਼ਿਆਂ ਨਾਲ ਬਾਰ੍ਹਵੀਂ ਪਾਸ ਵਿਦਿਆਰਥੀ ਡਾਇਰੈਕਟ ਦੂਜੇ ਸਾਲ ਵਿੱਚ ਦਾਖ਼ਲਾ ਲੈ ਸਕਦੇ ਹਨ ।ਦਾਖ਼ਲਾ ਲੈਣ ਲਈ ਚਾਹਵਾਨ ਵਿਦਿਆਰਥੀਆਂ ਨੂੰ ਆਨਲਾਈਨ ਰਜਿਸਟਰੇਸ਼ਨ ਵਿੱਚ ਮਦਦ ਕਰਨ ਲਈ ਹਰੇਕ ਕੰਮਕਾਜ ਵਾਲੇ ਦਿਨ ਸਟਾਫ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ। ਉਪਰੋਕਤ ਰਜਿਸਟ੍ਰੇਸ਼ਨ ਲਈ ਟਾਈਪਿੰਗ, ਫੋਟੋਕਾਪੀ, ਹਸਤਾਖ਼ਰ ਅਤੇ ਸਰਟੀਫਿਕੇਟ ਸਕੈਨਿੰਗ ਆਦਿ ਲਈ ਕੋਈ ਵੀ ਫੀਸ ਇਸ ਕਾਲਜ ਵੱਲੋਂ ਨਹੀਂ ਲਈ ਜਾਵੇਗੀ।ਸੰਸਥਾ ਦੇ ਪ੍ਰਿੰਸੀਪਲ ਰਜੇਸ਼ ਕੁਮਾਰ ਧੁੰਨਾਂ ਨੇ ਦੱਸਿਆ ਕਿ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਪੰਜਾਬ ਭਰ ਵਿੱਚ ਚੱਲ ਰਹੇ ਵੱਖ-ਵੱਖ ਤਕਨੀਕੀ ਕੋਰਸਾਂ ਦੀ ਜਾਣਕਾਰੀ ਦੇਣ ਹਿੱਤ ਇੱਕ ਗਾਈਡੈਂਸ ਸੈੱਲ ਮੈਡਮ ਰਜਵੰਤ ਕੌਰ (99142-63363) ਦੀ ਨਿਗਰਾਨੀ ਹੇਠ ਸਥਾਪਿਤ ਕੀਤਾ ਗਿਆ ਹੈ ।ਇਸ ਗਾਈਡੈਂਸ ਸੈੱਲ ਤੋਂ ਕਾਲਜ ਵਿੱਚ ਚੱਲ ਰਹੇ ਵੱਖ-ਵੱਖ ਇੰਜੀਨੀਅਰਿੰਗ ਡਿਪਲੋਮਾ ਕੋਰਸਾਂ ਦੀਆਂ ਫੀਸਾਂ ਸਬੰਧੀ ਜਾਣਕਾਰੀ ਮੁਫ਼ਤ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਬਹੁ-ਤਕਨੀਕੀ ਕਾਲਜ ਭਿੱਖੀਵਿੰਡ, ਆਸ ਪਾਸ ਅਤੇ ਬਾਰਡਰ ਨਾਲ ਲੱਗਦੇ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਤਕਨੀਕੀ ਹੁਨਰ ਨੂੰ ਉਜਾਗਰ ਕਰਨ ਲਈ 1996 ਤੋਂ ਬਹੁਮੁੱਲਾ ਯੋਗਦਾਨ ਪਾ ਰਿਹਾ ਹੈ। ਇਸ ਕਾਲਜ ਵਿੱਚ ਚੱਲ ਰਹੇ ਡਿਪਲੋਮਾ ਕੋਰਸ ਮਕੈਨੀਕਲ ਇੰਜੀਨੀਅਰਿੰਗ, ਇਲੈਕਟ੍ਰੀਕਲ ਇੰਜੀਨੀਅਰਿੰਗ, ਕੰਪਿਊਟਰ ਸਾਇੰਸ ਇੰਜੀਨੀਅਰਿੰਗ, ਇਲੈਕਟ੍ਰੋਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਦੇ ਤਿੰਨ ਸਾਲਾ ਡਿਪਲੋਮਾ ਕੋਰਸਾਂ ਵਿੱਚ ਵਿਦਿਆਰਥੀ ਦਾਖ਼ਲਾ ਲੈ ਕੇ ਆਪਣਾ ਭਵਿੱਖ ਰੋਸ਼ਨ ਕਰ ਸਕਦੇ ਹਨ।ਗਾਈਡੈਂਸ ਸੈੱਲ ਦੇ ਇੰਚਾਰਜ ਮੈਡਮ ਰਜਵੰਤ ਕੌਰ ਨੇ ਦੱਸਿਆ ਕਿ ਪੰਜਾਬ/ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ, ਪੱਛੜੀ ਸ਼੍ਰੇਣੀ, ਘੱਟ ਗਿਣਤੀ ਵਰਗ ਆਦਿ ਦੇ ਵਿਦਿਆਰਥੀਆਂ ਲਈ ਫੀਸ ਵਿੱਚ ਵਿਸ਼ੇਸ਼ ਛੋਟਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਡਿਪਲੋਮਾ ਪਾਸ ਵਿਦਿਆਰਥੀਆਂ ਦੀ 100 ਫੀਸਦੀ ਪਲੇਸਮੈਂਟ ਕਰਵਾਈ ਜਾਂਦੀ ਹੈ।

# ਅਫਸਰਸ਼ਾਹੀ ਸਾਡੇ ਉਮੀਦਵਾਰਾਂ ਨੂੰ ਕਾਗਜ਼ ਭਰਨ ਸਮੇਂ ਪਰੇਸ਼ਾਨ ਕਰ ਰਹੀ : ਤਰਨ ਚੁੱਗ




**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**-ਪੰਜਾਬ ਦੀ ਆਮ ਆਦਮੀ ਪਾਰਟੀ ਹੁਣ ਆਪਣਾ ਵਿਸ਼ਵਾਸ ਪੰਜਾਬੀਆਂ ਤੋਂ ਖੋਹ ਚੁੱਕੀ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਅਜਨਾਲਾ ਨਗਰ ਪੰਚਾਇਤ ਦੀਆਂ ਹੋਣ ਜਾ ਰਹੀਆਂ ਚੋਣਾਂ ਦੇ ਵਾਰਡ ਨੰਬਰ 3 ਦੇ ਉਮੀਦਵਾਰ ਸਿੰਮੀ ਸਰੀਨ ਦੇ ਪਤੀ ਡਾਕਟਰ ਦੀਪਕ ਸਰਪਾਲ ਨੇ ਕਹੇ। ਇਸ ਮੌਕੇ ਉਨ੍ਹਾਂ ਦੇ ਨਾਲ ਅਜਨਾਲਾ ਤੋਂ ਸਾਬਕਾ ਵਿਧਾਇਕ ਅਤੇ ਓਬੀਸੀ ਮੋਰਚਾ ਪੰਜਾਬ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਵੀ ਮੌਜੂਦ ਸਨ। ਇਸ ਮੌਕੇ ਕੌਮੀ ਜਨਰਲ ਸਕੱਤਰ ਤਰਨ ਚੁੱਗ ਨੇ ਕਿਹਾ ਕਿ ਪੰਜਾਬ ਵਿੱਚ ਹੁਣ ਲੋਕਤੰਤਰ ਦਾ ਨਹੀਂ ਡੰਡਾ ਤੰਤਰ ਦਾ ਰਾਜ ਹੈ ਅਤੇ ਅਫਸਰਸ਼ਾਹੀ ਸਾਡੇ ਉਮੀਦਵਾਰਾਂ ਨੂੰ ਕਾਗਜ਼ ਭਰਨ ਤੋਂ ਤੰਗ ਪਰੇਸ਼ਾਨ ਕਰ ਰਹੀ ਹੈ ਪਰ ਪੰਜਾਬ ਦੀ ਜਨਤਾ ਨੇ ਹੁਣ ਆਮ ਆਦਮੀ ਪਾਰਟੀ ਨੂੰ ਬਾਏ ਬਾਏ ਕਹਿਣ ਦਾ ਮਨ ਬਣਾ ਲਿਆ ਹੈ। ਇਸ ਮੌਕੇ ਸੀਨੀਅਰ ਇਸਤਰੀ ਆਗੂ ਡਾਕਟਰ ਅਵਤਾਰ ਕੌਰ, ਕੌਂਸਲਰ ਵਿਕਰਮ ਬੇਦੀ, ਦੀਪੂ ਅਰੋੜਾ, ਵਿਪਨ ਖੱਤਰੀ, ਲੱਕੀ ਬੇਦੀ, ਧਰਮਿੰਦਰ ਸਿੰਘ ਪ੍ਰਿੰਸ, ਗਿੰਦੂ ਬੱਲ, ਅੰਕੁਸ਼ ਕੁਮਾਰ, ਬੰਟੀ ਸ਼ਰਮਾ, ਸੌਰਵ ਸਰੀਨ, ਆਸ਼ੂ ਅਜਨਾਲਾ, ਸ਼ਮਸ਼ੇਰ ਸਿੰਘ ਸ਼ੇਰਾ, ਕਵਲਜੀਤ ਸਿੰਘ ਅਤੇ ਕਸ਼ਮੀਰ ਸਿੰਘ ਕਾਕੂ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਵੀਰਵਾਰ, 21 ਮਈ 2026

# ਜੈ-ਜੈ ਕਾਰ

ਕਾਨੂੰਨ ਦੀ ਵਿਦਿਆਰਥਣ ਨਾਲ ਕਥਿਤ ਬਲਾਤਕਾਰ ਦੇ ਮਾਮਲੇ ਵਿੱਚ ਅੱਠ ਮਹੀਨੇ ਜੇਲ੍ਹ ਵਿੱਚ ਬਿਤਾਉਣ ਤੋਂ ਬਾਅਦ ਹਿੰਦੂ ਯੁਵਾ ਵਾਹਿਨੀ ਦੀ ਗਾਜ਼ੀਆਬਾਦ ਇਕਾਈ ਦੇ ਸਾਬਕਾ ਮੁਖੀ ਸੁਸ਼ੀਲ ਪ੍ਰਜਾਪਤੀ ਦੇ ਜ਼ਮਾਨਤ 'ਤੇ ਡਾਸਨਾ ਜੇਲ੍ਹ ਤੋਂ ਰਿਹਾਅ ਹੋਣ 'ਤੇ ਉਸ ਦੇ ਸਮਰਥਕਾਂ ਵੱਲੋਂ ਇੱਕ ਹੀਰੋ ਵਾਂਗ ਸਵਾਗਤ ਕੀਤਾ ਗਿਆ। ਬਲਾਤਕਾਰ ਦੇ ਦੋਸ਼ੀ ਨੂੰ ਗੇਂਦੇ ਦੇ ਫੁੱਲਾਂ ਦੇ ਹਾਰਾਂ ਨਾਲ ਲੱਦ ਕੇ ਰੋਡ ਸ਼ੋਅ ਕੀਤਾ ਗਿਆ। ਸਮਰਥਕਾਂ ਨੇ ਉਸ ਨੂੰ ਮੋਢਿਆਂ 'ਤੇ ਚੁੱਕ ਕੇ ਨਾਅਰੇ ਲਾਏ, ਜਦੋਂ ਕਿ ਆਲੇ-ਦੁਆਲੇ ਦੇ ਲੋਕ ਹੱਥ ਮਿਲਾਉਂਦੇ ਅਤੇ ਮੁਸਕਰਾਉਂਦੇ ਦਿਖਾਈ ਦਿੱਤੇ।

ਐੱਲ ਐੱਲ ਬੀ ਦੀ ਵਿਦਿਆਰਥਣ ਨੇ ਪੁਲਸ ਨੂੰ ਦੱਸਿਆ ਸੀ ਕਿ ਉਹ 2021 ਵਿੱਚ ਪ੍ਰਜਾਪਤੀ ਨੂੰ ਮਿਲੀ ਸੀ। ਉਸ ਨੇ ਉਸ ਨੂੰ ਗਾਜ਼ੀਆਬਾਦ ਅਦਾਲਤ ਵਿੱਚ ਕਾਨੂੰਨ ਦੀ ਪ੍ਰੈਕਟਿਸ ਕਰਨ ਦੀ ਸਲਾਹ ਦਿੱਤੀ ਅਤੇ ਵਿੱਤੀ ਤੇ ਹੋਰ ਸਹਾਇਤਾ ਦਾ ਭਰੋਸਾ ਦਿੱਤਾ। ਫਿਰ ਉਹ ਉਸ ਨੂੰ ਇੱਕ ਸੀਨੀਅਰ ਵਕੀਲ ਨੂੰ ਮਿਲਾਉਣ ਲਈ ਆਪਣੀ ਕਾਰ ਵਿੱਚ ਗਾਜ਼ੀਆਬਾਦ ਦੇ ਇੱਕ ਫਲੈਟ ਵਿੱਚ ਲੈ ਗਿਆ, ਜਿੱਥੇ ਨਸ਼ੀਲਾ ਸਾਫਟ ਡ੍ਰਿੰਕ ਪਿਲਾ ਕੇ ਬੇਹੋਸ਼ ਕਰਕੇ ਬਲਾਤਕਾਰ ਕੀਤਾ। ਜਦੋਂ ਉਹ ਹੋਸ਼ ਵਿੱਚ ਆਈ ਤਾਂ ਧਮਕੀ ਦਿੱਤੀ ਕਿ ਜੇ ਉਸ ਨੇ ਇਸ ਘਟਨਾ ਬਾਰੇ ਕਿਸੇ ਨੂੰ ਦੱਸਿਆ ਤਾਂ ਉਹ ਉਸ ਨੂੰ ਮਾਰ ਦੇਵੇਗਾ। ਫਿਰ ਉਹ ਉਸ ਨੂੰ ਸੜਕ 'ਤੇ ਛੱਡ ਕੇ ਚਲਾ ਗਿਆ।

ਸ਼ਿਕਾਇਤ ਦੇ ਆਧਾਰ 'ਤੇ 8 ਅਗਸਤ 2025 ਨੂੰ ਮੁਰਾਦਨਗਰ ਪੁਲਸ ਸਟੇਸ਼ਨ ਵਿੱਚ ਕੇਸ ਦਰਜ ਕੀਤਾ ਗਿਆ ਸੀ। ਮੁਲਜ਼ਮ ਨੇ ਸ਼ੁਰੂ ਵਿੱਚ ਆਤਮ-ਸਮਰਪਣ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਕਾਰਨ ਪੁਲਸ ਨੇ ਉਸ ਦੇ ਸਿਰ 'ਤੇ 25,000 ਦਾ ਇਨਾਮ ਐਲਾਨਿਆ। ਬਾਅਦ ਵਿੱਚ ਉਸ ਨੂੰ 11 ਅਗਸਤ, 2025 ਨੂੰ ਗ੍ਰਿਫਤਾਰ ਕਰ ਲਿਆ ਗਿਆ।

ਭਾਜਪਾ ਦੀ ਹਕੂਮਤ ਵਾਲੇ ਰਾਜਾਂ ਵਿੱਚ ਅਪਰਾਧੀਆਂ ਦਾ ਇਸ ਤਰ੍ਹਾਂ ਸਵਾਗਤ ਕੋਈ ਨਵੀਂ ਗੱਲ ਨਹੀਂ ਹੈ। ਬਿਲਕਿਸ ਬਾਨੋ ਕੇਸ ਦੇ ਦੋਸ਼ੀਆਂ ਨੂੰ ਸਜ਼ਾ ਪੂਰੀ ਹੋਣ ਤੋਂ ਪਹਿਲਾਂ ਛੱਡਣ ਮੌਕੇ ਵੀ ਉਨ੍ਹਾਂ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ ਸੀ। ਇਹ ਘਟਨਾਵਾਂ ਕੱਟੜਪੰਥੀ ਤਾਕਤਾਂ ਦੇ ਵਿਆਪਕ ਏਜੰਡੇ ਦਾ ਹਿੱਸਾ ਹਨ, ਜਿਨ੍ਹਾਂ ਦਾ ਉਦੇਸ਼ ਹਿੰਦੂ ਸਮਾਜ ਨੂੰ ਹਿੰਸਕ ਬਣਾਉਣਾ ਹੈ। ਇੱਕ ਮੁਲਜ਼ਮ ਦਾ ਹੀਰੋ ਵਾਂਗ ਸਵਾਗਤ ਕਰਨਾ ਨਾ ਸਿਰਫ ਇੱਕ ਸੱਭਿਅਕ ਸਮਾਜ ਲਈ ਸ਼ਰਮਨਾਕ ਹੈ, ਸਗੋਂ ਇਹ ਇੱਕ ਖਤਰਨਾਕ ਰੁਝਾਨ ਵੀ ਹੈ, ਜਿਸ ਦੇ ਦੂਰਗਾਮੀ ਨਤੀਜੇ ਨਿਕਲਣਗੇ। ਅਜਿਹਾ ਸਵਾਗਤ ਉਸ ਯੂ ਪੀ ਵਿੱਚ ਹੋਇਆ ਹੈ, ਜਿੱਥੇ ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਮੁਤਾਬਕ 2023 ਵਿੱਚ ਔਰਤਾਂ ਵਿਰੁੱਧ ਅਪਰਾਧਾਂ ਨਾਲ ਸੰਬੰਧਤ ਸਭ ਤੋਂ ਵੱਧ 66,381 ਮਾਮਲੇ ਦਰਜ ਕੀਤੇ ਗਏ ਸਨ। ਹਾਲ ਹੀ ਵਿੱਚ ਯੂ ਪੀ ਦੇ ਮਹੋਬਾ ਵਿੱਚ ਰੋਜ਼ਾਨਾ ਕੋਚਿੰਗ ਕਲਾਸ ਤੋਂ ਵਾਪਸ ਆ ਰਹੀ ਇੱਕ ਕੁੜੀ ਨੂੰ ਅਗਵਾ ਕਰਕੇ 16 ਦਿਨਾਂ ਤੱਕ ਬੰਦੀ ਬਣਾ ਕੇ ਜਿਨਸੀ ਹਵਸ ਦਾ ਸ਼ਿਕਾਰ ਬਣਾਇਆ ਗਿਆ। 18 ਮਈ ਨੂੰ ਯੂ ਪੀ ਦੇ ਪ੍ਰਤਾਪਗੜ੍ਹ ਜ਼ਿਲ੍ਹੇ ਵਿੱਚ ਤਿੰਨ ਨੌਜਵਾਨਾਂ ਨੇ ਕਥਿਤ ਤੌਰ 'ਤੇ ਇੱਕ 17 ਸਾਲਾ ਦਲਿਤ ਕੁੜੀ ਨੂੰ ਅਗਵਾ ਕਰਕੇ ਸਮੂਹਕ ਬਲਾਤਕਾਰ ਕੀਤਾ। 15 ਅਪ੍ਰੈਲ ਨੂੰ ਗਾਜ਼ੀਪੁਰ ਜ਼ਿਲ੍ਹੇ ਦੇ ਕਰੰਦਾ ਖੇਤਰ ਵਿੱਚ ਇੱਕ ਦਲਿਤ ਕੁੜੀ ਦੀ ਲਾਸ਼ ਮਿਲੀ, ਜਿਸ ਬਾਰੇ ਉਸ ਦੇ ਪਰਵਾਰ ਨੇ ਜਿਨਸੀ ਸ਼ੋਸ਼ਣ ਅਤੇ ਕਤਲ ਦਾ ਦੋਸ਼ ਲਗਾਇਆ। 15 ਮਈ ਨੂੰ ਮੇਰਠ ਵਿੱਚ ਇੱਕ ਬੀ ਏ ਦੀ ਵਿਦਿਆਰਥਣ ਨੂੰ ਅਗਵਾ ਕਰਕੇ ਬਲਾਤਕਾਰ ਕੀਤਾ ਗਿਆ ਅਤੇ ਉਸ ਦੀ ਹੱਤਿਆ ਕਰ ਦਿੱਤੀ ਗਈ। ਯੂ ਪੀ ਦਾ ਮੁੱਖ ਮੰਤਰੀ ਸਾਧ ਹੈ।

## ਪਾਠਕ-ਸੱਥ

### ਜਾਨਲੇਵਾ ਬਣਦਾ ਜਾ ਰਿਹਾ ਸਟਰੀਟ ਫੂਡ

ਅੱਜ ਸਾਇੰਸ ਤੇ ਟੈਕਨੋਲੋਜੀ ਦਾ ਜ਼ਮਾਨਾ ਹੈ।ਸਟ੍ਰੀਟ ਫੂਡ ਅਜਿਹਾ ਭੋਜਨ ਹੈ ਜੋ ਸਾਨੂੰ ਸਵਾਦ ਵਿੱਚ ਤਾਂ ਵਧੀਆ ਲੱਗਦਾ ਹੈ, ਪ੍ਰੰਤੂ ਉਸ ਵਿੱਚ ਪੋਸ਼ਟਿਕਤਾ ਦੀ ਘਾਟ ਹੁੰਦੀ ਹੈ। ਚਾਟ, ਗੋਲਗੱਪੇ, ਸਮੋਸੇ, ਬੇਲ ਪੂੜੀ, ਪਾਪੜ , ਪੈਟੀਜ, ਬਰਗਰ, ਮੋਮੋਜ ਆਦਿ ਹੋਰ ਤਰ੍ਹਾਂ ਤਰ੍ਹਾਂ ਦੇ ਸਨੈਕਸ ਸੁਆਦ ਦੇ ਕਾਰਨ ਲੋਕਾਂ ਨੂੰ ਆਪਣੀ ਆਪਣੇ ਵੱਲ ਖਿੱਚਦੇ ਹਨ। ਅਕਸਰ ਬੱਚੇ ਇਹਨਾਂ ਸਟ੍ਰੀਟ ਫੂਡ ਨੂੰ ਬਹੁਤ ਪਸੰਦ ਕਰਦੇ ਹਨ। ਰਿਫਾਇੰਡ ਤੇਲ ਤੇ ਤਰ੍ਹਾਂ ਤਰ੍ਹਾਂ ਦੇ ਮਸਾਲਿਆਂ ਨਾਲ ਇਹ ਫੂਡ ਤਿਆਰ ਕੀਤੇ ਜਾਂਦੇ ਹਨ। ਜਿਹੜੇ ਤੇਲਾਂ ਦੀ ਵਰਤੋਂ ਕੀਤੀ ਜਾਂਦੀ ਹੈ ਉਹਨਾਂ ਦੀ ਗੁਣਵੱਤਾ ਸਹੀ ਨਹੀਂ ਹੁੰਦੀ। ਇੱਕ ਵਾਰ ਇਹ ਲੋਕ ਕੜਾਹੀ ਵਿੱਚ ਤੇਲ ਪਾ ਲੈਂਦੇ ਹਨ, ਸਾਰਾ ਦਿਨ ਓਹੀ ਕੜਾਹੀ ਵਿੱਚ ਹੀ ਫੂਡ ਤਿਆਰ ਕਰਕੇ ਲੋਕਾਂ ਨੂੰ ਪਰੋਸਦੇ ਰਹਿੰਦੇ ਹਨ। ਮਾਹਿਰ ਦੱਸਦੇ ਹਨ ਕਿ ਰਿਫਾਇੰਡ ਤੇਲ ਦੀ ਵਾਰ-ਵਾਰ ਵਰਤੋਂ ਨਹੀਂ ਕਰਨੀ ਚਾਹੀਦੀ। ਜੋ ਜਾਨਲੇਵਾ ਹੋ ਸਕਦਾ ਹੈ। ਖਾਣੇ ਨੂੰ ਬਣਾਉਣ ਤੇ ਪਰੋਸਣ ਵਿੱਚ ਸਫਾਈ ਦਾ ਵੀ ਵਿਸ਼ੇਸ਼ ਧਿਆਨ ਨਹੀਂ ਰੱਖਿਆ ਜਾਂਦਾ। ਵਿਦਿਅਕ ਅਦਾਰਿਆਂ ਦੇ ਨੇੜੇ ਤੇੜੇ ਇਹ ਸਟ੍ਰੀਟ ਫ਼ੂਡ ਆਮ ਵਿਕਦੇ ਹਨ। ਇਹਨਾਂ ਫ਼ੂਡਾਂ ਵਿੱਚ ਵਿਟਾਮਿਨ, ਖਣਿਜ, ਪ੍ਰੋਟੀਨ, ਕੈਲਸ਼ੀਅਮ, ਫਾਈਬਰ ਨਹੀਂ ਹੁੰਦਾ। ਬਸ ਇੱਕ ਜੀਭ ਦਾ ਸਵਾਦ ਹੁੰਦਾ ਹੈ।ਅੱਜਕੱਲ ਦੇ ਬੱਚੇ ਸੀਜ਼ਨਲ ਸਬਜ਼ੀਆਂ ,ਫਲ, ਦਾਲਾਂ, ਦੁੱਧ ,ਘਰ ਤੋਂ ਬਣੀਆਂ ਹੋਈਆਂ ਚੀਜ਼ਾਂ ਦੀ ਬਿਲਕੁਲ ਵੀ ਵਰਤੋਂ ਨਹੀਂ ਕਰਦੇ ਹਨ ।ਬਾਹਰ ਦੇ ਖਾਣੇ ਨੂੰ ਜਿਆਦਾ ਤਰਜੀਹ ਦਿੰਦੇ ਹਨ। ਮਾਂ ਪਿਓ ਨੂੰ ਤੰਗ ਪਰੇਸ਼ਾਨ ਕਰਦੇ ਹਨ। ਤੰਗ ਆ ਕੇ ਮਾਂ ਬਾਪ ਫਿਰ ਉਹਨਾਂ ਨੂੰ ਪੈਸੇ ਦੇ ਦਿੰਦੇ ਹਨ । ਸਾਫ਼ ਸਫ਼ਾਈ ਦੀ ਘਾਟ ਤੇ ਵਧਦੇ ਤਾਪਮਾਨ ਕਾਰਨ ਇਹਨਾਂ ਚੀਜ਼ਾਂ ਵਿੱਚ ਬੈਕਟੀਰੀਆ ਆਮ ਹੁੰਦੇ ਹਨ। ਅਕਸਰ ਰੇੜੀਆਂ ਤੇ ਇਹ ਖੁੱਲ੍ਹੇ ਚ ਹੀ ਰੱਖੇ ਹੁੰਦੇ ਹਨ,ਜਿਸ ਕਾਰਨ ਇਹਨਾਂ ਵਿੱਚ ਕੀਟਾਣੂ, ਵਾਇਰਸ ,ਧੂੜ ਮਿੱਟੀ ਆਦਿ ਮਿਲ ਜਾਂਦੇ ਹਨ। ਜਿਹੜਾ ਪਾਣੀ ਵਰਤਿਆ ਜਾਂਦਾ ਹੈ ਉਹ ਵੀ ਕਈ ਵਾਰ ਸਹੀ ਨਹੀਂ ਹੁੰਦਾ। ਜਿਸ ਕਾਰਨ ਅਕਸਰ ਅਸੀਂ ਆਮ ਸੁਣਦੇ ਹਾਂ ਕਿ ਬਾਹਰ ਤੋਂ ਖਾਇਆ ਸੀ, ਫੂਡ ਪੁਆਇਜ਼ਨਿੰਗ ਹੋ ਗਈ। ਜਿਸ ਕਾਰਨ ਪੇਟ ਦਰਦ, ਬੁਖਾਰ ,ਉਲਟੀਆਂ- ਟੱਟੀਆਂ ਵਰਗੀ ਸਮੱਸਿਆਵਾਂ ਨਾਲ ਘਿਰ ਜਾਂਦੇ ਹਾਂ। ਹਰ ਰੋਜ਼ ਅਜਿਹਾ ਭੋਜਨ ਖਾਣ ਨਾਲ ਮੋਟਾਪੇ ਦਾ ਸ਼ਿਕਾਰ ਵੀ ਹੋ ਜਾਂਦੇ ਹਾਂ।ਜਿਸ ਕਾਰਨ ਡੀਹਾਈਡ੍ਰੇਸ਼ਨ ਦੀ ਸਮੱਸਿਆ ਪੈਦਾ ਹੋ ਜਾਂਦੀ ਹੈ। ਮਾਂ ਬਾਪ ਦੀ ਇਹ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਪੋਸਟਿਕ ਭੋਜਨ ਦੇ ਗੁਣਾਂ ਬਾਰੇ ਦੱਸਣ। ਸਟ੍ਰੀਟ ਫੂਡ ਦੇ ਨੁਕਸਾਨ ਬਾਰੇ ਦੱਸਿਆ ਜਾਵੇ। ਅਸੀਂ ਆਪ ਵੀ ਅਜਿਹਾ ਖਾਣਾ ਖਾਣ ਤੋਂ ਗੁਰੇਜ਼ ਕਰੀਏ। ਨੌਜਵਾਨੀ ਕੱਲ ਦਾ ਭਵਿੱਖ ਹੈ। ਅਜਿਹਾ ਫੂਡ ਖਾਣ ਨਾਲ ਸਿਹਤ ਤੇ ਮਾੜਾ ਅਸਰ ਪੈਂਦਾ ਹੈ। ਪਾਚਨ ਤੰਤਰ ਕਮਜ਼ੋਰ ਹੋ ਰਿਹਾ ਹੈ। ਥਕਾਵਟ, ਚਿੜਚਿੜਾਪਣ ਆਮ ਦੇਖਣ ਨੂੰ ਮਿਲ ਰਹੀ ਹੈ। ਆਓ ਅਸੀਂ ਤੰਦਰੁਸਤ ਰਹਿਣ ਲਈ ਪੋਸਟਿਕ ਭੋਜਨ ਖਾਈਏ।

**-ਸੰਜੀਵ ਸਿੰਘ ਸੈਣੀ**, 78889-66168

# ਕਮਿਊਨਿਜ਼ਮ, ਵਰਗ ਸੰਘਰਸ਼ ਅਤੇ ਸਾਡੇ ਸਮੇਂ ਦੀਆਂ ਚੁਣੌਤੀਆਂ



ਡਾ. ਅਰੁਣ ਮਿਤਰਾ

ਕੇਰਲ ਰਾਜ ਵਿੱਚ ਕਮਿਊਨਿਸਟਾਂ ਦੀ ਅਗਵਾਈ ਵਾਲੀ ਇਕੱਲੀ ਸਰਕਾਰ, ਲੈੱਫ਼ਟ ਡੈਮੋਕ੍ਰੈਟਿਕ ਫਰੰਟ (LDF) ਦੀ ਹਾਰ ਨੂੰ ਦੇਖਣਾ ਬਹੁਤ ਹੀ ਦੁਖਦਾਈ ਹੈ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਉਹ ਆਵਾਜ਼ ਲਗਾਤਾਰ ਹਾਸ਼ੀਏ 'ਤੇ ਧੱਕੀ ਜਾ ਰਹੀ ਹੈ, ਜਿਸ ਨੇ ਹਮੇਸ਼ਾਂ ਪੀੜਤ ਅਤੇ ਵਾਂਝੇ ਵਰਗਾਂ — ਮਜ਼ਦੂਰਾਂ, ਖੇਤੀ ਮਜ਼ਦੂਰਾਂ, ਛੋਟੇ ਕਿਸਾਨਾਂ, ਵਿਦਿਆਰਥੀਆਂ, ਨੌਜਵਾਨਾਂ, ਮਹਿਲਾਵਾਂ, ਦਲਿਤਾਂ, ਘੱਟ ਗਿਣਤੀਆਂ ਅਤੇ ਸਮਾਜ ਦੇ ਹੋਰ ਕਮਜ਼ੋਰ ਵਰਗਾਂ ਲਈ ਆਵਾਜ਼ ਉਠਾਈ ਹੈ ।

ਗਲਤ ਜਾਣਕਾਰੀ, ਮੀਡੀਆ ਦੇ ਦੁਰਪ੍ਰਚਾਰ ਅਤੇ ਵਿਆਪਕ ਰਾਜਨੀਤਿਕ ਅਗਿਆਨਤਾ ਦੇ ਪ੍ਰਭਾਵ ਹੇਠ ਇਨ੍ਹਾਂ ਵਰਗਾਂ ਵਿੱਚੋਂ ਕਈ ਲੋਕ ਅਜੇ ਤੱਕ ਪੂਰੀ ਤਰ੍ਹਾਂ ਨਹੀਂ ਸਮਝ ਸਕੇ ਕਿ ਕੀ ਕੁਝ ਵਾਪਰ ਰਿਹਾ ਹੈ । ਉਹ ਇਸ ਦੇ ਨਤੀਜਿਆਂ ਨੂੰ ਤਦੋਂ ਸਮਝਣਗੇ, ਜਦੋਂ ਉਹ ਖੁਦ ਇਸ ਦੀ ਮਾਰ ਸਹਿਣ ਲੱਗਣਗੇ, ਪਰ ਇਤਿਹਾਸ ਇਸ ਗੱਲ ਦੀ ਗਵਾਹੀ ਦੇਵੇਗਾ ਕਿ ਆਜ਼ਾਦੀ ਤੋਂ ਪਹਿਲਾਂ ਅਤੇ ਬਾਅਦ, ਕਮਿਊਨਿਸਟਾਂ ਨੇ ਲਗਾਤਾਰ ਜਨ-ਸੰਘਰਸ਼ਾਂ, ਬੌਧਿਕ ਹਿੱਸੇਦਾਰੀ, ਲੋਕ ਮਸਲਿਆਂ 'ਤੇ ਮੁਹਿੰਮਾਂ ਅਤੇ ਜਨਤਕ ਲਾਮਬੰਦੀ ਰਾਹੀਂ ਭਾਰਤੀ ਰਾਜਨੀਤੀ ਨੂੰ ਡੂੰਘਾਈ ਨਾਲ ਪ੍ਰਭਾਵਤ ਕੀਤਾ।

ਮੀਡੀਆ ਦੇ ਕੁਝ ਹਿੱਸੇ ਅਤੇ ਸੱਜੇ ਪੱਖੀ ਵਿਚਾਰਕ ਵਾਰ-ਵਾਰ ਇਹ ਐਲਾਨ ਕਰਦੇ ਹਨ ਕਿ ਕਮਿਊਨਿਜ਼ਮ ਬੇਮਾਇਨਾ ਹੋ ਚੁੱਕਾ ਹੈ ਅਤੇ ਮਾਰਕਸਵਾਦੀ ਵਿਚਾਰਧਾਰਾ ਦਾ ਅੰਤ ਹੋ ਗਿਆ ਹੈ। ਉਹ ਇਹ ਨਹੀਂ ਸਮਝਦੇ ਕਿ ਜਦੋਂ ਤੱਕ ਪੂੰਜੀਵਾਦ ਮੌਜੂਦ ਹੈ, ਮਜ਼ਦੂਰ ਵਰਗ ਦਾ ਸੰਘਰਸ਼ ਕਿਸੇ ਨਾ ਕਿਸੇ ਰੂਪ ਵਿੱਚ ਜਾਰੀ ਰਹੇਗਾ। ਸ਼ੋਸ਼ਣ ਅਤੇ ਅਸਮਾਨਤਾ ਦੀ ਹਕੀਕਤ 'ਤੇ ਅਧਾਰਤ ਮਾਰਕਸਵਾਦ ਇੰਝ ਹੀ ਖਤਮ ਨਹੀਂ ਹੋ ਸਕਦਾ।

ਇਸ ਦੇ ਨਾਲ ਹੀ ਇਹ ਵੀ ਜ਼ਰੂਰੀ ਹੈ ਕਿ ਕਮਿਊਨਿਸਟ ਪਾਰਟੀਆਂ, ਜਿਨ੍ਹਾਂ ਨੇ ਇਤਿਹਾਸਕ ਤੌਰ 'ਤੇ ਮਿਹਨਤਕਸ਼ ਲੋਕਾਂ ਦੇ ਸੰਘਰਸ਼ਾਂ ਦੀ ਅਗਵਾਈ ਕੀਤੀ ਹੈ, ਬਦਲ ਰਹੀਆਂ ਹਾਲਤਾਂ ਅਤੇ ਮੁਸ਼ਕਲ ਰਾਜਨੀਤਿਕ ਹਕੀਕਤਾਂ ਦੇ ਮੱਦੇਨਜ਼ਰ ਆਪਣੀਆਂ ਰਣਨੀਤੀਆਂ 'ਤੇ ਮੁੜ ਵਿਚਾਰ ਕਰਨ ਅਤੇ ਉਨ੍ਹਾਂ ਨੂੰ ਨਵਾਂ ਰੂਪ ਦੇਣ।

ਇਹ ਬਹੁਤ ਔਖੇ ਸਮੇਂ ਹਨ । ਜਿਵੇਂ ਕੋਈ ਮਾਹਰ ਸਰਜਨ ਇੱਕ ਗੰਭੀਰ ਅਪਰੇਸ਼ਨ ਦੌਰਾਨ ਸ਼ਾਂਤੀ, ਸਪੱਸ਼ਟਤਾ ਅਤੇ ਤੁਰੰਤ ਫ਼ੈਸਲੇ ਨਾਲ ਕੰਮ ਕਰਦਾ ਹੈ, ਉਸੇ ਤਰ੍ਹਾਂ ਸਾਨੂੰ ਵੀ ਹਰ ਕਦਮ ਦੀ ਸੋਚ-ਸਮਝ ਕੇ ਯੋਜਨਾ ਬਣਾਉਂਦੇ ਹੋਏ ਅਤੇ ਉਭਰ ਰਹੀਆਂ ਚੁਣੌਤੀਆਂ ਦਾ ਤੁਰੰਤ ਜਵਾਬ ਦਿੰਦੇ ਹੋਏ ਧੀਰਜ, ਸਪੱਸ਼ਟ ਸੋਚ ਅਤੇ ਤਤਪਰਤਾ ਨਾਲ ਕੰਮ ਕਰਨਾ ਹੋਵੇਗਾ।

ਇਤਿਹਾਸ ਬਦਲਦੀਆਂ ਸਮਾਜਿਕ ਅਤੇ ਰਾਜਨੀਤਕ ਹਾਲਤਾਂ ਦਾ ਗਵਾਹ ਹੈ। ਇੱਕ ਸਮਾਂ ਸੀ ਜਦੋਂ ਕਮਿਊਨਿਸਟਾਂ ਨੇ ਆਜ਼ਾਦੀ ਅੰਦੋਲਨ ਵਿੱਚ ਸ਼ਾਨਦਾਰ ਭੂਮਿਕਾ ਨਿਭਾਈ ਅਤੇ ਬਾਅਦ ਵਿੱਚ ਹਾਸ਼ੀਏ 'ਤੇ ਰਹਿੰਦੇ ਲੋਕਾਂ ਲਈ ਸਮਾਜਿਕ-ਆਰਥਿਕ ਹੱਕ ਸੁਨਿਸਚਿਤ ਕੀਤੇ।

ਇਹ ਵੀ ਸੱਚ ਹੈ ਕਿ ਬੁਰਜੂਆ ਪਾਰਟੀਆਂ ਕੋਲ ਬੇਹੱਦ ਵੱਡੇ ਵਿੱਤੀ ਸਰੋਤ ਹਨ, ਜਿਨ੍ਹਾਂ ਦਾ ਉਹ ਚੋਣੀ ਜੰਗਾਂ ਦੌਰਾਨ ਆਕਰਮਕ ਤਰੀਕੇ ਨਾਲ ਇਸਤੇਮਾਲ ਕਰਦੀਆਂ ਹਨ। ਮੌਜੂਦਾ ਸਮੇਂ ਵਿੱਚ ਮੁੱਖ ਸੱਤਾਧਾਰੀ ਪਾਰਟੀ ਆਪਣੇ ਕਾਰਪੋਰੇਟ ਸਾਥੀਆਂ ਰਾਹੀਂ ਮੁੱਖ ਮੀਡੀਆ 'ਤੇ ਲਗਭਗ ਪੂਰਾ ਕਬਜ਼ਾ ਰੱਖਦੀ ਹੈ। ਅਜਿਹੀਆਂ ਹਾਲਤਾਂ ਵਿੱਚ ਕਮਿਊਨਿਸਟਾਂ ਨੂੰ ਇੱਕ ਭਰੋਸੇਯੋਗ ਵਿਕਲਪਕ ਆਰਥਿਕ ਦ੍ਰਿਸ਼ਟੀਕੋਣ ਅਤੇ ਵਿਕਾਸ ਦਾ ਇੱਕ ਹੋਰ ਮਾਡਲ ਪੇਸ਼ ਕਰਨਾ ਹੋਵੇਗਾ। ਇਹ ਵਿਚਾਰ ਲਗਾਤਾਰ ਅਤੇ ਧੀਰਜਪੂਰਵਕ ਜ਼ਮੀਨੀ ਕੰਮ ਰਾਹੀਂ ਦੇਸ਼ ਭਰ ਵਿੱਚ ਫੈਲਾਏ ਜਾਣੇ ਚਾਹੀਦੇ ਹਨ।

ਲੋਕਾਂ ਦੇ ਮਸਲੇ ਸਿਹਤ ਸੇਵਾਵਾਂ, ਸਿੱਖਿਆ, ਬੇਰੁਜ਼ਗਾਰੀ, ਮਜ਼ਦੂਰਾਂ ਦੇ ਹੱਕ, ਕਿਸਾਨਾਂ ਦੇ ਸੰਘਰਸ਼, ਮਹਿਲਾਵਾਂ, ਘੱਟ ਗਿਣਤੀਆਂ ਅਤੇ ਹੋਰ ਕਮਜ਼ੋਰ ਵਰਗਾਂ ਦੇ ਹੱਕ ਨੂੰ ਵਿਵਸਥਿਤ ਅਤੇ ਲਗਾਤਾਰ ਢੰਗ ਨਾਲ ਉਠਾਇਆ ਜਾਣਾ ਚਾਹੀਦਾ ਹੈ । ਕਮਿਊਨਿਸਟ ਅੰਦੋਲਨ ਦਾ ਮੂਲ ਅਧਾਰ ਵਰਗ ਸੰਘਰਸ਼ ਹੈ । ਇਸ ਦਾ ਮਤਲਬ ਹੈ ਕਿ ਪੂੰਜੀ ਦੀ ਤਾਕਤ ਰਾਹੀਂ ਮਨੁੱਖ ਵੱਲੋਂ ਮਨੁੱਖ ਦੇ ਸ਼ੋਸ਼ਣ ਦਾ ਅੰਤ।

ਹਰ ਸਮਾਜ ਦੀਆਂ ਆਪਣੀਆਂ ਜਟਿਲਤਾਵਾਂ ਹੁੰਦੀਆਂ ਹਨ ਅਤੇ ਵਰਗ ਸੰਘਰਸ਼ ਨਾਲ ਜੁੜੇ ਲੋਕਾਂ ਨੂੰ ਉਨ੍ਹਾਂ ਨੂੰ ਸਮਝਦਾਰੀ ਨਾਲ ਸੰਭਾਲਣਾ ਸਿੱਖਣਾ ਹੋਵੇਗਾ। ਪੂੰਜੀਪਤੀ ਵਰਗ, ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ 'ਚ ਪੂੰਜੀਵਾਦ ਦੀਆਂ ਸਪੱਸ਼ਟ ਨਾਕਾਮੀਆਂ ਦੇ ਬਾਵਜੂਦ ਕਮਿਊਨਿਸਟਾਂ ਦੀ ਛਵੀ ਖਰਾਬ ਕਰਨ ਲਈ ਕਈ ਤਰੀਕੇ ਵਰਤਦਾ ਰਹੇਗਾ।ਇਸ ਦੇ ਉਲਟ ਵਿਗਿਆਨਕ ਸਮਾਜਵਾਦ ਅੱਜ ਵੀ ਮਿਹਨਤਕਸ਼ ਲੋਕਾਂ ਦੀ ਮੁਕਤੀ ਵੱਲ ਰਸਤਾ ਦਿਖਾਉਂਦਾ ਹੈ। ਫਿਰ ਵੀ ਦੁਨੀਆ ਭਰ ਵਿੱਚ ਕਮਿਊਨਿਸਟ ਅੰਦੋਲਨਾਂ ਨੂੰ ਕਮਜ਼ੋਰ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਇਸੇ ਤਰ੍ਹਾਂ ਦਾ ਇੱਕ ਵਿਕਾਸ ਐੱਨ ਜੀ ਓ ਸੱਭਿਆਚਾਰ ਦਾ ਉਭਾਰ ਹੈ। ਕਈ ਗੈਰ-ਸਰਕਾਰੀ ਸੰਸਥਾਵਾਂ ਮਹੱਤਵਪੂਰਨ ਮਸਲਿਆਂ 'ਤੇ ਕੰਮ ਕਰਦੀਆਂ ਹੋਈਆਂ ਹੌਲੀ-ਹੌਲੀ ਵਰਗ ਸੰਘਰਸ਼ ਦੀ ਧਾਰਨਾ ਤੋਂ ਦੂਰ ਹੋ ਗਈਆਂ ਹਨ। ਕਈ ਮਾਮਲਿਆਂ ਵਿੱਚ ਉਹ ਆਪਣੇ ਸੰਚਾਲਕਾਂ ਲਈ ਕੇਵਲ ਰੋਜ਼ੀ-ਰੋਟੀ ਦਾ ਸਾਧਨ ਬਣ ਕੇ ਰਹਿ ਗਈਆਂ ਹਨ। ਫੰਡਿੰਗ ਦਾ ਪ੍ਰਭਾਵ ਉਨ੍ਹਾਂ ਨੂੰ ਵਿਗਿਆਨਕ ਸਮਾਜਵਾਦ ਦੇ ਰਸਤੇ ਤੋਂ ਹਟਾ ਕੇ ਟੁਕੜੇ-ਟੁਕੜੇ ਅਤੇ ਸੀਮਿਤ ਹਸਤਖੇਪਾਂ ਤੱਕ ਸੀਮਿਤ ਕਰ ਦਿੰਦਾ ਹੈ, ਬਜਾਏ ਇਸ ਦੇ ਕਿ ਉਹ ਵਿਆਪਕ ਸਮਾਜਿਕ ਬਦਲਾਅ ਵੱਲ ਵਧਣ।

ਪਿਛਲੇ ਕੁਝ ਦਹਾਕਿਆਂ ਵਿੱਚ ਪਹਿਚਾਣ ਆਧਾਰਤ ਰਾਜਨੀਤੀ (Identity Politics) ਵੀ ਕਾਫ਼ੀ ਵਧੀ ਹੈ। ਇਸ ਨਾਲ ਵਰਗ ਆਧਾਰਿਤ ਜਨ-ਸੰਗਠਨ ਕਮਜ਼ੋਰ ਹੋਏ ਹਨ ਅਤੇ ਅੰਤ ਵਿੱਚ ਇਸ ਦਾ ਲਾਭ ਪੂੰਜੀਵਾਦੀ ਸ਼ਾਸਕ ਵਰਗ ਨੂੰ ਮਿਲਿਆ ਹੈ। ਭਾਰਤ ਵਿੱਚ ਅਸੀਂ ਵੇਖਿਆ ਹੈ ਕਿ ਧਾਰਮਿਕ, ਜਾਤੀ ਆਧਾਰਿਤ, ਨਸਲੀ ਅਤੇ ਇੱਥੋਂ ਤੱਕ ਕਿ ਦਲਿਤ ਪਹਿਚਾਣ ਦੀ ਰਾਜਨੀਤੀ ਨੇ ਵੀ ਕਈ ਮਾਮਲਿਆਂ ਵਿੱਚ ਪੂੰਜੀਵਾਦੀ ਤਾਕਤ ਨੂੰ ਹੋਰ ਮਜ਼ਬੂਤ ਕੀਤਾ ਹੈ। ਅਜਿਹੇ ਅੰਦੋਲਨਾਂ ਵਿੱਚੋਂ ਨਿਕਲੇ ਅਗਵਾਹੀ ਕਰਨ ਵਾਲਿਆਂ ਨੇ ਅਕਸਰ ਆਪਣੇ ਹੀ ਹਿੱਤ ਸੁਰੱਖਿਅਤ ਕੀਤੇ, ਜਦਕਿ ਢਾਂਚਾਗਤ ਸ਼ੋਸ਼ਣ ਜਿਉਂ ਦਾ ਤਿਉਂ ਕਾਇਮ ਰਿਹਾ।

ਇਸ ਦਾ ਇਹ ਅਰਥ ਨਹੀਂ ਕਿ ਪੀੜਤ ਜਾਤੀਆਂ, ਘੱਟ ਗਿਣਤੀਆਂ ਜਾਂ ਹੋਰ ਹਾਸ਼ੀਏ 'ਤੇ ਰਹਿੰਦੇ ਲੋਕਾਂ ਦੇ ਹੱਕਾਂ ਨੂੰ ਨਜ਼ਰਅੰਦਾਜ਼ ਕੀਤਾ ਜਾਵੇ । ਇਸ ਦੇ ਉਲਟ ਕਮਿਊਨਿਸਟਾਂ ਦੀ ਇਤਿਹਾਸਕ ਜ਼ਿੰਮੇਵਾਰੀ ਹੈ ਕਿ ਉਹ ਸਮਾਜ ਦੇ ਸਾਰੇ ਸ਼ੋਸ਼ਿਤ ਵਰਗਾਂ ਦੀ ਰੱਖਿਆ ਅਤੇ ਵਿਕਾਸ ਲਈ ਸੰਘਰਸ਼ ਕਰਨ। ਭਾਰਤ ਵਰਗੇ ਦੇਸ਼ਾਂ ਵਿੱਚ ਕਥਿਤ ਨੀਵੀਆਂ ਜਾਤੀਆਂ ਅਤੇ ਘੱਟ ਗਿਣਤੀਆਂ ਦੇ ਹੱਕਾਂ ਦੀ ਮਜ਼ਬੂਤੀ ਨਾਲ ਰੱਖਿਆ ਹੋਣੀ ਚਾਹੀਦੀ ਹੈ, ਪਰ ਇਹ ਸੰਘਰਸ਼ ਵਿਆਪਕ ਵਰਗ ਸੰਘਰਸ਼ ਦੇ ਢਾਂਚੇ ਵਿੱਚ ਜੋੜੇ ਜਾਣੇ ਚਾਹੀਦੇ ਹਨ।

ਕਮਿਊਨਿਸਟ ਪਾਰਟੀਆਂ ਨੂੰ ਲੈਨਿਨਵਾਦੀ ਅਸੂਲਾਂ ਦੇ ਅਧਾਰ 'ਤੇ ਆਪਣੇ ਸੰਗਠਨਾਂ ਨੂੰ ਮਜ਼ਬੂਤ ਅਤੇ ਸੁਚਾਰੂ ਬਣਾਉਣਾ ਹੋਵੇਗਾ ਅਤੇ ਯੋਗ ਅਤੇ ਉਭਰਦੇ ਨੌਜਵਾਨ ਕੇਡਰਾਂ ਲਈ ਵਧੇਰੇ ਥਾਂ ਤਿਆਰ ਕਰਨੀ ਹੋਵੇਗੀ। ਦੁਨੀਆ ਭਰ ਵਿੱਚ ਉੱਚ ਅਹੁਦਿਆਂ 'ਤੇ ਬੈਠੇ ਲੋਕ ਅਕਸਰ ਅਗਵਾਹੀ ਨੌਜਵਾਨ ਪੀੜ੍ਹੀ ਨੂੰ ਸੌਂਪਣ ਤੋਂ ਹਿਚਕਚਾਉਂਦੇ ਹਨ। ਇਸ ਨਾਲ ਅੰਦੋਲਨ ਦਾ ਲੋਕਾਂ, ਖਾਸ ਕਰਕੇ ਨੌਜਵਾਨਾਂ ਨਾਲ ਸੰਪਰਕ ਕਮਜ਼ੋਰ ਹੋ ਜਾਂਦਾ ਹੈ ਅਤੇ ਸੰਗਠਨਾਤਮਕ ਜੀਵੰਤਾ ਹੌਲੀ-ਹੌਲੀ ਘਟਦੀ ਜਾਂਦੀ ਹੈ।

ਮਜ਼ਦੂਰ ਵਰਗ ਆਪਣਾ ਸੰਘਰਸ਼ ਜਾਰੀ ਰੱਖੇਗਾ, ਭਾਵੇਂ ਕਈ ਵਾਰ ਇਹ ਸੰਘਰਸ਼ ਬਿਨਾਂ ਦਿਸ਼ਾ ਦੇ ਅਤੇ ਮਨਚਾਹੇ ਨਤੀਜਿਆਂ ਤੋਂ ਵਾਂਝੇ ਹੋਣ। ਕਮਿਊਨਿਸਟਾਂ ਨੇ ਇਤਿਹਾਸਕ ਤੌਰ 'ਤੇ ਅਨੁਸ਼ਾਸਿਤ, ਉਦੇਸ਼ਪੂਰਨ ਅਤੇ ਬਦਲਾਅਕਾਰੀ ਸੰਘਰਸ਼ ਦਾ ਰਸਤਾ ਦਿਖਾਇਆ ਹੈ।

ਇਸ ਲਈ ਇਹ ਨਿਰਾਸ਼ ਹੋਣ ਦਾ ਸਮਾਂ ਨਹੀਂ । ਇਹ ਸਮਾਂ ਹੈ ਮੁੜ ਸੋਚਣ ਦਾ, ਮੁੜ ਸੰਗਠਿਤ ਹੋਣ ਦਾ ਅਤੇ ਆਉਣ ਵਾਲੇ ਸੰਘਰਸ਼ਾਂ ਲਈ ਨਵੀਆਂ ਰਣਨੀਤੀਆਂ ਅਤੇ ਤਕਨੀਕਾਂ ਤਿਆਰ ਕਰਨ ਦਾ।

**# ਸੰਪਰਕ : 94170-00360**

# ਜੈ ਜਵਾਨ, ਜੈ ਕਿਸਾਨ, ਜੈ ਵਿਗਿਆਨ

**ਸੁਖਪਾਲ ਸਿੰਘ ਗਿੱਲ**

ਆਪਣੇ ਦੇਸ਼ ਤੋਂ ਵੱਧ ਕੇ ਆਪਣਾ ਕੋਈ ਨਿਕਟ ਸੰਬੰਧੀ ਅਤੇ ਮਿੱਤਰ ਨਹੀਂ ਹੁੰਦਾ । ਉਧਰ ਦੇਸ਼ ਭਗਤ ਦਾ ਖੂਨ ਸੁਤੰਤਰਤਾ ਅਤੇ ਪ੍ਰਭੂਸੱਤਾ ਦੇ ਰੁੱਖ ਦਾ ਬੀਜ ਹੁੰਦਾ ਹੈ। ਇਹ ਵੀ ਸੱਚ ਹੈ ਕਿ ਭੁੱਖੇ ਢਿੱਡ ਨਾਲ ਦੇਸ਼ ਭਗਤ ਨਹੀਂ ਬਣਿਆ ਜਾ ਸਕਦਾ। ਦੇਸ਼ ਦੀ ਰਾਖੀ ਲਈ ਚਾਰੇ ਪਾਸਿਓਂ ਅਤੇ ਸਾਰੇ ਪੱਖਾਂ ਤੋਂ ਘੇਰਾਬੰਦੀ ਜ਼ਰੂਰੀ ਹੁੰਦੀ ਹੈ। ਇਸੇ ਲਈ ਕੋਈ ਸਿਧਾਂਤ ਪੇਸ਼ ਕਰਨ ਲਈ ਪਿੱਛੇ ਵੱਡੀ ਵਿਰਾਸਤ ਹੁੰਦੀ ਹੈ। ਕਹਾਵਤ ਵੀ ਹੈ ਕਿ ਸਿਧਾਂਤ ਪੇਸ਼ ਕਰਨ ਲਈ ਪਹਿਲਾਂ ਇਸ ਦੇ ਨਤੀਜਿਆਂ ਬਾਰੇ ਸੋਚਿਆ ਜਾਂਦਾ ਹੈ। ਇਸ ਲਈ ਇਹ ਪੁਖਤਾ ਬਣਦੇ ਹਨ। ਗੱਲ ਕਰੀਏ ਜੈ ਜਵਾਨ , ਜੈ ਕਿਸਾਨ, ਜੈ ਵਿਗਿਆਨ ਦੇ ਸਫਰ ਦੀ ।

ਗੁਲਾਮੀ ਦੇ ਜੁੱਲੜ ਲਾਹੁਣ ਤੋਂ ਬਾਅਦ ਦੇਸ਼ ਕਈ ਤਰ੍ਹਾਂ ਦੇ ਦੌਰਾਂ ਵਿੱਚੋਂ ਲੰਘਿਆ। ਆਜ਼ਾਦੀ ਤੋਂ ਬਾਅਦ ਤਿੰਨ ਜੰਗਾਂ 1962 ਵਿੱਚ ਚੀਨ ਨਾਲ , 1965 ਵਿੱਚ ਪਾਕਿਸਤਾਨ ਨਾਲ ਅਤੇ 1971 ਵਿੱਚ ਪਾਕਿਸਤਾਨ ਨਾਲ ਲੜੀਆਂ ਗਈਆਂ । ਨਤੀਜਾ ਠੀਕ ਰਿਹਾ, ਪਰ ਫਿਰ ਵੀ ਕਈ ਪੱਖਾਂ ਤੋਂ ਲੋੜ ਮਹਿਸੂਸ ਕੀਤੀ, ਜੋ ਸਮੇਂ ਦੀ ਚਾਲ ਨਾਲ ਪੂਰੀ ਕੀਤੀ ਜਾਂਦੀ ਰਹੀ। ਦੇਸ਼ ਨੂੰ ਬਾਹਰੀ ਅਤੇ ਅੰਦਰੂਨੀ ਸੁਰੱਖਿਆ ਦੀ ਬੇਹੱਦ ਲੋੜ ਸੀ। ਭੁੱਖਮਰੀ ਤੋਂ ਬਚਾ ਕੇ ਅਤੇ ਦੁਸ਼ਮਣ ਤੋਂ ਬਚਾ ਕੇ ਰੱਖਣਾ ਰਾਜਨੀਤਕ ਵਰਗ ਦਾ ਮੁੱਢਲਾ ਫਰਜ਼ ਹੈ। ਇਸ ਦੇ ਨਾਲ ਹਰ ਦੇਸ਼ ਵਾਸੀ ਦਾ ਵੀ ਇਹੀ ਫਰਜ਼ ਹੈ । ਜਿਹਦੀ ਕੋਠੀ ਦਾਣੇ ਓਹਦੇ ਕਮਲੇ ਵੀ ਸਿਆਣੇ ਦੇ ਸਿਧਾਂਤ ਅਨੁਸਾਰ 1970 ਦੇ ਨੇੜੇ-ਤੇੜੇ ਹਰੀ ਕ੍ਰਾਂਤੀ ਨੇ ਦੇਸ਼ ਨੂੰ ਅਨਾਜ ਪੱਖੋਂ ਆਤਮ ਨਿਰਭਰ ਕੀਤਾ। ਸਮੇਂ ਅਨੁਸਾਰ ਇਸ ਦੀ ਏਨੀ ਲੋੜ ਸੀ ਕਿ ਇਸ ਦੇ ਉਸ ਸਮੇਂ ਨਾਂਹ ਪੱਖੀ ਪ੍ਰਭਾਵ ਵਿਚਾਰੇ ਹੀ ਨਹੀਂ ਗਏ। ਇਸ ਨਾਲ ਅਨਾਜ ਪੱਖੋਂ ਦੇਸ਼ ਦੇ ਭੰਡਾਰ ਭਰ ਦਿੱਤੇ ਗਏ। ਇਹਨਾਂ ਪਿੱਛੇ ਕਿਸਾਨ ਦੀ ਸਖ਼ਤ ਮਿਹਨਤ ਅਤੇ ਭਾਵਨਾ ਸੀ। ਤਿੰਨ ਜੰਗਾਂ ਦੇ ਝੰਬਿਆਂ ਨੂੰ ਬਾਹਰੀ ਬਚਾਓ ਲਈ ਜਵਾਨ ਦੀ ਤਾਕਤ ਦੀ ਲੋੜ ਸੀ। ਇਸ ਸਭ ਕਾਸੇ ਨੂੰ ਦੇਖਦੇ ਹੋਏ ਤੱਤਕਾਲੀ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੇ ਦਿੱਲੀ ਦੇ ਰਾਮ ਲੀਲ੍ਹਾ ਗਰਾਊਂਡ ਵਿੱਚ ਜੈ ਜਵਾਨ, ਜੈ ਕਿਸਾਨ ਦਾ ਨਾਅਰਾ ਦਿੱਤਾ। ਇਸ ਨਾਅਰੇ ਨਾਲ ਦੇਸ਼ ਦਾ ਕਿਸਾਨ ਅਤੇ ਜਵਾਨ ਉਤਸੁਕ ਹੋਇਆ ਅਤੇ ਉਤਸ਼ਾਹ ਨਾਲ ਦੇਸ਼ ਪ੍ਰੇਮ ਵਿੱਚ ਜੁੱਟ ਗਿਆ। ਨਾਲ ਹੀ ਦੇਸ਼ ਹਰ ਪੱਖੋਂ ਆਤਮ ਨਿਰਭਰ ਹੋਣ ਦੀ ਰਾਹ ਪਿਆ। ਇਹ ਨਾਅਰਾ ਭਾਰਤ ਦੀ ਰੂਹ ਲਈ ਰਾਮ ਬਾਣ ਸਾਬਤ ਹੋਇਆ।

ਭਾਰਤ ਸਰਕਾਰ ਨੇ ਕਿਸਾਨਾਂ ਲਈ ਤਿੰਨ ਕਾਨੂੰਨ ਬਣਾਏ। ਬਣਾਉਣ ਵਾਲਾ ਕਹਿੰਦਾ ਕਿ ਇਹਨਾਂ ਦਾ ਫਾਇਦਾ ਹੈ, ਜਿਨ੍ਹਾਂ ਲਈ ਬਣਾਏ ਉਹ ਕਹਿੰਦੇ ਸਾਡੇ ਲਈ ਨੁਕਸਾਨ ਹੈ। ਇਹ ਵਰਤਾਰਾ ਅੰਦੋਲਨ ਵਿੱਚ ਬਦਲ ਗਿਆ। ਆਖਰ ਸਮੇਂ ਦੀ ਸਰਕਾਰ ਨੇ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਨ 'ਤੇ ਇਹ ਕਾਨੂੰਨ ਵਾਪਸ ਲੈ ਲਏ, ਕਿਸਾਨੀ ਭਾਵਨਾਵਾਂ ਦੀ ਕਦਰ ਕਰਕੇ ਜੈ ਕਿਸਾਨ ਕਰ ਦਿੱਤਾ। ਸਮੇਂ ਦਾ ਹਾਣੀ ਬਣਨਾ ਜ਼ਰੂਰੀ ਹੈ। ਅੱਜ ਦੇ ਵਿਗਿਆਨਕ ਯੁੱਗ ਵਿੱਚ ਅਟਲ ਬਿਹਾਰੀ ਵਾਜਪਾਈ ਨੇ ਪੋਖਰਨ ਵਿੱਚੋਂ ਉਪਜੇ ਵਿਗਿਆਨ ਨੂੰ ਜੈ ਜਵਾਨ, ਜੈ ਕਿਸਾਨ, ਜੈ ਵਿਗਿਆਨ ਤਹਿਤ ਲੜੀ ਵਿੱਚ ਪਰੋ ਕੇ ਵਾਧਾ ਕੀਤਾ। ਇਸ ਦੀ ਸਮੇਂ ਅਨੁਸਾਰ ਭਾਰੀ ਲੋੜ ਸੀ। ਵਿਗਿਆਨ ਨਾਲ ਦੁਸ਼ਮਣ ਨੂੰ ਭਜਾਉਣਾ ਸੌਖਾ ਹੋ ਗਿਆ। ਮਾਨਸਿਕ ਅਤੇ ਸਮਾਜਿਕ ਵਿਕਾਸ ਲਈ ਗਿਆਨ ਦੇ ਨਾਲ ਵਿਗਿਆਨ ਦਾ ਹੋਣਾ ਵੀ ਜ਼ਰੂਰੀ ਹੈ । ਵਿਗਿਆਨ ਕਈ ਬਿਮਾਰੀਆਂ ਦਾ ਹੱਲ ਕਰਦਾ ਹੈ।ਚੰਦਰ ਸ਼ੇਖਰ ਵੈਂਕਟਾਰਮਨ ਵਿਗਿਆਨੀ ਨੇ ਸੁਨੇਹਾ ਦਿੱਤਾ ਸੀ ਵਿਗਿਆਨ ਦਾ ਸਾਰ ਉਪਕਰਨ ਨਹੀਂ, ਸਗੋਂ ਸੁਤੰਤਰ ਸੋਚ ਅਤੇ ਮਿਹਨਤ ਹੈ । ਇਸ ਨਵੇਂ ਨਾਅਰੇ ਨਾਲ ਪ੍ਰੋਫੈਸਰ ਮੋਹਨ ਸਿੰਘ ਦੀ ਕਾਵਿਕ ਰਚਨਾ ਮੂੰਹੋਂ ਨਿਕਲਦੀ ਹੈ: 'ਆਓ ਹਿੰਦੀਏ ਹਲ ਛੋਹੀਏ , ਕੋਈ ਇਸ਼ਕ ਦਾ ਤਿਖੜਾ ਤਾਲ ਵਲੇ, ਪਰਦੇ ਚਾਈਏ ਘੂੰਗਟ ਲਾਹੀਏ, ਨੱਚੀਏ ਨਾਲੋ-ਨਾਲ ਵਲੇ, ਦੇਸ਼ ਪਿਆਰ ਦੀ ਮਦਰਾ ਪੀ ਕੇ , ਹੋਈਏ ਮਸਤ ਬੇਹਾਲ ਵਲੇ।' ਇਸ ਨਾਅਰੇ ਨੇ ਇਸ ਤੱਥ ਨੂੰ ਪੁਖਤਾ ਹੈ ਕਿ ਨਾਅਰੇ , ਲੋਕ ਤੱਥ ਅਤੇ ਸਾਹਿਤ ਸਮੇਂ ਦੇ ਹਾਲਾਤ ਅਤੇ ਆਲੇ-ਦੁਆਲੇ ਦੇ ਵਾਤਾਵਰਨ ਵਿੱਚੋਂ ਉਪਜਦੇ ਹਨ। ਇਸੇ ਲਈ ਜੈ ਜਵਾਨ ਤੋਂ ਜੈ ਵਿਗਿਆਨ ਤੱਕ ਦਾ ਪੈਂਡਾ ਸਮੇਂ ਦੇ ਹਾਲਤਾਂ 'ਤੇ ਨਿਰਭਰ ਹੋ ਕੇ ਆਪ-ਮੁਹਾਰੇ ਹੀ ਉਪਜਿਆ।

ਸਾਡੇ ਜਵਾਨਾਂ ਅਤੇ ਗਿਆਨਵਾਨ ਦੇਸ਼ ਵਾਸੀਆਂ ਨੂੰ ਇਸ ਨਾਅਰੇ ਨੇ ਜੋਸ਼ ਵਰਧਕ ਕੀਤਾ । ਅੱਜ ਇਹਨਾਂ ਦੇ ਜ਼ਿਹਨ ਵਿੱਚ ਇੱਕ ਹੀ ਗੱਲ ਹੈ ਕਿ ਇਹ ਕਥਨ 'ਹੇਲ' ਦੇ ਨੁਕਤੇ ਨੂੰ ਪਿੰਡੇ 'ਤੇ ਹੰਢਾ ਰਹੇ ਹਨ। ਕਥਨ ਹੈ ਕਿ ਮੈਨੂੰ ਕੇਵਲ ਇਹ ਹੀ ਅਫਸੋਸ ਹੈ ਕਿ ਮੇਰੇ ਪਾਸ ਦੇਸ਼ ਤੋਂ ਵਾਰਨ ਲਈ ਕੇਵਲ ਇੱਕ ਹੀ ਜੀਵਨ ਹੈ । ਸਾਡੇ ਜਵਾਨ ਕਿਸਾਨ ਹਾਲਾਤ ਤੋਂ ਭੱਜਦੇ ਨਹੀਂ, ਸਗੋਂ ਇਹਨਾਂ ਦੇ ਮਨ ਵਿੱਚ ਇਹ ਗੱਲ ਖਾਸ ਘਰ ਕਰ ਗਈ ਹੈ ਕਿ ਹਾਲਾਤ ਦਾ ਸਾਮ੍ਹਣਾ ਬਹਾਦਰੀ ਤੇ ਦਿਲ ਨਾਲ ਹੋਵੇਗਾ। ਇਹ ਨਾਅਰਾ ਜਦੋਂ ਜੰਗ ਦੇ ਦਿਨਾਂ ਵਿੱਚੋਂ ਗੁਜ਼ਰਦਾ ਹੈ ਤਾਂ ਦੇਸ਼ ਪ੍ਰੇਮ ਦੀ ਤਾਨ ਆਪਣੇ ਸ਼ੀਨੇ ਛਿੜਨ ਲੱਗਦੀ ਹੈ। ਸ਼ਹੀਦਾਂ ਦੀ ਯਾਦ ਅਤੇ ਤਾਬੂਤ ਦੇਖ ਕੇ ਇਹ ਸੁਨੇਹਾ ਯਾਦ ਆਉਂਦਾ ਹੈ: ਹਿੰਦ ਵਾਸੀਓ ਰੱਖਣਾ ਯਾਦ ਸਾਨੂੰ , ਕਿਤੇ ਦਿਲਾਂ ਤੋਂ ਨਾ ਭੁੱਲਾ ਦੇਣਾ , ਖਾਤਰ ਵਤਨ ਦੀ ਲੱਗੇ ਹਾਂ ਚੜ੍ਹਨ ਫਾਂਸੀ , ਸਾਨੂੰ ਦੇਖ ਕੇ ਨਾ ਘਬਰਾ ਜਾਣਾ ਕਿਸਾਨ ਅਤੇ ਜਵਾਨ ਹਮੇਸ਼ਾ ਆਸ਼ਾਵਾਦੀ ਰਹਿੰਦੇ ਹਨ। ਇੱਕ ਖੇਤੀਬਾੜੀ ਕਰਦਾ ਹੈ, ਦੂਜਾ ਦੇਸ਼ ਦੀ ਰਾਖੀ ਕਰਦਾ ਹੈ। ਕਿਸਾਨ ਦਾ ਟੀਚਾ ਫ਼ਸਲ ਨੂੰ ਘਰ ਲਿਆਉਣਾ ਅਤੇ ਸਾਂਭਣਾ ਹੈ, ਜਦ ਕਿ ਜਵਾਨ ਦਾ ਟੀਚਾ ਦੇਸ਼ ਨੂੰ ਦੁਸ਼ਮਣ ਤੋਂ ਬਚਾ ਕੇ ਰੱਖਣਾ ਹੈ। ਦੋਵੇਂ ਜ਼ੋਖਮ ਹੰਢਾ ਕੇ ਅੰਦਰੂਨੀ ਅਤੇ ਬਾਹਰੀ ਸੁਰੱਖਿਆ ਦਿੰਦੇ ਹਨ । ਵਿਗਿਆਨ ਦਾ ਟੀਚਾ ਹੈ ਕਿ ਦੋਵਾਂ ਨੂੰ ਸਹੀ ਦਿਸ਼ਾ -ਨਿਰਦੇਸ਼ ਦੇਣੇ। ਅਸਲ ਸ਼ਬਦਾਂ ਵਿੱਚ ਕਿਹਾ ਜਾ ਸਕਦਾ ਹੈ ਕਿ ਜਿਨ੍ਹਾਂ ਚਾਹਤ ਨਾਲ ਜੋਖਮ ਉਠਾਉਣ ਦਾ ਫੈਸਲਾ ਕੀਤਾ ਹੈ, ਉਹ ਹੀ ਸੱਚਾ ਜਵਾਨ ਅਤੇ ਕਿਸਾਨ ਹੈ। ਜਵਾਨ ਅਤੇ ਕਿਸਾਨ ਆਪਣੇ ਨਿੱਜੀ ਸਵਾਰਥ ਅਤੇ ਮੁਫਾਦਾਂ ਤੋਂ ਉਪਰ ਉਠ ਕੇ ਆਪਣੇ ਕਿੱਤੇ ਅਤੇ ਕਰਮ ਵਿੱਚ ਖੁੱਭੇ ਰਹਿੰਦੇ ਹਨ। ਦੋਵੇਂ ਜਮਾਤਾਂ ਅਜਿਹੀਆਂ ਹਨ, ਜੋ ਆਪਣੀ ਕਿਸਮਤ ਅਤੇ ਤਕਦੀਰ ਆਪ ਘੜਦੀਆਂ ਹਨ । ਜ਼ਿੰਮਾ ਵੀ ਆਪ ਹੀ ਲੈਂਦੀਆਂ ਹਨ। ਹਰ ਭਾਰਤੀ ਜੋ ਜਵਾਨ ਅਤੇ ਕਿਸਾਨ ਦੀ ਸ਼ਾਨ ਨੂੰ ਉੱਚੀ ਨਹੀਂ ਕਰਦਾ, ਉਹ ਅਸੱਭਿਅਕ ਹੈ। ਹਰ ਭਾਰਤੀ ਦਾ ਫ਼ਰਜ਼ ਹੈ ਕਿ ਦੇਸ਼ ਦੇ ਜਵਾਨ ਅਤੇ ਕਿਸਾਨ ਨੂੰ ਸੱਚੇ ਸਮਝ ਕੇ ਇਨ੍ਹਾਂ ਦਾ ਆਦਰ-ਮਾਣ ਕਰਨਾ । ਇਹ ਵੀ ਸਮਝਣਾ ਚਾਹੀਦਾ ਹੈ ਕਿ ਪ੍ਰਸਥਿਤੀਆਂ ਦੇ ਅਸਰ ਤੋਂ ਕੋਈ ਵੀ ਬਚ ਨਹੀਂ ਸਕਦਾ । ਕਿਸਾਨ ਅਤੇ ਜਵਾਨ ਦੋਵੇਂ ਕੌਮਾਂ ਕਾਨੂੰਨ ਦੀਆਂ ਅਤੇ ਦੇਸ਼ ਪ੍ਰੇਮ ਦੀਆਂ ਭਾਵਨਾਵਾਂ ਨੂੰ ਸਮਝ ਕੇ ਆਪਣੇ ਨਿਸ਼ਾਨੇ ਦੀ ਪ੍ਰਾਪਤੀ ਅਤੇ ਪੂਰਤੀ ਕਰਦੀਆਂ ਹਨ। ਅਗਿਆਤ ਨੇ ਕਿਹਾ ਸੀ -ਜਿਸ ਦੇ ਦਿਲ ਵਿੱਚ ਦੇਸ਼ ਦਾ ਦਰਦ ਨਹੀਂ , ਮੈਂ ਤੇ ਕਹਾਂਗਾ ਕਿ ਓਹ ਇਨਸਾਨ ਹੀ ਨਹੀਂ, ਜਿਸ ਦੀ ਮਾਂ ਦੀਆਂ ਮੀਂਢੀਆਂ ਗੈਰ ਪੁੱਟਣ, ਬਾਪ ਆਪਣੇ ਦੀ ਉਹ ਸੰਤਾਨ ਹੀ ਨਹੀਂ ।

**# ਸੰਪਰਕ : 98781-11445**

# ਭਰੋਸੇ ਦੇ ਸੰਕਟ 'ਚ ਪ੍ਰੀਖਿਆ ਪ੍ਰਣਾਲੀ



ਡਾ. ਸਤਿੰਦਰ ਸਿੰਘ

ਦੇਸ਼ ਦੇ ਮੈਡੀਕਲ ਕਾਲਜਾਂ ਵਿੱਚ ਐੱਮ ਬੀ ਬੀ ਐੱਸ ਦੇ ਦਾਖਲੇ ਲਈ 03 ਮਈ ਨੂੰ ਆਯੋਜਿਤ ਹੋਈ ਦੇਸ਼ ਦੀ ਬੇਹੱਦ ਮਹੱਤਵਪੂਰਨ ਨੀਟ ( ਰਾਸ਼ਟਰੀ ਯੋਗਤਾ ਅਤੇ ਦਾਖਲਾ ਟੈਸਟ) ਪ੍ਰੀਖਿਆ ਗੜਬੜੀਆਂ ਦੀਆਂ ਖਬਰਾਂ ਕਾਰਨ ਰੱਦ ਹੋਣ ਤੋਂ ਬਾਅਦ 21 ਜੂਨ ਨੂੰ ਦੁਬਾਰਾ ਕਰਵਾਉਣ ਦਾ ਐਲਾਨ ਹੋਣ ਤੋਂ ਬਾਅਦ 22 ਲੱਖ ਤੋਂ ਵੱਧ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਦੇ ਮਨਾਂ ਵਿੱਚ ਇੱਕ ਹੀ ਪ੍ਰਸ਼ਨ ਉੱਠ ਰਿਹਾ ਹੈ ਕਿ ਇਹ ਪ੍ਰੀਖਿਆ ਪਾਰਦਰਸ਼ੀ ,ਨਿਰਪੱਖ ਅਤੇ ਇਮਾਨਦਾਰੀ ਨਾਲ ਸੁਚੱਜੇ ਢੰਗ ਨਾਲ ਆਯੋਜਿਤ ਹੋਵੇਗੀ ਜਾਂ ਇਸ ਦਾ ਵੀ ਹਸ਼ਰ ਪਹਿਲਾਂ ਵਰਗੇ ਟੈਸਟ ਵਾਂਗ ਹੋਵੇਗਾ । ਇਸ ਸਮੇਂ ਵਿਦਿਆਰਥੀ ਅਤੇ ਮਾਪੇ ਬੇਹੱਦ ਤਣਾਪੂਰਨ ਸਥਿਤੀ ਵਿੱਚੋਂ ਗੁਜਰ ਰਹੇ ਹਨ।

ਸਾਡੇ ਦੇਸ਼ ਵਿੱਚ ਡਾਕਟਰੀ ਦੇ ਕਿੱਤੇ ਨੂੰ ਪਵਿੱਤਰ ਅਤੇ ਸਤਿਕਾਰ ਪੇਸ਼ਾ ਮੰਨਿਆ ਜਾਂਦਾ ਹੈ । ਭਾਰਤ ਵਿੱਚ ਡਾਕਟਰੀ ਸਿੱਖਿਆ ਨੂੰ ਸਭ ਤੋਂ ਜ਼ਿੰਮੇਵਾਰ ਖੇਤਰਾਂ ਵਿੱਚ ਇੱਕ ਗਿਣਿਆ ਜਾਂਦਾ ਹੈ । ਦੇਸ਼ ਦੇ ਰੋਸ਼ਨ ਦਿਮਾਗ ਲੱਖਾਂ ਵਿਦਿਆਰਥੀ ਹਰ ਸਾਲ ਐਮ ਬੀ ਬੀ ਐਸ ਦੀ ਡਿਗਰੀ ਵਿੱਚ ਦਾਖਲਾ ਲੈ ਕੇ ਡਾਕਟਰ ਬਣਨ ਦਾ ਸੁਪਨਾ ਦੇਖਦੇ ਹਨ। ਉਹ ਇਸ ਸੁਪਨੇ ਨੂੰ ਸਾਕਾਰ ਕਰਨ ਲਈ ਸਖ਼ਤ ਮਿਹਨਤ, ਲਗਨ ਅਤੇ ਸਮਰਪਣ ਨਾਲ ਤਿਆਰੀ ਕਰਦੇ ਹਨ । ਇਸ ਲਈ ਉਹ ਆਪਣੀ ਜਵਾਨੀ ਸਮੇਂ ਦੀਆਂ ਖੁਸ਼ੀਆਂ, ਸਰੀਰਕ ਖੇਡਾਂ, ਤਿਉਹਾਰ ਮਨਾਉਣ ਦੇ ਚਾਅ, ਰਿਸ਼ਤੇਦਾਰੀ ਅਤੇ ਪਰਿਵਾਰਕ ਸਮਾਗਮ, ਦੋਸਤਾਂ-ਮਿੱਤਰਾਂ ਨਾਲ ਹੁੰਦੀ ਮੌਜ-ਮਸਤੀ ਆਦਿ ਇਹਨਾਂ ਸਭ ਦਾ ਤਿਆਗ ਕਰਦੇ ਹਨ । ਮਾਪਿਆਂ ਵੱਲੋਂ ਆਪਣੀ ਜ਼ਿੰਦਗੀ ਭਰ ਦੀ ਜਮ੍ਹਾਂ ਕੀਤੀ ਪੂੰਜੀ ਦੇ ਲੱਖਾਂ ਰੁਪਏ ਬੱਚਿਆਂ ਦੇ ਉਜਵਲ ਭਵਿੱਖ ਲਈ ਨੀਟ ਦੀ ਤਿਆਰੀ ਲਈ ਕੋਚਿੰਗ ਸੈਂਟਰਾਂ, ਹੋਸਟਲ, ਨੋਟਸ ,ਟੈਸਟ ਸੀਰੀਜ਼ ਲਈ ਲਗਾ ਦਿੱਤੀ ਜਾਂਦੀ ਹੈ ਕਿ ਬੱਚੇ ਦਾ ਭਵਿੱਖ ਉਜਵਲ ਹੋਏਗਾ ਅਤੇ ਉਹ ਡਾਕਟਰੀ ਦਾ ਪਵਿੱਤਰ ਪੇਸ਼ਾ ਅਪਣਾਏਗਾ । ਨੀਟ ਦੀ ਸੰਜੀਦਗੀ ਨਾਲ ਤਿਆਰੀ ਕਰਦੇ ਬਹੁ-ਗਿਣਤੀ ਵਿਦਿਆਰਥੀਆਂ ਦੇ ਘਰਾਂ ਵਿੱਚ ਜੰਗ ਦੀ ਤਿਆਰੀ ਵਰਗਾ ਮਾਹੌਲ ਹੁੰਦਾ ਹੈ ।

ਇਸ ਲਈ ਵਿਦਿਆਰਥੀਆਂ ਦਾ ਸਵੇਰੇ ਸੂਰਜ ਚੜ੍ਹਨ ਤੋਂ ਕਾਫੀ ਸਮਾਂ ਪਹਿਲੇ ਉੱਠਣਾ, ਦੇਰ ਰਾਤ ਨੂੰ ਸੌਣਾ, ਕਮਰੇ ਦੀਆਂ ਦੀਵਾਰਾਂ ਉੱਤੇ ਲੱਗੇ ਨੋਟਿਸ, ਅੱਖਾਂ ਵਿੱਚ ਨੀਂਦ, ਸਰੀਰਕ ਥਕਾਵਟ, ਦਿਮਾਗ ਵਿੱਚ ਡਰ ਅਤੇ ਤਨਾਅ ਨੀਟ ਦੀ ਸੰਜੀਦਗੀ ਨਾਲ ਤਿਆਰੀ ਕਰਦੇ ਹਰ ਵਿਦਿਆਰਥੀ ਵਿੱਚ ਆਮ ਦੇਖਿਆ ਜਾ ਸਕਦਾ ਹੈ। ਵਿਦਿਆਰਥੀ ਨੋਟਸ, ਕਿਤਾਬਾਂ ਅਤੇ ਮੌਕ ਟੈਸਟ ਦੇ ਚੱਕਰ ਵਿੱਚ ਘਿਰ ਜਾਂਦਾ ਹੈ। ਯੋਗ ਵਿਦਿਆਰਥੀ ਦੀ ਰੋਜ਼ਾਨਾ 14-16 ਘੰਟੇ ਦੀ ਪੜ੍ਹਾਈ, ਜ਼ਿੰਦਗੀ ਦੇ ਸੁਨਹਿਰੀ ਪਲਾਂ ਦਾ ਤਿਆਗ, ਜਿੱਥੇ ਉੱਜਵਲ ਭਵਿੱਖ ਲਈ ਕਰਦਾ ਹੈ,ਉੱਥੇ ਉਮੀਦ ਕਰਦਾ ਹੈ ਕਿ ਇਹ ਪ੍ਰੀਖਿਆ ਨਿਰਪੱਖਤਾ ,ਪਾਰਦਰਸ਼ਤਾ ਅਤੇ ਭਰੋਸੇਯੋਗ ਹੋਵੇਗੀ ਅਤੇ ਸਮੁੱਚੀ ਪ੍ਰਕਿਰਿਆ ਇਮਾਨਦਾਰੀ ਨਾਲ ਮੁਕੰਮਲ ਹੋਵੇਗੀ।

ਪਰੰਤੂ 2-3 ਸਾਲ ਦੀ ਕਠਿਨ ਮਿਹਨਤ ਤੋਂ ਬਾਅਦ ਪ੍ਰੀਖਿਆ ਮੁਕੰਮਲ ਹੋਣ ਤੋਂ ਬਾਅਦ ਜਦੋਂ ਵਿਦਿਆਰਥੀ ਕੁਝ ਆਰਾਮ ਕਰਨ ਅਤੇ ਦੋਸਤਾਂ, ਮਿੱਤਰਾਂ ਅਤੇ ਪਰਵਾਰ ਨਾਲ ਕੁਝ ਮੌਜ-ਮਸਤੀ ਦੀ ਤਿਆਰੀ ਕਰ ਰਿਹਾ ਹੁੰਦਾ ਹੈ ਤਾਂ ਅਚਾਨਕ ਪੇਪਰ ਲੀਕ, ਧੋਖਾਧੜੀ ਜਾਂ ਅਣਗਹਿਲੀ ਵਰਗੀ ਖਬਰ ਆਉਂਦੀ ਹੈ ਤਾਂ ਵਿਦਿਆਰਥੀ ਦਾ ਪੂਰਾ ਸਿਸਟਮ ਤੋਂ ਭਰੋਸਾ ਹੀ ਉੱਠ ਜਾਂਦਾ ਹੈ। ਇਸ ਨਾਲ ਯੋਗ ਵਿਦਿਆਰਥੀਆਂ ਨਾਲ ਅਨਿਆ ਹੁੰਦਾ ਹੈ, ਉਹਨਾਂ ਦੀ ਉਮੀਦ ਹਨੇਰੇ ਵਿੱਚ ਚਲੀ ਜਾਂਦੀ ਹੈ ।'ਪੇਪਰ ਰੱਦ ਹੋ ਗਿਆ' ਇਹ ਚਾਰ ਸ਼ਬਦ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਬੇਹੱਦ ਮਾਨਸਿਕ ਤਣਾਅ ਅਤੇ ਬਹੁਤ ਵੱਡੇ ਸਦਮੇ ਵੱਲ ਲੈ ਕੇ ਜਾਣ ਲਈ ਕਾਫੀ ਹਨ । ਪਿਛਲੇ ਦਿਨੀ ਆਈਆਂ ਰਿਪੋਰਟਾਂ ਅਨੁਸਾਰ ਦਿੱਲੀ, ਗੋਆ, ਯੂ ਪੀ ਅਤੇ ਰਾਜਸਥਾਨ ਦੇ ਚਾਰ ਹੋਣਹਾਰ ਵਿਦਿਆਰਥੀਆਂ ਨੇ ਤਾਂ ਨੀਟ ਪ੍ਰੀਖਿਆ ਰੱਦ ਹੋਣ ਦੀ ਖਬਰ ਤੋਂ ਹੋਏ ਮਾਨਸਿਕ ਤਣਾਅ ਕਾਰਨ ਆਪਣੀ ਜ਼ਿੰਦਗੀ ਤੱਕ ਖਤਮ ਕਰ ਲਈ।

ਨੀਟ 2026 ਵਿਚ ਗੜਬੜੀਆਂ ਸਾਹਮਣੇ ਆਉਣ ਤੋਂ ਬਾਅਦ ਦੇਸ਼ ਦੇ ਨੌਜਵਾਨਾਂ ਵਿੱਚ ਸਰਕਾਰ ਅਤੇ ਖਾਸ ਤੌਰ 'ਤੇ ਜ਼ਿੰਮੇਵਾਰ ਸੰਸਥਾ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਦੇ ਪ੍ਰਤੀ ਭਾਰੀ ਗੁੱਸਾ ਦੇਖਣ ਨੂੰ ਮਿਲ ਰਿਹਾ ਹੈ । ਸਾਲ 2018 ਵਿੱਚ ਐੱਨ ਟੀ ਏ ਦੀ ਸਥਾਪਨਾ ਦਾ ਉਦੇਸ਼ ਪਾਰਦਰਸ਼ੀ ,ਕੁਸ਼ਲ ਅਤੇ ਨਿਰਪੱਖ ਦਾਖਲਾ ਪ੍ਰਕਿਰਿਆ ਇਸ ਦੀ ਬੁਨਿਆਦੀ ਪਹਿਲ ਸੀ, ਜਿਸ ਤਹਿਤ ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਖਾਸ ਤੌਰ 'ਤੇ ਨੀਟ, ਜੇ ਈ ਈ, ਯੂ ਜੀ ਸੀ ਨੈਟ ਵਰਗੀਆਂ ਮਹੱਤਵਪੂਰਨ ਦਾਖਲਾ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਆਯੋਜਿਤ ਕਰਨਾ ਸੀ।

ਸਾਲ 2018 ਵਿੱਚ ਵੀ ਨੀਟ ਟੈਸਟ ਕੁਝ ਕੇਂਦਰਾਂ ਵਿੱਚ ਗਲਤ ਪ੍ਰਸ਼ਨ ਪੱਤਰ ਦੇਣ ਕਾਰਨ ਵਿਵਾਦਾਂ ਵਿੱਚ ਰਿਹਾ, ਫਿਰ 2024 ਦਾ ਨੀਟ ਲੀਕ ਅਤੇ ਗੜਬੜੀਆਂ ਕਾਰਨ ਐੱਨ ਟੀ ਏ ਦੀ ਕਾਰਜ ਪ੍ਰਣਾਲੀ ਸਵਾਲਾਂ ਦੇ ਘੇਰੇ ਵਿੱਚ ਆਈ। ਕੁਝ ਕੇਂਦਰਾਂ ਵਿੱਚ ਪ੍ਰੀਖਿਆ ਦੁਬਾਰਾ ਆਯੋਜਿਤ ਕੀਤੀ ਗਈ। ਦੇਸ਼ ਦੀ ਸਰਵ ਉੱਚ ਅਦਾਲਤ ਤੱਕ ਨੂੰ ਦਖਲ ਦੇਣਾ ਪਿਆ। ਲੋਕ ਸਭਾ ਵਿੱਚ ਵੀ ਹੰਗਾਮਾ ਹੋਇਆ, ਪ੍ਰੰਤੂ ਸਬਕ ਫਿਰ ਵੀ ਨਹੀਂ ਸਿੱਖਿਆ ਅਤੇ 2026 ਵਿੱਚ ਉਸ ਤੋਂ ਵੀ ਵੱਡੀ ਲਾਪਰਵਾਹੀ ਸਾਹਮਣੇ ਆਈ, ਜਿਸ ਨੇ ਹੋਣਹਾਰ ਨੌਜਵਾਨਾਂ ਅਤੇ ਬੁੱਧੀਜੀਵੀ ਵਰਗ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਵਿਦਿਆਰਥੀਆਂ ਨੂੰ ਇਸ ਤਰ੍ਹਾਂ ਮਹਿਸੂਸ ਹੋ ਰਿਹਾ ਕਿ ਹੁਣ ਉਨ੍ਹਾਂ ਦੀ ਮਿਹਨਤ ਸੁਰੱਖਿਅਤ ਨਹੀਂ ਰਹੀ।

ਪਿਛਲੇ 12 ਸਾਲ ਤੋਂ ਮੈਡੀਕਲ ਦਾਖਲਾ ਪ੍ਰਕਿਰਿਆ ਨੂੰ ਬਹੁਤ ਨੇੜੇ ਤੋਂ ਦੇਖਣ 'ਤੇ ਮਹਿਸੂਸ ਹੋਇਆ ਹੈ ਕਿ ਇਹ ਦਾਖਲਾ ਪ੍ਰਕਿਰਿਆ ਹਰ ਸਾਲ ਕਿਸੇ ਨਾ ਕਿਸੇ ਵਿਵਾਦ ਨਾਲ ਜ਼ਰੂਰ ਜੁੜ ਜਾਂਦੀ ਹੈ। ਪ੍ਰਸ਼ਨ ਪੱਤਰ ਲੀਕ, ਕੌਂਸਲਿੰਗ ਪ੍ਰਕਿਰਿਆ, ਰਾਖਵੇਂਕਰਨ ਦੀ ਦੋਸ਼ਪੂਰਨ ਨੀਤੀ,ਪ੍ਰਸ਼ਨ ਪੱਤਰਾਂ ਵਿੱਚ ਗੜਬੜੀ ਆਦਿ ਵਰਗੀਆਂ ਗੱਲਾਂ ਆਮ ਹੋ ਚੁੱਕੀਆਂ ਹਨ, ਜਿਸ ਦਾ ਖਮਿਆਜ਼ਾ ਵਿਦਿਆਰਥੀ ਅਤੇ ਮਾਪੇ ਭੁਗਤਦੇ ਹਨ ।ਅਨੇਕਾਂ ਵਾਰ ਮਾਣਯੋਗ ਸੁਪਰੀਮ ਕੋਰਟ ਨੂੰ ਵੀ ਦਖਲ ਦੇਣਾ ਪਿਆ ਹੈ। ਹਰ ਸਾਲ 22-24 ਲੱਖ ਵਿਦਿਆਰਥੀ ਨੀਟ ਪ੍ਰੀਖਿਆ ਦਿੰਦੇ ਹਨ । ਏਨੀ ਵੱਡੀ ਗਿਣਤੀ ਲਈ ਮਿਆਰੀ ਪ੍ਰਸ਼ਨ ਪੱਤਰ ਤਿਆਰ ਕਰਨਾ, ਉਨ੍ਹਾਂ ਦੀ ਛਪਾਈ, ਪੈਕਿੰਗ ਅਤੇ ਕੇਂਦਰਾਂ ਤੱਕ ਪਹੁੰਚਾਉਣ ਲਈ ਆਵਾਜਾਈ ਵਰਗੇ ਕੰਮਾਂ ਵਿੱਚ ਹਜ਼ਾਰਾਂ ਲੋਕ ਜੁੜ ਜਾਂਦੇ ਹਨ। ਕਿਸੇ ਇੱਕ ਵਿਅਕਤੀ ਦਾ ਲਾਲਚ ਪੂਰੇ ਸਿਸਟਮ ਨੂੰ ਬਰਬਾਦ ਕਰ ਦਿੰਦਾ ਹੈ ।ਮੌਜੂਦਾ ਤਕਨੋਲੋਜੀ ਦੇ ਦੌਰ ਵਿੱਚ ਇੰਟਰਨੈੱਟ ਅਤੇ ਸੋਸ਼ਲ ਮੀਡੀਆ ਰਾਹੀਂ ਪ੍ਰੀਖਿਆ ਸਮੱਗਰੀ ਮਿੰਟਾਂ ਵਿੱਚ ਹੀ ਲੱਖਾਂ ਲੋਕਾਂ ਤੱਕ ਪਹੁੰਚ ਜਾਂਦੀ ਹੈ।

ਮੈਡੀਕਲ ਸਿੱਖਿਆ ਦੀ ਕੋਚਿੰਗ ਅਰਬਾਂ ਰੁਪਏ ਦਾ ਵਪਾਰ ਬਣ ਚੁੱਕਿਆ ਹੈ। ਪ੍ਰਾਈਵੇਟ ਮੈਡੀਕਲ ਕਾਲਜਾਂ ਦੀ ਫੀਸ 75 ਲੱਖ ਤੋਂ 1.25 ਕਰੋੜ ਤੱਕ ਪਹੁੰਚ ਚੁੱਕੀ ਹੈ। ਅਜਿਹੇ ਹਾਲਾਤ ਵਿੱਚ ਮੋਟੀ ਰਕਮ ਦਾ ਲਾਲਚ ਕਿਸੇ ਨੂੰ ਵੀ ਆਪਣੇ ਨਾਲ ਜੋੜਨ ਦੀ ਸਮਰੱਥਾ ਰੱਖਦਾ ਹੈ।

ਦੇਸ਼ ਦੇ 824 ਮੈਡੀਕਲ ਕਾਲਜਾਂ ਵਿੱਚ 129603 ਐੱਮ ਬੀ ਬੀ ਐੱਸ ਦੀਆਂ ਸੀਟਾਂ ਲਈ 22 ਲੱਖ ਵਿਦਿਆਰਥੀ ਨੀਟ ਪ੍ਰੀਖਿਆ ਵਿੱਚ ਬੈਠਦੇ ਹਨ ।ਏਨਾ ਸਖਤ ਮੁਕਾਬਲਾ ਹੋਣ ਕਾਰਨ ਵਿਦਿਆਰਥੀ ਅਤੇ ਮਾਪੇ ਸਭ ਕੁਝ ਦਾਅ 'ਤੇ ਲਗਾ ਦਿੰਦੇ ਹਨ ।62 ਹਜ਼ਾਰ ਦੇ ਕਰੀਬ ਸਰਕਾਰੀ ਕਾਲਜਾਂ ਵਿੱਚ ਸੀਟਾਂ ਲਈ ਫੀਸ ਘੱਟ ਹੋਣ ਕਾਰਨ ਮੁਕਾਬਲਾ ਕਿਤੇ ਵਧ ਜਾਂਦਾ ਹੈ। ਨੀਟ ਦੇ ਕੁੱਲ 720 ਅੰਕਾਂ ਵਿੱਚੋਂ ਘੱਟੋ-ਘੱਟ 600 ਅੰਕ ਪ੍ਰਾਪਤ ਕਰਨ ਵਾਲੇ ਦੀ ਹੀ ਸਰਕਾਰੀ ਸੀਟ ਸੰਭਵ ਹੈ, ਜਦਕਿ ਬਾਕੀ 65 ਤੋਂ 70 ਹਜ਼ਾਰ ਸੀਟਾਂ ਲਈ ਪ੍ਰਾਈਵੇਟ ਕਾਲਜਾਂ ਅਤੇ ਡੀਮਡ ਯੂਨੀਵਰਸਿਟੀਆਂ ਮਨਚਾਹੀ ਫੀਸਾਂ ਅਤੇ ਫੰਡ ਵਸੂਲ ਕਰਦੀਆਂ ਹਨ। ਕਈ ਮੈਡੀਕਲ ਸੰਸਥਾਵਾਂ ਦੀ ਐੱਮ ਬੀ ਬੀ ਐੱਸ ਦੀ ਡਿਗਰੀ ਕਰਨ ਦੀ ਕੁੱਲ ਫੀਸ 1.25 ਕਰੋੜ ਤੋਂ ਵੀ ਪਾਰ ਕਰ ਚੁੱਕੀ ਹੈ, ਜੋ ਕਿ ਆਮ ਵਿਅਕਤੀ ਦੀ ਪਹੁੰਚ ਤੋਂ ਬਾਹਰ ਹੋ ਚੁੱਕੀ ਹੈ। ਅਜਿਹੀ ਸਥਿਤੀ ਵਿੱਚ ਸਰਕਾਰ, ਐੱਨ ਟੀ ਏ ਅਤੇ ਜ਼ਿੰਮੇਵਾਰ ਏਜੰਸੀਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ, ਉਹ ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਰਦਰਸ਼ਤਾ ਨਾਲ ਫੈਸਲਾ ਲੈਣ, ਧੋਖਾਧੜੀ ਅਤੇ ਗੜਬੜੀਆਂ ਕਰਨ ਵਾਲੇ ਲੋਕਾਂ ਦੀ ਨਿਰਪੱਖਤਾ ਨਾਲ ਪਹਿਚਾਣ ਕਰਕੇ ਉਹਨਾਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਜਲਦ ਤੋਂ ਜਲਦ ਦਿੱਤੀਆਂ ਜਾਣ, ਤਾਂ ਜੋ ਭਵਿੱਖ ਲਈ ਚੰਗੀ ਉਦਾਹਰਨ ਬਣ ਸਕੇ। ਭਵਿੱਖ ਵਿੱਚ ਅਜਿਹੀ ਮੰਦਭਾਗੀ ਘਟਨਾ ਨਾ ਵਾਪਰੇ, ਇਸ ਲਈ ਸਰਕਾਰ ਨੂੰ ਠੋਸ ਅਤੇ ਪਾਰਦਰਸ਼ੀ ਯੋਜਨਾਬੰਦੀ ਦਾ ਐਲਾਨ ਜਲਦ ਕਰਨਾ ਚਾਹੀਦਾ।

ਅਜਿਹੇ ਮੌਕੇ ਵਿਦਿਆਰਥੀਆਂ ਨੂੰ ਮਨੋਵਿਗਿਆਨਿਕ ਸਹਾਇਤਾ ਬੇਹੱਦ ਜ਼ਰੂਰੀ ਹੈ। ਉਹਨਾਂ ਤੱਕ ਸਹੀ ਜਾਣਕਾਰੀ ਅਤੇ ਸਰਕਾਰ ਦੇ ਫੈਸਲੇ ਉਹਨਾਂ ਤੱਕ ਜਲਦ ਪਹੁੰਚਣੇ ਚਾਹੀਦੇ ਹਨ । ਅਫਵਾਹਾਂ 'ਤੇ ਰੋਕਥਾਮ ਲੱਗਣੀ ਚਾਹੀਦੀ ਹੈ,ਤਾਂ ਜੋ ਵਿਦਿਆਰਥੀਆਂ ਦਾ ਮਨੋਬਲ ਅਤੇ ਆਤਮ ਵਿਸ਼ਵਾਸ ਬਣਿਆ ਰਹੇ ।ਇਸ ਮੌਕੇ ਮਾਪਿਆਂ ਅਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਵੀ ਬੇਹੱਦ ਵੱਧ ਜਾਂਦੀ ਹੈ ।ਉਹਨਾਂ ਨੂੰ ਵਿਦਿਆਰਥੀਆਂ ਦਾ ਹੌਸਲਾ ਲਗਾਤਾਰ ਵਧਾਉਣਾ ਚਾਹੀਦਾ ਹੈ ਤਾਂ ਜੋ ਉਹ ਨਿਰਾਸ਼ ਨਾ ਹੋਣ।

ਨੀਟ ਵਰਗੀ ਮਹੱਤਵਪੂਰਨ ਪ੍ਰੀਖਿਆ ਦੇ ਰੱਦ ਹੋਣ ਦਾ ਪ੍ਰਭਾਵ ਸਿਰਫ ਇੱਕ ਪ੍ਰੀਖਿਆ ਤੱਕ ਹੀ ਸੀਮਤ ਨਹੀਂ, ਬਲਕਿ ਇਹ ਲੱਖਾਂ ਵਿਦਿਆਰਥੀਆਂ ਦੇ ਸੁਪਨਿਆਂ, ਮਨੋਬਲ ਅਤੇ ਭਵਿੱਖ ਨਾਲ ਜੁੜ ਜਾਂਦਾ ਹੈ । ਇਸ ਤੋਂ ਇਲਾਵਾ ਦੇਸ਼ ਦੇ ਕਰੋੜਾਂ ਲੋਕਾਂ ਦੀ ਸਿਹਤ ਸੇਵਾਵਾਂ ਦੇ ਭਵਿੱਖ ਦਾ ਵੀ ਸਵਾਲ ਹੈ। ਇਸ ਲਈ ਸਮੁੱਚੀ ਸਿੱਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ, ਭਰੋਸੇਯੋਗਤਾ ਅਤੇ ਵਿਦਿਆਰਥੀ ਹਿੱਤ ਸਭ ਤੋਂ ਵੱਧ ਮਹੱਤਵਪੂਰਨ ਹੋਣੇ ਚਾਹੀਦੇ ਹਨ।

ਉਮੀਦ ਕਰਦੇ ਹਾਂ ਕਿ ਭਵਿੱਖ ਵਿੱਚ ਅਜਿਹੀ ਮੰਦਭਾਗੀ ਘਟਨਾ ਨਾ ਵਾਪਰੇ ।

**# ਸੰਪਰਕ : 98154-27554**

## ਪੰਜਾਬ ਕੈਮਿਸਟ ਐਸੋਸੀਏਸ਼ਨ ਨੇ ਸਿਵਲ ਸਰਜਨ ਫਿਰੋਜ਼ਪੁਰ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਗੁਰਬਚਨ ਸਿੰਘ)**- ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਸੁਬੋਧ ਕੱਕੜ ਅਤੇ ਸੈਕਟਰੀ ਅਸ਼ਵਨੀ ਗਰਗ ਦੀ ਅਗਵਾਈ ਹੇਠ ਫੂਡ ਐਂਡ ਡਰੱਗ ਐਡਮਿਨਿਸਟਰੇਸ਼ਨ ਪੰਜਾਬ ਦੇ ਸੰਯੁਕਤ ਕਮਿਸ਼ਨਰ ਸੰਜੀਵ ਗਰਗ ਦੇ ਨਾਂਅ ਇਕ ਮੰਗ ਪੱਤਰ ਸਿਵਲ ਸਰਜਨ ਮੀਨਾਕਸ਼ੀ ਢੀਂਗਰਾ ਨੂੰ ਸੌਂਪਿਆ ਗਿਆ। ਇਸ ਵਿੱਚ ਐਸੋਸੀਏਸ਼ਨ ਨੇ ਸੂਬਾ ਲਾਇਸੈਂਸਿੰਗ ਅਥਾਰਟੀਆਂ ਵੱਲੋਂ ਬਲਿੰਕਿਟ, ਫਲਿੱਪਕਾਰਟ, ਅਤੇ ਐਮਾਜ਼ੋਨ ਵਰਗੀਆਂ ਆਨਲਾਈਨ ਈ-ਫਾਰਮੇਸੀ ਕੰਪਨੀਆਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਰਿਟੇਲ ਅਤੇ ਹੋਲਸੇਲ ਲਾਇਸੈਂਸ ਜਾਰੀ ਕਰਨ 'ਤੇ ਸਖ਼ਤ ਇਤਰਾਜ਼ ਪ੍ਰਗਟਾਇਆ ਹੈ। ਕੈਮਿਸਟ ਆਗੂਆਂ ਨੇ ਦੋਸ਼ ਲਾਇਆ ਕਿ ਇਹ ਅਮਲ ਨਾਜਾਇਜ਼ ਗਤੀਵਿਧੀਆਂ ਨੂੰ ਸਰਕਾਰੀ ਸ਼ਹਿ ਦੇਣ ਦੇ ਬਰਾਬਰ ਹੈ। ਐਸੋਸੀਏਸ਼ਨ ਦੇ ਸੁਮੇਸ਼ ਗੁੰਬਰ, ਦਰਸ਼ਨ ਲਾਲ ਸਚਦੇਵਾ, ਮੁਕੇਸ਼ ਗੁੰਬਰ ਨੇ ਜਨਤਕ ਸਿਹਤ ਅਤੇ ਦਵਾਈਆਂ ਦੀ ਨਿਯਮਤ ਵੰਡ ਪ੍ਰਣਾਲੀ ਦੀ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਉਨ੍ਹਾਂ ਸਪੱਸ਼ਟ ਕੀਤਾ ਕਿ ਮੌਜੂਦਾ 'ਡਰੱਗਜ਼ ਐਂਡ ਕਾਸਮੈਟਿਕਸ ਐਕਟ ਅਤੇ ਨਿਯਮਾਂ' ਤਹਿਤ ਆਨਲਾਈਨ ਈ-ਫਾਰਮੇਸੀਆਂ ਲਈ ਕੋਈ ਵੀ ਕਾਨੂੰਨੀ ਪ੍ਰਾਵਧਾਨ ਨਹੀਂ ਹੈ। ਕੇਂਦਰ ਸਰਕਾਰ ਅਤੇ 4379 ਵੱਲੋਂ ਵੀ ਵੱਖ-ਵੱਖ ਮਾਨਯੋਗ ਹਾਈ ਕੋਰਟਾਂ ਦੇ ਸਾਹਮਣੇ ਇਹ ਗੱਲ ਸਵੀਕਾਰ ਕੀਤੀ ਜਾ ਚੁੱਕੀ ਹੈ। ਇਸ ਦੇ ਬਾਵਜੂਦ, ਰੈਗੂਲੇਟਰੀ ਅਥਾਰਟੀਆਂ ਦੀ ਨੱਕ ਹੇਠ ਇਹ ਗੈਰ-ਕਾਨੂੰਨੀ ਕਾਰੋਬਾਰ ਸ਼ਰੇਆਮ ਚੱਲ ਰਿਹਾ ਹੈ। ਕੈਮਿਸਟ ਆਗੂਆਂ ਨੇ ਤਕਨੀਕੀ ਪੱਖਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਈ-ਫਾਰਮੇਸੀਆਂ ਨੂੰ ਲਾਇਸੈਂਸ ਜਾਰੀ ਕਰਨਾ ਡਰੱਗਜ਼ ਐਂਡ ਕਾਸਮੈਟਿਕਸ ਨਿਯਮਾਂ ਦੇ ਨਿਯਮ 64 (2) ਦੀ ਸਿੱਧੀ ਉਲੰਘਣਾ ਹੈ। ਇਸ ਨਿਯਮ ਮੁਤਾਬਿਕ ਲਾਇਸੈਂਸ ਦੇਣ ਜਾਂ ਨਵਿਆਉਣ (ਰੀਨਿਊ) ਵੇਲੇ ਅਥਾਰਟੀ ਲਈ ਬਿਨੈਕਾਰ ਦੇ ਪਿਛਲੇ 3 ਸਾਲਾਂ ਦੇ ਕਾਰੋਬਾਰੀ ਰਿਕਾਰਡ ਅਤੇ ਪੇਸ਼ੇ ਦੀ ਜਾਂਚ ਕਰਨਾ ਲਾਜ਼ਮੀ ਹੁੰਦਾ ਹੈ। ਆਨਲਾਈਨ ਕੰਪਨੀਆਂ ਇਹਨਾਂ ਸ਼ਰਤਾਂ ਨੂੰ ਪੂਰਾ ਨਹੀਂ ਕਰਦੀਆਂ, ਫਿਰ ਵੀ ਇਨ੍ਹਾਂ ਨੂੰ ਲਾਇਸੰਸ ਵੰਡੇ ਜਾ ਰਹੇ ਹਨ। ਉਨ੍ਹਾਂ ਆਖਿਆ ਕਿ ਆਨਲਾਈਨ ਕੰਪਨੀਆਂ ਵੱਲੋਂ ਕਾਨੂੰਨ ਨੂੰ ਛਿੱਕੇ ਟੰਗ ਕੇ ਦਵਾਈਆਂ ਵੇਚੀਆਂ ਜਾ ਰਹੀਆਂ ਹਨ। ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ਼ ਕੈਮਿਸਟਸ ਐਂਡ ਡਰੱਗਿਸਟਸ ਅਤੇ ਸੂਬਾ ਸੰਗਠਨ ਪਹਿਲਾਂ ਵੀ ਕਈ ਵਾਰ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਚੇਤਾਵਨੀ ਦੇ ਚੁੱਕੇ ਹਨ। ਇਸ ਮੌਕੇ ਬਲਰਾਮ ਗਰਗ, ਵਿਕਾਸ ਸਾਂਘੀ, ਗੌਰਵ ਅਤੇ ਡਿੰਪੀ ਗੁਪਤਾ ਤੋਂ ਇਲਾਵਾ ਹੋਰ ਹਾਜ਼ਰ ਸਨ।

## ਸਰਕਾਰੀ ਸਕੂਲ ਦੀਆਂ ਬੱਚੀਆਂ ਨੂੰ ਐੱਚ ਪੀ ਵੀ ਵੈਕਸੀਨ ਬਾਰੇ ਕੀਤਾ ਜਾਗਰੂਕ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਸਿਵਲ ਸਰਜਨ ਫਰੀਦਕੋਟ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਫਰੀਦਕੋਟ ਡਾ. ਹੁਸਨ ਪਾਲ ਅਤੇ ਡਾ. ਅਰਸ਼ਦੀਪ ਸਿੰਘ ਬਰਾੜ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਪੀ. ਐਚ. ਸੀ. ਜੰਡ ਸਾਹਿਬ ਦੀ ਯੋਗ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਸ਼ੇਰ ਸਿੰਘ ਵਾਲਾ ਵਿਖੇ ਸਕੂਲ ਦੀਆਂ ਬੱਚੀਆਂ ਨੂੰ ਐਚ.ਪੀ.ਵੀ ਵੈਕਸੀਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਡਾ. ਹੁਸਨ ਪਾਲ ਨੇ ਦੱਸਿਆ ਕਿ ਇਹ ਨਵੀਂ ਐਚ.ਪੀ.ਵੀ ਵੈਕਸੀਨ 14 ਸਾਲ ਦੀ ਲੜਕੀ ਨੂੰ ਇਹ ਵੈਕਸੀਨ ਲੱਗਣੀ ਹੈ, ਭਾਵ ਜਿਸ ਲੜਕੀ ਨੇ ਆਪਣਾ 14ਵਾਂ ਜਨਮ ਦਿਨ ਮਨਾ ਲਿਆ ਹੋਵੇ ਅਤੇ 15ਵਾਂ ਜਨਮ ਦਿਨ ਨਹੀਂ ਮਨਾਇਆ। ਇਹ ਵੈਕਸੀਨ ਲੜਕੀ ਦੇ ਖੱਬੇ ਮੋਢੇ 'ਤੇ ਲਗਾਈ ਜਾਵੇਗੀ। ਇਹ ਵੈਕਸੀਨ ਆਉਣ ਵਾਲੇ ਸਮੇਂ ਵਿੱਚ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਨੂੰ ਰੋਕਣ ਵਿੱਚ ਬਹੁਤ ਸਹਾਈ ਹੋਵੇਗੀ। ਕਿਉਂਕਿ ਇਹ ਕੈਂਸਰ ਔਰਤਾਂ ਵਿੱਚ ਜ਼ਿਆਦਾ ਮਾਤਰਾ ਵਿੱਚ ਹੁੰਦਾ ਹੈ। ਇਹ ਵੈਕਸੀਨ ਸਰਕਾਰੀ ਹਸਪਤਾਲਾਂ ਵਿੱਚ ਸਰਕਾਰ ਵੱਲੋ ਬਿਲਕੁੱਲ ਮੁਫ਼ਤ ਲਗਾਈ ਜਾ ਰਹੀ ਹੈ। ਇਹ ਵੈਕਸੀਨ ਮਾਪਿਆਂ ਦੀ ਸਹਿਮਤੀ ਨਾਲ ਹੀ ਲਗਾਈ ਜਾਵੇਗੀ।

ਇਸ ਮੌਕੇ ਡਾ. ਅਰਸ਼ਦੀਪ ਸਿੰਘ ਬਰਾੜ ਨੇ ਦੱਸਿਆ ਕਿ ਇਹ ਐਚ.ਪੀ.ਵੀ ਵੈਕਸੀਨ ਮਾਰਕੀਟ ਵਿੱਚ ਪ੍ਰਾਈਵੇਟ ਤੌਰ 'ਤੇ ਵੀ ਲਗਾਈ ਜਾ ਰਹੀ ਹੈ ਜਿਸ ਦੀ ਕੀਮਤ ਹਜ਼ਾਰਾਂ ਰੁਪਏ ਵਿੱਚ ਹੈ, ਪਰ ਇਸਦੇ ਉਲਟ ਸਰਕਾਰ ਵੱਲੋ ਇਹ ਵੈਕਸੀਨ ਸਰਕਾਰੀ ਹਸਪਤਾਲ ਵਿੱਚ ਬਿਲਕੁੱਲ ਮੁਫ਼ਤ ਲਗਾਈ ਜਾ ਰਹੀ ਹੈ ਅਤੇ ਜ਼ਿਆਦਾ ਸੁਰੱਖਿਅਤ ਵੀ ਹੈ।

## ਭਾਜਪਾ ਵੱਲੋਂ ਮਲਿਕਾ ਸ਼ਹਿਰੀ ਪ੍ਰਧਾਨ ਤੇ ਅਜੇ ਸੀਕਰੀ ਚੋਣ ਪ੍ਰਚਾਰ ਕਮੇਟੀ ਦੇ ਮੈਂਬਰ ਨਿਯੁਕਤ



**ਕੋਟ ਈਸੇ ਖਾਂ (ਅਰੋੜਾ)**- ਇਥੇ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸਮਸ਼ੇਰ ਸਿੰਘ ਕੈਲਾ ਸਰਕਲ ਪ੍ਰਧਾਨ ਧਰਮਕੋਟ, ਜਗਦੀਸ਼ ਕੁਮਾਰ ਬਾਵਾ ਸਰਕਲ ਪ੍ਰਧਾਨ ਕੋਟ ਈਸੇ ਖਾਂ, ਵਿਕਾਸ ਗਾਬਾ ਸੀਨੀਅਰ ਆਗੂ, ਸੁਸ਼ੀਲ ਅਰੋੜਾ ਜ਼ਿਲ੍ਹਾ ਪ੍ਰਧਾਨ ਵਪਾਰ ਸੈੱਲ, ਗੁਰਨਾਮ ਸਿੰਘ ਮਸੀਤਾਂ ਸੀਨੀ. ਆਗੂ ਤੋਂ ਇਲਾਵਾ ਹੋਰ ਆਗੂਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਮਲਿਕਾ ਸੀਕਰੀ ਨੂੰ (ਮਹਿਲਾ) ਸ਼ਹਿਰੀ ਪ੍ਰਧਾਨ ਭਾਜਪਾ, ਅਜੇ ਸੀਕਰੀ ਨੂੰ ਇਲੈਕਸ਼ਨ ਪ੍ਰਚਾਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ।ਇਸ ਮੌਕੇ ਭਾਜਪਾ ਆਗੂਆਂ ਨੇ ਪਹੁੰਚੇ ਹੋਏ ਵੱਖ-ਵੱਖ ਵਾਰਡਾਂ ਦੇ ਉਮੀਦਵਾਰਾਂ ਨਾਲ ਨਗਰ ਪੰਚਾਇਤ ਦੀਆਂ ਚੋਣਾਂ ਸਬੰਧੀ ਵਿਚਾਰ ਵਟਾਂਦਰੇ ਕੀਤੇ ਤੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਕਿਹਾ।ਉਨ੍ਹਾ ਕਿਹਾ ਕਿ ਲੋਕ ਇਸ ਵਾਰ ਭਾਜਪਾ ਦੇ ਉਮੀਦਵਾਰਾਂ ਨੂੰ ਜਿਤਾਉਣਗੇ, ਕਿਉਂਕਿ ਲੋਕਾਂ ਵਿੱਚ ਭਾਜਪਾ ਨੂੰ ਲੈ ਕੇ ਪੂਰਾ ਉਤਸ਼ਾਹ ਹੈ।ਆਗੂਆਂ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਭਾਜਪਾ ਉਮੀਦਵਾਰਾਂ ਦੇ ਹੱਕ ਵਿੱਚ ਆਪਣੀ ਵੋਟ ਦਾ ਇਸਤੇਮਾਲ ਕਰਨ ਤਾਂ ਜੋ ਉਨ੍ਹਾਂ ਦੇ ਵਾਰਡ ਦਾ ਵੱਧ ਤੋਂ ਵੱਧ ਵਿਕਾਸ ਕਰਵਾਇਆ ਜਾ ਸਕੇ।ਇਸ ਮੌਕੇ ਵਾਰਡ ਨੰ. 1 ਤੋਂ ਉਮੀਦਵਾਰ ਹਰਜੀਤ ਕੌਰ, ਵਾਰਡ ਨੰ. 3 ਤੋਂ ਸਿਮਰਨ ਕੌਰ, ਵਾਰਡ ਨੰ. 4 ਤੋਂ ਸੰਦੀਪ ਬਾਵਾ, ਵਾਰਡ ਨੰ. 6 ਤੋਂ ਸੋਨੂੰ ਪਰਜਾਪਤ, ਵਾਰਡ ਨੰ. 7 ਤੋਂ ਮਮਤਾ ਸ਼ਰਮਾ, ਵਾਰਡ ਨੰ. 8 ਤੋਂ ਲਵਪ੍ਰੀਤ ਸਿੰਘ, ਵਾਰਡ ਨੰ. 9 ਤੋ ਪ੍ਰੀਆ, ਵਾਰਡ ਨੰ. 10 ਤੋਂ ਦਲਬੀਰ ਸਿੰਘ ਬੱਲ, ਵਾਰਡ ਨੰ. 11 ਤੋਂ ਬਲਜੀਤ ਕੌਰ, ਵਾਰਡ ਨੰ. 12 ਤੋਂ ਅਮਨ ਅੱਤਰੀ, ਵਾਰਡ ਨੰ. 13 ਤੋਂ ਜਸਵਿੰਦਰ ਕੌਰ ਤੋਂ ਇਲਾਵਾ ਦਰਸ਼ਨ ਸਿੰਘ ਸੈਕਟਰੀ, ਬਖਸ਼ੀਸ਼ ਸਿੰਘ ਖੋਖਰ, ਰਘਬੀਰ ਸਿੰਘ ਧਰਮਕੋਟ, ਰੋਹਨ ਬਾਵਾ, ਅਕਾਸ਼ ਬਾਵਾ, ਬੰਟੀ, ਭੋਲਾ ਫੋਟੋਗ੍ਰਾਫਰ, ਸਤਵੰਤ ਕੌਰ ਚੀਮਾ ਪ੍ਰਧਾਨ ਮਹਿਲਾ ਮੋਰਚਾ ਤੋਂ ਇਲਾਵਾ ਹੋਰ ਕਈ ਆਗੂ ਤੇ ਵਰਕਰ ਹਾਜ਼ਰ ਸਨ।

## ਸਿਵਲ ਸਰਜਨ ਵੱਲੋਂ ਗਰਮੀ ਦੇ ਪ੍ਰਕੋਪ ਤੋਂ ਬਚਾਅ ਲਈ ਜਾਗਰੂਕਤਾ ਪੋਸਟਰ ਜਾਰੀ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)** : ਵਧ ਰਹੀ ਗਰਮੀ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਆਮ ਲੋਕਾਂ ਨੂੰ ਗਰਮੀ ਦੀ ਲਹਿਰ (ਲੂ) ਦੇ ਪ੍ਰਕੋਪ ਤੋਂ ਬਚਾਉਣ ਲਈ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ।ਇਸੇ ਤਹਿਤ ਡਾ. ਰਮਨਦੀਪ ਸਿੰਗਲਾ ਸਿਵਲ ਸਰਜਨ ਫ਼ਰੀਦਕੋਟ ਵੱਲੋਂ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਪਿੰਡਾਂ ਤੇ ਸ਼ਹਿਰਾਂ ਵਿੱਚ ਲਗਾਤਾਰ ਜਾਗਰੂਕਤਾ ਗਤੀਵਿਧੀਆਂ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਸਿਵਲ ਸਰਜਨ ਦਫ਼ਤਰ ਵਿਖੇ ਗਰਮੀ ਦੀ ਲਹਿਰ ਤੋਂ ਬਚਾਅ ਸਬੰਧੀ ਇੱਕ ਵਿਸ਼ੇਸ਼ ਐਡਵਾਈਜ਼ਰੀ ਤੇ ਜਾਗਰੂਕਤਾ ਪੋਸਟਰ ਵੀ ਜਾਰੀ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਸਹਾਇਕ ਸਿਵਲ ਸਰਜਨ ਡਾ. ਪਰਵਜੀਤ ਸਿੰਘ ਗੁਲਾਟੀ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਮਨਦੀਪ ਕੌਰ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹੁਸਨ ਪਾਲ ਸਿੱਧੂ, ਡਿਪਟੀ ਮਾਸ ਮੀਡੀਆ ਅਫ਼ਸਰ ਸੁਧੀਰ ਧੀਰ, ਡਾ. ਪ੍ਰਭਦੀਪ ਸਿੰਘ ਚਾਵਲਾ ਤੇ ਸੀਨੀਅਰ ਫਾਰਮੇਸੀ ਅਫ਼ਸਰ ਸੁਨੀਲ ਸਿੰਗਲਾ ਮੌਜੂਦ ਸਨ। ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਡਾ. ਸਿੰਗਲਾ ਨੇ ਦੱਸਿਆ ਕਿ ਜਦੋਂ ਮੈਦਾਨੀ ਖੇਤਰਾਂ ਦਾ ਤਾਪਮਾਨ 40 ਡਿਗਰੀ ਸੈਲਸੀਅਸ ਜਾਂ ਇਸ ਤੋਂ ਵੱਧ ਚਲਾ ਜਾਂਦਾ ਹੈ, ਤਾਂ ਉਸ ਸਥਿਤੀ ਨੂੰ 'ਗਰਮੀ ਦੀ ਲਹਿਰ' ਜਾਂ ਲੂ ਕਿਹਾ ਜਾਂਦਾ ਹੈ।ਇਹ ਗਰਮ ਹਵਾਵਾਂ ਸਾਡੇ ਸਰੀਰ, ਖ਼ਾਸ ਕਰਕੇ ਅੱਖਾਂ ਤੇ ਚਮੜੀ ਨੂੰ ਬੁਰੀ ਤਰ੍ਹਾਂ ਝੁਲਸਾ ਦਿੰਦੀਆਂ ਹਨ।ਉਨ੍ਹਾਂ ਦੱਸਿਆ ਕਿ ਜਦੋਂ ਸਰੀਰ ਦਾ ਕੁਦਰਤੀ ਤਾਪਮਾਨ ਨਿਯੰਤਰਣ ਸਿਸਟਮ (ਪਸੀਨਾ ਆਉਣਾ) ਬਹੁਤ ਜ਼ਿਆਦਾ ਗਰਮੀ ਕਾਰਨ ਕੰਮ ਕਰਨਾ ਬੰਦ ਕਰ ਦਿੰਦਾ ਹੈ, ਤਾਂ ਵਿਅਕਤੀ ਹੀਟ ਸਟ੍ਰੋਕ (ਲੂ ਲੱਗਣ) ਦਾ ਸ਼ਿਕਾਰ ਹੋ ਜਾਂਦਾ ਹੈ।ਲੋਕ ਅਕਸਰ ਇਸ ਨੂੰ ਹਲਕੇ ਵਿੱਚ ਲੈਂਦੇ ਹਨ, ਜੋ ਕਿ ਜਾਨਲੇਵਾ ਵੀ ਹੋ ਸਕਦਾ ਹੈ।ਨਵਜੰਮੇ ਤੇ ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਬਜ਼ੁਰਗ, ਖੇਤਾਂ ਜਾਂ ਬਾਹਰ ਕੰਮ ਕਰਨ ਵਾਲੇ ਮਜ਼ਦੂਰ, ਮੋਟਾਪੇ ਤੇ ਪੁਰਾਣੀਆਂ ਬਿਮਾਰੀਆਂ ਤੋਂ ਪੀੜਤ ਵਿਅਕਤੀਆਂ ਨੂੰ ਵੱਧ ਗਰਮੀ ਵਿੱਚ ਬਾਹਰ ਜਾਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾ ਦੱਸਿਆ ਕਿ ਇਸ ਤੋਂ ਬਚਾਅ ਲਈ ਪਿਆਸ ਨਾ ਲੱਗਣ 'ਤੇ ਵੀ ਹਰ ਅੱਧੇ ਘੰਟੇ ਬਾਅਦ ਪਾਣੀ ਪੀਓ, ਬਾਹਰ ਨਿਕਲਣ ਸਮੇਂ ਪਾਣੀ ਦੀ ਬੋਤਲ ਹਮੇਸ਼ਾ ਨਾਲ ਰੱਖੋ।ਗਰਮੀਆਂ ਵਿੱਚ ਹਲਕੇ ਰੰਗ ਦੇ, ਪੂਰੀਆਂ ਬਾਹਾਂ ਵਾਲੇ ਸੂਤੀ ਕੱਪੜੇ ਪਾਓ। ਸਿੱਧੀ ਧੁੱਪ ਤੋਂ ਬਚਣ ਲਈ ਛੱਤਰੀ, ਟੋਪੀ, ਤੌਲੀਆ ਜਾਂ ਦੁਪੱਟੇ ਨਾਲ ਸਿਰ ਢੱਕ ਕੇ ਰੱਖੋ।ਨੰਗੇ ਪੈਰੀਂ ਬਾਹਰ ਨਾ ਨਿਕਲੋ ਤੇ ਹਮੇਸ਼ਾ ਜੁੱਤੀ ਜਾਂ ਚੱਪਲ ਦੀ ਵਰਤੋਂ ਕਰੋ।ਸਰੀਰ ਵਿੱਚ ਪਾਣੀ ਦੀ ਮਾਤਰਾ ਬਣਾਈ ਰੱਖਣ ਲਈ ਤਰਬੂਜ, ਖੀਰੇ, ਟਮਾਟਰ, ਸੰਤਰੇ ਤੇ ਅੰਗੂਰ ਵਰਗੇ ਮੌਸਮੀ ਫਲਾਂ ਤੇ ਸਬਜ਼ੀਆਂ ਦਾ ਸੇਵਨ ਕਰੋ। ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਲੂ ਤੋਂ ਪ੍ਰਭਾਵਿਤ ਮਰੀਜ਼ਾਂ ਦੇ ਇਲਾਜ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।ਇਸ ਦੇ ਨਾਲ ਹੀ ਵਿਭਾਗ ਦੀ ਮਾਸ ਮੀਡੀਆ ਟੀਮ ਤੇ ਫੀਲਡ ਸਟਾਫ਼ ਵੱਲੋਂ ਸਕੂਲਾਂ, ਕਾਲਜਾਂ ਤੇ ਆਮ ਲੋਕਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।

## ਪੀ ਜੀ ਆਈ ਵੱਲੋਂ ਵਿਸ਼ਵ ਆਈਬੀਡੀ ਜਾਗਰੂਕਤਾ ਦਿਵਸ ਮਨਾਇਆ



**ਸਮਰਾਲਾ, (ਸੁਰਜੀਤ ਸਿੰਘ)** ਪੀਜੀਆਈ ਚੰਡੀਗੜ੍ਹ ਦੇ ਪੀਡੀਐਟ੍ਰਿਕ ਗੈਸਟ੍ਰੋਐਂਟਰੋਲੋਜੀ ਤੇ ਹੈਪਾਟੋਲੋਜੀ ਵਿਭਾਗ ਵੱਲੋਂ ਵਿਸ਼ਵ ਇਨਫਲਾਮੇਟਰੀ ਬਾਊਲ ਡਿਜ਼ੀਜ਼ ਦਿਵਸ ਮੌਕੇ ਬੱਚਿਆਂ ਵਿੱਚ ਆਈਬੀਡੀ ਬਾਰੇ ਇੱਕ ਵਿਸਤ੍ਰਿਤ ਜਾਗਰੂਕਤਾ ਸੈਸ਼ਨ ਆਯੋਜਤ ਕੀਤਾ ਗਿਆ, ਜਿਸ ਵਿਚ ਭਾਰਤ ਵਿੱਚ ਬੱਚਿਆਂ ਵਿੱਚ ਤੇਜ਼ੀ ਨਾਲ ਵੱਧ ਰਹੇ ਆਈਬੀਡੀ ਦੇ ਮਾਮਲਿਆਂ ਤੇ ਵਿਸ਼ੇਸ਼ ਬੱਚਾ-ਕੇਂਦ੍ਰਿਤ ਇਲਾਜ ਦੀ ਲੋੜ 'ਤੇ ਚਰਚਾ ਕੀਤੀ ਗਈ। ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰੋ. ਸਾਧਨਾ ਲਾਲ, ਪ੍ਰੋਫੈਸਰ ਤੇ ਮੁਖੀ, ਪੀਡੀਐਟ੍ਰਿਕ ਗੈਸਟ੍ਰੋਐਂਟਰੋਲੋਜੀ ਅਤੇ ਹੈਪਾਟੋਲੋਜੀ ਵਿਭਾਗ, ਪੀਜੀਆਈ ਨੇ ਕਿਹਾ ਕਿ ਭਾਰਤ ਵਿੱਚ ਬੱਚਿਆਂ ਵਿੱਚ ਆਈਬੀਡੀ ਦੇ ਮਾਮਲੇ ਤੇਜ਼ੀ ਨਾਲ ਵੱਧ ਰਹੇ ਹਨ ਅਤੇ ਇਸ ਬਿਮਾਰੀ ਬਾਰੇ ਗਲਤ ਜਾਣਕਾਰੀ ਅਤੇ ਦੇਰ ਨਾਲ ਹੋਣ ਵਾਲੀ ਪਛਾਣ ਚਿੰਤਾਜਨਕ ਹੈ। ਪ੍ਰੋ. ਸਾਧਨਾ ਲਾਲ ਨੇ ਕਿਹਾ ਕਿ ਬੱਚਿਆਂ 'ਚ ਆਈਬੀਡੀ ਹੁਣ ਕੋਈ ਦੁਰਲਭ ਬਿਮਾਰੀ ਨਹੀਂ ਰਹੀ।ਖਾਣ-ਪੀਣ ਦੀਆਂ ਬਦਲਦੀਆਂ ਆਦਤਾਂ, ਸ਼ਹਿਰੀ ਜੀਵਨਸ਼ੈਲੀ, ਪ੍ਰੋਸੈਸਡ ਫੂਡ ਦੀ ਵਧਦੀ ਵਰਤੋਂ ਤੇ ਐਂਟੀਬਾਇਓਟਿਕਸ ਅਤੇ ਐਸਿਡ ਘਟਾਉਣ ਵਾਲੀਆਂ ਦਵਾਈਆਂ ਦੀ ਬੇਤਹਾਸ਼ਾ ਵਰਤੋਂ ਇਸ ਵਧਦੇ ਬੋਝ ਲਈ ਵੱਡੇ ਕਾਰਕ ਹਨ।ਉਨ੍ਹਾਂ ਕਿਹਾ ਕਿ ਬੱਚੇ ਛੋਟੇ ਵੱਡੇ ਨਹੀਂ ਹੁੰਦੇ। ਬੱਚਿਆਂ ਵਿੱਚ ਆਈਬੀਡੀ ਦਾ ਇਲਾਜ ਬਿਲਕੁਲ ਵੱਖਰੀ ਪਹੁੰਚ ਮੰਗਦਾ ਹੈ, ਕਿਉਂਕਿ ਇਹ ਬਿਮਾਰੀ ਕੇਵਲ ਆਂਦਰਾਂ ਦੀ ਹੀ ਨਹੀਂ, ਸਗੋਂ ਬੱਚੇ ਦੇ ਵਾਧੇ, ਪੋਸ਼ਣ, ਮਾਨਸਿਕ ਸਿਹਤ, ਪੜ੍ਹਾਈ ਅਤੇ ਸਮੁੱਚੇ ਵਿਕਾਸ ਨੂੰ ਪ੍ਰਭਾਵਿਤ ਕਰਦੀ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਈਬੀਡੀ ਨਾਲ ਪੀੜਤ ਬੱਚਿਆਂ ਦੀ ਜਾਂਚ ਤੇ ਇਲਾਜ ਤਜਰਬੇਕਾਰ ਪੀਡੀਐਟ੍ਰਿਕ ਗੈਸਟ੍ਰੋਐਂਟਰੋਲੋਜਿਸਟਾਂ ਦੁਆਰਾ ਹੀ ਕੀਤਾ ਜਾਣਾ ਚਾਹੀਦਾ ਹੈ। ਪ੍ਰੋ. ਲਾਲ ਨੇ ਕਿਹਾ ਕਿ ਬੱਚਿਆਂ ਦਾ ਇਲਾਜ ਛੋਟੇ ਬਾਲਗਾਂ ਵਾਂਗ ਕਰਨਾ ਇੱਕ ਕਲੀਨਿਕਲ ਗਲਤੀ ਹੈ।ਪ੍ਰੋ. ਲਾਲ ਨੇ ਮਾਪਿਆਂ ਨੂੰ ਖੁਦ ਦਵਾਈ ਲੈਣ ਤੇ ਜਲਦਬਾਜ਼ੀ ਵਿੱਚ ਆਈਬੀਡੀ ਦੀ ਪਛਾਣ ਕਰਨ ਤੋਂ ਵੀ ਸਾਵਧਾਨ ਕੀਤਾ।ਉਨ੍ਹਾਂ ਕਿਹਾ ਕਿ ਦਸਤ, ਪੇਟ ਦਰਦ ਜਾਂ ਪਖਾਨੇ ਵਿੱਚ ਖੂਨ ਆਉਣਾ ਹਮੇਸ਼ਾ ਆਈਬੀਡੀ ਨਹੀਂ ਹੁੰਦਾ।ਐਮੀਬਿਆਸਿਸ, ਆਂਦਰਾਂ ਦੇ ਇਨਫੈਕਸ਼ਨ ਅਤੇ ਹੋਰ ਕਈ ਬਿਮਾਰੀਆਂ ਵੀ ਬੱਚਿਆਂ ਵਿੱਚ ਆਈਬੀਡੀ ਵਰਗੇ ਲੱਛਣ ਪੈਦਾ ਕਰ ਸਕਦੀਆਂ ਹਨ।ਇਸ ਲਈ ਕਿਸੇ ਵੀ ਬੱਚੇ ਨੂੰ ਜੀਵਨ ਭਰ ਦੀ ਬਿਮਾਰੀ ਦਾ ਲੇਬਲ ਦੇਣ ਤੋਂ ਪਹਿਲਾਂ ਤਜਰਬੇਕਾਰ ਪੀਡੀਐਟ੍ਰਿਕ ਗੈਸਟ੍ਰੋਐਂਟਰੋਲੋਜਿਸਟ ਦੁਆਰਾ ਪੂਰੀ ਜਾਂਚ ਬਹੁਤ ਜ਼ਰੂਰੀ ਹੈ।

## ਲਾਡੀ ਢੋਸ ਵੱਲੋਂ ਉਮੀਦਵਾਰ ਸੁਖਨਜੀਤ ਦੇ ਹੱਕ 'ਚ ਚੋਣ ਪ੍ਰਚਾਰ



**ਕੋਟ ਈਸੇ ਖਾਂ, (ਅਰੋੜਾ)** ਹਲਕਾ ਧਰਮਕੋਟ ਅੰਦਰ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਜੋ ਜੋ ਵਾਅਦੇ ਕੀਤੇ ਗਏ ਸਨ, ਉਹ ਸਮੇਂ-ਸਮੇਂ 'ਤੇ ਪੂਰੇ ਕੀਤੇ ਜਾ ਰਹੇ ਹਨ। ਸ਼ਹਿਰ ਦੀਆਂ ਬੁਨਿਆਦੀ ਸਹੂਲਤਾਂ ਜਿਵੇਂ ਗਲੀਆਂ-ਨਾਲੀਆਂ ਦੀ ਸਫਾਈ, ਸਟਰੀਟ ਲਾਈਟਾਂ, ਸੀਵਰੇਜ, ਬੱਸ ਅੱਡਾ, ਪਾਰਕ ਅਤੇ ਹੋਰ ਕੰਮਾਂ ਨੂੰ ਸਿਰੇ ਚੜ੍ਹਾਇਆ ਗਿਆ ਹੈ ਅਤੇ ਅੱਗੇ ਵੀ ਵਿਕਾਸ ਦੇ ਕੰਮ ਜਾਰੀ ਰਹਿਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਨੰਬਰ-7 ਤੋਂ ਪੜ੍ਹੇ-ਲਿਖੇ ਅਤੇ ਸੂਝਵਾਨ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਖਨਜੀਤ ਕੌਰ ਟੱਕਰ ਪਤਨੀ ਅਮਨਦੀਪ ਟੱਕਰ ਪੁੱਤਰ ਦੇਸਰਾਜ ਟੱਕਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਦਿਆਂ ਕੀਤਾ।ਟੱਕਰ ਪਰਵਾਰ ਨੇ ਹਲਕਾ ਵਿਧਾਇਕ ਲਾਡੀ ਢੋਸ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨਾਂ ਨੇ ਸਾਡੇ 'ਤੇ ਵਿਸ਼ਵਾਸ ਕਰਦਿਆਂ ਅਤੇ ਕਾਬਲ ਸਮਝਦਿਆਂ ਐਮ.ਸੀ ਉਮੀਦਵਾਰ ਵਜੋਂ ਟਿਕਟ ਦੇ ਕੇ ਨਿਵਾਜਿਆ ਹੈ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਦੀ ਅਗਵਾਈ ਹੇਠ ਵਾਰਡ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹਨ।ਉਨ੍ਹਾਂ ਕਿਹਾ ਚੋਣ ਪ੍ਰਚਾਰ ਨੂੰ ਤੇਜ਼ ਕਰਦਿਆਂ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਨੂੰ ਵਾਰਡ ਵਾਸੀਆਂ ਵੱਲੋਂ ਭਰਪੂਰ ਸਮਰਥਨ ਤੇ ਪਿਆਰ ਮਿਲ ਰਿਹਾ ਹੈ। ਸਾਡਾ ਮੁੱਖ ਟੀਚਾ ਲੋਕਾਂ ਦੀ ਸੇਵਾ ਕਰਨਾ ਹੈ,ਜੇਕਰ ਵਾਰਡ ਵਾਸੀ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਵਾਰਡ ਨੰਬਰ 7 ਦੇ ਵਿਕਾਸ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ।

## ਠੇਕੇਦਾਰ ਨੇ ਮਿੱਟੀ 'ਤੇ ਹੀ ਲੁੱਕ ਪਵਾਈ, ਜਾਂਚ ਦੀ ਮੰਗ



**ਬਠਿੰਡ (ਰਾਜੀਵ ਗੋਇਲ)** : ਜਿਲ੍ਹੇ ਦੇ ਕਸਬਾ ਭਗਤਾ ਭਾਈਕਾ ਵਿਖੇ ਗਊਸ਼ਾਲਾ ਦੇ ਬਿਲਕੁਲ ਨਾਲ ਲੱਗਦੀ ਸੜਕ,ਜੋ ਕਿ ਅੱਗੇ ਖਾਨਾਪੱਤੀ ਨੂੰ ਜੋੜਦੀ ਹੈ,ਉੱਪਰ ਬੀਤੇ ਕੱਲ ਸ਼ਾਮ ਨੂੰ ਹੰਗਾਮਾ ਹੋ ਗਿਆ।ਅਸਲ ਵਿੱਚ ਸੜਕ ਨੂੰ ਬਣਾਉਣ ਲਈ ਕਾਫੀ ਸਮਾਂ ਪਹਿਲਾਂ ਇਸ ਉੱਪਰ ਮਟੀਰੀਅਲ ਪਾਇਆ ਗਿਆ ਸੀ ਪਰ ਜਿਆਦਾ ਸਮਾਂ ਲੁੱਕ ਨਾ ਪੈਣ ਕਾਰਨ ਉਸ ਮਟੀਰੀਅਲ ਉੱਪਰ ਜਿਆਦਾ ਮਾਤਰਾ ਵਿੱਚ ਮਿੱਟੀ ਜੰਮ ਗਈ ਅਤੇ ਸੰਬੰਧਤ ਠੇਕੇਦਾਰ ਵੱਲੋਂ ਸੜਕ ਦੀ ਸਫਾਈ ਕਰਵਾਏ ਬਗੈਰ ਹੀ ਉਸ ਉੱਪਰ ਲੁੱਕ ਪਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ,ਜਿਸ ਨੂੰ ਲੈ ਕੇ ਉੱਥੋਂ ਦੇ ਵਸਨੀਕਾਂ ਅਤੇ ਰੋਜ ਲੰਘਣ ਵਾਲੇ ਰਾਹਗੀਰਾਂ ਵੱਲੋਂ ਰੋਸ ਜਾਹਿਰ ਕੀਤਾ ਗਿਆ ਅਤੇ ਨੌਬਤ ਇੱਥੋਂ ਤੱਕ ਆ ਗਈ ਕਿ ਕੰਮ ਅੱਧ ਵਿਚਕਾਰ ਹੀ ਬੰਦ ਕਰਨਾ ਪੈ ਗਿਆ।ਆਮ ਲੋਕਾਂ ਵੱਲੋਂ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਗਈ ਹੈ ਕਿ ਉਕਤ ਠੇਕੇਦਾਰ ਵੱਲੋਂ ਜੋ ਵੀ ਕੰਮ ਸ਼ਹਿਰ ਅੰਦਰ ਕੀਤੇ ਜਾ ਰਹੇ ਹਨ, ਉਹਨਾਂ ਦੀ ਵਿਜੀਲੈਂਸ ਜਾਂਚ ਹੋਣੀ ਚਾਹੀਦੀ ਹੈ।

## ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮ ਵੱਲੋਂ ਕੋਟ ਈਸੇ ਖ਼ਾਂ 'ਚ ਡੇਅਰੀ ਚੈਕਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)** ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮ ਨੂੰ ਬਲਾਕ ਕੋਟ ਈਸੇ ਖਾਂ ਵਿੱਚ ਪ੍ਰਾਪਤ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਫੂਡ ਸੇਫਟੀ ਵਿਭਾਗ ਮੋਗਾ ਵੱਲੋਂ ਸਵੇਰੇ ਗਲੋਟੀ ਰੋਡ ਕੋਟ ਈਸੇ ਖਾਂ ਵਿਖੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਇਹ ਕਾਰਵਾਈ ਡਾ. ਅਸ਼ੋਕ ਸਿੰਗਲਾ ਸਿਵਲ ਸਰਜਨ ਦੇ ਨਿਰਦੇਸ਼ਾਂ ਤੇ ਡਾ. ਸੰਦੀਪ ਸਿੰਘ ਜ਼ਿਲ੍ਹਾ ਸਿਹਤ ਅਫਸਰ ਦੀ ਅਗਵਾਈ ਹੇਠ ਚੈਕਿੰਗ ਦੌਰਾਨ ਫੂਡ ਸੇਫਟੀ ਟੀਮ ਵੱਲੋਂ ਇਕ ਡੇਅਰੀ ਵਿੱਚ ਵਰਤੇ ਤੇ ਵੇਚੇ ਜਾ ਰਹੇ ਖਾਣ-ਪੀਣ ਵਾਲੇ ਪਦਾਰਥਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਗਈ। ਟੀਮ ਨੇ ਮੌਕੇ 'ਤੇ ਦੁੱਧ ਅਤੇ ਦਹੀਂ ਦੇ ਸੈਂਪਲ ਇਕੱਠੇ ਕੀਤੇ।ਇਸ ਤੋਂ ਬਾਅਦ ਡੈਰੀ ਨਾਲ ਸੰਬੰਧਿਤ ਵਰਕਸ਼ਾਪ/ਉਤਪਾਦਨ ਇਕਾਈ ਦੀ ਵੀ ਜਾਂਚ ਕੀਤੀ ਗਈ, ਜਿੱਥੋਂ ਮੱਖਣ ਦਾ ਇੱਕ ਹੋਰ ਸੈਂਪਲ ਲਿਆ ਗਿਆ। ਫੂਡ ਸੇਫਟੀ ਅਧਿਕਾਰੀਆਂ ਯੋਗੇਸ਼ ਗੋਇਲ ਤੇ ਲਵਪ੍ਰੀਤ ਸਿੰਘ ਵੱਲੋਂ ਦੱਸਿਆ ਗਿਆ ਕਿ ਲਏ ਗਏ ਸਾਰੇ ਸੈਂਪਲ ਤੁਰੰਤ ਜਾਂਚ ਲਈ ਸਰਕਾਰੀ ਲੈਬੋਰਟਰੀ ਵਿੱਚ ਭੇਜ ਦਿੱਤੇ ਗਏ ਹਨ।ਲੈਬੋਰਟਰੀ ਰਿਪੋਰਟ ਪ੍ਰਾਪਤ ਹੋਣ ਉਪਰੰਤ ਜੇਕਰ ਖਾਦ ਪਦਾਰਥ ਮਿਆਰਾਂ ਅਨੁਸਾਰ ਨਾ ਪਾਏ ਗਏ ਤਾਂ ਫੂਡ ਸੇਫਟੀ ਐਂਡ ਸਟੈਂਡਰਡ ਐਕਟ ਅਧੀਨ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਚੈਕਿੰਗ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਸੰਬੰਧਿਤ ਡੈਰੀ ਬਿਨਾਂ ਫੂਡ ਸੇਫਟੀ ਲਾਇਸੈਂਸ/ਰਜਿਸਟ੍ਰੇਸ਼ਨ ਤੋਂ ਆਪਣਾ ਕਾਰੋਬਾਰ ਚਲਾ ਰਹੀ ਸੀ, ਜੋ ਨਿਯਮਾਂ ਦੀ ਉਲੰਘਣਾ ਹੈ।ਇਸ ਸਬੰਧੀ ਵਿਭਾਗ ਵੱਲੋਂ ਸੰਬੰਧਤ ਅਦਾਲਤ ਵਿੱਚ ਕੇਸ ਦਰਜ ਕਰਨ ਦੀ ਕਾਰਵਾਈ ਵੀ ਕੀਤੀ ਗਈ ਹੈ।

## ਜਲਾਲਾਬਾਦ 'ਚ ਮੁਫ਼ਤ ਦਿਲ ਦੇ ਰੋਗਾਂ ਸੰਬੰਧੀ ਚੈੱਕਅੱਪ ਕੈਂਪ ਅੱਜ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ 21 ਮਈ ਨੂੰ ਜਲਾਲਾਬਾਦ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਲਈ ਮੁਫ਼ਤ ਦਿਲ ਦੇ ਰੋਗਾਂ ਸਬੰਧੀ ਵਿਸ਼ੇਸ਼ ਚੈੱਕਅੱਪ ਕੈਂਪ ਲਾਇਆ ਜਾ ਰਿਹਾ ਹੈ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮਿੱਢਾ ਮਲਟੀ ਸਪੈਸ਼ਲਟੀ ਹਸਪਤਾਲ ਵੈਸਟ ਵਿਖੇ ਲਾਇਆ ਜਾਵੇਗਾ, ਜਿਸ ਵਿੱਚ ਸੀਨੀਅਰ ਕਨਸਲਟੈਂਟ ਇੰਟਰਵੈਂਸ਼ਨਲ ਕਾਰਡੀਓਲੋਜਿਸਟ ਡਾ. ਹਾਕਿਮ ਇਰਫਾਨ ਸ਼ੌਕਤ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਓਪੀਡੀ ਸਲਾਹ ਅਤੇ ਦਿਲ ਨਾਲ ਸਬੰਧਤ ਜਾਂਚ ਬਾਰੇ ਮਾਰਗਦਰਸ਼ਨ ਦਿੱਤਾ ਜਾਵੇਗਾ। ਅਮਨਦੀਪ ਹਸਪਤਾਲ ਵੱਲੋਂ ਸ਼ੁਰੂ ਕੀਤੀ ਸਿਹਤ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਵਿੱਚ ਦਿਲ ਦੀਆਂ ਬਿਮਾਰੀਆਂ ਪ੍ਰਤੀ ਜਾਗਰੂਕਤਾ ਵਧਾਉਣਾ ਤੇ ਸਮੇਂ ਸਿਰ ਬਿਮਾਰੀ ਦੀ ਪਹਿਚਾਣ ਯਕੀਨੀ ਬਣਾਉਣਾ ਹੈ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਉੱਚ ਪੱਧਰੀ ਸਿਹਤ ਸੇਵਾਵਾਂ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸਮੇਂ ਸਿਰ ਜਾਂਚ ਅਤੇ ਜਾਗਰੂਕਤਾ ਰਾਹੀਂ ਦਿਲ ਦੀਆਂ ਬਿਮਾਰੀਆਂ ਦੇ ਖਤਰੇ ਨੂੰ ਕਾਫ਼ੀ ਘਟਾਇਆ ਜਾ ਸਕਦਾ ਹੈ। ਉਜਾਲਾ ਸਿਗਨਸ ਦੇ ਸਹਿਯੋਗ ਨਾਲ ਲਾਇਆ ਜਾ ਰਿਹਾ ਇਹ ਕੈਂਪ ਪੰਜਾਬ ਵਿਚ ਬਿਹਤਰ ਕਾਰਡਿਏਕ ਕੇਅਰ ਉਪਲਬੱਧ ਕਰਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਜਲਾਲਾਬਾਦ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ 21 ਮਈ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਮਿੱਢਾ ਮਲਟੀ ਸਪੈਸ਼ਲਟੀ ਹਸਪਤਾਲ, ਜਲਾਲਾਬਾਦ ਵੈਸਟ ਵਿਖੇ ਲੱਗਣ ਵਾਲੇ ਇਸ ਮੁਫ਼ਤ ਹਾਰਟ ਚੈੱਕਅੱਪ ਕੈਂਪ ਦਾ ਲਾਭ ਲੈਣ ਅਤੇ ਕੈਂਪ ਲਈ ਕਿਸੇ ਵੀ ਤਰ੍ਹਾਂ ਦੀ ਪਹਿਲਾਂ ਰਜਿਸਟ੍ਰੇਸ਼ਨ ਦੀ ਲੋੜ ਨਹੀਂ ਹੈ।

## ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਤੇ ਸਾਥੀਆਂ ਦਾ 35ਵਾਂ ਬਰਸੀ ਸਮਾਗਮ ਔਲਖ ਵਿਖੇ 7 ਨੂੰ



**ਕੋਟਕਪੂਰਾ (ਰਛਪਾਲ ਭੁੱਲਰ )** ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਲਈ 7 ਜੂਨ 1991 ਨੂੰ ਸ਼ਹਾਦਤ ਦਾ ਜਾਮ ਪੀਣ ਵਾਲੇ ਕਾਮਰੇਡ ਅਮੋਲਕ ਸਿੰਘ ਔਲਖ ਤੇ ਸਾਥੀਆਂ ਦੀ ਯਾਦ ਨੂੰ ਤਾਜ਼ਾ ਕਰਨ ਲਈ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 7 ਜੂਨ ਨੂੰ ਸਵੇਰੇ 10 ਵਜੇ 35ਵਾਂ ਬਰਸੀ ਸਮਾਗਮ ਪਿੰਡ ਔਲਖ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਇੱਕ ਜ਼ਰੂਰੀ ਮੀਟਿੰਗ ਬੁੱਧਵਾਰ ਪਿੰਡ ਔਲਖ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਰੀਦਕੋਟ ਦੇ ਕਾਰਜਕਾਰੀ ਸਕੱਤਰ ਪ੍ਰੇਮ ਚਾਵਲਾ ਅਤੇ ਵਿੱਤ ਸਕੱਤਰ ਕਾਮਰੇਡ ਗੁਰਚਰਨ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸ਼ਾਮਲ ਪਾਰਟੀ ਦੇ ਜ਼ਿਲ੍ਹਾ ਕੌਂਸਲ ਮੈਂਬਰ ਬੋਹੜ ਸਿੰਘ ਔਲਖ, ਸੁਖਦਰਸ਼ਨ ਰਾਮ ਸ਼ਰਮਾ, ਸ਼ਿਵ ਕੁਮਾਰ ਸ਼ਰਮਾ, ਕਾਮਰੇਡ ਗੁਰਚਰਨ ਸਿੰਘ, ਜਸਵੰਤ ਸਿੰਘ ਨਿੱਕਾ ਔਲਖ ਅਤੇ ਕਾਮਰੇਡ ਬੂਟਾ ਸਿੰਘ ਨੇ ਦੱਸਿਆ ਕਿ ਬਰਸੀ ਸਮਾਗਮ ਦੇ ਸਾਰੇ ਪ੍ਰਬੰਧਾਂ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਅਤੇ ਲੋਕਾਂ ਤੋਂ ਵਿੱਤੀ ਸਹਾਇਤਾ ਇਕੱਠੀ ਕਰਨ ਦਾ ਕਾਰਜ ਲਗਭਗ 60 ਫੀਸਦੀ ਤੋਂ ਜ਼ਿਆਦਾ ਮੁਕੰਮਲ ਕਰ ਲਿਆ ਗਿਆ ਹੈ ਅਤੇ ਬਾਕੀ ਕਾਰਜ ਆਉਣ ਵਾਲੇ ਦਿਨਾਂ ਵਿੱਚ ਮੁਕੰਮਲ ਕਰ ਲਏ ਜਾਣਗੇ।ਉਹਨਾਂ ਦੱਸਿਆ ਕਿ ਬਰਸੀ ਸਮਾਗਮ ਦੌਰਾਨ ਨਾਟਕਕਾਰ ਹਰਵਿੰਦਰ ਦੀਵਾਨਾ ਦੀ ਅਗਵਾਈ ਹੇਠ ਚੇਤਨਾ ਕਲਾ ਕੇਂਦਰ ਬਰਨਾਲਾ ਦੀ ਟੀਮ ਵੱਲੋਂ ਵੱਖ ਵੱਖ ਸਮਾਜਿਕ ਕੁਰੀਤੀਆਂ ਨੂੰ ਖਤਮ ਕਰਨ ਲਈ ਅਤੇ ਲੋਕਾਂ ਨੂੰ ਜਥੇਬੰਦਕ ਹੋ ਕੇ ਇਹਨਾਂ ਦਾ ਟਾਕਰਾ ਕਰਨ ਲਈ ਪ੍ਰੇਰਿਤ ਕਰਨ ਵਾਸਤੇ ਨਾਟਕ ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਜਾਣਗੀਆਂ। ਇਸ ਸਮਾਗਮ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਅਤੇ ਹੋਰ ਵੱਖ ਵੱਖ ਬੁਲਾਰੇ ਇਹਨਾਂ ਸਾਰੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਦੇ ਨਾਲ ਨਾਲ ਭਾਰਤ ਦੇਸ਼ ਅਤੇ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਲਾਤ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਨਗੇ।

## ਆਸ਼ਾ ਰਾਣੀ ਚੇਅਰਮੈਨ ਤੇ ਕੁਲਵੰਤ ਕੌਰ ਬਣੇ ਬਲਾਕ ਸੰਮਤੀ ਗੁਰੂ ਹਰਸਹਾਏ ਦੇ ਵਾਈਸ ਚੇਅਰਮੈਨ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**- ਬੁੱਧਵਾਰ ਨੂੰ ਗੁਰੂਹਰਸਹਾਏ ਬੀ ਡੀ ਓ ਦਫ਼ਤਰ ਵਿਖੇ ਚੇਅਰਮੈਨ ਵਜੋਂ ਸ੍ਰੀਮਤੀ ਆਸ਼ਾ ਰਾਣੀ ਪਤਨੀ ਬਗੀਚਾ ਸਿੰਘ ਤੇ ਵਾਈਸ ਚੇਅਰਮੈਨ ਵਜੋਂ ਕੁਲਵੰਤ ਕੌਰ ਪਤਨੀ ਸੁਰਜੀਤ ਸਿੰਘ ਨੇ ਅਹੁੱਦਾ ਸੰਭਾਲਿਆ। ਉਨ੍ਹਾਂ ਨੂੰ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੇ ਲੱਡੂਆਂ ਨਾਲ ਮੂੰਹ ਮਿਠਾ ਕਰਵਾ ਕੇ ਬੀ ਡੀ ਓ ਰੁਪਿੰਦਰ ਸਿੰਘ ਦੀ ਮੌਜੂਦਗੀ ਵਿੱਚ ਅਹੁੱਦਿਆਂ 'ਤੇ ਬੈਠਾਇਆ।ਇਸ ਦੌਰਾਨ ਨਛੱਤਰ ਸਿੰਘ ਜਿਲਾ ਪ੍ਰੀਸ਼ਦ ਮੈਂਬਰ, ਚੀਮਨ ਸਿੰਘ ਜਿਲ੍ਹਾ ਪ੍ਰੀਸ਼ਦ ਮੈਂਬਰ ,ਜਿਲ੍ਹਾ ਪ੍ਰੀਸ਼ਦ ਸ਼ਿਮਲੋ ਰਾਣੀ ਵਾਈਸ ਚੇਅਰਮੈਨ ਮਮਦੋਟ , ਬਲਦੇਵ ਸਿੰਘ ਜੰਗ ਸਾਬਕਾ ਸਰਪੰਚ, ਜੁਗਿੰਦਰ ਸਿੰਘ ਬਲਾਕ ਸਮਿਤੀ ਮੈਂਬਰ, ਬਿਮਲਾ ਰਾਣੀ, ਸਿਮਰਨ ਰਾਣੀ, ਭੋਲਾ ਬਹਿਲ, ਅਮਰਜੀਤ ਸਿੰਘ, ਰਸ਼ੀਲਾ ਰਾਣੀ, ਸੁਖਚੈਨ ਸਿੰਘ, ਅਮਰੀਕ ਸਿੰਘ, ਮੁਖਾ ਸਿੰਘ, ਮਹਿੰਦਰ ਬਾਈ, ਭੀਮ ਕੰਬੋਜ, ਅਮਰੀਕ ਸਿੰਘ, ਮਨਦੀਪ ਸਰਪੰਚ, ਰਿੰਕੂ ਸੋਢੀ, ਅਮਰਜੀਤ ਸਰਪੰਚ, ਵਿਪਨ ਪੰਜੇ ਕੇ, ਸੰਦੀਪ ਮਾਹਮੂ ਜੋਈਆ , ਪ੍ਰੀਤ ਘਾਂਗਾ, ਸੁਖਵੰਤ ਸਿੰਘ ਘਾਂਗਾ ,ਭੁਪਿੰਦਰ ਗਹਿਰੀ ਬਲਾਕ ਸੰਮਤੀ, ਬਲਕਾਰ ਸਿੰਘ, ਕਾਲਾ ਕੰਬੋਜ, ਜਤਿੰਦਰ ਛੋਟਾ ਜੰਡ ਵਾਲਾ ਆਦਿ ਮੌਜੂਦ ਸਨ।

## ਐੱਸ ਡੀ ਓ ਵੱਲੋਂ ਫ਼ੀਲਡ ਮੁਲਾਜ਼ਮਾਂ ਨੂੰ ਦਫਤਰ ਲਗਾਉਣ ਦਾ ਮਾਮਲਾ ਭਖਿਆ

### ਟੈਕਨੀਕਲ ਸਰਵਸਿਜ਼ ਯੂਨੀਅਨ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸਿਟੀ ਸਬ ਡਵੀਜ਼ਨ ਫਿਰੋਜ਼ਪੁਰ ਦੇ ਉਪ ਮੰਡਲ ਅਫ਼ਸਰ (ਐੱਸਡੀਓ) 'ਤੇ ਚੋਣ ਜ਼ਾਬਤੇ ਦੀ ਉਲੰਘਣਾ ਕਰਦੇ ਹੋਏ ਫ਼ੀਲਡ ਮੁਲਾਜ਼ਮਾਂ ਨੂੰ ਦਫਤਰ ਲਗਾਉਣ ਦੇ ਦੋਸ਼ ਲੱਗੇ ਹਨ। ਦੋਸ਼ ਹੈ ਕਿ ਝੋਨੇ ਦੇ ਆਗਾਮੀ ਸੀਜ਼ਨ ਦੌਰਾਨ ਸਖ਼ਤ ਮਿਹਨਤ ਤੋਂ ਬਚਾਉਣ ਲਈ ਬਾਹਰ ਕੰਮ ਕਰਦੇ ਮੁਲਾਜ਼ਮਾਂ ਦਾ ਤਬਾਦਲਾ ਅੰਦਰੂਨੀ ਦਫ਼ਤਰ ਵਿੱਚ ਕਰ ਦਿੱਤਾ ਗਿਆ ਹੈ। ਅਫ਼ਸਰ ਦੇ ਇਸ ਮਨਮਰਜ਼ੀ ਵਾਲੇ ਫ਼ੈਸਲੇ ਦੇ ਵਿਰੋਧ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਨੇ ਰੋਸ ਪ੍ਰਗਟਾਉਂਦਿਆਂ ਫ਼ੀਲਡ ਦਾ ਕੰਮ ਬੰਦ ਕਰ ਦਿੱਤਾ ਹੈ, ਜਿਸ ਨਾਲ ਗਰਮੀ ਦੇ ਇਸ ਸੀਜ਼ਨ ਵਿੱਚ ਆਮ ਜਨਤਾ ਦੀਆਂ ਮੁਸ਼ਕਲਾਂ ਵਧਣੀਆਂ ਤੈਅ ਹਨ। ਟੈਕਨੀਕਲ ਸਰਵਿਸਜ਼ ਯੂਨੀਅਨ ਸਿਟੀ ਸਬ ਡਵੀਜ਼ਨ ਦੇ ਆਗੂਆਂ ਨੇ ਐੱਸਡੀਓ ਮਨਦੀਪ ਸਿੰਘ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਦੌਰਾਨ ਜਥੇਬੰਦੀ ਨੇ ਅਫ਼ਸਰ ਦੇ ਧਿਆਨ ਵਿੱਚ ਲਿਆਂਦਾ ਕਿ ਫ਼ੀਲਡ ਅੰਦਰ ਪਹਿਲਾਂ ਹੀ ਤਕਨੀਕੀ ਸਟਾਫ਼ ਦੀ ਭਾਰੀ ਕਮੀ ਚੱਲ ਰਹੀ ਹੈ, ਜਿਸ ਕਾਰਨ ਆਏ ਦਿਨ ਫ਼ੀਲਡ ਵਿਚ ਭਿਆਨਕ ਹਾਦਸੇ ਵਾਪਰ ਰਹੇ ਹਨ। ਯੂਨੀਅਨ ਨੇ ਬੇਨਤੀ ਕੀਤੀ ਕਿ ਦਫ਼ਤਰ ਅੰਦਰ ਡਿਊਟੀ ਕਰ ਰਹੇ ਟੈਕਨੀਕਲ ਮੁਲਾਜ਼ਮਾਂ ਨੂੰ ਤੁਰੰਤ ਬਾਹਰ ਫ਼ੀਲਡ ਵਿਚ ਭੇਜਿਆ ਜਾਵੇ। ਸਾਰੇ ਤੱਥਾਂ 'ਤੇ ਵਿਚਾਰ ਕਰਨ ਤੋਂ ਬਾਅਦ ਉਪ ਮੰਡਲ ਅਫ਼ਸਰ ਇਕ ਵਾਰ ਤਾਂ ਯੂਨੀਅਨ ਦੀ ਗੱਲ ਨਾਲ ਸਹਿਮਤ ਹੋ ਗਏ ਤੇ ਉਨ੍ਹਾਂ ਨੇ ਦਫ਼ਤਰੀ ਮੁਲਾਜ਼ਮਾਂ ਦੀ ਡਿਊਟੀ ਬਾਹਰ ਲਗਾਉਣ ਦੇ ਹੁਕਮ ਜਾਰੀ ਕਰ ਦਿੱਤੇ। ਪਰ ਹੈਰਾਨੀ ਦੀ ਗੱਲ ਇਹ ਰਹੀ ਕਿ ਜਿਵੇਂ ਹੀ ਜਥੇਬੰਦੀ ਦੇ ਆਗੂ ਮੀਟਿੰਗ ਖ਼ਤਮ ਕਰਕੇ ਵਾਪਸ ਪਰਤੇ, ਤਾਂ ਅਫ਼ਸਰ ਨੇ ਕੁਝ ਹੀ ਸਮੇਂ ਬਾਅਦ ਯੂ-ਟਰਨ ਲੈਂਦਿਆਂ ਆਪਣੇ ਕੀਤੇ ਹੋਏ ਆਰਡਰ ਰੱਦ ਕਰ ਦਿੱਤੇ। ਯੂਨੀਅਨ ਦਾ ਕਹਿਣਾ ਹੈ ਕਿ ਇਸ ਘਟਨਾਕ੍ਰਮ ਤੋਂ ਸਾਫ਼ ਸਿੱਧ ਹੁੰਦਾ ਹੈ ਕਿ ਅਫ਼ਸਰ ਨਿਯਮਾਂ ਨੂੰ ਛਿੱਕੇ ਟੰਗ ਕੇ ਸਿਰਫ਼ ਆਪਣੀ ਮਨਮਰਜ਼ੀ ਚਲਾ ਰਿਹਾ ਹੈ। ਅਫ਼ਸਰ ਦੇ ਇਸ ਤਾਨਾਸ਼ਾਹੀ ਰਵੱਈਏ ਕਾਰਨ ਫ਼ੀਲਡ ਮੁਲਾਜ਼ਮਾਂ ਵਿਚ ਭਾਰੀ ਰੋਸ ਦੀ ਲਹਿਰ ਦੌੜ ਗਈ ਹੈ ਤੇ ਗੁੱਸੇ ਵਿਚ ਆਏ ਸਾਥੀਆਂ ਨੇ ਫ਼ੀਲਡ ਦਾ ਕੰਮ ਪੂਰੀ ਤਰ੍ਹਾਂ ਠੱਪ ਕਰ ਦਿੱਤਾ ਹੈ। ਯੂਨੀਅਨ ਦੇ ਸਿਟੀ ਪ੍ਰਧਾਨ ਰਾਜੇਸ਼ ਕੁਮਾਰ, ਰਣਬੀਰ ਸਿੰਘ, ਚਮਕੌਰ ਸਿੰਘ, ਰਾਜੇਸ਼ ਕੁਮਾਰ ਵਧਾਵਨ, ਸੁਖਦੇਵ ਸਿੰਘ ਅਤੇ ਹਰਜਿੰਦਰ ਸਿੰਘ ਨੇ ਕਿਹਾ ਕਿ ਅੱਤ ਦੀ ਗਰਮੀ ਦੇ ਇਸ ਮੌਸਮ ਵਿਚ ਫ਼ੀਲਡ ਦਾ ਕੰਮ ਬੰਦ ਹੋਣ ਕਾਰਨ ਆਉਣ ਵਾਲੇ ਦਿਨਾਂ ਵਿਚ ਆਮ ਜਨਤਾ ਨੂੰ ਬਿਜਲੀ ਸਪਲਾਈ ਸੰਬੰਧੀ ਭਾਰੀ ਪ੍ਰੇਸ਼ਾਨੀ ਝੱਲਣੀ ਪੈ ਸਕਦੀ ਹੈ। ਆਗੂਆਂ ਨੇ ਸਪੱਸ਼ਟ ਕੀਤਾ ਕਿ ਜੇਕਰ ਕੋਈ ਜਨਤਕ ਸਮੱਸਿਆ ਖੜ੍ਹੀ ਹੁੰਦੀ ਹੈ, ਤਾਂ ਇਸਦੀ ਪੂਰੀ ਜ਼ਿੰਮੇਵਾਰੀ ਐੱਸਡੀਓ ਮਨਦੀਪ ਸਿੰਘ ਦੀ ਹੋਵੇਗੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਦਫ਼ਤਰੀ ਮੁਲਾਜ਼ਮਾਂ ਨੂੰ ਤੁਰੰਤ ਫ਼ੀਲਡ ਵਿੱਚ ਨਾ ਭੇਜਿਆ ਗਿਆ, ਤਾਂ ਇਸ ਸੰਘਰਸ਼ ਨੂੰ ਤੇਜ਼ ਕਰਦਿਆਂ ਵੀਰਵਾਰ ਤੋਂ ਪੂਰੀ ਡਵੀਜ਼ਨ ਦਾ ਬਾਕੀ ਫ਼ੀਲਡ ਸਟਾਫ਼ ਵੀ ਕੰਮ ਮੁਕੰਮਲ ਤੌਰ 'ਤੇ ਬੰਦ ਕਰ ਦੇਵੇਗਾ। ਯੂਨੀਅਨ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੇ ਕੇ ਦਫ਼ਤਰੀ ਮੁਲਾਜ਼ਮਾਂ ਦੀ ਡਿਊਟੀ ਬਾਹਰ ਲਗਾਈ ਜਾਵੇ ਤਾਂ ਜੋ ਗਰਮੀ ਦੇ ਸੀਜ਼ਨ ਵਿੱਚ ਲੋਕਾਂ ਨੂੰ ਨਿਰਵਿਘਨ ਸਪਲਾਈ ਮਿਲ ਸਕੇ।

## ਮਧਰੇ ਰੋਗ ਦੀ ਰੋਕਥਾਮ ਲਈ ਪਨੀਰੀ ਦਾ ਸਰਵੇਖਣ ਜ਼ਰੂਰੀ : ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪਿਛਲੇ ਕੁੱਝ ਸਾਲਾਂ ਤੋਂ ਝੋਨੇ ਦੇ ਬੂਟੇ ਮਧਰੇ ਰਹਿਣ ਦੀ ਨਵੀਂ ਬਿਮਾਰੀ ਦਾ ਹਮਲਾ ਕਿਸਾਨਾਂ ਦੇ ਖੇਤਾਂ ਵਿਚ ਵੇਖਣ ਨੂੰ ਮਿਲ ਰਿਹਾ ਹੈ ਤੇ ਜੇਕਰ ਇਸ ਸਮੱਸਿਆ ਦਾ ਪ੍ਰਬੰਧਨ ਸਮੇਂ ਸਿਰ ਨਾ ਕੀਤਾ ਜਾਵੇ ਤਾਂ ਇਹ ਝੋਨੇ ਦੀ ਫ਼ਸਲ ਦਾ ਨੁਕਸਾਨ ਕਰ ਸਕਦੀ ਹੈ। ਇਸ ਤਹਿਤ ਡਾ. ਗੁਰਮੇਲ ਸਿੰਘ ਸੰਧੂ ਡਿਪਟੀ ਡਾਇਰੈਕਟਰ, ਕੇਵੀਕੇ, ਫ਼ਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ (ਕੇਵੀਕੇ), ਫ਼ਿਰੋਜ਼ਪੁਰ ਦੀ ਟੀਮ ਵੱਲੋਂ ਪਿੰਡ ਭੰਬੇ ਲੰਡੇ ਵਿਖੇ 19 ਮਈ ਨੂੰ ਟ੍ਰੇਨਿੰਗ ਕੈਂਪ ਲਾਇਆ ਗਿਆ। ਕੈਂਪ ਦੌਰਾਨ ਡਾ. ਗੁਰਮੇਲ ਸਿੰਘ ਸੰਧੂ ਨੇ ਕਿਸਾਨਾਂ ਨੂੰ ਦੱਸਿਆ ਕਿ ਇਹ ਇੱਕ ਵਿਸ਼ਾਣੂ ਰੋਗ ਹੈ, ਜੋ ਝੋਨੇ ਦੀਆਂ ਮੌਜੂਦਾ ਸਾਰੀਆਂ ਕਿਸਮਾਂ ਉੱਤੇ ਹਮਲਾ ਕਰ ਸਕਦਾ ਹੈ। ਝੋਨੇ ਉੱਪਰ ਇਸ ਰੋਗ ਨੂੰ ਚਿੱਟੀ ਪਿੱਠ ਵਾਲਾ ਟਿੱਡਾ ਫੈਲਾਉਂਦਾ ਹੈ। ਇਸ ਦੇ ਹਮਲੇ ਨਾਲ ਬੂਟੇ ਮਧਰੇ, ਉਨ੍ਹਾਂ ਦੇ ਪੱਤੇ ਨੋਕਦਾਰ ਤੇ ਜੜ੍ਹਾਂ ਘੱਟ ਡੂੰਘੀਆਂ ਰਹਿ ਜਾਂਦੀਆਂ ਹਨ। ਬੂਟਿਆਂ ਦੀ ਉਚਾਈ ਆਮ ਬੂਟਿਆਂ ਨਾਲੋਂ ਅੱਧੀ ਜਾਂ ਇਕ-ਤਿਹਾਈ ਰਹਿ ਜਾਂਦੀ ਹੈ। ਅਗੇਤੀ ਲਵਾਈ ਵਾਲੇ ਝੋਨੇ ਵਿਚ ਇਸ ਦਾ ਹਮਲਾ ਜ਼ਿਆਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਖੇਤਾਂ ਵਿਚ ਪਿਛਲੇ ਸਾਲਾਂ 'ਚ ਇਹ ਬਿਮਾਰੀ ਨਜ਼ਰ ਆਈ ਹੋਵੇ, ਕਿਸਾਨ ਵੀਰਾਂ ਨੂੰ ਉਨ੍ਹਾਂ ਖੇਤਾਂ ਵਿਚ ਖਾਸ ਧਿਆਨ ਰੱਖਣਾ ਚਾਹੀਦਾ ਹੈ ਤੇ ਇਸ ਲਈ ਖੇਤ ਅਤੇ ਪਨੀਰੀ ਵਿਚ ਚਿੱਟੀ ਪਿੱਠ ਵਾਲੇ ਟਿੱਡੇ ਦਾ ਲਗਾਤਾਰ ਸਰਵੇਖਣ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਵੱਟਾਂ ਬੰਨ੍ਹਿਆਂ ਤੇ ਪਾਣੀ ਵਾਲੇ ਖਾਲਾਂ ਨੂੰ ਨਦੀਨ ਮੁਕਤ ਰੱਖਣ ਦੀ ਹਦਾਇਤ ਕੀਤੀ। ਟਿੱਡੇ ਦੀ ਆਮਦ ਨਜ਼ਰ ਆਉਣ 'ਤੇ ਪੀਏਯੂ, ਲੁਧਿਆਣਾ ਵੱਲੋਂ ਸਿਫ਼ਾਰਸ਼ ਕਿਸੇ ਇਕ ਕੀਟਨਾਸ਼ਕ ਦਾ ਪਨੀਰੀ ਵਿਚ ਛਿੜਕਾਅ ਕੀਤਾ ਜਾ ਸਕਦਾ ਹੈ। ਡਾ. ਸਿਮਰਨਜੀਤ ਕੌਰ, ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਨੇ ਕਿਸਾਨਾਂ ਨੂੰ ਝੋਨੇ ਤੇ ਬਾਸਮਤੀ ਵਿੱਚ ਬਿਮਾਰੀਆਂ ਦੀ ਸੁਚੱਜੀ ਰੋਕਥਾਮ ਲਈ ਬੀਜ ਸੋਧ ਵਾਰੇ ਦੱਸਦਿਆਂ ਕਿਹਾ ਕਿ ਝੋਨੇ ਦੇ ਬੀਜ ਨੂੰ 3 ਗ੍ਰਾਮ ਸਪਰਿੰਟ ਪ੍ਰਤੀ ਕਿੱਲੋ ਬੀਜ ਨਾਲ ਸੋਧੋ ਤੇ ਬਾਸਮਤੀ ਵਿਚ ਝੰਡੇ ਰੋਗ ਦੀ ਰੋਕਥਾਮ ਲਈ ਬੀਜ ਨੂੰ ਬੀਜਣ ਤੋਂ ਪਹਿਲਾਂ 15 ਗ੍ਰਾਮ ਟਰਾਈਕੋਡਰਮਾ ਐਸਪੈਰੇਲਮ 2 ਪ੍ਰਤੀਸ਼ਤ ਡਬਲਯੂ ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲੈਣਾ ਚਾਹੀਦਾ ਹੈ। ਪਨੀਰੀ ਖੇਤ ਵਿਚ ਲਾਉਣ ਤੋਂ ਪਹਿਲਾਂ ਉਸ ਦੀਆਂ ਜੜ੍ਹਾਂ ਵੀ 15 ਗ੍ਰਾਮ ਟਰਾਈਕੋਡਰਮਾ ਐਸਪੈਰੇਲਮ 2 ਪ੍ਰਤੀਸ਼ਤ ਡਬਲਯੂਪੀ, ਪ੍ਰਤੀ ਲਿਟਰ ਪਾਣੀ ਵਿਚ 6 ਘੰਟੇ ਲਈ ਡੁਬੋ ਕੇ ਰੱਖਿਆ ਜਾਵੇ। ਇਸ ਤੋਂ ਇਲਾਵਾ ਮਿੱਟੀ ਪਰਖ ਅਤੇ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ।

## ਆਜ਼ਾਦ ਉਮੀਦਵਾਰ ਰਜਨੀ ਬਾਲਾ ਨੂੰ ਮਿਲ ਰਿਹੈ ਭਰਵਾਂ ਸਮਰਥਨ : ਡਾਬਰ



ਕੋਟ ਈਸੇ ਖਾਂ (ਅਰੋੜਾ)-ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਸ਼ਹਿਰ ਦੇ ਵਾਰਡ ਨੰਬਰ 4 ਤੋਂ ਪੜ੍ਹੇ ਲਿਖੇ ਅਤੇ ਸੂਝਵਾਨ ਆਜ਼ਾਦ ਉਮੀਦਵਾਰ ਦੇ ਤੌਰ 'ਤੇ ਚੋਣ ਲੜ ਰਹੇ ਸਾਬਕਾ ਕੌਂਸਲਰ ਰਜਨੀ ਬਾਲਾ ਪਤਨੀ ਹੀਰਾ ਲਾਲ ਡਾਬਰ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਅਜ਼ਾਦ ਉਮੀਦਵਾਰ ਰਜਨੀ ਬਾਲਾ ਅਤੇ ਹੀਰਾ ਲਾਲ ਡਾਬਰ ਨੇ ਚੋਣ ਪ੍ਰਚਾਰ ਕਰਦੇ ਹੋਏ ਪ੍ਰੈਸ ਨਾਲ ਕੀਤਾ। ਉਹਨਾਂ ਕਿਹਾ ਕਿ ਰਜਨੀ ਬਾਲਾ ਜੋ ਕਿ ਪਹਿਲਾ ਵੀ ਪੰਜ ਸਾਲ ਐਮ ਸੀ ਰਹਿ ਚੁੱਕੇ ਹਨ ਤੇ ਅਸੀ ਹਰ ਸਮੇਂ ਵਾਰਡ ਵਾਸੀਆਂ ਦੀ ਸੇਵਾ ਵਿੱਚ ਹਾਜ਼ਰ ਰਹੇ ਹਾਂ ਅਤੇ ਵਾਰਡ ਵਿੱਚ ਬਹੁਤ ਸਾਰੇ ਵਿਕਾਸ ਦੇ ਕੰਮ ਕਰਵਾਏ ਗਏ ਹਨ ਜਿਨ੍ਹਾ ਤੋਂ ਵਾਰਡ ਵਾਸੀ ਸੰਤੁਸ਼ਟ ਹਨ। ਉਨ੍ਹਾ ਕਿਹਾ ਕਿ ਵੋਟਰਾਂ ਦਾ ਬਹੁਤ ਵਧੀਆ ਹੁੰਗਾਰਾ ਮਿਲ ਰਿਹਾ ਹੈ। ਉਹਨਾਂ ਕਿ ਜੇਕਰ ਵਾਰਡ ਵਾਸੀ ਉਨ੍ਹਾਂ ਨੂੰ ਦੁਬਾਰਾ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਵਾਰਡ ਨੰਬਰ ਚਾਰ ਦੇ ਵਿਕਾਸ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਤੇ ਵਾਰਡ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ। ਉਨ੍ਹਾ ਸਮੂਹ ਵੋਟਰਾਂ ਤੇ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 26 ਮਈ ਨੂੰ ਅਜ਼ਾਦ ਉਮੀਦਵਾਰ ਰਜਨੀ ਬਾਲਾ ਜਿਹਨਾਂ ਦਾ ਚੋਣ ਨਿਸ਼ਾਨ ਟਰੱਕ ਹੈ, ਆਪਣੀ ਕੀਮਤ ਵੋਟ ਪਾ ਕੇ ਕਾਮਯਾਬ ਕਰੋ ਅਤੇ ਆਪਣੇ ਵਾਰਡ ਦਾ ਵਿਕਾਸ ਕਰਵਾਓ।

## ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਇਕਾਈ ਕਰੇਗੀ ਉਮੀਦਵਾਰਾਂ ਖਿਲਾਫ਼ 23 ਨੂੰ ਰੋਸ ਮਾਰਚ



**ਮੋਗਾ, (ਇਕਬਾਲ ਸਿੰਘ ਖਹਿਰਾ)** ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਹੋਈ ਮੁਲਾਜ਼ਮ ਪੈਨਸ਼ਨਰਜ਼ ਸਾਂਝੇ ਫਰੰਟ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਸਰਬਜੀਤ ਸਿੰਘ ਦੌਧਰ ਦੀ ਪ੍ਰਧਾਨਗੀ ਹੇਠ ਹੋਈ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ 2022 ਦੀਆਂ ਚੋਟਾਂ ਵਿੱਚ ਜੋ ਵਾਅਦੇ ਕਰਕੇ ਸੱਤਾ 'ਤੇ ਕਾਬਜ਼ ਹੋਈ ਸੀ, ਉਹ ਵਾਅਦੇ ਪੂਰੇ ਕਰਨ ਦੀ ਬਜਾਏ, ਆਪਣੇ ਹੱਕ ਮੰਗਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਪੈਨਸ਼ਨਰਾਂ, ਠੇਕੇ 'ਤੇ ਕੰਮ ਕਰਦੇ ਕਾਮਿਆਂ, ਆਸ਼ਾ ਵਰਕਰਾਂ, ਮਾਣਭੱਤਾ ਵਰਕਰਾਂ, ਆਂਗਣਵਾੜੀ ਵਰਕਰਾਂ ਅਤੇ ਕੰਪਿਊਟਰ ਉਪਰੇਟਰਾਂ, ਆਮ ਅਧਿਆਪਕਾਂ, ਬੇਰੁਜ਼ਗਾਰਾਂ ਨੂੰ ਸ਼ਰੇਆਮ ਅੱਥਰੂ ਗੈਸ ਦੇ ਗੋਲਿਆਂ, ਲਾਠੀਆਂ, ਪਾਣੀ ਦੀ ਬੁਛਾੜਾਂ ਨਾਲ ਨਿਵਾਜਿਆ ਅਤੇ ਕਿਸੇ ਵੀ ਤਬਕੇ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ। ਮੁਲਾਜ਼ਮਾਂ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਨੂੰ ਕੇਂਦਰ ਦੇ ਮੁਲਾਜ਼ਮਾਂ ਨਾਲੋਂ ਡੀ ਲਿੰਕ ਕਰਕੇ 18% ਘੱਟ ਦਿੱਤਾ ਜਾ ਰਿਹਾ ਹੈ ਅਤੇ ਹਾਈਕੋਰਟ ਦੇ ਫੈਸਲੇ ਨੂੰ ਵੀ ਵਿੱਚ ਸਮਝਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਜਿੱਥੇ 'ਆਪ' ਸਰਕਾਰ ਨੇ ਪੰਜਾਬ ਦੇ ਕਿਰਤੀ-ਕਾਮੇ ਲੋਕਾਂ ਪ੍ਰਤੀ ਆਪਣੀ ਜਮਾਤੀ ਦੁਸ਼ਮਣੀ ਦਾ ਸ਼ਰੇਆਮ ਵਿਖਾਵਾ ਕੀਤਾ ਹੈ, ਉੱਥੇ ਕੇਂਦਰ 'ਚ ਬੈਠੀ ਭਾਜਪਾ ਦੀ ਮੋਦੀ ਸਰਕਾਰ ਨੇ ਵੀ ਆਪਣੇ ਸਰਮਾਏਦਾਰ ਸਾਮਰਾਜੀ ਪ੍ਰਭੂਆਂ ਦੀ ਚਾਕਰੀ ਕਰਦਿਆਂ ਦੇਸ਼ ਦੇ ਲੋਕਾਂ ਨਾਲ ਅਜਿਹਾ ਧ੍ਰੋਹ ਕਮਾਇਆ ਹੈ ਕਿ ਦੇਸ਼ ਦੇ ਸਾਰੇ ਸਰਕਾਰੀ ਅਦਾਰੇ, ਰੇਲਵੇ, ਬੀ.ਐਸ ਐਨ ਐਲ, ਹਵਾਈ ਅੱਡੇ, ਹਵਾਈ ਕੰਪਨੀਆਂ ਦੇਸ਼ ਦੇ ਕੀਮਤੀ ਖ਼ਜ਼ਾਨੇ ਸਭ ਕੁੱਝ ਵੱਡੇ ਘਰਾਣਿਆ ਦੇ ਹਵਾਲੇ ਕਰਕੇ ਦੇਸ਼ ਦੀ ਸਾਰੀ ਪੂੰਜੀ ਉਨ੍ਹਾਂ ਹਵਾਲੇ ਕਰ ਦਿੱਤੀ ਹੈ, ਦੇਸ਼ ਵਿੱਚ ਫਿਰਕਾਪ੍ਰਸਤੀ ਤੇ ਤਾਨਾਸ਼ਾਹੀ ਦਾ ਬੋਲਬਾਲਾ ਹੈ, ਮਜ਼ਦੂਰਾਂ ਤੇ ਚਾਰ ਕਾਲੇ ਕੋਡ ਲਾਗੂ ਕਰਕੇ ਉਨ੍ਹਾਂ ਤੋਂ ਆਪਣੇ ਜਮੂਹਰੀ ਹੱਕਾਂ ਦੀ ਰਾਖੀ ਲਈ ਜਥੇਬੰਦੀ ਬਣਾਉਣ ਅਤੇ ਸੰਘਰਸ਼ ਕਰਨ ਦਾ ਅਧਿਕਾਰ ਖੋਹ ਲਿਆ ਹੈ, ਦਿਨ ਵਿੱਚ 8 ਘੰਟੇ ਕੰਮ ਕਰਨ ਦੇ ਸੰਘਰਸ਼ਾਂ ਰਾਹੀਂ ਪ੍ਰਾਪਤ ਅਧਿਕਾਰ ਨੂੰ ਖੋਹ ਕੇ 12 ਘੰਟੇ ਕੰਮ ਕਰਨ ਦੇ ਹੁਕਮ ਲਾਗੂ ਕਰ ਦਿੱਤੇ ਹਨ। ਅਜਿਹੇ ਹਾਲਾਤ ਵਿੱਚ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਦੇ ਫੈਸਲੇ ਦੀ ਰੌਸ਼ਨੀ ਵਿੱਚ 26 ਮਈ ਨੂੰ ਹੋ ਰਹੀਆਂ ਨਗਰ ਨਿਗਮ, ਨਗਰ ਪਾਲਿਕਾ, ਨਗਰ ਪੰਚਾਇਤਾਂ ਦੀਆਂ ਚੋਣਾਂ ਤੋਂ ਪਹਿਲਾਂ ਸਾਰੇ ਚੋਣ ਖੇਤਰਾਂ ਵਿੱਚ ਮੋਟਰਸਾਈਕਲਾਂ , ਸਕੂਟਰਾਂ, ਸਾਈਕਲਾਂ ਤੇ ਮਾਰਚ ਕਰਕੇ ਸ਼ਹਿਰਾਂ ਦੇ ਲੋਕਾਂ ਨੂੰ ਇਹਨਾਂ ਦੋਵਾਂ ਪਾਰਟੀਆਂ ਬੀ ਜੇ ਪੀ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਲੋਕਾਂ ਵਿੱਚ ਨੰਗਾ ਕੀਤਾ ਜਾਵੇਗਾ।

ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਮੋਗਾ ਦੇ ਸਰਗਰਮ ਵਰਕਰ ਅਤੇ ਆਗੂ ਵੱਡੀ ਗਿਣਤੀ ਵਿੱਚ 23 ਮਈ ਸ਼ਾਮ 5 ਵਜੇ ਮੁੱਖ ਚੌਂਕ ਵਿੱਚ ਇਕੱਤਰ ਹੋਣਗੇ ਤੇ ਮੋਟਰਸਾਈਕਲਾਂ ਸਕੂਟਰਾਂ ਦੇ ਕਾਫਲੇ ਨਾਲ ਮੋਗੇ ਸ਼ਹਿਰ ਦੀਆਂ ਸੜਕਾਂ ਤੇ ਰੋਹ ਭਰਪੂਰ ਆਕਾਸ਼ ਗੁੰਜਾਊ ਨਾਅਰਿਆਂ ਨਾਲ ਆਮ ਆਦਮੀ ਪਾਰਟੀ ਅਤੇ ਬੀ ਜੇ ਪੀ ਦੇ ਉਮੀਦਵਾਰਾਂ ਨੂੰ ਵੋਟਾਂ ਨਾ ਪਾਉਣ ਦਾ ਹੋਕਾ ਦੇਣਗੇ। ਸਾਂਝਾ ਫਰੰਟ ਵਿੱਚ ਸ਼ਾਮਲ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਜਗਦੀਸ਼ ਸਿੰਘ ਚਾਹਲ, ਬਲੌਰ ਸਿੰਘ, ਭੁਪਿੰਦਰ ਸਿੰਘ ਸੇਖੋਂ, ਪ੍ਰੇਮ ਕੁਮਾਰ, ਬੂਟਾ ਸਿੰਘ ਭੱਟੀ, ਲਾਲ ਸਿੰਘ, ਜਗਤਾਰ ਸਿੰਘ ਸੇਖੋਂ, ਸਤਿਯਮ ਪ੍ਰਕਾਸ਼, ਗੁਰਪ੍ਰੀਤ ਸਿੰਘ ਤੇ ਇੰਦਰਵੀਰ ਸਿੰਘ ਗਿੱਲ ਨੇ ਦੱਸਿਆ ਕਿ ਮੋਟਰਸਾਈਕਲ ਸਕੂਟਰਾਂ ਦਾ ਕਾਫਲਾ ਚੌਕ ਤੋਂ 5 ਵਜੇ ਰਵਾਨਾ ਹੋਵੇਗਾ ਅਤੇ ਬਜ਼ਾਰ ਵਿੱਚ ਦੀ ਹੁੰਦਾ ਹੋਇਆ 9 ਨੰ: ਗਲੀ ਰਾਹੀਂ ਪ੍ਰਤਾਪ ਰੋਡ ਤੇ ਪਹੁੰਚੇਗਾ, ਸਬਜ਼ੀ ਮੰਡੀ ਵਾਲਾ ਗੇਟ ਨੰ: 1 ਤੋਂ ਸਬਜ਼ੀ ਮੰਡੀ ਵਿੱਚ ਦੀ ਹੁੰਦਾ ਹੋਇਆ ਰੇਲਵੇ ਰੋਡ 'ਤੇ ਪਹੁੰਚੇਗਾ, ਰੇਲਵੇ ਰੋਡ ਤੋਂ ਨੀਵੇਂ ਪੁਲ ਹੇਠ ਦੀ ਹੁੰਦੇ ਹੋਇਆ ਇਹ ਕਾਫ਼ਲਾ ਨੇਚਰ ਪਾਰਕ ਕੋਲ ਗੁਰੂ ਨਾਨਕ ਕਾਲਜ ਦੇ ਸਾਹਮਣੇ ਚੌਕ ਵਿੱਚ ਖਤਮ ਹੋਵੇਗਾ।

## ਹਸਪਤਾਲਾਂ 'ਚ ਹੀਟ ਵੇਵ ਤੋਂ ਪ੍ਰਭਾਵਤ ਮਰੀਜ਼ਾਂ ਦੇ ਇਲਾਜ ਲਈ ਲੋੜੀਂਦੀਆਂ ਦਵਾਈਆਂ ਉਪਲੱਬਧ : ਸਿਵਲ ਸਰਜਨ



**ਮਾਲੇਰਕੋਟਲਾ (ਅਸਗਰ ਪਰਿਹਾਰ)**- ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਵੀਰ ਸਿੰਘ ਦੀ ਅਗਵਾਈ ਹੇਠ ਮਈ ਮਹੀਨੇ ਦੌਰਾਨ ਤੇਜ਼ੀ ਨਾਲ ਵਧ ਰਹੇ ਤਾਪਮਾਨ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਸਿਹਤ ਪ੍ਰਸ਼ਾਸਨ ਮਾਲੇਰਕੋਟਲਾ ਵੱਲੋਂ ਆਮ ਲੋਕਾਂ ਲਈ ਇੱਕ ਵਿਸ਼ੇਸ਼ ਸਿਹਤ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਸਿਵਲ ਸਰਜਨ ਡਾ.ਪ੍ਰਦੀਪ ਕੁਮਾਰ ਨੇ ਦੱਸਿਆ ਕਿ ਤਾਪਮਾਨ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਦੇ ਹੋਰ ਵਧਣ ਦਾ ਅਨੁਮਾਨ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਧ ਰਹੇ ਤਾਪਮਾਨ ਵਿੱਚ ਆਪਣੀ ਸਿਹਤ ਦਾ ਖ਼ਾਸ ਖ਼ਿਆਲ ਰੱਖਣ। ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦਿਓ, ਵੱਧ ਤੋਂ ਵੱਧ ਪਾਣੀ ਅਤੇ ਹੋਰ ਤਰਲ ਪਦਾਰਥ ਪੀਓ। ਜੇਕਰ ਕਿਸੇ ਜ਼ਰੂਰੀ ਕੰਮ ਲਈ ਬਾਹਰ ਜਾਣਾ ਪਵੇ, ਤਾਂ ਆਪਣੇ ਨਾਲ ਪਾਣੀ ਦੀ ਬੋਤਲ ਜ਼ਰੂਰ ਰੱਖੋ ਅਤੇ ਸਿੱਧੀ ਤੇਜ਼ ਧੁੱਪ ਤੋਂ ਬਚਣ ਲਈ ਸਿਰ ਨੂੰ ਕੱਪੜੇ ਜਾਂ ਛਤਰੀ ਨਾਲ ਢਕ ਕੇ ਰੱਖੋ। ਦੁਪਹਿਰ ਦੇ ਸਮੇਂ ਬਿਨਾਂ ਵਜ੍ਹਾ ਬਾਹਰ ਨਿਕਲਣ ਤੋਂ ਬਚੋ ਅਤੇ ਭਾਰੀ ਮਿਹਨਤ ਵਾਲੇ ਕੰਮ ਸਵੇਰੇ ਜਾਂ ਸ਼ਾਮ ਦੇ ਸਮੇਂ ਹੀ ਕੀਤੇ ਜਾਣ।ਡਾ. ਪ੍ਰਦੀਪ ਕੁਮਾਰ ਨੇ ਦੱਸਿਆ ਕਿ ਹੀਟ ਵੇਵ ਦੇ ਪ੍ਰਭਾਵ ਕਾਰਨ ਸਰੀਰ ਦਾ ਤਾਪਮਾਨ ਬਹੁਤ ਵਧ ਜਾਣਾ, ਚੱਕਰ ਆਉਣਾ ਅਤੇ ਉਲਟੀਆਂ ਲੱਗਣਾ, ਘਬਰਾਹਟ ਜਾਂ ਬੇਹੋਸ਼ੀ ਹੋਣਾ ਅਜਿਹੇ ਲੱਛਣ ਦਿਖਾਈ ਦੇਣ 'ਤੇ ਪੀੜਤ ਵਿਅਕਤੀ ਨੂੰ ਤੁਰੰਤ ਧੁੱਪ ਤੋਂ ਹਟਾ ਕੇ ਛਾਂਦਾਰ ਜਗ੍ਹਾ 'ਤੇ ਬਿਠਾਇਆ ਜਾਵੇ ਅਤੇ ਤੁਰੰਤ ਡਾਕਟਰੀ ਸਹਾਇਤਾ ਲਈ ਜਾਵੇ।ਸਿਵਲ ਸਰਜਨ ਨੇ ਜ਼ਿਲ੍ਹੇ ਦੇ ਸਿਹਤ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨੂੰ ਹੀਟ ਵੇਵ ਤੋਂ ਬਚਾਅ ਲਈ ਜਾਗਰੂਕ ਕਰਨ ਲਈ ਗਤੀਵਿਧੀਆਂ ਤੇਜ਼ ਕਰਨ । ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਓ.ਆਰ.ਐੱਸ. ਸਮੇਤ ਹੀਟ ਵੇਵ ਤੋਂ ਪ੍ਰਭਾਵਿਤ ਮਰੀਜ਼ਾਂ ਦੇ ਇਲਾਜ ਲਈ ਲੋੜੀਂਦੀਆਂ ਦਵਾਈਆਂ ਦੇ ਪੁਖ਼ਤਾ ਪ੍ਰਬੰਧ ਹਨ।ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਸਜ਼ੀਲਾ ਖਾਨ ਅਤੇ ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਮੁਨੀਰ ਮੁਹੰਮਦ ਨੇ ਸਮੂਹ ਸਿਹਤ ਸੰਸਥਾਵਾਂ ਨੂੰ ਨਿਰਦੇਸ਼ ਦਿੱਤੇ ਕਿ ਜੇਕਰ ਹੀਟ ਵੇਵ ਦਾ ਕੋਈ ਵੀ ਕੇਸ ਸਾਹਮਣੇ ਆਉਂਦਾ ਹੈ, ਤਾਂ ਉਸ ਦੀ ਸੂਚਨਾ ਤੁਰੰਤ ਆਈ.ਐੱਚ. ਆਈ.ਪੀ. ਪੋਰਟਲ ਰਾਹੀਂ ਦਰਜ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਮਲਟੀਪਰਪਜ਼ ਸਿਹਤ ਟੀਮਾਂ ਨੂੰ ਜਨਤਕ ਥਾਵਾਂ 'ਤੇ ਜਾ ਕੇ ਲੋਕਾਂ ਨੂੰ ਗਰਮੀ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣ ਲਈ ਜਾਗਰੂਕ ਕਰਨ ਦੇ ਆਦੇਸ਼ ਵੀ ਜਾਰੀ ਕਰ ਦਿੱਤੇ ਗਏ ਹਨ।

# ਡੀਜ਼ਲ-ਪੈਟਰੋਲ ਦੀਆਂ ਕੀਮਤਾਂ ਵਧਾ ਕੇ ਸਰਕਾਰ ਕਰ ਰਹੀ ਜਨਤਾ ਦਾ ਨੁਕਸਾਨ : ਦੌਲਤਪੁਰਾ, ਮਨਾਵਾਂ



**ਮੋਗਾ, (ਇਕਬਾਲ ਸਿੰਘ ਖਹਿਰਾ)** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਸੂਬਾ ਆਗੂ ਹਰਨੇਕ ਸਿੰਘ ਫ਼ਤਿਹਗੜ੍ਹ, ਜ਼ਿਲਾ ਮੀਤ ਪ੍ਰਧਾਨ ਮੋਦਨ ਸਿੰਘ ਨਿਧਾਵਾਲਾ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਬਲਾਕ ਜਰਨਲ ਸਕੱਤਰ ਬੰਤ ਸਿੰਘ ਨਿਧਾਵਾਲਾ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਰਾਹੀਂ ਸਾਂਝੇ ਬਿਆਨ ਵਿੱਚ ਕੇਂਦਰ ਸਰਕਾਰ ਦੀ ਘੋਰ ਨਿੰਦਿਆ ਕਰਦਿਆਂ ਹੋਇਆ ਕਿਹਾ ਹੈ ਕਿ ਦੇਸ਼ ਦਾ ਕਿਸਾਨ ਅਤੇ ਆਮ ਲੋਕ ਪਹਿਲਾਂ ਤੋਂ ਹੀ ਮਹਿੰਗਾਈ ਦੇ ਨਾਲ ਜੂਝ ਰਹੇ ਹਨ ਉਪਰੋਂ ਸਰਕਾਰ ਨੇ ਪੰਜ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਨਿਕਲਣ ਤੋਂ ਬਾਅਦ ਆਪਣਾ ਰਵਈਆ ਬਦਲ ਲਿਆ ਹੈ, ਕਿਉਂਕਿ ਕੇਂਦਰ ਸਰਕਾਰ ਨੇ ਡੀਜ਼ਲ-ਪੈਟਰੋਲ ਕੰਪਨੀਆਂ ਨੂੰ ਖੁੱਲੀ ਛੋਟ ਦੇ ਦਿੱਤੀ ਹੈ, ਜੋ ਆਪਣੇ ਮਨਮਾਨੀ ਦੇ ਨਾਲ ਡੀਜ਼ਲ-ਪੈਟਰੋਲ ਦੀਆਂ ਕੀਮਤਾਂ ਵਧਾ ਰਹੀਆਂ ਹਨ। ਦੋ ਦਿਨ ਵਿੱਚ ਹੀ ਪੈਟਰੋਲੀਅਮ ਕੰਪਨੀਆਂ ਨੇ ਡੀਜ਼ਲ ਤੇ ਪੈਟਰੋਲ ਦੇ ਭਾਅ ਅਸਮਾਨ ਛੂਹਣ ਲਾ ਦਿੱਤੇ ਹਨ, ਜੋ ਸਰਾਸਰ ਦੇਸ਼ ਦੇ ਲੋਕਾਂ ਨਾਲ ਧੋਖਾ ਹੈ ਕਿਉਂਕਿ ਜਦੋਂ ਪੰਜ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਸਨ ਤਾਂ ਸਰਕਾਰ ਨੇ ਤੇਲ ਕੰਪਨੀਆਂ ਤੇ ਕੰਟਰੋਲ ਰੱਖਿਆ, ਪਰ ਹੁਣ ਤੇਲ ਕੰਪਨੀਆਂ ਡੀਜਲ ਪੈਟਰੋਲ ਦੀਆਂ ਕੀਮਤਾਂ ਵਧਾ ਕੇ ਆਮ ਲੋਕਾਂ ਤੇ ਕਿਸਾਨਾਂ ਦਾ ਲੱਕ ਤੋੜ ਰਹੀਆਂ ਹਨ, ਕਿਉਂਕਿ ਕਿਸਾਨੀ ਤਾਂ ਪਹਿਲਾਂ ਤੋਂ ਹੀ ਮਹਿੰਗੀਆਂ ਰੇਹਾਂ, ਸਪਰੇਆਂ ਡੀਜ਼ਲ ਦੇ ਭਾਵਾਂ ਨਾਲ ਲਿਤਾੜੀ ਪਈ ਹੈ।

# ਸੜਕ ਹਾਦਸੇ 'ਚ ਜ਼ਖ਼ਮੀ ਵਿਅਕਤੀ ਦੀ ਮੌਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਆਰਿਫ਼ ਕੇ ਵਿਖੇ ਸੜਕ ਹਾਦਸੇ ਵਿਚ ਜ਼ਖ਼ਮੀ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋ ਗਈ ਹੈ। ਇਸ ਸਬੰਧ ਵਿੱਚ ਥਾਣਾ ਆਰਿਫ਼ ਕੇ ਪੁਲਿਸ ਨੇ ਅਣਪਛਾਤੇ ਵਹੀਕਲ ਖ਼ਿਲਾਫ 106, 281, 125-ਏ, 324 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਵਿਪਨ ਕੁਮਾਰ ਪੁੱਤਰ ਰਤਨ ਲਾਲ ਵਾਸੀ ਪਿੰਡ ਚੁਗੱਤੇਵਾਲਾ ਨੇ ਦੱਸਿਆ ਕਿ 18 ਮਈ ਨੂੰ ਕਰਬ 5.30 ਪੀਐੱਮ 'ਤੇ ਅਣਪਛਾਤੇ ਵਹੀਕਲ ਡਰਾਈਵਰ ਵੱਲੋਂ ਬੜੀ ਲਾਪ੍ਰਵਾਹੀ ਅਤੇ ਤੇਜ਼ ਰਫਤਾਰ ਨਾਲ ਲਿਆ ਕੇ ਆਪਣੀ ਗੱਡੀ ਉਸ ਦੇ ਭਤੀਜੇ ਸੰਗਮ ਚੌਧਰੀ ਤੇ ਉਸ ਦੇ ਦੋਸਤ ਨਿਸ਼ਾਨ ਗਿੱਲ ਦੇ ਮੋਟਰਸਾਈਕਲ ਵਿਚ ਮਾਰੀ।

ਵਿਪਨ ਕੁਮਾਰ ਨੇ ਦੱਸਿਆ ਕਿ ਉਸ ਦੇ ਭਤੀਜੇ ਅਤੇ ਉਸ ਦੇ ਦੋਸਤ ਦੇ ਸੱਟਾਂ ਲੱਗ ਗਈਆਂ ਅਤੇ ਉਸ ਦੇ ਭਤੀਜੇ ਸੰਗਮ ਚੌਧਰੀ ਦੀ ਇਲਾਜ ਦੌਰਾਨ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਅਣਪਛਾਤੇ ਵਹੀਕਲ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਸੈਂਟੀਨਲ ਸਕੂਲ ਦੇ ਵਿਦਿਆਰਥੀਆਂ ਦਾ 'ਨਾਈਟ ਆਊਟ' ਪ੍ਰੋਗਰਾਮ

**ਸਮਰਾਲਾ, (ਸੁਰਜੀਤ ਸਿੰਘ)** ਸੈਂਟੀਨਲ ਇੰਟਰਨੈਸ਼ਨਲ, ਸਕੂਲ ਦੇ ਪ੍ਰਿੰਸੀਪਲ ਮੈਡਮ ਡਾ. ਪੂਨਮ ਸ਼ਰਮਾ ਦੀ ਅਗਵਾਈ ਹੇਠ ਸਕੂਲ ਦੇ



ਵਿਦਿਆਰਥੀਆਂ ਨੇ ਆਪਣੇ ਸਕੂਲ ਵਿਖੇ 'ਨਾਈਟ ਆਊਟ' ਗਤੀਵਿਧੀ ਵਿੱਚ ਹਿੱਸਾ ਲਿਆ।ਇਸ 'ਨਾਈਟ ਆਊਟ' ਦਾ ਮੰਤਵ ਵਿਦਿਆਰਥੀਆਂ ਨੂੰ ਸਵੈ-ਨਿਰਭਰ ਬਣਾਉਣਾ ਸੀ।ਉਨ੍ਹਾਂ ਨੂੰ ਆਪਣੇ ਵਡੇਰੇ ਜੀਵਨ ਵਿੱਚ ਕੰਮ ਆਉਣ ਵਾਲੇ ਨਿੱਕੇ-ਨਿੱਕੇ ਘਰੇਲੂ ਗੁਰ ਸਿਖਾਏ ਗਏ।ਵਿਦਿਆਰਥੀਆਂ ਨੇ ਇਸ ਦੌਰਾਨ ਬਹੁਤ ਸਾਰੀਆਂ ਗਤੀਵਿਧੀਆਂ ਵਿੱਚ ਭਾਗ ਲਿਆ ਅਤੇ ਆਨੰਦ ਮਾਣਿਆ।ਸ਼ਾਮ ਵੇਲੇ ਅਧਿਆਪਕਾਂ ਨੇ ਵਿਦਿਆਰਥੀਆਂ ਨਾਲ 3-ਡੀ ਮੂਵੀ ਦਾ ਆਨੰਦ ਮਾਣਿਆ। ਬੱਚਿਆਂ ਨੇ ਗੇਮਾਂ ਖੇਡੀਆਂ, ਕਵਿਤਾਵਾਂ ਤੇ ਕਹਾਣੀਆਂ ਸੁਣਾਈਆਂ ਅਤੇ ਹੋਰ ਕਈ ਗਤੀਵਿਧੀਆਂ ਵਿੱਚ ਹਿੱਸਾ ਲਿਆ। ਵਿਦਿਆਰਥੀਆਂ ਨੇ ਸਵੇਰੇ ਚੜ੍ਹਦੇ ਸੂਰਜ ਨੂੰ ਸੂਰਜ ਨਮਸਕਾਰ ਕੀਤਾ, ਤੈਰਾਕੀ ਤੋਂ ਇਲਾਵਾ ਯੋਗਾ ਤੇ ਕਸਰਤ ਕਲਾਸਾਂ ਦੇ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੇ ਅਧਿਆਪਕਾਂ ਤੋਂ ਆਪਣੀ ਸਿਹਤ ਦੀ ਤੰਦਰੁਸਤੀ ਦੇ ਲਈ ਯੋਗਾ ਅਤੇ ਕਸਰਤ ਬਾਰੇ ਜਾਣਕਾਰੀ ਹਾਸਿਲ ਕੀਤੀ।ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸਿੱਖਿਆਦਾਇਕ ਗਤੀਵਿਧੀਆਂ ਕਰਵਾਈਆਂ ਗਈਆਂ। ਰਾਤ ਦੇ ਖਾਣੇ ਤੋਂ ਇਲਾਵਾ ਬੱਚਿਆਂ ਲਈ ਸਵੇਰ ਦੇ ਨਾਸ਼ਤੇ ਦਾ ਵੀ ਪੂਰਾ ਪ੍ਰਬੰਧ ਕੀਤਾ ਗਿਆ ਸੀ। ਪ੍ਰਿੰਸੀਪਲ ਮੈਡਮ ਡਾ. ਪੂਨਮ ਸ਼ਰਮਾ ਨੇ ਦੱਸਿਆ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਤੇ ਉਨ੍ਹਾਂ ਨੂੰ ਆਤਮਨਿਰਭਰਤਾ ਵੱਲ ਰੁਚਿਤ ਕਰਾਉਣਾ ਸਕੂਲ ਪਾਠਕ੍ਰਮ ਦਾ ਹਿੱਸਾ ਹੈ।ਉਨ੍ਹਾਂ ਕਿਹਾ ਕਿ ਸੈਂਟੀਨਲ ਇੰਟਰਨੈਸ਼ਨਲ ਸਕੂਲ ਬੱਚਿਆਂ ਨੂੰ ਸਿਲੇਬਸ ਤੋਂ ਇਲਾਵਾ ਵਾਧੂ ਸਿੱਖਿਆਦਾਇਕ ਗਤੀਵਿਧੀਆਂ ਕਰਾਉਂਦਾ ਹੈ, ਤਾਂ ਜੁ ਉਨ੍ਹਾਂ ਦੀ ਸੋਚ ਦਾ ਦਾਇਰਾ ਹੋਰ ਵਿਸ਼ਾਲ ਹੋਵੇ।

# ਸਫ਼ਾਈ ਕਰਮਚਾਰੀਆਂ ਵੱਲੋਂ 15 ਦਿਨ ਤੋਂ ਨਗਰ ਕੌਂਸਲ ਦਫ਼ਤਰ ਅੱਗੇ ਧਰਨਾ

**ਭਵਾਨੀਗੜ੍ਹ, (ਰਾਜ ਖੁਰਮੀ)** ਸਫ਼ਾਈ ਮਜ਼ਦੂਰ ਨਗਰ ਕੌਂਸਲ ਭਵਾਨੀਗੜ੍ਹ ਦੀ ਅਗਵਾਈ ਹੇਠ ਸਫ਼ਾਈ ਕ੍ਰਮਚਾਰੀਆਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਕੰਮ ਛੱਡ ਕੇ ਅਣਮਿੱਥੇ ਸਮੇਂ ਲਈ ਹੜਤਾਲ



ਸ਼ੁਰੂ ਕਰ ਦਿੱਤੀ। ਹੜਤਾਲ ਦੇ ਪਹਿਲੇ ਦਿਨ ਸਫ਼ਾਈ ਕ੍ਰਮਚਾਰੀਆਂ ਵੱਲੋਂ ਨਗਰ ਕੌਂਸਲ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਗਿਆ ਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਵੀ ਹੜਤਾਲ ਵਿੱਚ ਸ਼ਾਮਲ ਹੋ ਕੇ ਪੂਰੀ ਹਮਾਇਤ ਦਾ ਐਲਾਨ ਕੀਤਾ ਗਿਆ।

ਆਗੂਆਂ ਨੇ ਦੱਸਿਆ ਕਿ ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਤੇ ਸਫ਼ਾਈ ਸੇਵਕ ਯੂਨੀਅਨ ਪੰਜਾਬ ਵੱਲੋਂ ਪੰਜਾਬ ਭਰ ਦੇ ਸਫ਼ਾਈ ਕ੍ਰਮਚਾਰੀਆਂ ਤੇ ਮਿਉਂਸਪਲ ਕਾਮਿਆਂ ਦੀਆਂ ਮੰਗਾਂ ਦੇ ਹੱਕ ਵਿੱਚ 6 ਮਈ ਤੋਂ ਸੂਬਾ ਪੱਧਰੀ ਹੜਤਾਲ ਦਾ ਸੱਦਾ ਦਿੱਤਾ ਗਿਆ ਸੀ, ਜਿਸ ਦੇ ਤਹਿਤ ਨਿਗਮਾਂ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਕਰਮਚਾਰੀ ਹੜਤਾਲ 'ਤੇ ਹਨ। ਉਨ੍ਹਾਂ ਕਿਹਾ ਕਿ ਇਹ ਸੰਘਰਸ਼ ਮੰਗਾਂ ਦੀ ਪੂਰਤੀ ਤੱਕ ਜਾਰੀ ਰਹੇਗਾ।ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਹੜਤਾਲ ਕਰਨਾ ਉਹਨਾਂ ਦਾ ਕੋਈ ਸ਼ੌਕ ਨਹੀਂ ਸਗੋਂ ਮਜ਼ਬੂਰੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਦੇ ਲਗਭਗ 90 ਫੀਸਦੀ ਮਿਉਂਸਪਲ ਮੁਲਾਜ਼ਮ ਅੱਜ ਵੀ ਕੱਚੇ ਤੌਰ 'ਤੇ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਨ ਲਈ ਮਜਬੂਰ ਹਨ, ਜਦਕਿ ਮਹਿੰਗਾਈ ਦੇ ਇਸ ਦੌਰ ਵਿੱਚ ਘਰ ਦਾ ਗੁਜ਼ਾਰਾ ਚਲਾਉਣਾ ਬਹੁਤ ਔਖਾ ਹੋ ਗਿਆ ਹੈ।

ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਸਫ਼ਾਈ ਕ੍ਰਮਚਾਰੀਆਂ ਨਾਲ ਵੱਡੇ ਵਾਅਦੇ ਕੀਤੇ ਸਨ ਪਰ ਅੱਜ ਤੱਕ ਉਹ ਪੂਰੇ ਨਹੀਂ ਹੋਏ। ਇਸ ਮੌਕੇ ਪੈਨਸ਼ਨ ਯੂਨੀਅਨ ਤੇ ਹੋਰ ਜਥੇਬੰਦੀਆਂ ਵੱਲੋਂ ਵੀ ਧਰਨੇ ਨੂੰ ਸਮਰਥਨ ਦਿੱਤਾ ਗਿਆ।

# ਨਾਮਜ਼ਦਗੀ ਵਾਪਸ ਲੈਣ ਤੋਂ ਬਾਅਦ 64 ਉਮੀਦਵਾਰ ਚੋਣ ਮੈਦਾਨ 'ਚ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਚੋਣਾਂ ਲਈ 21 ਵਾਰਡਾਂ 'ਤੇ ਅਧਾਰਤ ਨਗਰ ਕੌਂਸਲ ਲਈ ਨਾਮਜਦਗੀ ਕਾਗ਼ਜ਼ ਵਾਪਸ ਲੈਣ ਦਾ ਸਮਾਂ ਲੰਘਣ ਤੋਂ ਬਾਅਦ ਹੁਣ 64 ਉਮੀਦਵਾਰ ਚੋਣ ਮੈਦਾਨ 'ਚ ਰਹਿ ਗਏ।ਨਗਰ ਕੌਂਸਲ ਚੋਣ ਲਈ ਕੁੱਲ 117 ਉਮੀਦਵਾਰਾਂ ਵੱਲੋਂ ਆਪਣੇ ਨਾਮਜਦਗੀ ਕਾਗ਼ਜ਼ ਦਾਖਲ ਕੀਤੇ ਗਏ ਸਨ ਅਤੇ ਪੜਤਾਲ ਦੌਰਾਨ ਵਾਰਡ ਨੰਬਰ 2 ਤੋਂ ਭਾਜਪਾ ਦੇ ਪਰਮਿੰਦਰ ਸਿੰਘ ਭਿੰਦੀ ਤੇ ਇੰਦਰਜੀਤ ਸਿੰਘ, ਵਾਰਡ ਨੰਬਰ 3 ਤੋਂ ਭਾਜਪਾ ਦੀ ਮਹਿਕ ਗੋਇਲ ਤੇ ਸਰੋਜ ਰਾਣੀ, ਵਾਰਡ ਨੰਬਰ 6 ਤੋਂ ਭਾਜਪਾ ਦੇ ਅਸ਼ਵਨੀ ਕੁਮਾਰ ਮਿੱਠੂ, ਵਾਰਡ ਨੰਬਰ 7 ਤੋਂ ਕਾਂਗਰਸ ਦੀ ਬਬਲੀ, ਵਾਰਡ ਨੰਬਰ 10 ਤੋਂ ਕਾਂਗਰਸ ਦੇ ਮਨਪ੍ਰੀਤ ਸਿੰਘ, ਵਾਰਡ ਨੰਬਰ 12 ਤੋਂ ਬਲਵੰਤ ਸਿੰਘ ਬੱਗਾ ਤੇ ਪ੍ਰਭਜੋਤ ਸਿੰਘ, ਵਾਰਡ ਨੰਬਰ 14 ਤੋ ਕਾਂਗਰਸ ਦੀ ਸਨੇਹ ਲਤਾ ਤੇ ਵਾਰਡ ਨੰਬਰ 21 ਤੋਂ ਅਕਾਲੀ ਦਲ ਦੇ ਦਰਸ਼ਨ ਸਿੰਘ ਸਮੇਤ 15 ਉਮੀਦਵਾਰਾਂ ਦੇ ਕਾਗ਼ਜ਼ ਰੱਦ ਹੋ ਗਏ।




ਕਾਗ਼ਜ਼ ਵਾਪਸੀ ਵਾਲੇ ਦਿਨ 33 ਉਮੀਦਵਾਰਾਂ ਵੱਲੋਂ ਆਪਣੇ ਕਾਗ਼ਜ਼ ਵਾਪਸ ਲੈਣ ਤੋਂ ਬਾਅਦ ਹੁਣ 64 ਉਮੀਦਵਾਰ ਚੋਣ ਮੈਦਾਨ 'ਚ ਹਨ, ਜਦੋਂਕਿ ਵਾਰਡ ਨੰਬਰ 2, 3, 6,11 ਤੇ 12 ਤੋਂ ਵਿਰੋਧੀਆਂ ਦੇ ਕਾਗ਼ਜ਼ ਰੱਦ ਹੋਣ ਕਾਰਨ ਆਪ ਦੇ ਕ੍ਰਮਵਾਰ ਪੁਸਪਿੰਦਰ ਸ਼ਰਮਾ, ਕਿਰਨ ਸ਼ਰਮਾ, ਅਸ਼ਵਨੀ ਕੁਮਾਰ ਧੀਰ, ਸਸ਼ੀ ਰਾਣੀ ਤੇ ਜਸਵੀਰ ਸਿੰਘ ਜੱਜ ਬਿਨਾਂ ਮੁਕਾਬਲਾ ਜੇਤੂ ਰਹੇ।

# ਪ੍ਰਥਮਵੀਰ ਸਿੰਘ ਤੇ ਹਰਸ਼ਵੀਰ ਸਿੰਘ ਦਾ ਦਸਤਾਰਬੰਦੀ ਸਮਾਗਮ ਹੋਇਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਦਿੱਲੀ ਦੇ ਤਿਲਕ ਨਗਰ ਤੋਂ ਵਿਧਾਇਕ ਜਰਨੈਲ ਸਿੰਘ ਦੇ ਦੋਵੇਂ ਪੁੱਤਰ ਪ੍ਰਥਮਵੀਰ ਸਿੰਘ ਤੇ ਹਰਸ਼ਵੀਰ ਸਿੰਘ ਦੀ ਦਸਤਾਰਬੰਦੀ ਦਾ ਸਮਾਗਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ



ਮੌਕੇ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਤੇ ਹਲਕਾ ਸਨੌਰ ਦੇ ਸੀਨੀਅਰ 'ਆਪ' ਆਗੂ ਇੰਦਰਜੀਤ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਪਹੁੰਚੇ।ਉਨ੍ਹਾਂ ਜਰਨੈਲ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਦਸਤਾਰ ਸਿੱਖ ਕੌਮ ਦੀ ਵਿਲੱਖਣ ਪਛਾਣ ਹੈ ਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੀ ਇਸ ਮਹਾਨ ਵਿਰਾਸਤ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਪ੍ਰਥਮਵੀਰ ਸਿੰਘ ਤੇ ਹਰਸ਼ਵੀਰ ਸਿੰਘ ਨੂੰ ਅਸੀਸ ਦਿੰਦਿਆਂ ਉਨ੍ਹਾਂ ਦੇ ਚੰਗੇ ਸੰਸਕਾਰਾਂ, ਉੱਚੀ ਸੋਚ ਤੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ।ਸਮਾਗਮ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਉਨ੍ਹਾਂ ਦੀ ਧਰਮਪਤਨੀ ਸੁਨੀਤਾ ਕੇਜਰੀਵਾਲ ਨੇ ਵੀ ਸ਼ਿਰਕਤ ਕਰਕੇ ਸਮਾਗਮ ਦੀ ਰੌਣਕ ਵਿੱਚ ਵਾਧਾ ਕੀਤਾ। ਉਨ੍ਹਾਂ ਪਰਵਾਰ ਨਾਲ ਮੁਲਾਕਾਤ ਕਰਦਿਆਂ ਬੱਚਿਆਂ ਨੂੰ ਸਿੱਖੀ ਦੇ ਮਾਰਗ 'ਤੇ ਅਡੋਲ ਰਹਿਣ ਅਤੇ ਆਪਣੇ ਪਰਿਵਾਰ ਤੇ ਕੌਮ ਦਾ ਨਾਂਅ ਰੌਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਦੌਰਾਨ ਦਿੱਲੀ ਦੀ ਸਿੱਖ ਸੰਗਤ, ਧਾਰਮਿਕ ਤੇ ਰਾਜਨੀਤਿਕ ਹਸਤੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨਾਲ ਜੁੜੇ ਪ੍ਰਮੁੱਖ ਸੇਵਾਦਾਰ ਵੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ।ਸੰਗਤਾਂ ਨੇ ਬੱਚਿਆਂ ਨੂੰ ਅਸੀਸਾਂ ਦਿੱਤੀਆਂ ਤੇ ਸਮਾਗਮ ਨੂੰ ਸਿੱਖੀ ਦੀਆਂ ਪ੍ਰੰਪਰਾਵਾਂ ਤੇ ਧਾਰਮਿਕ ਸੰਸਕਾਰਾਂ ਦਾ ਪ੍ਰੇਰਨਾਦਾਇਕ ਪ੍ਰਤੀਕ ਕਰਾਰ ਦਿੱਤਾ। ਜਰਨੈਲ ਸਿੰਘ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸੰਗਤਾਂ ਤੇ ਵਿਸ਼ੇਸ਼ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਸਿੱਖੀ ਨਾਲ ਜੋੜਨਾ ਹਰ ਸਿੱਖ ਪਰਿਵਾਰ ਦੀ ਵੱਡੀ ਜ਼ਿੰਮੇਵਾਰੀ ਹੈ।

# ਮਾੜੀਕੇ ਨੇੜੇ ਵਾਪਰਿਆ ਹਾਦਸਾ, ਵੱਡਾ ਜਨਰੇਟਰ ਨੁਕਸਾਨਿਆ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਪਿੰਡ ਮਾੜੀਕੇ ਦੇ ਮਾੜੀਕੇ ਨੇੜੇ ਉਸ ਵੇਲੇ ਇੱਕ ਵੱਡਾ ਹਾਦਸਾ ਵਾਪਰ ਗਿਆ, ਜਦੋਂ ਹਲਕਾ ਪੱਟੀ ਸ਼ਹਿਰ ਤੋਂ ਸਨਾਮ ਵੱਲ ਵੱਡਾ ਜਨਰੇਟਰ ਲੈ ਕੇ ਜਾ ਰਹੇ ਦੋ ਵਿਅਕਤੀਆਂ ਦਾ ਵਾਹਨ ਅਚਾਨਕ ਬੇਕਾਬੂ ਹੋ ਗਿਆ। ਹਾਦਸੇ ਦੌਰਾਨ ਵਾਹਨ ਅਤੇ ਜਨਰੇਟਰ ਨੂੰ ਭਾਰੀ ਨੁਕਸਾਨ ਪਹੁੰਚਿਆ। ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਤੇ ਦੋਵੇਂ ਵਿਅਕਤੀ ਸੁਰੱਖਿਅਤ ਬਚ ਗਏ।ਮੌਕੇ 'ਤੇ ਮੌਜੂਦ ਲੋਕਾਂ ਨੇ ਤੁਰੰਤ ਮਦਦ ਕਰਦਿਆਂ ਵਾਹਨ ਨੂੰ ਸੜਕ ਤੋਂ ਹਟਾਉਣ ਵਿੱਚ ਸਹਿਯੋਗ ਦਿੱਤਾ।



ਇਲਾਕਾ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਭਾਰੀ ਸਮਾਨ ਲੈ ਕੇ ਜਾਣ ਵਾਲੇ ਵਾਹਨਾਂ ਦੀ ਨਿਯਮਤ ਜਾਂਚ ਤੇ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਜਾਣ ਤਾਂ ਜੁ ਭਵਿੱਖ ਵਿੱਚ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕੇ।

## ਆਪ ਦੇ 16 , ਭਾਜਪਾ ਦੇ 13 , ਕਾਂਗਰਸ ਦੇ 10 ਤੇ ਅਕਾਲੀ ਦਲ ਦੇ 8 ਉਮੀਦਵਾਰ ਮੈਦਾਨ 'ਚ

**ਧੂਰੀ (ਮਨੋਹਰ ਸਿੰਘ ਸੱਗੂ)**- ਨਗਰ ਕੌਂਸਲ ਚੋਣਾਂ ਲਈ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਨਿੱਖਰ ਕੇ ਆਈ ਸਥਿਤੀ ਅਨੁਸਾਰ ਧੂਰੀ ਨਗਰ ਕੌਂਸਲ ਦੀ 26 ਮਈ ਨੂੰ ਹੋਣ ਵਾਲੀ ਚੋਣ ਲਈ ਹੁਣ 64 ਉਮੀਦਵਾਰ ਚੋਣ ਦੇ ਮੈਦਾਨ ਵਿੱਚ ਹਨ। ਇਸ ਚੋਣ ਲਈ ਸ਼ਹਿਰ ਦੇ ਵੱਖ ਵੱਖ ਵਾਰਡਾਂ ਤੋਂ ਆਮ ਆਦਮੀ ਪਾਰਟੀ ਦੇ 16, ਭਾਰਤੀ ਜਨਤਾ ਪਾਰਟੀ ਦੇ 13, ਕਾਂਗਰਸ ਪਾਰਟੀ ਦੇ10 ਅਤੇ ਸ਼੍ਰੋਮਣੀ ਅਕਾਲੀ ਦਲ ਦੇ 8 ਉਮੀਦਵਾਰਾਂ ਤੋਂ ਇਲਾਵਾ 17 ਆਜ਼ਾਦ ਉਮੀਦਵਾਰ ਚੋਣ ਮੈਦਾਨ ਵਿੱਚ ਹਨ।

## ਮੰਡੀ ਡੱਬਵਾਲੀ ਦੀ ਸੰਗਤ ਨੇ ਭੇਜੀ ਲੰਗਰ ਲਈ 26 ਕੁਇੰਟਲ ਕਣਕ

**ਸਿਰਸਾ (ਸੁਰਿੰਦਰ ਪਾਲ ਸਿੰਘ)** ਗੁਰਦੁਆਰਾ ਨਾਨਕ ਦਰਬਾਰ ਮੰਡੀ ਡੱਬਵਾਲੀ ਦੀ ਸੰਗਤ ਵੱਲੋਂ ਲੰਗਰ ਸੇਵਾ ਲਈ ਭੇਜੀ ਗਈ ਸੱਚਖੰਡ ਹਜ਼ੂਰ ਸਾਹਿਬ ਨਦੇੜ ਮਹਾਰਾਸ਼ਟਰ ਲਈ 26 ਕੁਇੰਟਲ ਕਣਕ ਦੇ ਵਾਹਨ ਨੂੰ ਰਵਾਨਾ ਕਰਨ ਤੋਂ ਪਹਿਲਾਂ ਸੰਸਾਰ ਦੀ ਸੁੱਖ ਸ਼ਾਤੀ ਲਈ ਗੁਰੂਘਰ ਵਿਚ ਅਰਦਾਸ ਕੀਤੀ ਗਈ। ਲੰਗਰ ਸੇਵਾ ਲਈ ਭੇਜੀ ਗਈ ਕਣਕ ਸਬੰਧੀ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਗਿਆਨ ਸਿੰਘ ਨੇ ਦੱਸਿਆ ਕਿ ਗੁਰੂ ਨਾਨਕ ਦਰਬਾਰ ਨਾਲ ਜੁੜੀਆਂ ਸੰਗਤਾਂ ਹਰ ਸਾਲ ਲੰਗਰ ਲਈ ਕਣਕ ਭੇਜਦੀਆ ਹਨ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੰਗਤਾਂ ਦੇ ਸਹਿਯੋਗ ਨਾਲ ਇਕੱਤਰ ਕੀਤੀ ਗਈ ਕਣਕ ਨੂੰ ਸੱਚਖੰਡ ਹਜ਼ੂਰ ਸਾਹਿਬ ਭੇਜਣ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿੱਚ ਅਰਦਾਸ ਕੀਤੀ ਗਈ। ਹੈੱਡ ਗ੍ਰੰਥੀ ਗਿਆਨ ਸਿੰਘ ਨੇ ਗੁਰੂਘਰ ਦੀ ਕਮੇਟੀ ਵੱਲੋਂ ਸਾਰੀਆਂ ਸੰਗਤਾਂ ਦਾ ਕੋਟਿਨ-ਕੋਟ ਧੰਨਵਾਦ ਕੀਤਾ।



## ਜਸਨੀਤ ਸਿੰਘ ਡਿੱਕੀ ਨੂੰ ਮਿਲ ਰਿਹਾ ਭਾਰੀ ਸਮਰਥਨ



**ਰਾਜਪੁਰਾ (ਰਮੇਸ਼ ਕਟਾਰੀਆ)**- ਵਾਰਡ ਨੰਬਰ 22 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਨੀਤ ਸਿੰਘ ਡਿੱਕੀ ਨੂੰ ਵਾਰਡ ਵਿੱਚ ਭਾਰੀ ਸਮਰਥਨ ਮਿਲ ਰਿਹਾ ਹੈ। ਮਿਲੀ ਜਾਣਕਾਰੀ ਅਨੁਸਾਰ ਵਾਰਡ ਵਿੱਚ ਡਿੱਕੀ ਪਰਵਾਰ ਸਹਿਤ ਘਰ ਘਰ ਜਾ ਕੇ ਲੋਕਾਂ ਤੋਂ ਆਸ਼ੀਰਵਾਦ ਲੈ ਰਹੇ ਹਨ ਅਤੇ ਵਾਰਡ ਦੇ ਵਿਕਾਸ ਲਈ ਵੋਟ ਮੰਗ ਕੇ ਆਪਣੀ ਸਥਿਤੀ ਮਜ਼ਬੂਤ ਕਰ ਰਹੇ ਹਨ। ਉਹ ਨਿਹਾਇਤ ਹੀ ਸ਼ਰੀਫ਼ ਅਤੇ ਸੇਵਾ ਭਾਵਨਾ ਵਾਲੇ ਵਿਅਕਤੀ ਹਨ।

## ਬਹੁਜਨ ਮੁਕਤੀ ਪਾਰਟੀ ਵੱਲੋਂ ਮਹਿੰਗਾਈ ਤੇ ਸਮਾਰਟ ਮੀਟਰਾਂ ਨੂੰ ਲੈ ਕੇ ਕੀਤਾ ਪ੍ਰਦਰਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**- ਬਹੁਜਨ ਮੁਕਤੀ ਪਾਰਟੀ ਦੇ ਸੂਬਾਈ ਮੀਤ ਪ੍ਰਧਾਨ ਜਸਵੰਤ ਸਿੰਘ ਮਾਨਸਾ ਨੇ ਦੱਸਿਆ ਕਿ ਬਹੁਜਨ ਮੁਕਤੀ ਪਰਾਟੀ ਅਤੇ ਭਾਰਤ ਮੁਕਤੀ ਮੋਰਚਾ ਪੰਜਾਬ ਵੱਲੋਂ ਇੱਕ ਮੰਗ ਪੱਤਰ ਭਾਰਤ ਦੇ ਰਾਸ਼ਟਰਪਤੀ ਦੇ ਨਾਂਅ ਤਹਿਸੀਲਦਾਰ ਰਾਹੀਂ ਭੇਜਿਆ ਗਿਆ। ਮੰਗ ਪੱਤਰ ਅਨੁਸਾਰ ਹਾਲ ਹੀ 'ਚ ਗੈਸ ਸਿਲੰਡਰ ਦੀਆਂ ਵਧੀਆਂ ਹੋਈਆਂ ਕੀਮਤਾਂ ਨੂੰ ਵਾਪਸ ਲੈਣ ਦੀ ਮੰਗ ਕੀਤੀ ਗਈ। ਉਹਨਾਂ ਦੱਸਿਆ ਕਿ ਬੁੱਧਵਾਰ ਭਾਰਤ ਦੇ ਕਰੀਬ 650 ਜ਼ਿਲ੍ਹਿਆਂ 'ਚ ਬਹੁਜਨ ਮੁਕਤੀ ਪਾਰਟੀ ਦੇ 15 ਲੱਖ ਲੋਕ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਦਫ਼ਤਰਾਂ ਦੇ ਸਾਹਮਣੇ ਇਕੱਤਰ ਹੋਏ ਅਤੇ ਰੋਸ ਪ੍ਰਦਰਸ਼ਨ ਕਰਕੇ ਮੰਗ ਪੱਤਰ ਦਿੱਤੇ ਗਏ। ਇਸ ਮੌਕੇ ਗੈਸ ਸਿਲੰਡਰ ਦੀਆਂ ਕੀਮਤਾਂ, ਪੈਟਰੋਲ ਅਤੇ ਡੀਜ਼ਲ ਦੀਆਂ ਵਧੀਆਂ ਕੀਮਤਾਂ, ਸਮਾਰਟ ਮੀਟਰ ਲਗਾਉਣ ਦਾ ਵਿਰੋਧ ਵੀ ਕੀਤਾ ਗਿਆ। ਇਸ ਸਮੇਂ ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਕਿ ਭਾਰਤ 'ਚ ਮੁਸਲਮਾਨਾਂ, ਈਸਾਈਆਂ, ਬੋਧੀਆਂ 'ਤੇ ਕੀਤਾ ਜਾ ਰਿਹਾ ਅੱਤਿਆਚਾਰ ਬੰਦ ਕੀਤਾ ਜਾਵੇ। ਈ.ਵੀ.ਐਮ. ਮਸ਼ੀਨਾਂ ਪੂਰੀ ਤਰ੍ਹਾਂ ਬੰਦ ਕੀਤੀਆਂ ਜਾਣ। ਓ.ਬੀ.ਸੀ.ਦੀ ਜਾਤੀ ਆਧਾਰਤ ਗਣਨਾ ਕੀਤੀ ਜਾਵੇ ਅਤੇ ਓ.ਬੀ.ਸੀ ਦਾ ਕਾਲਮ ਵੀ ਬਣਾਇਆ ਜਾਵੇ। ਇਸ ਮੌਕੇ ਦਲਵਿੰਦਰ ਸਿੰਘ ਪ੍ਰਧਾਨ ਭਾਰਤ ਮੁਕਤੀ ਮੋਰਚਾ ਪੰਜਾਬ, ਅੰਗਰੇਜ ਸਿੰਘ ਜਟਾਣਾ ਬਹੁਜਨ ਮੁਕਤੀ ਪਾਰਟੀ ਜ਼ਿਲ੍ਹਾ ਪ੍ਰਧਾਨ,ਡਾ. ਸੁਰਿੰਦਰ ਸਿੰਘ, ਸ਼ਿੰਗਾਰਾ ਖਾਨ, ਸੈਵਨ ਸਿੱਧੂ, ਹਰਦੇਵ ਸਿੰਘ ਬੱਗੜ, ਰੰਗੀ ਰਾਮ ਕੋਟਲੀ, ਜ਼ੋਰਾ ਸਿੰਘ, ਮਲਕੀਤ ਸਿੰਘ, ਗੋਲੋ ਕੌਰ, ਅਮਰਜੀਤ ਕੌਰ ਤੇ ਮਲਕੀਤ ਕੌਰ ਵੀ ਹਾਜ਼ਰ ਸਨ।



# ਬਲਜੀਤ ਕੌਰ ਨੇ ਸਰਕਾਰੀ ਕਾਲਜ ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ



**ਮਾਲੇਰਕੋਟਲਾ (ਅਸਗਰ ਪਰਿਹਾਰ)** ਸਥਾਨਕ ਸਰਕਾਰੀ ਕਾਲਜ ਵਿਖੇ ਬਲਜੀਤ ਕੌਰ ਨੇ ਬੁੱਧਵਾਰ ਬਤੌਰ ਪ੍ਰਿੰਸੀਪਲ ਆਪਣਾ ਅਹੁਦਾ ਸੰਭਾਲ ਲਿਆ । ਇਸ ਤੋਂ ਪਹਿਲਾਂ ਉਹ ਸਰਕਾਰੀ ਕਾਲਜ (ਲੜਕੀਆਂ), ਲੁਧਿਆਣਾ ਵਿਖੇ ਬਤੌਰ ਐਸੋਸੀਏਟ ਪ੍ਰੋਫ਼ੈਸਰ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ। ਅਧਿਆਪਨ ਦੇ ਨਾਲ-ਨਾਲ ਉਨ੍ਹਾਂ ਨੇ ਪਿਛਲੇ ਕਾਲਜ ਵਿੱਚ ਵੱਖ-ਵੱਖ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਸੰਸਥਾ ਦੇ ਸਰਬਪੱਖੀ ਵਿਕਾਸ ਲਈ ਨਿਰੰਤਰ ਕਾਰਜ ਕੀਤੇ।ਕਾਲਜ ਪਹੁੰਚਣ 'ਤੇ ਵਾਈਸ ਪ੍ਰਿੰਸੀਪਲ (ਐਸੋਸੀਏਟ ਪ੍ਰੋਫ਼ੈਸਰ) ਅਰਵਿੰਦ ਕੌਰ ਮੰਡ ਦੀ ਅਗਵਾਈ ਹੇਠ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਐਨ.ਸੀ.ਸੀ. (ਛੱਡ) ਕੈਡਿਟਾਂ ਵੱਲੋਂ ਪ੍ਰਿੰਸੀਪਲ ਨੂੰ ਸਨਮਾਨ ਸਹਿਤ ਮੁੱਖ ਦਫ਼ਤਰ ਤੱਕ ਲਿਜਾਇਆ ਗਿਆ।ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਨਵ-ਨਿਯੁਕਤ ਪ੍ਰਿੰਸੀਪਲ ਬਲਜੀਤ ਕੌਰ ਨੇ ਕਿਹਾ ਕਿ ਉਹ ਕਾਲਜ ਦੀ ਬੇਹਤਰੀ ਅਤੇ ਸਰਵਪੱਖੀ ਵਿਕਾਸ ਲਈ ਨਿਰੰਤਰ ਯਤਨਸ਼ੀਲ ਰਹਿਣਗੇ। ਅਹੁਦਾ ਸੰਭਾਲਣ ਉਪਰੰਤ ਪ੍ਰਿੰਸੀਪਲ ਸਾਹਿਬਾ ਨੇ ਰਜਿਸਟਰਾਰ ਨਾਲ ਚੱਲ ਰਹੀਆਂ ਪ੍ਰੀਖਿਆਵਾਂ ਸਬੰਧੀ ਗੱਲਬਾਤ ਕੀਤੀ ਅਤੇ ਪ੍ਰੀਖਿਆ ਕੇਂਦਰਾਂ ਦਾ ਦੌਰਾ ਵੀ ਕੀਤਾ। ਉਨ੍ਹਾਂ ਨੇ ਕਾਲਜ ਦੇ ਵੱਖ-ਵੱਖ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਆਗਾਮੀ ਦਾਖਲਾ ਪ੍ਰਕਿਰਿਆ ਸਮੇਤ ਭਵਿੱਖ ਦੀਆਂ ਯੋਜਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।

# ਜ਼ਿਲ੍ਹਾ ਪੁਲਸ ਵੱਲੋਂ ਵੱਖ-ਵੱਖ ਥਾਵਾਂ 'ਚ ਫਲੈਗ ਮਾਰਚ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ/ ਪਰਮਜੀਤ ਸਿੰਘ)** ਨਗਰ ਕੌਂਸਲ ਚੋਣਾਂ 2026 ਨੂੰ ਸ਼ਾਂਤਮਈ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਦੇ ਮੱਦੇਨਜ਼ਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਜ਼ਿਲ੍ਹੇ ਭਰ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਇਸ ਸਬੰਧੀ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਨਿਗਰਾਨੀ ਹੇਠ ਜ਼ਿਲ੍ਹੇ ਦੇ ਵੱਖ-ਵੱਖ ਸਬ-ਡਵੀਜ਼ਨਾਂ ਵਿੱਚ ਵਿਸ਼ਾਲ ਫਲੈਗ ਮਾਰਚ ਕੱਢੇ ਗਏ।ਚੋਣਾਂ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਨੂੰ ਪੂਰੀ ਤਰ੍ਹਾਂ ਬਰਕਰਾਰ ਰੱਖਣ ਲਈ ਜ਼ਿਲ੍ਹਾ ਪੁਲਸ ਵੱਲੋਂ ਸ਼ਹਿਰਾਂ ਦੇ ਮੁੱਖ ਰਸਤਿਆਂ, ਸੰਵੇਦਨਸ਼ੀਲ ਇਲਾਕਿਆਂ ਅਤੇ ਆਉਣ-ਜਾਣ ਵਾਲੇ ਸਾਰੇ ਰੂਟਾਂ 'ਤੇ ਵਿਸ਼ੇਸ਼ ਨਾਕਾਬੰਦੀ ਕੀਤੀ ਗਈ ਹੈ। ਹਰ ਆਉਣ-ਜਾਣ ਵਾਲੇ ਵਾਹਨ ਅਤੇ ਸ਼ੱਕੀ ਵਿਅਕਤੀਆਂ ਦੀ ਗੰਭੀਰਤਾ ਨਾਲ ਚੈਕਿੰਗ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਪੀ.ਸੀ.ਆਰ ਮੋਟਰਸਾਈਕਲ ਟੀਮਾਂ ਅਤੇ ਪੁਲਸ ਪੈਟਰੋਲਿੰਗ ਨੂੰ ਹੋਰ ਵਧਾਇਆ ਗਿਆ ਹੈ ਤਾਂ ਜੋ ਕਿਸੇ ਵੀ ਸ਼ਰਾਰਤੀ ਅਨਸਰ ਜਾਂ ਗੜਬੜੀ ਪੈਦਾ ਕਰਨ ਵਾਲੇ ਵਿਅਕਤੀ 'ਤੇ ਤੁਰੰਤ ਕਾਰਵਾਈ ਕੀਤੀ ਜਾ ਸਕੇ। ਜ਼ਿਲ੍ਹਾ ਪੁਲਿਸ ਵੱਲੋਂ ਲਗਾਤਾਰ ਕਾਸੋ ਆਪਰੇਸ਼ਨ, ਸਰਚ ਅਭਿਆਨ ਅਤੇ ਫਲੈਗ ਮਾਰਚ ਕਰਕੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਮਜ਼ਬੂਤ ਕੀਤੀ ਜਾ ਰਹੀ ਹੈ। ਇਸੇ ਤਹਿਤ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਸਮੇਤ ਵੱਖ-ਵੱਖ ਸਬ-ਡਵੀਜ਼ਨਾਂ ਵਿੱਚ ਵਿਸ਼ਾਲ ਫਲੈਗ ਮਾਰਚ ਕੱਢੇ ਗਏ।ਮਲੋਟ ਵਿਖੇ ਕੱਢੇ ਗਏ ਫਲੈਗ ਮਾਰਚ ਦੀ ਅਗਵਾਈ ਮਨਮੀਤ ਸਿੰਘ ਢਿੱਲੋਂ, ਐਸ.ਪੀ (ਡੀ) ਵੱਲੋਂ ਕੀਤੀ ਗਈ। ਇਹ ਫਲੈਗ ਮਾਰਚ ਦਾਣਾ ਮੰਡੀ ਮਲੋਟ ਤੋਂ ਸ਼ੁਰੂ ਹੋ ਕੇ ਤਹਿਸੀਲ ਰੋਡ, ਸੁਪਰ ਮਾਰਕੀਟ, ਸੁਪਰ ਬਾਜ਼ਾਰ, ਗੁਰਦੁਆਰਾ ਸਾਹਿਬ ਰੋਡ ਅਤੇ ਸ਼ਹਿਰ ਦੀਆਂ ਵੱਖ-ਵੱਖ ਗਲੀਆਂ ਵਿੱਚੋਂ ਹੁੰਦਾ ਹੋਇਆ ਵਾਪਸ ਸਮਾਪਤ ਹੋਇਆ। ਇਸੇ ਤਰ੍ਹਾਂ ਸ੍ਰੀ ਮੁਕਤਸਰ ਸਾਹਿਬ ਸ਼ਹਿਰ ਵਿੱਚ ਹਰਕਮਲ ਕੌਰ ਐਸ.ਪੀ (ਐੱਚ) ਦੀ ਅਗਵਾਈ ਹੇਠ ਡੀ.ਐਸ.ਪੀ ਬਚਨ ਸਿੰਘ ਅਤੇ ਪੁਲਿਸ ਪਾਰਟੀ ਵੱਲੋਂ ਫਲੈਗ ਮਾਰਚ ਕੱਢਿਆ ਗਿਆ। ਇਸੇ ਤਰ੍ਹਾਂ ਗਿੱਦੜਬਾਹਾ ਵਿੱਚ ਸ੍ਰੀ ਜਤਿੰਦਰ ਸਿੰਘ ਡੀ.ਐਸ.ਪੀ (ਗਿੱਦੜਬਾਹਾ) ਦੀ ਅਗਵਾਈ ਹੇਠ ਅਤੇ ਪੁਲਸ ਪਾਰਟੀ ਵੱਲੋਂ ਫਲੈਗ ਮਾਰਚ ਕੱਢਿਆ ਗਿਆ। ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਫਲੈਗ ਮਾਰਚ ਦਾ ਮੁੱਖ ਉਦੇਸ਼ ਲੋਕਾਂ ਵਿੱਚ ਵਿਸ਼ਵਾਸ ਅਤੇ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ, ਸ਼ਰਾਰਤੀ ਅਨਸਰਾਂ 'ਤੇ ਨਕੇਲ ਕੱਸਣਾ ਅਤੇ ਚੋਣਾਂ ਨੂੰ ਪੂਰੀ ਤਰ੍ਹਾਂ ਸ਼ਾਂਤਮਈ ਢੰਗ ਨਾਲ ਸੰਪੰਨ ਕਰਵਾਉਣਾ ਹੈ।

# ਡਾ. ਗੌਰਵ ਸਾਗਰ ਭਾਸਕਰ ਨੇ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਕੀਤੀ ਮੁਲਾਕਾਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਵਿਵੇਕਾਨੰਦ ਵਰਲਡ ਸਕੂਲ ਦੇ ਚੇਅਰਮੈਨ ਡਾ. ਗੌਰਵ ਸਾਗਰ ਭਾਸਕਰ ਨੇ ਬਿਆਸ ਵਿਖੇ ਰਾਧਾ ਸੁਆਮੀ ਸਤਿਸੰਗ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਕੇ ਆਧਿਆਤਮਿਕ ਆਸ਼ੀਰਵਾਦ ਤੇ ਮਾਰਗਦਰਸ਼ਨ ਪ੍ਰਾਪਤ ਕੀਤਾ। ਵਿਵੇਕਾਨੰਦ ਵਰਲਡ ਸਕੂਲ ਅਤੇ ਵਿਵੇਕਾਨੰਦ ਜੂਨੀਅਰ ਦੇ ਚੇਅਰਮੈਨ ਅਤੇ ਮੋਹਨ ਲਾਲ ਭਾਸਕਰ ਫਾਊਂਡੇਸ਼ਨ ਦੇ ਜਨਰਲ ਸਕੱਤਰ ਡਾ. ਗੌਰਵ ਸਾਗਰ ਭਾਸਕਰ ਨੇ ਬਿਆਸ ਦੇ ਵਿਸ਼ੇਸ਼ ਦੌਰੇ ਦੌਰਾਨ ਰਾਧਾ ਸੁਆਮੀ ਸਤਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ। ਇਸ ਉੱਚ-ਪੱਧਰੀ ਤੇ ਆਦਰਯੋਗ ਮੁਲਾਕਾਤ ਦੌਰਾਨ ਦੋਵਾਂ ਸ਼ਖ਼ਸੀਅਤਾਂ ਵਿਚਕਾਰ ਸਮਾਜਿਕ ਤੇ ਮਾਨਵੀ ਕਦਰਾਂ-ਕੀਮਤਾਂ ਨੂੰ ਲੈ ਕੇ ਅਹਿਮ ਵਿਚਾਰ-ਵਟਾਂਦਰਾ ਹੋਇਆ। ਡਾ. ਗੌਰਵ ਸਾਗਰ ਭਾਸਕਰ ਨੇ ਇਸ ਮੁਲਾਕਾਤ ਨੂੰ ਆਪਣੇ ਜੀਵਨ ਦਾ ਪ੍ਰੇਰਨਾਦਾਇਕ ਅਤੇ ਆਧਿਆਤਮਿਕ ਤੌਰ 'ਤੇ ਭਰਪੂਰ ਕਰਨ ਵਾਲਾ ਅਨੁਭਵ ਦੱਸਿਆ। ਉਨ੍ਹਾਂ ਕਿਹਾ ਕਿ ਬਾਬਾ ਜੀ ਨਾਲ ਹੋਈ ਇਸ ਗੱਲਬਾਤ ਦੌਰਾਨ ਉਨ੍ਹਾਂ ਨੂੰ ਨਿਮਰਤਾ, ਸਿਆਣਪ ਤੇ ਸਕਾਰਾਤਮਕ ਸੋਚ ਨਾਲ ਜੁੜੀ ਮਹੱਤਵਪੂਰਨ ਸਿੱਖਿਆ ਅਤੇ ਜੀਵਨ ਨੂੰ ਸਹੀ ਦਿਸ਼ਾ ਦੇਣ ਵਾਲਾ ਮਾਰਗਦਰਸ਼ਨ ਪ੍ਰਾਪਤ ਹੋਇਆ ਹੈ। ਉਨ੍ਹਾਂ ਬਾਬਾ ਜੀ ਪਾਸੋਂ ਮਿਲੇ ਆਸ਼ੀਰਵਾਦ ਤੇ ਡੇਰੇ ਦੇ ਸ਼ਾਂਤਮਈ ਤੇ ਆਧਿਆਤਮਿਕ ਮਾਹੌਲ ਵਿੱਚ ਅਰਥਪੂਰਨ ਸਮਾਂ ਬਿਤਾਉਣ ਦੇ ਮੌਕੇ ਲਈ ਦਿਲੋਂ ਧੰਨਵਾਦ ਪ੍ਰਗਟ ਕੀਤਾ। ਆਪਣੇ ਇਸ ਅਭੁੱਲ ਅਨੁਭਵ ਬਾਰੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਡਾ. ਭਾਸਕਰ ਨੇ ਕਿਹਾ ਕਿ ਇਸ ਗੱਲਬਾਤ ਦੌਰਾਨ ਸਾਂਝੇ ਕੀਤੇ ਗਏ ਉੱਚ ਵਿਚਾਰ ਅਤੇ ਸਿੱਖਿਆਵਾਂ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ, ਸਮਾਜ ਸੇਵਾ ਅਤੇ ਸਮੁੱਚੇ ਮਨੁੱਖੀ ਵਿਕਾਸ ਲਈ ਕੀਤੇ ਜਾ ਰਹੇ ਕਾਰਜਾਂ ਵਿੱਚ ਲਗਾਤਾਰ ਅੱਗੇ ਵਧਣ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ।



# ਅਕਾਲੀ ਦਲ ਦੇ ਕਈ ਆਗੂ 'ਆਪ' 'ਚ ਸ਼ਾਮਲ

**ਭਵਾਨੀਗੜ੍ਹ (ਰਾਜ ਖੁਰਮੀ)** : ਮਾਲਵਾ ਦੀ ਸਿਆਸਤ ਵਿੱਚ ਬੁੱਧਵਾਰ ਨੂੰ ਉਸ ਵੇਲੇ ਵੱਡਾ ਉਲਟਫੇਰ ਵੇਖਣ ਨੂੰ ਮਿਲਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਤੇ ਪ੍ਰਭਾਵਸ਼ਾਲੀ ਆਗੂ ਵਿੱਕੀ ਲਾਲਕਾ ਆਪਣੇ ਦਰਜਨਾਂ ਸਾਥੀਆਂ ਸਮੇਤ 'ਆਮ ਆਦਮੀ ਪਾਰਟੀ' ਵਿੱਚ ਸ਼ਾਮਿਲ ਹੋ ਗਏ। ਇਹ ਸ਼ਮੂਲੀਅਤ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਮੌਜੂਦਗੀ ਵਿੱਚ ਹੋਈ, ਜਿੱਥੇ ਨਵੇਂ ਸਾਥੀਆਂ ਦਾ ਸਿਰੋਪਾਓ ਭੇਂਟ ਕਰਕੇ ਭਰਪੂਰ ਸਵਾਗਤ ਕੀਤਾ ਗਿਆ।ਵਾਰਡ ਨੰਬਰ 23 ਵਿੱਚ ਮਜ਼ਬੂਤ ਪਕੜ ਰੱਖਣ ਵਾਲੇ ਵਿੱਕੀ ਲਾਲਕਾ ਦੇ ਇਸ ਫੈਸਲੇ ਨੂੰ ਸੰਗਰੂਰ ਦੀ ਸਿਆਸਤ ਵਿੱਚ ਅਹਿਮ ਮੰਨਿਆ ਜਾ ਰਿਹਾ ਹੈ। ਉਨ੍ਹਾਂ ਦੇ ਨਾਲ ਕਈ ਸਰਗਰਮ ਅਕਾਲੀ ਆਗੂਆਂ ਅਤੇ ਵਰਕਰਾਂ ਨੇ ਵੀ ਪਾਰਟੀ ਨੂੰ ਅਲਵਿਦਾ ਕਹਿੰਦੇ ਹੋਏ 'ਆਪ' ਦਾ ਪੱਲਾ ਫੜ ਲਿਆ।ਇਸ ਮੌਕੇ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਸਿਆਸਤ ਦਾ ਨਵਾਂ ਦੌਰ ਸ਼ੁਰੂ ਹੋਇਆ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਿਲ ਹੋਏ ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।, 'ਆਪ' ਵਿੱਚ ਸ਼ਾਮਿਲ ਹੋਣ ਤੋਂ ਬਾਅਦ ਵਿੱਕੀ ਲਾਲਕਾ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਹੁਣ ਲੋਕਾਂ ਦੀਆਂ ਉਮੀਦਾਂ 'ਤੇ ਖਰੀਆਂ ਨਹੀਂ ਉਤਰ ਰਹੀਆਂ, ਜਦ ਕਿ 'ਆਪ' ਸਰਕਾਰ ਬਿਨਾਂ ਭੇਦਭਾਵ ਹਰ ਵਰਗ ਲਈ ਕੰਮ ਕਰ ਰਹੀ ਹੈ । ਇਸ ਮੌਕੇ ਰੋਹਿਤ ਕੁਮਾਰ, ਸਤਪਾਲ ਸਿੰਘ, ਗੁਰਮੁੱਖ ਸਿੰਘ, ਬਾਬਾ ਗੁਰਮੇਲ ਸਿੰਘ, ਤੇਜਿੰਦਰ ਸਿੰਘ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਰਾਜੂ ਕੁਮਾਰ, ਸਿੰਦਰ ਸਿੰਘ, ਬਲਬੀਰ ਬੇਦੀ, ਪ੍ਰੇਮ ਸਿੰਘ, ਰਾਜੂ ਖਾਨ ਅਤੇ ਜਗਰੂਪ ਸਿੰਘ ਸਮੇਤ ਕਈ ਆਗੂ ਅਤੇ ਵਰਕਰ ਵੀ 'ਆਪ' ਵਿੱਚ ਸ਼ਾਮਿਲ ਹੋਏ।



# ਮੇਰਾ ਪਰਿਵਾਰ ਵੈੱਲਫੇਅਰ ਸੁਸਾਇਟੀ ਵੱਲੋਂ ਲੱਗਾ ਖ਼ੂਨ ਦਾਨ ਕੈਂਪ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** - ਕਮਿਊਨਿਟੀ ਹੈਲਥ ਸੈਂਟਰ ਗੁਰੂਹਰਸਹਾਏ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ ਗੁਰਪ੍ਰੀਤ ਸਿੰਘ ਦੀ ਰਹਿਨੁਮਾਈ ਹੇਠ ਮੇਰਾ ਪਰਿਵਾਰ ਵੈਲਫੇਅਰ ਸੋਸਾਇਟੀ ਨੇ ਖੂਨਦਾਨ ਕੈਂਪ ਲਗਾਇਆ । ਇਹ ਕੈਂਪ ਖੂਨ ਦੀ ਘਾਟ ਨੂੰ ਮੁੱਖ ਰੱਖਦਿਆਂ ਲਗਾਇਆ ਗਿਆ ਜਿਸ ਵਿੱਚ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੇ ਬਲੱਡ ਬੈਂਕ ਦੀ ਟੀਮ ਨੇ ਪਹੁੰਚ ਕੇ ਬਲੱਡ ਇਕੱਤਰ ਕੀਤਾ। ਇਸ ਵਿੱਚ 50 ਦੇ ਕਰੀਬ ਨੌਜਵਾਨਾਂ ਨੇ ਖ਼ੂਨ ਦਾਨ ਕੀਤਾ । ਇਸ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਡਾ ਗੁਰਪ੍ਰੀਤ ਸਿੰਘ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਤੇ ਉਨ੍ਹਾਂ ਨਾਲ ਡਾ ਕਰਨਵੀਰ ਕੌਰ ਵੀ ਮੌਜੂਦ ਰਹੇ। ਸੀਨੀਅਰ ਮੈਡੀਕਲ ਅਫਸਰ ਡਾਕਟਰ ਗੁਰਪ੍ਰੀਤ ਸਿੰਘ ਨੇ ਮੇਰਾ ਪਰਿਵਾਰ ਵੈਲਫੇਅਰ ਸੋਸਾਇਟੀ ਦੀ ਤਰੀਫ ਕਰਦੇ ਦੱਸਿਆ ਕਿ ਇਹ ਬਹੁਤ ਵਧੀਆ ਉਪਰਾਲਾ ਹੈ। ਇਸ ਦੌਰਾਨ ਅੰਮ੍ਰਿਤਪਾਲ, ਜਸਪ੍ਰੀਤ ਸਿੰਘ ,ਮਾਸਟਰ ਪੂਰਨ ਸਿੰਘ, ਅਭੀ ਕਾਮਰਾ,ਰਵਿੰਦਰ ਸਿੰਘ, ਸੁਨੀਤਾ, ਸੋਨੀਆ ਭੱਟੀ ,ਕਮਲਪ੍ਰੀਤ ਕੌਰ, ਰਾਕੇਸ਼ ਮੋਂਗਾ(ਮੋਂਗਾ ਲੈਬ), ਰਾਜਨ ਕੁਮਾਰ , ਅਮਰਜੀਤ ਸਿੰਘ, ਗੁਰਮੇਜ਼ , ਸਤਪਾਲ ਥਿੰਦ, ਰਜਿੰਦਰ ਕੰਬੋਜ ਆਦਿ ਹਾਜਿਰ ਸਨ।

# ਪੀ ਆਰ ਟੀ ਸੀ ਪੈਨਸ਼ਨਰਾਂ ਵੱਲੋਂ ਬਕਾਏ ਦੀ ਮੰਗ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੀ.ਆਰ.ਟੀ.ਸੀ ਪੈਨਸ਼ਨਰਾਂ ਦੀ ਮਾਸਿਕ ਮੀਟਿੰਗ ਪੀ.ਆਰ.ਟੀ.ਸੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਪ੍ਰਧਾਨਗੀ ਹੇਠ ਪੁਰਾਣੇ ਬੱਸ ਸਟੈਂਡ ਪਟਿਆਲਾ ਵਿਖੇ ਹੋਈ, ਜਿਸ ਵਿੱਚ ਵੱਖ-ਵੱਖ ਡਿਪੂਆਂ ਤੋਂ ਭਾਰੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਬੜੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਆਪਣੇ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਦੇਣ ਉਪਰੰਤ, ਸੂਬਾ ਪ੍ਰਧਾਨ ਵੱਲੋਂ ਪਿਛਲੇ ਦਿਨੀਂ ਹੋਈ ਮੈਨੇਜਮੈਂਟ ਨਾਲ ਮੀਟਿੰਗ ਦਾ ਵੇਰਵਾ ਦੇਣ ਨਾਲ ਮੀਟਿੰਗ ਸ਼ੁਰੂ ਹੋਈ ਉਹਨਾਂ ਦੱਸਿਆ ਕਿ ਮੈਨੇਜਮੈਂਟ ਨੇ ਸਾਡੀ ਮੰਗ ਅਨੁਸਾਰ ਅਪ੍ਰੈਲ ਮਹੀਨੇ ਦੀ ਪੈਨਸ਼ਨ 4 ਮਈ ਨੂੰ ਪਾ ਦਿੱਤੀ, ਵੱਖ-ਵੱਖ ਡਿਪੂਆਂ ਵੱਲੋਂ ਆਈ ਮੰਗ ਅਨੁਸਾਰ ਸੋਧੀ ਗ੍ਰੇਚੁਟੀ ਅਤੇ 5 ਮਹੀਨੇ ਦੇ ਮੈਡੀਕਲ ਬਿੱਲਾਂ ਦੇ ਬਕਾਏ ਦਾ ਭੁਗਤਾਨ ਕਰ ਦਿੱਤਾ ਹੈ ਅਤੇ ਸੋਧੇ ਗ੍ਰੇਡਾਂ, 2016 ਦੇ ਬਕਾਇਆਂ ਦੀ ਪਹਿਲੀ ਕਿਸ਼ਤ ਮਈ ਦੀ ਪੈਨਸ਼ਨ ਦੇ ਨਾਲ ਜਾਂ 2-4 ਦਿਨ ਬਾਅਦ ਦੇ ਦਿੱਤੀ ਜਾਏਗੀ। ਸਮੁੱਚੇ ਡਿਪੂਆਂ ਦੇ ਬੁਲਾਰਿਆਂ ਨੇ ਕੇਂਦਰੀ ਬਾਡੀ ਦੀ ਕਾਰਗੁਜਾਰੀ ਦੀ ਸ਼ਲਾਘਾ ਕੀਤੀ ਅਤੇ ਰਹਿੰਦੇ ਕੁਝ ਹੋਰ ਬਕਾਇਆਂ ਦੀ ਅਦਾਇਗੀ ਕਰਾਉਣ ਦੀ ਮੰਗ ਕੀਤੀ।

ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਕਿਹਾ ਕਿ ਇਹ ਪ੍ਰਾਪਤੀ ਸਾਡੇ ਏਕੇ ਨਾਲ ਹੋਈ ਹੈ ਅਤੇ ਇਸ ਨੂੰ ਬਰਕਰਾਰ ਰੱਖਣਾ ਹੈ। ਉਪਰੋਕਤ ਤੋਂ ਇਲਾਵਾ ਇਸ ਮੀਟਿੰਗ ਨੂੰ ਸਰਵ ਸ੍ਰੀ ਬਚਨ ਸਿੰਘ ਅਰੋੜਾ ਜਨਰਲ ਸਕੱਤਰ ਕੇਂਦਰੀ ਬਾਡੀ, ਹਰਭਜਨ ਸਿੰਘ ਚੰਡੀਗੜ੍ਹ ਡਿਪੂ, ਹਰਦੇਵ ਸਿੰਘ ਲੁਧਿਆਣਾ, ਤਰਸੇਮ ਸਿੰਘ ਸੈਣੀ ਕਪੂਰਥਲਾ, ਪ੍ਰੀਤਮ ਸਿੰਘ ਬਾਗੜ ਬਠਿੰਡਾ, ਮਦਨਮੋਹਨ ਬਰਨਾਲਾ, ਸੁਖਦੇਵ ਸਿੰਘ ਜਖੇਪਲ ਬੁਢਲਾਢਾ, ਲਖਵੀਰ ਸਿੰਘ ਲੱਖੀ ਸੰਗਰੂਰ, ਕਾਲਾ ਸਿੰਘ ਕੋਟਕਪੂਰਾ ਫਰੀਦਕੋਟ ਅਤੇ ਜੋਗਿੰਦਰ ਸਿੰਘ ਪਟਿਆਲਾ ਨੇ ਵੀ ਸੰਬੋਧਨ ਕੀਤਾ।



## ਭਾਜਪਾ ਉਮੀਦਵਾਰ ਹਰਸ਼ ਸਿੰਗਲਾ ਨੇ ਘਰ-ਘਰ ਵੋਟਾਂ ਮੰਗੀਆਂ



**ਜਗਰਾਓਂ (ਅਮਿਤ ਖੰਨਾ)**- ਨਗਰ ਕੌਂਸਲ ਚੋਣਾਂ ਨੂੰ ਲੈ ਕੇ ਭਾਜਪਾ ਨੇ ਵਾਰਡ ਨੰਬਰ 20 ਤੋਂ ਹਰਸ਼ ਸਿੰਗਲਾ ਨੂੰ ਚੋਣ ਮੈਦਾਨ 'ਚ ਉਤਾਰਿਆ। ਹਰਸ਼ ਸਿੰਗਲਾ ਇਕ ਚੰਗੇ ਸਮਾਜ ਸੇਵੀ, ਪੜ੍ਹੇ-ਲਿਖੇ, ਸੂਝਵਾਨ ਤੇ ਭਾਜਪਾ ਦੇ ਮਿਹਨਤੀ ਵਰਕਰ ਹਨ, ਜਿਨ੍ਹਾਂ ਦੇ ਚੋਣ ਮੈਦਾਨ 'ਚ ਆਉਣ 'ਤੇ ਵਾਰਡ ਨੰਬਰ 20 ਦੀ ਸਥਿਤੀ ਬਦਲ ਚੁੱਕੀ ਹੈ। ਬੀਤੇ ਦਿਨੀਂ ਭਾਜਪਾ ਉਮੀਦਵਾਰ ਹਰਸ਼ ਸਿੰਗਲਾ ਨੇ ਡੋਰ-ਟੂ-ਡੋਰ ਵੋਟਾਂ ਮੰਗੀਆਂ। ਇਸ ਮੌਕੇ ਭਾਜਪਾ ਉਮੀਦਵਾਰ ਹਰਸ਼ ਸਿੰਗਲਾ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਵਾਰਡ ਦੀ ਨੁਹਾਰ ਨੂੰ ਬਦਲਣਾ ਹੈ ਤੇ ਜਗਰਾਉਂ ਨੂੰ ਵਿਕਾਸ ਦੀਆਂ ਲੀਹਾਂ 'ਤੇ ਲਿਆਉਣਾ ਹੈ।

## ਪਰਵੀਨ ਛਾਬੜਾ ਨੂੰ ਮਿਲਿਆ ਭਾਰੀ ਸਮਰਥਨ

**ਰਾਜਪੁਰਾ**- ਨਗਰ ਕੌਂਸਲ ਰਾਜਪੁਰਾ ਦੀਆਂ 26 ਮਈ ਨੂੰ ਪੈਣ ਵਾਲਿਆਂ ਵੋਟਾਂ ਲਈ ਵਾਰਡ ਨੰ.16 ਤੋਂ ਆਮ ਆਦਮੀ ਪਾਰਟੀ ਦੇ ਉਮੀਵਾਰ ਸਾਬਕਾ ਨਗਰ ਕੌਂਸਲ ਪ੍ਰਧਾਨ ਪਰਵੀਨ ਛਾਬੜਾ ਨੂੰ ਉਸ ਵੇਲੇ ਭਾਰੀ ਸਮਰਥਨ ਮਿਲਿਆ ਜਦੋਂ ਇਕ ਆਜ਼ਾਦ ਉਮੀਦਵਾਰ ਟਿੰਕੂ ਛਾਬੜਾ ਉਨ੍ਹਾ ਦੇ ਹੱਕ ਵਿੱਚ ਬੈਠ ਗਏ। ਇਸ ਨਾਲ ਸ਼੍ਰੀ ਛਾਬੜਾ ਦੀ ਸਥਿਤੀ ਮਜ਼ਬੂਤ ਹੋ ਗਈ ਹੈ । ਇਸ ਮੌਕੇ ਵਿਧਾਇਕ ਦੇ ਪਤੀ ਅਜੇ ਮਿਤਲ , ਸ੍ਰੀ ਛਾਬੜਾ ਅਤੇ ਟਿਕੂ ਛਾਬੜਾ ਮੌਜੂਦ ਸਨ।



# ਭਗਤਾ ਭਾਈਕਾ 'ਚ ਪੰਚਾਇਤ ਚੋਣਾਂ ਨੂੰ ਲੈ ਕੇ ਮਾਹੌਲ ਗਰਮਾਇਆ

**ਬਠਿੰਡਾ (ਰਾਜੀਵ ਗੋਇਲ)** : ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀਆਂ ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਮਾਹੌਲ ਪੂਰਾ ਗਰਮ ਹੈ ਅਤੇ ਆਮ ਲੋਕ ਇਹਨਾਂ ਚੋਣਾਂ ਦੀਆਂ ਖ਼ਬਰਾਂ ਨੂੰ ਲੈ ਕੇ ਚੁਸਕੀਆਂ ਲੈਂਦੇ ਨਜ਼ਰ ਆ ਰਹੇ ਹਨ।ਭਗਤਾ ਨਗਰ ਪੰਚਾਇਤ ਅਧੀਨ ਆਉਂਦੇ ਵਾਰਡ ਨੰਬਰ 2 ਵਿੱਚ ਚੋਣ ਲੜ ਰਹੇ ਕਾਂਗਰਸੀ ਉਮੀਦਵਾਰ ਤੇ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਬੂਟਾ ਸਿੰਘ ਸਿੱਧੂ ਦੀ ਸਥਿਤੀ ਸਭ ਤੋਂ ਮਜ਼ਬੂਤ ਮੰਨੀ ਜਾ ਰਹੀ ਹੈ ਪਰ ਇਸ ਵਾਰਡ ਤੋਂ ਇਲਾਵਾ ਹੁਣ ਆਮ ਲੋਕਾਂ ਦੀਆਂ ਨਜ਼ਰਾਂ ਵਾਰਡ ਨੰਬਰ 10 ਅਤੇ 11 ਤੇ ਟਿਕੀਆਂ ਹੋਈਆਂ ਹਨ,ਕਿਉਂਕਿ ਵਾਰਡ ਨੰਬਰ 10 ਵਿੱਚ ਕਾਂਗਰਸ ਤੋਂ ਲਖਵੀਰ ਸਿੰਘ ਸਿੱਧੂ,ਅਕਾਲੀ ਦਲ ਤੋਂ ਰਘੁਬੀਰ ਸਿੰਘ ਕਾਕਾ,ਆਮ ਆਦਮੀ ਪਾਰਟੀ ਤੋਂ ਰਾਜਵਿੰਦਰ ਸਿੰਘ ਅਤੇ ਭਾਜਪਾ ਤੋਂ ਬਿਕਰਮਜੀਤ ਗਰਗ ਚੋਣ ਲੜ ਰਹੇ ਹਨ ।ਇਹਨਾਂ ਉਮੀਦਵਾਰਾਂ ਦੀ ਜੇਕਰ ਗੱਲ ਕੀਤੀ ਜਾਵੇ ਤਾਂ ਕਾਂਗਰਸ ਅਤੇ ਅਕਾਲੀਦਲ ਤੋਂ ਚੋਣ ਲੜ ਰਹੇ ਉਮੀਦਵਾਰ ਪਿਛੋਕੜ ਤੋਂ ਹੀ ਸਿਆਸੀ ਹਨ ਪਰ ਜੇਕਰ ਗੱਲ ਆਪ ਉਮੀਦਵਾਰ ਦੀ ਕਰੀਏ ਤਾਂ ਇਹ ਉਮੀਦਵਾਰ ਵੀ ਪਿਛਲੇ ਕਾਫੀ ਲੰਮੇ ਸਮੇਂ ਤੋਂ ਸਿਆਸਤ ਨਾਲ




ਜੁੜਿਆ ਹੋਇਆ ਹੈ ਪਰ ਸ਼ਾਇਦ ਚੋਣ ਪਹਿਲੀ ਵਾਰ ਲੜ ਰਿਹਾ ਹੈ।ਦੂਜੇ ਪਾਸੇ ਇਸ ਵਾਰਡ ਵਿੱਚ ਜਿਆਦਾਤਰ ਵੋਟਰ ਕਿਸਾਨ ਹਨ,ਜਿਸ ਕਾਰਨ ਭਾਜਪਾ ਉਮੀਦਵਾਰ ਨੂੰ ਖੁਮਿਆਜ਼ਾ ਭੁਗਤਣਾ ਪੈ ਸਕਦਾ ਹੈ।ਪਰ ਕੁਝ ਵੀ ਹੋਵੇ ਇਸ ਵਾਰਡ ਵਿੱਚ ਮੁਕਾਬਲਾ ਬੜਾ ਹੀ ਦਿਲਚਸਪ ਅਤੇ ਫਸਵਾਂ ਹੈ।ਹੁਣ ਜੇਕਰ ਗੱਲ ਵਾਰਡ ਨੰਬਰ 11 ਦੀ ਕੀਤੀ ਜਾਵੇ ਤਾਂ ਇਸ ਵਾਰਡ 'ਚ ਸਭ ਤੋਂ ਵੱਧ ਦਿਲਚਸਪੀ ਵਾਲਾ ਮਾਹੌਲ ਹੈ,ਕਿਉਂਕਿ ਵੱਡੇ-ਵੱਡੇ ਧਨਾਢ ਲੋਕਾਂ ਦੀ ਸਿਆਸੀ ਤੌਰ 'ਤੇ ਆਪਸੀ ਟੱਕਰ ਹੈ।ਇੱਕ ਪਾਸੇ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਦੀ ਪਤਨੀ ਚੈਰੀ ਬਾਲਾ,ਦੂਜੇ ਪਾਸੇ ਸੁਖਚੈਨ ਚੰਦ ਮੁੰਦਰੀ ਭਾਂਡਿਆਂ ਵਾਲੇ ਦੀ ਪਤਨੀ ਪ੍ਰਵੀਨ ਰਾਣੀ,ਤੀਜੀ ਧਿਰ ਧਰਮਪਾਲ ਕੇਸਰ ਵਾਲੇ ਦੀ ਨੂੰਹ ਪਿੰਕੀ ਅਤੇ ਚੌਥਾ ਭਾਜਪਾ ਦੇ ਸਰਕਲ ਪ੍ਰਧਾਨ ਬਵਲੇਸ਼ ਕੁਮਾਰ ਸਿੰਗਲਾ ਦੀ ਧਰਮ ਪਤਨੀ ਗੀਤਾ ਰਾਣੀ ਹੈ।ਇਹ ਚਾਰੇ ਉਮੀਦਵਾਰ ਆਰਥਿਕ ਪੱਖੋਂ ਪੂਰੇ ਮਜ਼ਬੂਤ ਹਨ ਅਤੇ ਸਾਰਿਆਂ ਦੀ ਵਾਰਡ ਅੰਦਰ ਆਪਣੀ-ਆਪਣੀ ਪਰਿਵਾਰਿਕ ਵੋਟ ਮੌਜੂਦ ਹੈ ।ਸੁਖਚੈਨ ਚੰਦ ਵੱਲੋਂ ਤਾਂ ਅਕਾਲੀ ਆਗੂ ਰਾਕੇਸ਼ ਕੁਮਾਰ ਨਾਲ ਰੋਸ ਹੋਣ ਕਾਰਨ ਚੋਣ ਲੜੀ ਜਾ ਰਹੀ ਹੈ ਤੇ ਦੂਜੇ ਉਮੀਦਵਾਰ ਪਾਰਟੀਆਂ ਵੱਲੋਂ ਖੜ੍ਹੇ ਕੀਤੇ ਗਏ ਹਨ,ਜਿਹਨਾਂ ਵੱਲੋਂ ਲੋੜ ਅਨੁਸਾਰ ਮਿਹਨਤ ਕੀਤੀ ਜਾ ਰਹੀ ਹੈ ਪਰ ਇਸ ਵਾਰਡ ਵਿੱਚ ਇੱਕ ਦੂਜੇ ਨੂੰ ਹਰਾਉਣ ਲਈ ਸਭ ਤੋਂ ਫਸਵਾਂ ਮੁਕਾਬਲਾ ਚੈਰੀ ਬਾਲਾ ਅਤੇ ਪ੍ਰਵੀਨ ਕੁਮਾਰੀ ਵਿਚਕਾਰ ਹੈ,ਜਿੱਥੇ ਦੋਹਾਂ ਉਮੀਦਵਾਰ ਇੱਕ ਦੂਜੇ ਤੋਂ ਵਧ ਕੇ ਜ਼ੋਰ ਲਗਾਉਂਦੇ ਨਜ਼ਰ ਆ ਰਹੇ ਹਨ।

# ਪੰਜਾਬੀ 'ਚੋਂ 100% ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਸਨਮਾਨਤ



**ਸਿਰਸਾ (ਸੁਰਿੰਦਰ ਪਾਲ ਸਿੰਘ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਖਚੈਨ (ਸਿਰਸਾ) ਦੇ10 ਵੀਂ ਤੇ 12 ਵੀਂ ਜਮਾਤ ਜਮਾਤ ਦੀ ਬੋਰਡ ਪ੍ਰੀਖਿਆ ਵਿੱਚੋਂ ਮੈਰਿਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰਸੀਪਲ ਜਗਸ਼ਰਨ ਸਿੰਘ ਸਿੱਧੂ, ਸਕੂਲ ਕਮੇਟੀ ਦੇ ਚੈਅਰਮੈਨ ਹਰਬੰਸ ਸਿੰਘ ਅਤੇ ਸਰਪੰਚ ਬੀਬਾ ਸਰਬਜੀਤ ਕੌਰ ਵਲੋ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਸਕੂਲ ਦੇ ਪੰਜਾਬੀ ਵਿਸ਼ੇ ਦੇ ਲੈਕਚਰ ਮੈਡਮ ਜਸਪਾਲ ਕੌਰ ਨੇ ਦਸਿਆ ਕਿ ਸਨਮਾਨਤ ਹੋਣ ਵਾਲੇ ਵਿਦਿਆਰਥੀਆਂ ਵਿੱਚ ਪੰਜਾਬੀ ਵਿਸ਼ੇ ਵਿੱਚੋਂ 100% ਅੰਕ ਪ੍ਰਾਪਤ ਕਰਨ ਵਾਲੇ 6 ਵਿਦਿਆਰਥੀ ਸ਼ਾਮਲ ਹਨ। ਗੁਰੂ ਕਾਸ਼ੀ ਸਾਹਿਤ ਅਕੈਡਮੀ ਦਮਦਮਾ ਸਾਹਿਬ ਦੇ ਪ੍ਰਧਾਨ ਮਾ: ਸੁਰਿੰਦਰ ਪਾਲ ਸਿੰਘ ਵੱਲੋਂ ਪੰਜਾਬੀ ਵਿਸ਼ੇ ਵਿੱਚੋਂ 100% ਅੰਕ ਪ੍ਰਾਪਤ ਕਰਨ ਵਾਲੇ ਵਿਦਿਆਥੀਆ ਲਈ ਭੇਜੇ ਗਏ ਪ੍ਰਸ਼ੰਸਾ ਪੱਤਰ ਵੰਡਦੇ ਪ੍ਰਿੰਸੀਪਲ ਜਗਸ਼ਰਨ ਸਿੰਘ ਸਿੱਧੂ ਨੇ ਕਿਹਾ ਕਿ ਅਸੀਂ ਆਪਣੀ ਮਾਤ ਭਾਸ਼ਾ 'ਚ ਪ੍ਰਪੱਕ ਹੋ ਕੇ ਦੂਜੀਆਂ ਭਾਸ਼ਾਵਾਂ ਦਾ ਉਤਮ ਗਿਆਨ ਹਾਸਲ ਕਰਕੇ ਉਚੇ ਮੁਕਾਮਾਂ 'ਤੇ ਪੁੱਜ ਸਕਦੇ ਹਾਂ। ਸਕੂਲ ਕਮੇਟੀ ਦੇ ਚੈਅਰਮੈਨ ਹਰਬੰਸ ਸਿੰਘ ਅਤੇ ਸਰਪੰਚ ਬੀਬਾ ਸਰਬਜੀਤ ਕੌਰ ਨੇ ਪ੍ਰਿੰਸੀਪਲ ਸਮੇਤ ਸਾਰੇ ਸਕੂਲ ਸਟਾਫ ਤੇ ਵਿਦਿਆਰਥੀਆ ਨੂੰ ਪਿੰਡ ਸੁਖਚੈਨ ਦਾ ਨਾਂਅ ਰੌਸ਼ਨ ਕਰਨ 'ਤੇ ਢੇਰ ਸਾਰੀਆਂ ਮੁਬਾਰਕਾਂ ਦਿੱਤੀਆਂ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਆਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ।

| SN | Catalogue No. | Nature of contract |
|---|---|---|
| **ਈ-ਨੀਲਾਮੀ ਦੀ ਮਿਤੀ : 02.06.2026** | | |
| 1 | EAFZR-ADVT26-14 | ਟ੍ਰੇਨ ਨੰਬਰ 14680/79/82/81,14622/21/26/25, 12408/07 & .20424/23. ਦੇ ਡਿਬਿਆਂ ਦੇ ਬਾਹਰੀ ਹਿੱਸੇ ਉਤੇ ਵਿਨਾਇਲ ਰੈਪਿੰਗ ਦੁਆਰਾ ਵਿਗਿਆਪਨ ਅਧਿਕਾਰ ਲਈ ਠੇਕੇ ਦਾ ਅਲਾਟਮੈਂਟ । |
| 2 | EAFZR-PRKG26-5 | ਫਗਵਾੜਾ ਰੇਲਵੇ ਸਟੇਸ਼ਨ ਉਤੇ ਕੰਮਪ੍ਰੇਹੇਂਸਿਵ ਪਾਰਕਿੰਗ ਦੇ ਲਈ ਠੇਕੇ ਦਾ ਅਲਾਟਮੈਂਟ । |
| **ਈ-ਨੀਲਾਮੀ ਦੀ ਮਿਤੀ : 03.06.2026** | | |
| 3 | EAFZR-MIS26-9 | ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਹੇਠਾ ਲਿਖੇ ਕੰਮ ਦੇ ਲਈ ਠੇਕੇ ਦਾ ਅਲਾਟਮੈਂਟ । ਕ) ਟ੍ਰੇਵੇਲ ਹੇਲਪ ਡੇਸਕ ਦੇ ਲਈ ਕਿਓਸਕ ਦੀ ਸਥਾਪਨਾ ਅਤੇ ਸੰਚਾਲਨ । ਖ) ਪੂਜਾ ਸਾਮਗਰੀ ਦੀ ਵਿਕਰੀ ਦੇ ਲਈ ਕਿਓਸਕ ਦੀ ਸਥਾਪਨਾ ਅਤੇ ਸੰਚਾਲਨ । ਗ) ਰੇਲ ਕੋਚ ਰੇਸਤਰਾਂ ਦਾ ਨਵੀਨੀਕਰਣ ਅਤੇ ਸੰਚਾਲਨ । |
| 4 | EAFZR-CTG26-4 | ਫਗਵਾੜਾ ਰੇਲਵੇ ਸਟੇਸ਼ਨ ਉਤੇ ਕੈਟਰਿੰਗ ਸਟਾਲ ਦੇ ਲਈ ਠੇਕੇ ਦਾ ਅਲਾਟਮੈਂਟ । |
| 5 | EAFZR-PRKG26-6 | ਜਲੰਧਰ ਛਾਵਣੀ (ਮੇਨ ਸਾਇਡ) ਰੇਲਵੇ ਸਟੇਸ਼ਨ ਉਤੇ ਕੰਮਪ੍ਰੇਹੇਂਸਿਵ ਪਾਰਕਿੰਗ ਦੇ ਲਈ ਠੇਕੇ ਦਾ ਅਲਾਟਮੈਂਟ । |
| **ਈ-ਨੀਲਾਮੀ ਦੀ ਮਿਤੀ : 04.06.2026** | | |
| 6 | EAFZR-MIS26-10 | ਹੇਠਾ ਲਿਖੇ ਕੰਮ ਦੇ ਲਈ ਠੇਕੇ ਦਾ ਅਲਾਟਮੈਂਟ : ਕ) ਫਿਲੌਰ ਰੇਲਵੇ ਸਟੇਸ਼ਨ ਉਤੇ ਫੂਡ ਵੈਨ ਦੀ ਸਥਾਪਨਾ ਅਤੇ ਸੰਚਾਲਨ । ਖ) ਲੁਧਿਆਣਾ ਰੇਲਵੇ ਸਟੇਸ਼ਨ ਉਤੇ (ਕਾਲੋਨੀ ਨੰ: 10 ਜਗਰਾਉਂ ਬ੍ਰਿਜ ਦੀ ਦੀਵਾਰ ਦੇ ਨਾਲ) ਫੂਡ ਵੈਨ ਦੀ ਸਥਾਪਨਾ ਅਤੇ ਸੰਚਾਲਨ । |
| **ਈ-ਨੀਲਾਮੀ ਦੀ ਮਿਤੀ : 05.06.2026** | | |
| 7 | EAFZR-MIS26-11 | ਕ) ਅੰਮ੍ਰਿਤਸਰ ਰੇਲਵੇ ਸਟੇਸ਼ਨ ਉਤੇ ਸਿੰਗਲ ਬ੍ਰਾਂਡ ਪ੍ਰੀਮਿਯਮ ਸਟੋਰ ਦੀ ਸਥਾਪਨਾ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ । ਖ) ਲੁਧਿਆਣਾ ਰੇਲਵੇ ਸਟੇਸ਼ਨ ਉਤੇ ਟੀਟੀਈ ਰੇਸਟ ਹਾਉਸ ਦੇ ਨਜ਼ਦੀਕ ਛੋਟੀ ਫੂਡ ਵੈਨ ਦੀ ਸਥਾਪਨਾ ਅਤੇ ਸੰਚਾਲਨ । |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੇਬਸਾਈਟ www.ireps.gov.in ਉਤੇ ਜਾਓ ।

ਨੰਬਰ: NR-FZR0COML(NFR)/18/2024 ਮਿਤੀ : 19.05.2026 1682/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# 8 ਸਾਲਾ ਹਰਨਾਜ਼ ਕੌਰ ਕੋਹਲੀ ਨੇ ਇੰਡੀਆ ਬੁੱਕ ਆਫ ਰਿਕਾਰਡਸ 'ਚ ਬਣਾਇਆ ਨਵਾਂ ਰਿਕਾਰਡ



**ਜਲੰਧਰ (ਰਾਜੇਸ਼ ਥਾਪਾ)**-ਜਲੰਧਰ ਦੀ ਹੋਣਹਾਰ ਬੇਟੀ ਹਰਨਾਜ਼ ਕੌਰ ਕੋਹਲੀ ਨੇ ਸਿਰਫ਼ 8 ਸਾਲ ਦੀ ਉਮਰ ਵਿੱਚ ਵੱਡੀ ਉਪਲਬਧੀ ਹਾਸਲ ਕਰਕੇ ਸ਼ਹਿਰ ਅਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ। ਹਰਨਾਜ਼ ਕੌਰ ਕੋਹਲੀ ਨੇ ਰਾਡ ਨਾਲ ਲਟਕਦੇ ਹੋਏ ਸਭ ਤੋਂ ਵੱਧ ਹੂਲਾ ਹੂਪ ਕਰਕੇ ਇੰਡੀਆ ਬੁੱਕ ਆਫ ਰਿਕਾਰਡਸ ਵਿੱਚ ਆਪਣਾ ਨਾਂਅ ਦਰਜ ਕਰਵਾਇਆ ਹੈ।ਹਰਨਾਜ਼ ਕੌਰ ਕੋਹਲੀ ਇਨੋਸੈਂਟ ਹਾਰਟ ਸਕੂਲ ਦੀ ਵਿਦਿਆਰਥਣ ਹੈ।ਸਕੂਲ ਦੇ ਪ੍ਰਿੰਸੀਪਲ ਰਾਜੀਵ ਨੇ ਹਰਨਾਜ਼ ਦੀ ਇਸ ਸ਼ਾਨਦਾਰ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਹਰਨਾਜ਼ ਨੇ ਆਪਣੀ ਮਿਹਨਤ, ਲਗਨ ਅਤੇ ਹੌਸਲੇ ਨਾਲ ਸਕੂਲ ਅਤੇ ਪੰਜਾਬ ਦਾ ਨਾਂਅ ਮਾਣ ਨਾਲ ਉੱਚਾ ਕੀਤਾ ਹੈ।ਹਰਨਾਜ਼ ਦੀ ਇਸ ਕਾਮਯਾਬੀ ਨਾਲ ਉਸਦਾ ਪੂਰਾ ਪਰਿਵਾਰ ਬਹੁਤ ਖੁਸ਼ ਹੈ। ਖਾਸ ਕਰਕੇ ਉਸ ਦੇ ਦਾਦਾ ਤੇ ਦਾਦੀ ਨੇ ਹਰਨਾਜ਼ ਦੀ ਇਸ ਉਪਲਬਧੀ 'ਤੇ ਮਾਣ ਪ੍ਰਗਟ ਕਰਦਿਆਂ ਕਿਹਾ ਕਿ ਉਹਨਾਂ ਨੂੰ ਆਪਣੀ ਪੋਤੀ 'ਤੇ ਬਹੁਤ ਮਾਣ ਹੈ। ਪਰਵਾਰ ਅਨੁਸਾਰ ਹਰਨਾਜ਼ ਬਚਪਨ ਤੋਂ ਹੀ ਬਹੁਤ ਹੋਣਹਾਰ ਅਤੇ ਮਿਹਨਤੀ ਰਹੀ ਹੈ।

# ਅਧਿਆਪਕਾਂ ਦੀਆਂ ਨਸ਼ਾ ਸਰਵੇ, ਜਨਗਣਨਾ 'ਚ ਡਿਊਟੀਆਂ ਲਾਉਣ ਦੀ ਡੀ ਟੀ ਐੱਫ ਵੱਲੋਂ ਨਿਖੇਧੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਪੰਜਾਬ ਭਰ ਵਿਚ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਦੀਆਂ ਨਸ਼ਿਆਂ ਦੇ ਸਰਵੇਖਣ ਵਿੱਚ ਡਿਊਟੀਆਂ ਲਗਾਈਆਂ ਗਈਆਂ ਹਨ ਤੇ ਹੁਣ ਅੱਤ ਦੀ ਗਰਮੀ ਵਿੱਚ ਜਨਗਨਣਾ ਵਿੱਚ ਵੀ ਅਧਿਆਪਕਾਂ ਦੀਆਂ ਥੋਕ ਦੇ ਭਾਅ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਜਿਸ ਨਾਲ ਵਿਦਿਆਰਥੀਆਂ ਨੂੰ ਅਧਿਆਪਕਾਂ ਤੋਂ ਵਾਂਝੇ ਕਰ ਦਿੱਤਾ ਗਿਆ, ਉਥੇ ਇਹਨਾਂ ਡਿਊਟੀਆਂ ਕਰ ਰਹੇ ਅਧਿਆਪਕਾਂ ਦੀਆਂ ਹੀ ਨਾਲ ਹੀ ਹੁਣ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਅਧਿਆਪਕਾਂ ਦੀਆਂ ਦੂਰ ਦੁਰਾਡੇ ਡਿਊਟੀਆਂ ਲਾਉਣ ਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਸਖਤ ਨਿਖੇਧੀ ਕੀਤੀ ਹੈ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਡੀ ਟੀ ਐੱਫ ਦੇ ਆਗੂਆਂ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ, ਇੰਦਰਸੁਖਦੀਪ ਸਿੰਘ ਓਡਰਾ, ਮਨਜੀਤ ਸਿੰਘ ਦਸੂਹਾ ਨੇ ਕਿਹਾ ਕਿ ਪਹਿਲਾਂ ਡਰੱਗ ਸਰਵੇ ਦੇ ਨਾਂਅ ਤਹਿਤ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਨੂੰ ਲੈਣ ਲਈ ਮਜਬੂਰ ਕੀਤਾ ਗਿਆ ਹੁਣ ਨਾਲ ਹੀ ਅੱਤ ਦੀ ਗਰਮੀ ਵਿੱਚ ਜਨਗਨਣਾ ਵਿੱਚ ਤਕਰੀਬਨ ਸਮੂਹ ਸਕੂਲਾਂ ਦੇ ਅਧਿਆਪਕਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉੱਥੇ ਨਾਲ ਹੀ ਨਗਰ ਕੌਂਸਲ ਕਮੇਟੀ ਦੀਆਂ ਚੋਣਾਂ ਵਿੱਚ ਵੀ 100-120 ਮੀਲ ਦੂਰ ਦੁਰਾਡੇ ਅਧਿਆਪਕਾਂ ਨੂੰ ਡਿਊਟੀਆਂ ਨਿਭਾਉਣ ਦਾ ਫਰਮਾਨ ਜਾਰੀ ਕਰ ਦਿੱਤੇ ਗਏ ਹਨ। ਉਹਨਾਂ ਇਹਨਾਂ ਡਿਊਟੀਆਂ ਨੂੰ ਰੱਦ ਕਰਨ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਦੇ ਮੁੱਖ



ਮੰਤਰੀ ਭਗਵੰਤ ਮਾਨ ਅਧਿਆਪਕਾਂ ਤੋਂ ਕਿਸੇ ਵੀ ਤਰ੍ਹਾਂ ਦਾ ਗੈਰ ਵਿਦਿਅਕ ਕੰਮ ਲੈਣੇ ਬੰਦ ਕੀਤੇ ਜਾਣ ਦੇ ਐਲਾਨ ਕਰ ਰਹੇ ਹਨ ਆਗੂਆਂ ਨੇ ਕਿਹਾ ਕਿ ਸਿਰਫ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀਆਂ ਹਰ ਤਰ੍ਹਾਂ ਦੀਆਂ ਸਰਵੇ, ਗੈਰ ਵਿਦਿਅਕ ਕੰਮਾਂ ਵਿੱਚ ਡਿਊਟੀਆਂ ਲਗਾ ਕੇ ਜਿੱਥੇ ਸਰਕਾਰਾਂ ਤੇ ਅਫਸਰਸ਼ਾਹੀ ਮਿਲ ਕੇ ਗਰੀਬ ਵਿਦਿਆਰਥੀਆਂ ਤੋਂ ਅਧਿਆਪਕਾਂ ਨੂੰ ਦੂਰ ਕਰਕੇ ਉਹਨਾਂ ਦੇ ਵਿਦਿਆ ਦਾ ਹੱਕ ਤੋਂ ਵਾਂਝਾ ਕਰ ਰਹੀ ਹੈ। ਉੱਥੇ ਸਰਕਾਰੀ ਸੈਕਟਰ ਦੇ ਖਿਲਾਫ ਪ੍ਰਾਈਵੇਟ ਸੈਕਟਰ ਨੂੰ ਮਜਬੂਤ ਕਰ ਰਹੀ ਹੈ।

# ਘਰੇਲੂ ਗੈਸ ਦੀ ਕਾਲਾਬਜ਼ਾਰੀ ਜ਼ੋਰਾਂ 'ਤੇ

**ਜਲੰਧਰ (ਸੁਰਿੰਦਰ ਕੁਮਾਰ)**-ਲੰਬਾਂ ਪਿੰਡ ਨਾਲ ਸਥਿਤ ਇੰਡਸਟਰੀ ਅਸਟੇਟ ਵਿੱਚ ਤੇ ਨਾਲ ਲੱਗਦੇ ਇਲਾਕਿਆਂ ਵਿੱਚ ਰਹਿਣ ਵਾਲੇ ਫੈਕਟਰੀਆ ਵਿੱਚ ਕੰਮ ਕਰਨ ਵਾਲੇ ਮਜਦੂਰਾਂ ਦੀ ਇੱਥੇ ਬਣੀ ਮਾਰਕੀਟ ਵਿੱਚ ਘਰੇਲੂ ਗੈਸ ਤਿੰਨ ਸੌ ਰੁਪਏ ਕਿੱਲੋ ਤੱਕ ਵੇਚ ਕੇ ਸ਼ਰੇਆਮ ਲੁੱਟ ਕੀਤੀ ਜਾ ਰਹੀ ਹੈ। ਮਜ਼ਦੂਰਾਂ ਵੱਲੋ ਸ਼ਿਕਾਇਤ ਕਰਨ ਦੇ ਬਾਵਜੂਦ ਨਾ ਤਾ ਸਿਵਲ ਸਪਲਾਈ ਵਿਭਾਗ ਨੇ ਇਨ੍ਹਾ ਗੈਸ ਦੇ ਤਸਕਰਾ ਤੇ ਖਿਲਾਫ ਕੋਈ ਕਾਰਵਾਈ ਕੀਤੀ ਤੇ ਨਾਲ ਇਸ ਇਲਾਕੇ ਨਾਲ ਸੰਬਧਿਤ ਥਾਣਾ ਅੱਠ ਦੀ ਪੁਲਿਸ ਤੇ ਪੀ ਸੀ ਆਰ ਗੱਡੀ 16 ਦੇ ਕਰਮਚਾਰੀਆਂ ਨੇ ਮੁਹੱਲਾ ਸੁੰਦਰ ਨਗਰ ਵਿੱਚ ਸ਼ਰੇਆਮ ਹੁੰਦੀ ਗੈਸ ਦੀ ਕਾਲਾਬਜਾਰੀ ਨੂੰ ਰੋਕਣ ਦੀ ਕਾਰਵਾਈ ਕੀਤੀ । ਮਜ਼ਦੂਰ ਤਿੰਨ ਸੌ ਰਪੁਏ ਕਿੱਲੋ ਗੈਸ ਆਪਣੇ ਛੋਟੇ ਸਿਲੈਂਡਰਾਂ ਵਿੱਚ ਭਰਵਾ ਕੇ ਲੁੱਟ ਦਾ ਲਗਾਤਾਰ ਸ਼ਿਕਾਰ ਹੋ ਰਹੇ ਹਨ।

ਇਸ ਸੰਬੰਧ ਵਿੱਚ ਆਪਣਾਂ ਨਾਮ ਗੁਪਤ ਰੱਖਣ ਦੀ ਸ਼ਰਤ ਤੇ ਮਜਦਰਾ ਨੇ ਜਾਣਕਾਰੀ ਦੇਦਿਆ ਦੱਸਿਆ ਕਿ ਇਸ ਮਾਰਕੀਟ ਵਿੱਚ ਇੱਕ ਨਹੀ ਲਗਭਗ 14 ਦੁਕਾਨਾਂ ਤੇ ਸ਼ਰੇਆਮ ਘਰੇਲੂ ਗੈਸ ਸਿੱਲੈਂਡਰਾਂ ਵਿੱਚ ਗੈਸ ਕੱਢ ਕੇ ਛੋਟੇ ਸਿੱਲੈਂਡਰਾ ਵਿੱਚ ਤਿੰਨ ਸੌ ਰਪੁਏ ਕਿੱਲੋ ਤੱਕ ਕੀਮਤ ਵਸੂਲ ਕੇ ਮਜ਼ਦੂਰਾਂ ਨੂੰ ਇਰਾਨ ਅਮਰੀਕਾ ਵਿੱਚ ਛਿੜੀ ਲੜਾਈ ਤੋ ਬਾਆਦ ਪੈਦਾ ਹੋਈ ਘਰੇਲੂ ਗੈਸ ਦੀ ਕਿੱਲਤ ਤੋ ਬਾਅਦ ਵੇਚੀ ਜਾ ਰਹੀ ਹੈ। ਗੈਸ ਦੀ ਤਸਕਰੀ ਕਰਨ ਵਾਲਿਆਂ ਹੱਥੋ ਕੀਤੀ ਜਾ ਰਹੀ ਲੁੱਟ ਦੀ ਸ਼ਿਕਾਇਤ ਕਈ ਜਿਲ੍ਹਾ ਫੂਡ ਸਪਲਾਈ ਅਧਿਕਾਰੀ ਜਰਨੈਲ ਸਿੰਘ ਮੁਨੀਸ਼ ਕੁਮਾਰ ਨੂੰ ਲਿਖਤ ਵਿੱਚ ਕੀਤੀ ਗਈ ਨਾਲ ਹੀ ਥਾਣਾਂ ਪੁਲਿਸ ਡਵੀਜਨ ਨੰਬਰ ਅੱਠ ਦੀ ਪੁਲਿਸ ਨੂੰ ਇੱਥੇ ਗੈਸ ਤਸਕਰਾ ਦੀ ਜਾਣਕਾਰੀ ਦਿੱਤੀ ਗਈ ਪਰ ਗੈਸ ਤਸਕਰਾਂ ਦੇ ਖਿਲਾਫ ਕਿਸੇ ਵੀ ਸਰਕਾਰੀ ਅਧਿਕਾਰੀ ਤੇ ਪੁਲਿਸ ਨੇ ਕੋਈ ਕਾਰਵਾਈ ਨਹੀ ਕੀਤੀ।

# ਹਲਕਾ ਚੱਬੇਵਾਲ ਦੇ ਕਈ ਆਗੂ ਹੋਏ ਬਸਪਾ 'ਚ ਸ਼ਾਮਲ



**ਹੁਸ਼ਿਆਰਪੁਰ (ਓ ਪੀ ਰਾਣਾ)**

ਹਲਕਾ ਚੱਬੇਵਾਲ ਦੇ ਪਿੰਡ ਭੂੰਨੋ ਵਿਖੇ ਬਸਪਾ ਦੀ ਇਕ ਵਿਸ਼ੇਸ਼ ਮੀਟਿੰਗ ਰਾਜੇਸ਼ ਭੂੰਨੋ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਬਸਪਾ ਹਲਕਾ ਚੱਬੇਵਾਲ ਨੇ ਸ਼ਿਰਕਤ ਕੀਤੀ ਤੇ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਦਵਿੰਦਰ ਸਿੰਘ ਬਾਹੋਵਾਲ ਬਾਮਸੇਫ ਇੰਚਾਰਜ ਚੱਬੇਵਾਲ ਵੀ ਹਾਜ਼ਰ ਸਨ। ਇਸ ਦੌਰਾਨ ਐਡਵੋਕੇਟ ਪਲਵਿੰਦਰ ਮਾਨਾ ਨੇ ਸੈਕਟਰ ਬਾੜੀਆ ਕਲਾਂ ਦੇ ਸੰਗਠਨ ਦਾ ਵਿਸਥਾਰ ਕੀਤਾ ਤੇ ਚੰਦਨ ਸਿੰਘ ਨੂੰ ਸੈਕਟਰ ਬਾੜੀਆਂ ਕਲਾਂ ਦੇ ਪ੍ਰਧਾਨ ਨਿਯੁਕਤ ਕੀਤਾ। ਇਸ ਦੌਰਾਨ ਸਤਵਿੰਦਰ ਸਿੰਘ ਕਾਕਾ ਜੱਟ ਭਾਈਚਾਰੇ ਨੇ ਬਸਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਸਾਥੀਆਂ ਸਮੇਤ ਬਸਪਾ ਵਿਚ ਸ਼ਾਮਿਲ ਹੋਣ ਦੀ ਇੱਛਾ ਜ਼ਾਹਿਰ ਕੀਤੀ ਤੇ ਐਡਵੋਕੇਟ ਮਾਨਾ ਨੇ ਸਤਵਿੰਦਰ ਸਿੰਘ ਕਾਕਾ ਅਤੇ ਸਾਥੀਆਂ ਨੂੰ ਬਸਪਾ ਦਾ ਸਿਰਪਾਓ ਪਾਕੇ ਬਹੁਤ ਹੀ ਸਤਿਕਾਰ ਸਹਿਤ ਬਸਪਾ ਵਿਚ ਸ਼ਾਮਿਲ ਕੀਤਾ। ਸਤਵਿੰਦਰ ਸਿੰਘ ਕਾਕਾ ਨੇ ਐਡਵੋਕੇਟ ਪਲਵਿੰਦਰ ਮਾਨਾ ਅਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕੀਤਾ । ਉਨਾਂ ਬਸਪਾ ਪੰਜਾਬ ਵੱਲੋਂ ਚਲਾਈ ਗਈ ਪੰਜਾਬ ਸੰਭਾਲੋ ਮੁਹਿੰਮ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬਲਵੰਤ ਸਹਿਗਲ ਹਲਕਾ ਸਕੱਤਰ, ਰਾਮ ਸਰੂਪ ਬਿਲਾਸਪੁਰ, ਚਰਣਜੀਤ ਬਾਹੋਵਾਲ, ਅਮਰਜੀਤ ਸਿੰਘ, ਹਰਮੇਸ਼ ਲਾਲ, ਅਜੀਤ ਸਿੰਘ ਨੀਤਪੁਰ, ਰਾਜਨ ਭੂੰਨੋ, ਜਸਬੀਰ ਸਿੰਘ ਕੰਮੋਵਾਲ, ਕੁਲਵਿੰਦਰ ਸਿੰਘ ਤੇ ਹੋਰ ਵੀ ਸਾਥੀ ਹਾਜ਼ਰ ਸਨ।

# ਕੰਢੀ ਇਲਾਕੇ ਦੀ 39,000 ਏਕੜ ਤੋਂ ਵਧੇਰੇ ਜ਼ਮੀਨ ਨਹਿਰੀ ਸਿੰਚਾਈ ਹੇਠ ਆਈ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਦਹਾਕਿਆਂ ਦੀ ਉਡੀਕ ਮਗਰੋਂ, ਪੰਜਾਬ ਦੇ ਕੰਢੀ ਇਲਾਕੇ ਦੇ ਖੇਤਾਂ ਤੱਕ ਅਖੀਰ ਨਹਿਰੀ ਪਾਣੀ ਪਹੁੰਚ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਾਠਗੜ੍ਹ ਲਿਫ਼ਟ ਸਿੰਚਾਈ ਯੋਜਨਾ ਇਸ ਖੇਤਰ ਦੀ ਨੁਹਾਰ ਬਦਲ ਰਹੀ ਹੈ ਜੋ ਲੰਮੇ ਸਮੇਂ ਤੋਂ ਪਾਣੀ ਦੀ ਕਿੱਲਤ ਅਤੇ ਗ਼ੈਰਯਕੀਨੀ ਖੇਤੀਬਾੜੀ ਨਾਲ ਜੂਝ ਰਿਹਾ ਸੀ। ਬਿਸਤ ਦੋਆਬ ਨਹਿਰ ਨਾਲ ਜੁੜਿਆ ਇਹ ਪ੍ਰੋਜੈਕਟ ਉਨ੍ਹਾਂ ਇਲਾਕਿਆਂ ਨੂੰ ਨਹਿਰੀ ਸਿੰਚਾਈ ਦੀ ਯਕੀਨਨ ਸਹੂਲਤ ਦੇ ਰਿਹਾ ਹੈ ਜੋ ਪਿਛਲੇ ਤਿੰਨ ਦਹਾਕਿਆਂ ਤੋਂ ਇਸ ਦੀ ਪਹੁੰਚ ਵਿਚ ਨਹੀਂ ਸਨ।ਪੀੜ੍ਹੀਆਂ ਤੋਂ ਇਸ ਨੀਮ-ਪਹਾੜੀ ਇਲਾਕੇ ਦੇ ਕਿਸਾਨ ਗ਼ੈਰਯਕੀਨੀ ਮੀਂਹ ਅਤੇ ਤੇਜ਼ੀ ਨਾਲ ਡਿੱਗ ਰਹੇ ਪੱਧਰ ਵਾਲੇ ਜ਼ਮੀਨੀ ਪਾਣੀ 'ਤੇ ਨਿਰਭਰ ਸਨ। ਪਥਰੀਲੀ ਮਿੱਟੀ ਅਤੇ ਉੱਚੀ-ਨੀਵੀਂ ਜ਼ਮੀਨ ਕਾਰਨ ਟਿਊਬਵੈੱਲ ਰਾਹੀਂ ਸਿੰਚਾਈ ਲਾਹੇਵੰਦ ਨਾ ਹੋਣ ਕਾਰਨ ਲਗਭਗ ਨਾ-ਮੁਮਕਿਨ ਹੀ ਸੀ, ਜਿਸ ਕਰਕੇ ਜ਼ਮੀਨ ਦਾ ਵੱਡਾ ਹਿੱਸਾ ਸੋਕੇ ਦੀ ਮਾਰ ਹੇਠ ਆਉਣ ਕਾਰਨ ਫ਼ਸਲਾਂ ਮਰ ਜਾਂਦੀਆਂ ਸਨ। ਅੱਜ ਉਸ ਗ਼ੈਰਯਕੀਨੀ ਦੀ ਥਾਂ ਸਥਿਰਤਾ ਨੇ ਲੈ ਲਈ ਹੈ ਕਿਉਂਕਿ ਦਹਾਕਿਆਂ ਵਿੱਚ ਪਹਿਲੀ ਵਾਰ ਬਲਾਚੌਰ ਦੇ ਖੇਤਾਂ ਵਿੱਚ ਨਹਿਰੀ ਪਾਣੀ ਨਿਰੰਤਰ ਵਹਿਣਾ ਸ਼ੁਰੂ ਹੋ ਗਿਆ ਹੈ।ਸ਼ਹੀਦ ਭਗਤ ਸਿੰਘ ਨਗਰ ਵਿੱਚ ਨਹਿਰ ਦੇ ਸੱਜੇ ਕੰਢੇ 'ਤੇ ਸਥਿਤ ਇਹ ਯੋਜਨਾ ਸਿਰਫ਼ ਇੱਕ ਢਾਂਚਾ ਨਹੀਂ, ਸਗੋਂ ਇਸ ਖੇਤਰ ਲਈ ਜੀਵਨ-ਰੇਖਾ ਹੈ। ਇਹ ਸਕੀਮ 38 ਪਿੰਡਾਂ ਦੀ ਲਗਭਗ 11,500 ਏਕੜ ਜ਼ਮੀਨ ਨੂੰ ਯਕੀਨੀ ਸਿੰਚਾਈ ਮੁਹੱਈਆ ਕਰਵਾਏਗੀ, ਜੋ ਪਹਿਲਾਂ ਪਾਣੀ ਦੀ ਭਾਰੀ ਥੁੜ ਹੇਠ ਸੀ।ਪਥਰੀਲੀ ਤੇ ਉਬੜ-ਖਾਬੜ ਜ਼ਮੀਨ ਨੂੰ ਧਿਆਨ ਵਿੱਚ ਰੱਖਦਿਆਂ ਤਿਆਰ ਕੀਤਾ ਗਿਆ ਇਹ ਪ੍ਰੋਜੈਕਟ ਪਾਣੀ ਨੂੰ 300 ਫੁੱਟ ਦੀ ਉਚਾਈ ਤੱਕ ਉਪਰ ਚੁੱਕਦਾ ਹੈ ਅਤੇ ਇਸ ਨੂੰ 221 ਕਿੱਲੋਮੀਟਰ ਲੰਬੇ ਪਾਈਪਲਾਈਨ ਢਾਂਚੇ ਰਾਹੀਂ ਖੇਤਾਂ ਤੱਕ ਪਹੁੰਚਾਇਆ ਜਾਵੇਗਾ। ਇਹ ਬੰਦ ਪਾਈਪਲਾਈਨ ਪ੍ਰਣਾਲੀ ਪਾਣੀ ਦੀ ਬਰਬਾਦੀ ਨੂੰ ਰੋਕ ਕੇ ਇਸ ਦੀ ਪੂਰੀ ਤੇ ਸਹੀ ਵਰਤੋਂ ਯਕੀਨੀ ਬਣਾਏਗੀ। ਉਹ ਇਲਾਕੇ ਜੋ ਕਦੇ ਨਹਿਰੀ ਸਿੰਚਾਈ ਤੋਂ ਵਿਰਵੇ ਮੰਨੇ ਜਾਂਦੇ ਸਨ, ਹੁਣ ਉਹਨਾਂ ਵਿਚ ਵੀ ਭਰਵੀਂ ਖੇਤੀ ਹੋਵੇਗੀ।

# 24 ਦੇ ਸੂਬਾ ਪੱਧਰੀ ਧਰਨੇ 'ਚ ਪੀ ਐਸ ਪੀ ਸੀ ਐਲ ਮੁਲਾਜ਼ਮ ਵੱਡੀ ਗਿਣਤੀ 'ਚ ਹੋਣਗੇ ਸ਼ਾਮਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਜੁਆਇੰਟ ਫੋਰਮ ਏਕਤਾ ਮੰਚ ਦੇ ਸੱਦੇ 'ਤੇ ਸਰਕਲ ਹੁਸ਼ਿਆਰਪੁਰ ਵਿਖੇ ਵਧਾਈ ਹੋਈ ਮੀਟਿੰਗ ਕੀਤੀ ਗਈ। ਜਿਸ ਦੀ ਪ੍ਰਧਾਨਗੀ ਇੰਜੀਨੀਅਰ ਨਛੱਤਰ ਪ੍ਰਧਾਨ ਟੀ.ਐਸ.ਯੂ. ਵੱਲੋਂ ਕੀਤੀ ਗਈ।ਮੀਟਿੰਗ ਵਿੱਚ ਇੰਜੀ: ਨਿਰਮਲ ਸਿੰਘ ਜਨਰਲ ਸਕੱਤਰ ਪੀ ਐਸ ਯੂ ਪੰਜਾਬ ਅਤੇ ਇੰਜੀ: ਤਰਲੋਚਨ ਸਿੰਘ ਵਿਤ ਸਕੱਤਰ ਪਹਿਲਵਾਨ ਗਰੁੱਪ ਪੰਜਾਬ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਅਤੇ ਪਾਵਰ ਕੌਮ ਪੀ.ਐਸ.ਪੀ.ਸੀ.ਐਲ. ਦੀਆਂ ਨੀਤੀਆਂ ਬਾਰੇ ਮੁਲਾਜ਼ਮਾਂ ਨੂੰ ਜਾਣੂ ਕਰਵਾਇਆ ਅਤੇ ਉਨ੍ਹਾਂ ਨੇ ਮੁੱਖ ਮੰਤਰੀ ਦੇ ਘਰ ਸੰਗਰੂਰ ਵਿਖੇ ਮਿਤੀ 24 ਮਈ ਨੂੰ ਦਿੱਤੇ ਜਾ ਰਹੇ ਸੂਬਾ ਪੱਧਰੀ ਧਰਨ ਵਿੱਚ ਵੱਡੇ ਪੱਧਰ 'ਤੇ ਪਹੁੰਚਣ ਅਤੇ 17-18 ਜੂਨ ਨੂੰ ਦੋ ਦਿਨ ਦੀ ਹੜਤਾਲ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਇੱਕ ਵੱਖਰੇ ਮਤੇ ਰਾਹੀਂ ਸਰਕਾਰ ਵੱਲੋਂ ਕਿਸਾਨਾਂ ਉੱਤੇ ਚੰਡੀਗੜ੍ਹ ਵਿਖੇ ਅੱਥਰੂ ਗੈਸ ਦੇ ਗੋਲੇ ਦਾਗਣ ਅਤੇ ਪਾਣੀ ਦੀਆਂ ਬੁਛਾੜਾਂ ਮਾਰ ਕੇ ਜ਼ਖਮੀ ਕਰਨ ਦੀ ਜੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੀਟਿੰਗ ਵਿੱਚ ਇੰਦਰਜੀਤ ਸਿੰਘ, ਮੁਨੀਸ਼ ਸੈਣੀ, ਕਸ਼ਮੀਰ ਸਿੰਘ, ਜਗਦੀਸ਼ ਸਿੰਘ, ਪਰਮਜੀਤ ਸਿੰਘ, ਅਜੀਤ ਪਾਲ ਸਿੰਘ, ਅਸ਼ਵਨੀ ਕੁਮਾਰ, ਕਿਸ਼ਨ ਲਾਲ, ਰਜਵੰਤ ਸਿੰਘ ਅਤੇ ਜਗਤਾਰ ਸਿੰਘ ਆਦਿ ਮੈਂਬਰ ਹਾਜ਼ਰ ਸਨ ।

# ਮੋਦੀ ਪਹਿਲੇ ਪ੍ਰਧਾਨ ਮੰਤਰੀ ਜਿਨ੍ਹਾ ਨੇ ਕਿਸਾਨਾਂ ਨੂੰ ਖਾਦਾਂ ਦੀ ਵਰਤੋਂ ਤੋਂ ਗੁਰੇਜ਼ ਕਰਨ ਲਈ ਕਿਹਾ : ਵੜਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਖਾਦ ਸਬਸਿਡੀ ਲਈ ਧੰਨਵਾਦ ਕਰਨ 'ਤੇ ਤੰਜ ਕੱਸਿਆ ਕਿ ਜਿਵੇਂ ਉਨ੍ਹਾਂ ਨੇ ਕੋਈ ਕ੍ਰਾਂਤੀਕਾਰੀ ਕੰਮ ਕੀਤਾ ਹੋਵੇ ਜਾਂ ਇਹ ਪਹਿਲੀ ਵਾਰ ਹੋਇਆ ਹੋਵੇ।ਵੜਿੰਗ ਨੇ ਕਿਹਾ ਕਿ ਖਾਦ ਸਬਸਿਡੀ ਕਈ ਸਾਲਾਂ ਤੋਂ ਹਰ ਸਰਕਾਰ ਦੀ ਨੀਤੀ ਰਹੀ ਹੈ ਅਤੇ ਪ੍ਰਧਾਨ ਮੰਤਰੀ ਮੋਦੀ ਇਸਨੂੰ ਦੇਣ ਵਾਲੇ ਪਹਿਲੇ ਨੇਤਾ ਨਹੀਂ ਹਨ, ਜਿਵੇਂ ਕਿ ਜਾਖੜ ਲੋਕਾਂ ਨੂੰ ਵਿਸ਼ਵਾਸ ਦਿਵਾਉਣਾ ਚਾਹੁੰਦੇ ਹਨ।ਉਨ੍ਹਾਂ ਨੇ ਭਾਜਪਾ ਆਗੂ ਨੂੰ ਯਾਦ ਦਿਵਾਇਆ ਕਿ ਪ੍ਰਧਾਨ ਮੰਤਰੀ ਨੇ ਕਿਸਾਨਾਂ ਨੂੰ ਖਾਦਾਂ ਦੀ ਵਰਤੋਂ ਘਟਾਉਣ ਜਾਂ ਗੁਰੇਜ ਕਰਨ ਲਈ ਵੀ ਕਿਹਾ ਸੀ। ਉਨ੍ਹਾਂ ਨੇ ਸਵਾਲ ਕੀਤਾ ਕਿ ਜਦੋਂ ਇੱਕ ਪਾਸੇ ਤੁਸੀਂ ਖਾਦਾਂ 'ਤੇ ਸਬਸਿਡੀ ਦੇਣ ਦਾ ਦਾਅਵਾ ਕਰਦੇ ਹੋ ਅਤੇ ਦੂਜੇ ਪਾਸੇ ਕਿਸਾਨਾਂ ਨੂੰ ਇਹਨਾਂ ਦੀ ਵਰਤੋਂ ਨਾ ਕਰਨ ਲਈ ਕਹਿੰਦੇ ਹੋ, ਤਾਂ ਇਸ ਦਾ ਕੀ ਮਤਲਬ ਬਣਦਾ ਹੈ? ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਕਿਸਾਨਾਂ ਦੀਆਂ ਹੋਰ ਖੇਤੀ ਲਾਗਤਾਂ, ਜਿਵੇਂ ਕਿ ਡੀਜ਼ਲ, ਮਜ਼ਦੂਰੀ ਅਤੇ ਵੱਧ ਰਹੀ




ਮਹਿੰਗਾਈ ਦੇ ਮੁਕਾਬਲੇ ਕੋਈ ਵੀ ਸਬਸਿਡੀ ਕਾਫ਼ੀ ਨਹੀਂ ਹੋ ਸਕਦੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਸਾਰੀਆਂ ਚੀਜ਼ਾਂ ਉਸ ਕਥਿਤ ਸਬਸਿਡੀ ਦੇ ਲਾਭ ਨੂੰ ਖਤਮ ਕਰ ਦੇਣਗੀਆਂ, ਜਿਹੜੀ ਸਰਕਾਰ ਨੂੰ ਹਰ ਹਾਲਤ ਵਿੱਚ ਕਿਸਾਨਾਂ ਨੂੰ ਦੇਣੀ ਹੀ ਪੈਂਦੀ ਹੈ।ਇਸ ਤੋਂ ਇਲਾਵਾ, ਸਰਕਾਰ ਕਿਸਾਨਾਂ 'ਤੇ ਕੋਈ ਖਾਸ ਮਿਹਰਬਾਨੀ ਨਹੀਂ ਕਰ ਰਹੀ ਹੈ, ਕਿਉਂਕਿ ਕਿਸਾਨ ਹੀ ਪੂਰੇ ਦੇਸ਼ ਦਾ ਪੇਟ ਭਰਦੇ ਹਨ।

# ਐੱਸ ਆਈ ਆਰ ਲਈ ਜ਼ਿਲ੍ਹੇ 'ਚ 1926 ਬੀ ਐੱਲ ਓਜ਼ ਤਾਇਨਾਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ ਆਈ ਆਰ) ਲਈ 1926 ਬੀ ਐੱਲ ਓਜ਼ ਤਾਇਨਾਤ ਕੀਤੇ ਗਏ ਹਨ ਤੇ ਇਹ ਅਹਿਮ ਕਾਰਜ ਪੂਰੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਕਰਵਾਈ ਜਾ ਰਹੀ ਹੈ। ਇਸ ਤਹਿਤ ਜ਼ਿਲ੍ਹੇ ਵਿੱਚ ਬੀ ਐੱਲ ਓਜ਼ ਵੱਲੋਂ 25 ਜੂਨ ਤੋਂ 24 ਜੁਲਾਈ 2026 ਤੱਕ ਘਰ-ਘਰ ਜਾ ਕੇ ਵੋਟਰਾਂ ਪਾਸੋਂ ਫਾਰਮ ਭਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ ਇਸ ਕਾਰਜ ਲਈ ਜ਼ਿਲ੍ਹੇ ਵਿੱਚ 1926 ਬੀ.ਐਲ.ਓਜ਼, 189 ਸੁਪਰਵਾਈਜ਼ਰ, 9 ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਅਤੇ 5 ਵਧੀਕ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਸਮੇਤ ਚੋਣ ਅਮਲਾ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਸਬੰਧੀ ਬੀ.ਐਲ.ਓਜ਼ ਨੂੰ ਟ੍ਰੇਨਿੰਗ ਦੇਣ ਅਤੇ ਹੋਰ ਤਿਆਰੀਆਂ ਸਬੰਧੀ ਕਾਰਜ 15 ਜੂਨ ਤੋਂ 24 ਜੂਨ 2026 ਤੱਕ ਕੀਤੇ ਜਾਣਗੇ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਐਸ.ਆਈ.ਆਰ. ਦਾ ਉਦੇਸ਼ ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਅਯੋਗ ਵਿਅਕਤੀਆਂ ਦੇ ਨਾਮ ਸੂਚੀ ਵਿੱਚੋਂ ਹਟਾਉਣਾ ਹੈ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਤਹਿਤ ਜ਼ਿਲ੍ਹੇ ਦੇ ਹਰੇਕ ਵੋਟਰ ਨੂੰ ਬੀ.ਐਲ.ਓ. ਵੱਲੋਂ ਦਿੱਤਾ ਜਾਣ ਵਾਲਾ ਫਾਰਮ ਭਰਨਾ ਜ਼ਰੂਰੀ ਹੋਵੇਗਾ।

# ਕਲਸੀ ਜਠੇਰਿਆਂ ਦਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)**

ਕਲਸੀ ਜਠੇਰਿਆਂ ਦਾ ਸਲਾਨਾ ਜੋੜ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਪਿੰਡ ਤਲਵੰਡੀ ਜੱਟਾਂ ਵਿਖੇ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਦਰਬਾਰ ਦੀਆਂ



ਧਾਰਮਿਕ ਰਸਮਾਂ ਤੋਂ ਬਾਅਦ ਧਾਰਮਿਕ ਸਟੇਜ ਸਜਾਈ ਗਈ ਜਿਨ੍ਹਾਂ ਵਿੱਚ ਕਲਸੀ ਬ੍ਰਦਰਜ਼ ਤਲਵੰਡੀ ਜੱਟਾਂ, ਕਮਲ ਕਟਾਣੀਆਂ ਤੋਂ ਇਲਾਵਾ ਹੋਰ ਵੀ ਕਲਾਕਾਰਾਂ ਨੇ ਧਾਰਮਿਕ ਗੀਤ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਬਲਦੇਵ ਸਿੰਘ ਖਹਿਰਾ ਸਾਬਕਾ ਵਿਧਾਇਕ ਫਿਲੌਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਮਰਜੀਤ ਕਲਸੀ ਬਲਾਕ ਪ੍ਰਧਾਨ ਕਾਂਗਰਸ ਸੇਵਾ ਦਲ ਬੰਗਾ ਨੇ ਕਲਸੀ ਜਠੇਰਿਆਂ ਦੇ ਇਤਿਹਾਸ 'ਤੇ ਚਾਨਣਾ ਪਾਇਆ। ਉਹਨਾਂ ਪਹੁੰਚੇ ਹੋਏ ਮਹਿਮਾਨਾਂ, ਸੰਗਤਾਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵੱਲੋਂ ਮਹਿਮਾਨਾਂ, ਕਲਾਕਾਰਾਂ ਅਤੇ ਦਾਨੀ ਸੱਜਣਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਲਿਵਾਸਾ ਹਸਪਤਾਲ ਦੀ ਟੀਮ ਵੱਲੋਂ ਫਰੀ ਮੈਡੀਕਲ ਕੈਂਪ ਲਗਾਇਆ ਗਿਆ। ਸਟੇਜ ਸਕੱਤਰ ਹਰਦੀਪ ਕੁਮਾਰ ਪੰਚ ਅਤੇ ਚੰਦਰ ਪ੍ਰਤਾਪ ਖਹਿਰਾ ਨੇ ਬਾਖੂਬੀ ਨਿਭਾਈ। ਇਸ ਮੌਕੇ ਕਾਂਗਰਸ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਰਜਿੰਦਰ ਸ਼ਰਮਾ, ਪ੍ਰਧਾਨ ਅਮਰਜੀਤ ਕਲਸੀ, ਡਾ. ਨਰਿੰਦਰ ਸਿੰਘ ਕਲਸੀ ਡਿਪਟੀ ਡਾਇਰੈਕਟਰ ਬਾਗਬਾਨੀ ਵਿਭਾਗ ਪੰਜਾਬ, ਚੰਦਰ ਲਾਲ ਭਾਟੀਆ, ਰਸ਼ਪਾਲ ਕੌਰ ਸਰਪੰਚ ਤਲਵੰਡੀ ਜੱਟਾਂ, ਅਨੀਤਾ ਰਾਣੀ ਸਰਪੰਚ ਖਹਿਰਾ, ਰਾਮ ਲੁਭਾਇਆ ਕਲਸੀ ਲੈਕਚਰਾਰ, ਹਰਦੀਪ ਕੁਮਾਰ ਪੰਚ, ਪੰਮੀ ਖਹਿਰਾ, ਪਰਮਜੀਤ ਕਲਸੀ, ਧਰਮਪਾਲ ਪੰਚ, ਸੱਤਪਾਲ ਕਲਸੀ, ਗੁਰਮੀਤ ਰਾਮ, ਗੋਪੀ, ਵਿਜੇ ਕਲਸੀ, ਗੌਤਮ, ਕੁਲਦੀਪ, ਮਦਨ ਲਾਲ, ਬਲਜਿੰਦਰ ਰਾਮ, ਹਰਮੇਸ਼ ਲਾਲ, ਮੰਗੀ ਕਲਸੀ ਖਹਿਰਾ, ਦੀਪ ਕਲਸੀ ਖਹਿਰਾ, ਚਰਨਜੀਤ ਫਗਵਾੜਾ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# 10 ਨੰਬਰ ਵਾਰਡ ਨੂੰ ਬਣਾਵਾਂਗੇ ਅਤੀ ਖੂਬਸੂਰਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਵਾਰਡ ਨੰਬਰ 10 ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਤਵਿੰਦਰ ਸਿੰਘ ਨੇ ਵਾਰਡ ਵਾਸੀਆਂ ਨਾਲ ਵਿਕਾਸ ਦੇ ਵਾਅਦੇ ਕਰਦਿਆਂ ਕਿਹਾ ਕਿ ਜੇਕਰ ਲੋਕ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਉਹ ਵਾਰਡ ਨੂੰ ਅੱਤ ਖੂਬਸੂਰਤ ਬਣਾਉਣ ਲਈ ਦਿਨ ਰਾਤ ਮਿਹਨਤ ਕਰਨਗੇ। ਉਨ੍ਹਾਂ ਕਿਹਾ ਕਿ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਉਹ ਪਵਿੱਤਰ ਧਰਤੀ ਹੈ ਜਿੱਥੇ ਦੇਸ਼ ਵਿਦੇਸ਼ ਤੋਂ ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਨਤਮਸਤਕ ਹੋਣ ਲਈ ਪਹੁੰਚਦੇ ਹਨ ਅਤੇ ਇਸ ਪਵਿੱਤਰ ਧਰਤੀ ਦੇ ਵਾਰਡਾਂ ਨੂੰ ਸੁੰਦਰ ਅਤੇ ਸਾਫ ਸੁਥਰਾ ਬਣਾਉਣਾ ਹੀ ਗੁਰੂ ਸਾਹਿਬ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।ਸਤਵਿੰਦਰ ਸਿੰਘ ਨੇ ਕਿਹਾ ਕਿ ਵਾਰਡ ਨੰਬਰ 10 ਵਿੱਚ ਕਈ ਸਮੱਸਿਆਵਾਂ ਲੰਮੇ ਸਮੇਂ ਤੋਂ ਲੋਕਾਂ ਨੂੰ ਪਰੇਸ਼ਾਨ ਕਰ ਰਹੀਆਂ ਹਨ। ਗਲੀਆਂ ਅਤੇ ਨਾਲੀਆਂ ਟੁੱਟੀਆਂ ਹੋਈਆਂ ਹਨ ਅਤੇ ਕਈ ਥਾਵਾਂ 'ਤੇ ਹਰ ਸਮੇਂ ਗੰਦਗੀ ਦੇ ਢੇਰ ਲੱਗੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਵਿਕਾਸ ਦੇ ਨਾਮ 'ਤੇ ਕੋਈ ਖਾਸ ਕੰਮ ਨਹੀਂ ਹੋਇਆ ਜਿਸ ਕਾਰਨ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਉਹ ਵਾਰਡ ਵਿੱਚ ਸਫਾਈ ਪ੍ਰਬੰਧ ਨੂੰ ਮਜ਼ਬੂਤ ਕਰਨ ਦੇ ਨਾਲ ਨਾਲ ਗਲੀਆਂ ਨਾਲੀਆਂ ਦੀ ਮੁਰੰਮਤ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਗੇ।ਉਨ੍ਹਾਂ ਵਾਰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਉਨ੍ਹਾਂ 'ਤੇ ਭਰੋਸਾ ਕਰਨ ਅਤੇ ਇੱਕ ਮੌਕਾ ਦੇਣ ਤਾਂ ਜੋ ਵਾਰਡ ਦੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਿਆ ਜਾ ਸਕੇ।



# ਵਿਧਾਇਕ ਵੱਲੋਂ ਚੋਣ ਦਫਤਰ ਦਾ ਉਦਘਾਟਨ

**ਮੋਹਾਲੀ (ਗੁਰਜੀਤ ਬਿੱਲਾ)**-ਮੋਹਾਲੀ ਕਾਰਪੋਰੇਸ਼ਨ ਦੀਆਂ ਚੋਣਾਂ ਨੂੰ ਲੈ ਕੇ ਸਿਆਸਤ ਲਗਾਤਾਰ ਗਰਮਾ ਚੁੱਕੀ ਹੈ, ਕਲ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੀ ਤਰਫੋਂ ਆਮ ਵਾਲੇ ਪਾਰਟੀ ਦੇ ਉਮੀਦਵਾਰਾਂ ਦੇ ਚੋਣ ਦਫਤਰਾਂ ਦੇ ਉਦਘਾਟਨ ਕੀਤੇ ਗਏ ਤੇ ਸਭਨਾ ਉਮੀਦਵਾਰਾਂ, ਸਮਰਥਕਾਂ ਨੂੰ ਇਹ ਅਪੀਲ ਕੀਤੀ ਕਿ ਉਹ ਆਦਮੀ ਪਾਰਟੀ ਦੇ ਉਮੀਦਵਾਰਾਂ ਜਿਤਾਉਣ ਦੇ ਲਈ ਦਿਲ ਨਾਲ ਸਾਂਝੇ ਤੌਰ ਤੇ ਕੰਮ ਕਰਨ, ਤਾਂ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਅੰਤਰ ਦੇ ਨਾਲ ਜਿੱਤ ਦਰਜ ਕਰਨ ਸਕਣ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਚੋਣ ਦਫਤਰਾਂ ਦੇ ਉਦਘਾਟਨ ਦੇ ਦੌਰਾਨ ਵਰਕਰਾਂ ਵਿੱਚ ਪਾਇਆ ਜਾ ਰਿਹਾ ਉਤਸ਼ਾਹ ਵੇਖਿਆ ਹੀ ਬਣਦਾ ਸੀ, ਹਰ ਕੋਈ ਵਰਕਰ ਅਤੇ ਉਮੀਦਵਾਰਾਂ ਦੇ ਸਮਰਥਕਾਂ ਵੱਲੋਂ ਆਪਣੇ ਪੱਧਰ ਤੇ ਪਹਿਲ ਕਦਮੀ ਕਰਦੇ ਹੋਏ ਆਪੋ- ਆਪਣੀਆਂ ਜਿੰਮੇਵਾਰੀਆਂ ਸੰਭਾਲੀਆਂ ਜਾ ਰਹੀਆਂ ਹਨ ਤੇ ਇਹਨਾਂ ਦਫਤਰਾਂ ਵਿਚ ਰਸਮੀ ਸਮਾਗਮਾਂ ਦੇ ਦੌਰਾਨ ਵੱਡੀ ਗਿਣਤੀ ਵਿੱਚ ਇਕੱਤਰਤਾ ਨੇ ਇਹ ਸਾਫ ਜਾਹਿਰ ਕਰ ਦਿੱਤਾ ਹੈ ਕਿ ਲੋਕੀ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਬੇਹਦ ਖੁਸ਼ ਅਤੇ ਸੰਤੁਸ਼ਟ ਹਨ।



# ਸੁਰਜੀਤ ਸਿੰਘ ਇਟਲੀ ਵੱਲੋਂ ਮਦਦ ਰਾਸ਼ੀ ਭੇਟ



**ਅੱਡਾ ਸਰਾਂ (ਜਸਵੀਰ ਕਾਜਲ)**-ਪਿਛਲੇ ਦਿਨੀਂ ਅਸਮਾਨੀ ਬਿਜਲੀ ਡਿੱਗਣ ਨਾਲ ਪਿੰਡ ਕੰਧਾਲਾ ਜੱਟਾਂ ਵਿਖੇ ਡਾਕਟਰ ਅਮਰੀਕ ਸਿੰਘ ਦੇ ਘਰ ਬਿਜਲੀ ਉਪਕਰਨਾਂ ਦਾ ਕਾਫੀ ਨੁਕਸਾਨ ਹੋਇਆ ਸੀ । ਬਹੁਤ ਸਾਰਾ ਸਮਾਨ ਜਲ ਕੇ ਸਵਾਹ ਹੋ ਗਿਆ ਸੀ।ਐਨ ਆਰ ਆਈ ਸੁਰਜੀਤ ਸਿੰਘ ਇਟਲੀ ਨਿਵਾਸੀ ਵੱਲੋਂ ਆਪਣੇ ਪਰਵਾਰਕ ਮੈਂਬਰ ਸੈਕਟਰੀ ਮਨਜੀਤ ਸਿੰਘ ਰਾਹੀਂ ਪਰਵਾਰ ਨੂੰ ਵਿੱਤੀ ਮਦਦ ਭੇਜੀ ਗਈ। ਪਿੰਡ ਕੰਧਾਲਾ ਜੱਟਾਂ ਦੇ ਮੋਤਵਰ ਪਤਵੰਤਿਆਂ ਦੀ ਮੌਜੂਦਗੀ ਵਿੱਚ ਪਰਵਾਰਕ ਮੈਂਬਰ ਕੁਲਵਿੰਦਰ ਕੌਰ, ਬੇਟੀ ਮਨਪ੍ਰੀਤ ਕੌਰ, ਨਿਰਮਲ ਸਿੰਘ, ਕੁਲਵੰਤ ਸਿੰਘ ਨੂੰ 10 ਹਜ਼ਾਰ ਰੁਪਏ ਦੀ ਮਦਦ ਰਾਸ਼ੀ ਭੇਟ ਕੀਤੀ ਗਈ।

# ਹਰਿਆਣਾ ਸਰਕਾਰ ਨੇ ਘਟਦੇ ਲਿੰਗਾਨੁਪਾਤ ਨੂੰ ਲੈ ਕੇ ਸਿਹਤ ਅਧਿਕਾਰੀਆਂ 'ਤੇ ਕੀਤੀ ਸਖ਼ਤ ਕਾਰਵਾਈ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਨੇ ਸੂਬੇ ਵਿੱਚ ਘਟਦੇ ਲਿੰਗਾਨੁਪਾਤ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਸਿਹਤ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਕੀਤੀ ਹੈ। ਸਿਹਤ ਅਤੇ ਪਰਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਲਿੰਗਾਨੁਪਾਤ ਸੁਧਾਰ ਨਾਲ ਜੁੜੇ ਉਪਾਵਾਂ ਦੀ ਪ੍ਰਭਾਵਸ਼ਾਲੀ ਮਾਨੀਟਰਿੰਗ, ਲਾਗੂਕਰਨ ਵਿੱਚ ਕਥਿਤ ਲਾਪਰਵਾਹੀ ਅਤੇ ਮਾੜੇ ਪ੍ਰਦਰਸ਼ਨ ਦੇ ਦੋਸ਼ਾਂ ਹੇਠ ਚਾਰ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਨ ਦੇ ਹੁਕਮ ਦਿੱਤੇ ਹਨ।ਉਨ੍ਹਾਂ ਨੇ ਕਿਹਾ ਕਿ ਗੈਰ-ਕਾਨੂੰਨੀ ਲਿੰਗ ਜਾਂਚ, ਕੰਨਿਆ ਭਰੂਣ ਹੱਤਿਆ ਰੋਕਣ ਅਤੇ ਸੂਬੇ ਵਿੱਚ ਲਿੰਗ ਸੰਤੁਲਨ ਮਜ਼ਬੂਤ ਕਰਨ ਲਈ ਚਲਾਏ ਜਾ ਰਹੇ ਪ੍ਰੋਗਰਾਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਨੇ ਦੱਸਿਆ ਕਿ ਜਿਨ੍ਹਾਂ ਅਧਿਕਾਰੀਆਂ ਨੂੰ ਮੁਅੱਤਲ ਕੀਤਾ ਗਿਆ ਹੈ, ਉਨ੍ਹਾਂ ਵਿੱਚ ਜ਼ਿਲ੍ਹਾ ਸੋਨੀਪਤ ਦੇ ਪ੍ਰਾਇਮਰੀ ਸਿਹਤ ਕੇਂਦਰ, ਪੁਰਖਾਸ ਵਿੱਚ ਤਾਇਨਾਤ ਐੱਸ ਐੱਮ ਓ. ਡਾ. ਟੀਨਾ ਆਨੰਦ, ਯਮੁਨਾਨਗਰ ਦੇ ਪ੍ਰਾਇਮਰੀ ਸਿਹਤ ਕੇਂਦਰ, ਰਾਦੌਰ ਵਿੱਚ ਤਾਇਨਾਤ ਐੱਸ ਐੱਮ ਓ ਡਾ. ਵਿਜੇ ਪਰਮਾਰ, ਰੋਹਤਕ ਦੇ ਪ੍ਰਾਇਮਰੀ ਸਿਹਤ ਕੇਂਦਰ, ਚਿੜੀ ਵਿੱਚ ਤਾਇਨਾਤ ਐੱਸ ਐੱਮ ਓ ਡਾ. ਸਤਪਾਲ ਅਤੇ ਨਾਰਨੌਲ ਦੇ ਪ੍ਰਾਇਮਰੀ ਸਿਹਤ ਕੇਂਦਰ, ਸਹਿਲਾਂਗ ਵਿੱਚ ਤਾਇਨਾਤ ਮੈਡੀਕਲ ਅਫ਼ਸਰ ਡਾ. ਪ੍ਰਭਾ ਸ਼ਾਮਲ ਹਨ। ਮੁਅੱਤਲੀ ਦੀ ਮਿਆਦ ਦੌਰਾਨ ਇਨ੍ਹਾਂ ਸਾਰੇ ਅਧਿਕਾਰੀਆਂ ਨੂੰ ਕ੍ਰਮਵਾਰ ਰੋਹਤਕ, ਅੰਬਾਲਾ, ਝੱਜਰ ਅਤੇ ਰੇਵਾੜੀ ਦੇ ਸਿਵਲ ਸਰਜਨ ਦਫ਼ਤਰਾਂ ਨਾਲ ਸਬੰਧਤ (ਅਟੈਚ) ਕੀਤਾ ਗਿਆ ਹੈ।

# ਅਸਮਾਨੀ ਬਿਜਲੀ ਨਾਲ ਨੁਕਸਾਨੇ ਘਰ ਦੇ ਪਰਵਾਰਕ ਮੈਂਬਰਾਂ ਨੂੰ ਗਿਲਜੀਆਂ ਮਿਲੇ



**ਅੱਡਾ ਸਰਾਂ (ਜਸਵੀਰ ਕਾਜਲ)**-ਪਿੰਡ ਕੰਧਾਲਾ ਜੱਟਾਂ ਵਾਸੀ ਸਵ. ਅਮਰੀਕ ਸਿੰਘ ਪਤਨੀ ਕੁਲਵਿੰਦਰ ਕੌਰ ਦੇ ਘਰ ਅਸਮਾਨੀ ਬਿਜਲੀ ਨੇ ਪਿਛਲੇ ਦਿਨੀ ਕਹਿਰ ਢਾਇਆ, ਜਿਸ ਨਾਲ ਬਿਜਲੀ ਨਾਲ ਚੱਲਣ ਵਾਲੇ ਕਾਫੀ ਉਪਕਰਨ ਸੜ ਕੇ ਸਵਾਹ ਹੋ ਗਏ ਸਨ ਅਤੇ ਬਹੁਤ ਸਾਰਾ ਘਰ ਦਾ ਨੁਕਸਾਨ ਹੋਇਆ ਸੀ।ਪਰਵਾਰਕ ਮੈਂਬਰ ਕੁਲਵਿੰਦਰ ਕੌਰ ਬੇਟੀ ਮਨਪ੍ਰੀਤ ਕੌਰ ਨਿਰਮਲ ਸਿੰਘ ਅਤੇ ਕੁਲਵੰਤ ਸਿੰਘ ਨਾਲ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਮੁਲਾਕਾਤ ਕਰਨ ਪਹੁੰਚੇ ਤੇ ਪਰਵਾਰ ਨੂੰ ਮਦਦ ਰਾਸ਼ੀ ਭੇਟ ਕੀਤੀ।ਇਸ ਮੌਕੇ ਸਾਬਕਾ ਸਰਪੰਚ ਜੋਗਿੰਦਰ ਸਿੰਘ ਹੀਰ, ਪ੍ਰਧਾਨ ਗੁਰਮੇਲ ਸਿੰਘ, ਕੈਪਟਨ ਹਰੀ ਓਮ ਸਿੰਘ, ਲੰਬੜਦਾਰ ਸੁੱਚਾ ਸਿੰਘ, ਪੰਚ ਇੰਦਰਜੀਤ ਸਿੰਘ ਰਾਜਾ, ਹਰਪ੍ਰੀਤ ਸਿੰਘ ਹੈਪੀ, ਸੂਬੇਦਾਰ ਮਸਤਾਨ ਸਿੰਘ, ਸੂਬੇਦਾਰ ਗੁਰਮੇਲ ਸਿੰਘ, ਤਰਸੇਮ ਸਿੰਘ ਪੰਚ, ਜਸਵੀਰ ਸਿੰਘ ਸ਼ੀਰਾ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਦਾਖਲਾ ਸ਼ੁਰੂ

**ਫਿਲੌਰ (ਨਿਰਮਲ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਅਕਾਦਮਿਕ ਸੈਸ਼ਨ 2026-27 ਦੇ ਦਾਖਲੇ ਸ਼ੁਰੂ ਹੋ ਚੁੱਕੇ ਹਨ। ਸੰਸਥਾ ਦੇ ਓ.ਐਸ.ਡੀ. ਡਾ. ਰਾਜਵਿੰਦਰ ਕੌਰ ਹੁੰਦਲ ਨੇ ਦੱਸਿਆ ਕਿ ਪਿਛਲੇ 10 ਸਾਲਾਂ ਤੋਂ ਇਹ ਸੰਸਥਾ ਆਲੇ-ਦੁਆਲੇ ਦੇ ਖੇਤਰ ਦੇ ਬੱਚਿਆਂ ਨੂੰ ਵਿੱਦਿਆ ਰੂਪੀ ਅਨਮੋਲ ਗਹਿਣੇ ਨਾਲ ਲਬਰੇਜ਼ ਕਰ ਰਹੀ ਹੈ। ਇਸ ਵਿੱਦਿਅਕ ਸੰਸਥਾ ਵਿੱਚ ਗ੍ਰੈਜੂਏਟ ਪੱਧਰ ਤੇ ਬੀ ਏ, ਬੀ ਐੱਸ ਸੀ (ਇਕਨਾਮਿਕਸ), ਬੀ ਕਾਮ, ਬੀ ਸੀ ਏ, ਬੀ ਬੀ ਏ, ਪੋਸਟ ਗ੍ਰੈਜੂਏਟ ਪੱਧਰ 'ਤੇ ਐੱਮ ਕਾਮ, ਐੱਮ ਏ (ਪੰਜਾਬੀ), ਪੀ ਜੀ ਡੀ ਸੀ ਏ ਅਤੇ ਐੱਮ ਐੱਸ ਸੀ (ਆਈ.ਟੀ) ਤੇ ਇਸ ਦੇ ਨਾਲ ਹੀ ਸਰਟੀਫਿਕੇਟ ਕੋਰਸ ਵਿੱਚ ਸਰਟੀਫੀਕੇਟ ਇਨ ਪ੍ਰੋਫੈਸ਼ਨਲ ਅਕਾਊਂਟੈਂਸੀ ਅਤੇ ਸਰਟੀਫੀਕੇਟ ਇਨ ਕੰਪਿਊਟਰ ਐਪਲੀਕੇਸ਼ਨ ਕੋਰਸ ਸ਼ਾਮਿਲ ਹਨ। ਕਾਲਜ ਵਿੱਚ ਨਵੇਂ ਸੈਸ਼ਨ ਅਧੀਨ ਪੰਜਾਬ ਸਰਕਾਰ ਦੇ ਦਾਖਲਾ ਪੋਰਟਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਪੋਰਟਲ ਤੇ ਆਨਲਾਇਨ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਉਹਨਾਂ ਇਹ ਦੱਸਦਿਆਂ ਖੁਸ਼ੀ ਜਾਹਿਰ ਕੀਤੀ ਕਿ ਵਿਦਿਆਰਥੀ ਕਾਲਜ ਵਿੱਚ ਪਹੁੰਚ ਕੇ ਆਪਣੇ ਦਾਖਲੇ ਦੀ ਪ੍ਰਕਿਰਿਆ ਵਿੱਚ ਜ਼ੋਰਾਂ ਸ਼ੋਰਾਂ ਨਾਲ ਯੋਗਦਾਨ ਪਾ ਰਹੇ ਹਨ। ਪਿਛਲੇ ਦਿਨੀਂ 13 ਮਈ ਨੂੰ ਪੰਜਾਬ ਬੋਰਡ ਤੇ ਸੀ ਬੀ ਐੱਸ ਈ ਦੇ ਬਾਰਵੀਂ ਦੇ ਨਤੀਜੇ ਐਲਾਨੇ ਜਾਣ ਤੋਂ ਬਾਅਦ ਵਿਦਿਆਰਥੀਆਂ ਅੰਦਰ ਕਾਲਜ ਵਿੱਚ ਪਹੁੰਚ ਕੇ ਦਾਖਲਾ ਕਰਵਾਉਣ ਲਈ ਕਾਫੀ ਉਤਸ਼ਾਹ ਵੇਖਿਆ ਗਿਆ ਹੈ।



ਕਾਲਜ ਵਿੱਚ ਵਿਦਿਆਰਥੀਆਂ ਦੀ ਸਹਾਇਤਾ ਲਈ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ, ਜਿਸ ਵਿੱਚ ਤਜ਼ਰਬੇਕਾਰ ਅਧਿਆਪਕ ਵਿਦਿਆਰਥੀਆਂ ਦੇ ਪਾਸ ਕੀਤੇ ਸਟਰੀਮ ਨੂੰ ਧਿਆਨ ਵਿੱਚ ਰੱਖਕੇ ਉਹਨਾਂ ਦੀ ਇੱਛਾ ਅਤੇ ਯੋਗਤਾ ਅਨੁਸਾਰ ਕਾਊਂਸਲਿੰਗ ਕਰਦੇ ਹਨ ਅਤੇ ਕਾਲਜ ਵਿੱਚ ਉਹਨਾਂ ਦੁਆਰਾ ਨਵੇਂ ਕੋਰਸਾਂ 'ਚ ਦਾਖਲਾ ਲੈਣ ਲਈ ਉਹਨਾਂ ਦੀ ਮਦਦ ਕਰਦੇ ਹਨ।

# ਅਧਿਕਾਰੀਆਂ-ਕਰਮਚਾਰੀਆਂ ਦੇ ਪੈਨਸ਼ਨ ਮਾਮਲਿਆਂ ਦਾ ਹੋਵੇਗਾ ਸਮੇਂ ਸਿਰ ਨਿਪਟਾਰਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਨੇ ਆਈ ਏ ਐੱਸ ਤੇ ਐੱਚ ਸੀ ਐੱਸ ਅਧਿਕਾਰੀਆਂ ਸਮੇਤ ਸਾਰੇ ਸਰਕਾਰੀ ਕਰਮਚਾਰੀਆਂ ਦੇ ਸਰਵਿਸ ਰਿਕਾਰਡ ਦੇ ਬਿਹਤਰ ਪ੍ਰਬੰਧਨ ਅਤੇ ਪੈਨਸ਼ਨ ਮਾਮਲਿਆਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਲਈ ਲਾਸਟ ਪੇ ਸਰਟੀਫਿਕੇਟ ਦੇ ਫਾਰਮੈਟ ਵਿੱਚ ਸੋਧ ਕੀਤੀ ਹੈ।ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧੀ ਸਾਰੇ ਪ੍ਰਸ਼ਾਸਨਿਕ ਸਕੱਤਰਾਂ, ਵਿਭਾਗਾਂ ਦੇ ਮੁਖੀਆਂ, ਡਿਵੀਜ਼ਨਲ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ, ਬੋਰਡਾਂ-ਨਿਗਮਾਂ, ਯੂਨੀਵਰਸਿਟੀਆਂ ਅਤੇ ਹੋਰ ਸਬੰਧਤ ਅਧਿਕਾਰੀਆਂ ਨੂੰ ਵਿਸਤ੍ਰਿਤ ਨਿਰਦੇਸ਼ ਜਾਰੀ ਕੀਤੇ ਗਏ ਹਨ।ਜਾਰੀ ਨਿਰਦੇਸ਼ਾਂ ਵਿੱਚ ਕਿਹਾ ਗਿਆ ਹੈ ਕਿ ਦੇਖਣ ਵਿੱਚ ਆਇਆ ਹੈ ਕਿ ਆਈ ਏ ਐੱਸ ਤੇ ਐੱਚ ਸੀ ਐੱਸ ਅਧਿਕਾਰੀਆਂ ਦੀ ਬਦਲੀ ਜਾਂ ਸੇਵਾਮੁਕਤੀ ਦੇ ਸਮੇਂ ਸਬੰਧਤ ਵਿਭਾਗਾਂ ਵੱਲੋਂ ਸੇਵਾ ਤਸਦੀਕ (ਸਰਵਿਸ ਵੈਰੀਫਿਕੇਸ਼ਨ), ਛੁੱਟੀ ਦੀ ਤਨਖਾਹ (ਲੀਵ ਪੇ) ਅਤੇ ਪੈਨਸ਼ਨ ਯੋਗਦਾਨ ਨਾਲ ਸਬੰਧਤ ਚਲਾਨ ਸਮੇਂ ਸਿਰ ਉਪਲਬਧ ਨਹੀਂ ਹੋ ਪਾਉਂਦੇ, ਜਿਸ ਕਾਰਨ ਪੈਨਸ਼ਨ ਮਾਮਲਿਆਂ ਦੇ ਨਿਪਟਾਰੇ ਵਿੱਚ ਬੇਲੋੜੀ ਦੇਰੀ ਹੁੰਦੀ ਹੈ।ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਵਿੱਤ ਵਿਭਾਗ ਵੱਲੋਂ 1 ਅਪ੍ਰੈਲ, 2026 ਨੂੰ ਜਾਰੀ ਨੋਟੀਫਿਕੇਸ਼ਨ ਤਹਿਤ ਪੰਜਾਬ ਟ੍ਰੇਜ਼ਰੀ ਨਿਯਮਾਵਲੀ, ਭਾਗ-ਦੋ ਵਿੱਚ ਪਰਿਭਾਸ਼ਿਤ ਐਲ.ਪੀ.ਸੀ. ਫਾਰਮੈਟ ਵਿੱਚ ਸੋਧ ਕੀਤੀ ਗਈ ਹੈ। ਨਵੀਂ ਵਿਵਸਥਾ ਦੇ ਤਹਿਤ ਹੁਣ ਹਰ ਵਿਭਾਗ ਨੂੰ ਅਧਿਕਾਰੀ ਦੀ ਬਦਲੀ ਜਾਂ ਫਾਰਗ (ਰੀਲੀਵ) ਹੋਣ ਦੇ ਸਮੇਂ ਹੀ ਸੇਵਾ ਨੂੰ ਤਸਦੀਕ ਕਰਨਾ ਲਾਜ਼ਮੀ ਹੋਵੇਗਾ, ਤਾਂ ਜੋ ਸਰਵਿਸ ਰਿਕਾਰਡ ਦੀ ਲਗਾਤਾਰ ਅਤੇ ਸਮੇਂ ਸਿਰ ਸਾਂਭ-ਸੰਭਾਲ ਯਕੀਨੀ ਬਣਾਈ ਜਾ ਸਕੇ।

# ਵਿਦਿਆਰਥੀਆਂ ਨੂੰ ਟੀਕਾਕਰਨ ਸੰਬੰਧੀ ਜਾਗਰੂਕ ਕੀਤਾ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਸਰਕਾਰੀ ਹਾਈ ਸਮਾਰਟ ਸਕੂਲ ਡਘਾਮ ਵਿਖੇ ਮੁੱਖ ਅਧਿਆਪਕਾ ਨਵਦੀਪ ਸਹਿਗਲ ਦੀ ਪ੍ਰਧਾਨਗੀ ਅਤੇ ਸਕੂਲ ਗਾਈਡੈਂਸ ਕੌਂਸਲਰ ਹਰਦੀਪ ਕੁਮਾਰ ਦੀ ਅਗਵਾਈ ਹੇਠ ਵਿਦਿਆਰਥੀਆਂ ਲਈ ਸਿਹਤ ਸੰਬੰਧੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਮੁੱਖ ਬੁਲਾਰੇ ਦੇ ਰੂਪ ਵਿੱਚ ਮੈਡੀਕਲ ਡਾਕਟਰ ਸੰਦੀਪ ਸਿੰਘ ਮੈਡੀਕਲ ਅਫਸਰ ਪੀ ਐੱਚ ਸੀ ਪੋਸੀ ਨੇ ਸ਼ਿਰਕਤ ਕੀਤੀ। ਉਹਨਾਂ ਨੇ ਵਿਦਿਆਰਥੀਆਂ ਨੂੰ ਨੂੰ ਵੱਖ ਵੱਖ ਬਿਮਾਰੀਆਂ ਤੋਂ ਬਚਾਅ ਸਬੰਧੀ ਕੀਤੇ ਜਾਣ ਵਾਲੇ ਟੀਕਾਕਰਨ ਸਬੰਧੀ ਜਾਗਰੂਕ ਕੀਤਾ। ਉਹਨਾਂ ਨੇ ਵਿਭਾਗ ਦੁਆਰਾ ਲਗਾਈ ਜਾਣ ਵਾਲੀ ਐੱਚ ਪੀ ਵੀ ਵੈਕਸੀਨੇਸ਼ਨ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਇਸ ਟੀਕੇ ਦੇ ਭਵਿੱਖ ਵਿੱਚ ਹੋਣ ਵਾਲੇ ਲਾਭ ਬਾਰੇ ਦੱਸਿਆ। ਇਸ ਮੌਕੇ ਡਾ. ਨਵਦੀਪ ਕੌਰ ਮੈਡੀਕਲ ਅਫਸਰ, ਮੁੱਖ ਅਧਿਆਪਕਾ ਨਵਦੀਪ ਸਹਿਗਲ, ਮਾਸਟਰ ਹਰਦੀਪ ਕੁਮਾਰ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।



# ਬ੍ਰਹਮਲੀਨ ਸੰਤ ਪ੍ਰੀਤਮ ਦਾਸ ਦੇ ਬਰਸੀ ਸਮਾਗਮ 'ਤੇ ਸੰਤ ਨਿਰਮਲ ਦਾਸ ਸਨਮਾਨਤ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**-ਮਹਾਨ ਤਪੱਸਵੀ, ਬ੍ਰਹਮਗਿਆਨੀ, ਬ੍ਰਹਮਲੀਨ ਸੰਤ ਪ੍ਰੀਤਮ ਦਾਸ ਜੀ ਬਾਬੇ ਜੌੜੇ ਦੇ 37ਵੇਂ ਬਰਸੀ ਸਮਾਗਮ ਡੇਰਾ ਸੰਤ ਪ੍ਰੀਤਮ ਦਾਸ ਰਾਏਪੁਰ ਰਸੂਲਪੁਰ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਦੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਦੇ ਭੋਗ ਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਉਪਰੰਤ ਵਿਸ਼ਾਲ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਜਥਿਆਂ ਤੇ ਪੰਜਾਬ ਦੇ ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਆਗੂਆਂ ਤੇ ਬੁੱਧੀਜੀਵੀਆਂ ਵੱਲੋਂ ਸੰਤ ਪ੍ਰੀਤਮ ਦਾਸ ਨੂੰ ਸ਼ਰਧਾ ਸੁਮਨ ਭੇਟ ਕਿੱਤੇ ਅਤੇ ਵੱਡੀ ਗਿਣਤੀ 'ਚ ਸੰਗਤਾਂ ਵੱਲੋਂ ਸ਼ਮੂਲੀਅਤ ਕਰਦਿਆਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਤ ਬਾਬਾ ਨਿਰਮਲ ਦਾਸ ਬਾਬੇ ਜੌੜੇ ਅਤੇ ਬੇਗਮਪੁਰਾ ਭਜਨ ਮੰਡਲੀ ਹਰਿਆਣਾ, ਰਾਗੀ ਜਥਿਆਂ,ਕਥਾ ਵਾਚਕਾਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕੀਤਾ। ਸੰਤ ਨਿਰਮਲ ਦਾਸ ਵਲੋਂ ਸਿੱਖਿਆ, ਸਿਹਤ ਅਤੇ ਧਾਰਮਿਕ ਖੇਤਰ ਵਿੱਚ ਕੀਤੇ ਜਾ ਰਹੇ ਮਹਾਨ ਕਾਰਜਾਂ ਲਈ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ. ਭਾਰਤ ਵੱਲੋਂ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ, ਆਦਿ ਧਰਮ ਸਾਧੂ ਸਮਾਜ ਦੇ ਰਾਸ਼ਟਰੀ ਪ੍ਰਧਾਨ ਸੰਤ ਸਰਵਣ ਦਾਸ ਲੁਧਿਆਣਾ,ਓਮ ਪ੍ਰਕਾਸ਼ ਰਾਣਾ ਮੀਡੀਆ ਇੰਚਾਰਜ, ਮਾਸਟਰ ਸੁਖਵੀਰ ਦੁਗਾਲ ਦੀ ਅਗਵਾਈ ਹੇਠ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਅਤੇ ਕੌਮ ਨੂੰ ਨਵੀਂ ਸੇਧ ਦੇਣ ਲਈ ਧੰਨਵਾਦ ਕੀਤਾ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਡਾ. ਰਾਜ ਕੁਮਾਰ ਚੱਬੇਵਾਲ ਐਮ ਪੀ, ਮਹਿੰਦਰ ਭਗਤ, ਦੀਪਕ ਬਾਲੀ ਮੁੱਖ ਸਲਾਹਕਾਰ ਪੰਜਾਬ ਸਰਕਾਰ, ਸੰਤ ਬਲਵੀਰ ਸਿੰਘ ਸੀਚੇਵਾਲ, ਰਾਜਵਿੰਦਰ ਕੌਰ ਥਿਆੜਾ,ਅਜੈ ਦੱਤ ਵਿਧਾਇਕ ਦਿੱਲੀ, ਬਲਕਾਰ ਸਿੰਘ ਵਿਧਾਇਕ ਕਰਤਾਰਪੁਰ, ਜੈ ਪ੍ਰਕਾਸ਼ ਬਸਪਾ ਆਗੂ, ਹਰਭਜਨ ਸਿੰਘ ਸੇਵਾ ਮੁਕਤ ਜੱਜ ਨੇ ਵੀ ਵਿਸ਼ੇਸ਼ ਤੌਰ ਤੇ ਹਾਜਰੀ ਲਗਵਾਈ।ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ, ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ,ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਲੁਧਿਆਣਾ , ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਬਲਵੀਰ ਦਾਸ ਸਾਹਰੀ, ਸੰਤ ਵਿਨੈ ਮੁਨੀ ਜੰਮੂ, ਸੰਤ ਨਿਰੰਜਨ ਦਾਸ ਸ਼ੇਰਪੁਰ ਢਕੋਂ, ਸੰਤ ਬਲਵੰਤ ਸਿੰਘ ਡਿੰਗਰੀਆਂ, ਸੰਤ ਪ੍ਰਗਟ ਨਾਥ ਰਹੀਮਪੁਰ,ਸੰਤ ਟਹਿਲ ਦਾਸ ਨੰਗਲ ਖੇੜਾ, ਸੰਤ ਕੁਲਦੀਪ ਕੌਰ ਮਹਿਨਾ, ਸਾਂਈ ਮਧੂ ਸ਼ਾਹ, ਸੰਤ ਜਗੀਰ ਸਿੰਘ ਸਰਬਤ ਭਲਾ ਆਸ਼ਰਮ ਨੰਦਾਚੌਰ, ਸੰਤ ਸੁਖਵੰਤ ਸਿੰਘ ਨਾਹਲਾਂ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਹਰਮੀਤ ਸਿੰਘ ਬਣਾ ਸਾਹਿਬ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਪਵਨ ਦਾਸ ਤਾਜੇਵਾਲ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਗੁਰਮੀਤ ਦਾਸ ਆਦਿ ਨੇ ਕਥਾ ਕੀਰਤਨ ਰਾਹੀਂ ਹਾਜਰੀ ਭਰੀ। ਇਸ ਮੌਕੇ ਮੇਲਿਆਂ ਦੇ ਬਾਦਸ਼ਾਹ ਦਲਵਿੰਦਰ ਦਿਆਲਪੁਰੀ, ਲੰਬੜਦਾਰ ਬੀਰ ਚੰਦ ਸੁਰੀਲਾ, ਵਿਜੈ ਨੰਗਲ ਸਰਪੰਚ, ਰਾਜ ਕੁਮਾਰ ਡੋਗਰ, ਹਰਪ੍ਰੀਤ ਸਿੰਘ, ਰਮੇਸ਼ ਸਿੰਘ ਭੱਟੀ, ਪ੍ਰਦੀਪ ਕੁਮਾਰ ਦੀਪਾ ਬੱਲਾਂ, ਕਰਨ ਚੁੰਬਰ, ਰਵੀ ਦਾਦਰਾ, ਕੀਮਤੀ ਭਗਤ ਸਰਪੰਚ, ਅਮਰਜੀਤ ਦੌਲਤਪੁਰ, ਸਾਹਬ ਸਿੰਘ ਕਰਾੜੀ ਤੇ ਮਹਿੰਦਰ ਸਿੰਘ ਸੰਤੋਖਪੁਰਾ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।




# ਸਾਲਾਨਾ ਜੋੜ ਮੇਲਾ 25, 26 ਨੂੰ

**ਗੁਰਾਇਆ (ਬਿੰਦਰ ਸੁਮਨ)**-ਬਾਬਾ ਸ਼ਹੀਦਾ ਸਿੰਘਾਂ ਵੈਲਫੇਅਰ ਸੁਸਾਇਟੀ ਰਜਿ: ਪਿੰਡ ਢੀਡਸਾਂ ਵੱਲੋਂ ਗ੍ਰਾਮ ਪੰਚਾਇਤ, ਐਨ.ਆਰ.ਆਈ ਵੀਰਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਡੇਰਾ ਬਾਬਾ ਜਾਹਰ ਵਲੀ ਜੀ ਦੇ ਪਵਿੱਤਰ ਅਸਥਾਨ ਪਿੰਡ ਢੀਡਸਾਂ ਵਿਖੇ ਸਲਾਨਾ ਜੋੜ ਮੇਲਾ 25 ਤੇ 26 ਮਈ ਨੂੰ ਬੜੀ ਸ਼ਰਧਾਪੂਰਵਕ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਪ੍ਰਬੰਧਕਾਂ ਨੇ ਦੱਸਿਆ ਕਿ 25 ਮਈ ਨੂੰ ਸਵੇਰੇ 10 ਵਜੇ ਦਰਬਾਰ ਤੇ ਚਾਦਰ ਅਤੇ ਝੰਡੇ ਦੀ ਰਸਮ ਅਦਾ ਕਰਨ ਉਪਰੰਤ ਖੁੱਲੇ ਪੰਡਾਲ ਵਿੱਚ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾਵੇਗਾ। ਇਸ ਪ੍ਰੋਗਰਾਮ ਦੌਰਾਨ ਪੰਜਾਬ ਪ੍ਰਸਿੱਧ ਕਲਾਕਾਰ ਭੁਪਿੰਦਰ ਗਿੱਲ ਤੇ ਜਸਵਿੰਦਰ ਜੀਤੂ ਦਾ ਖੁੱਲਾ ਅਖਾੜਾ ਹੋਵੇਗਾ, ਇਸੇ ਦਿਨ ਹੀ ਪਰਵੇਜ਼ ਖਾਨ ਕਵਾਲ ਪਾਰਟੀ ਮਲੇਰਕੋਟਲੇ ਵਾਲੇ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। ਸ਼ਾਮ ਸਮੇਂ ਛਿੰਝ ਮੇਲਾ ਵੀ ਕਰਵਾਇਆ ਜਾਵੇਗਾ, ਜਿਸ ਵਿੱਚ ਉੱਚ ਕੋਟੀ ਦੇ ਪਹਿਲਵਾਨ ਹਿੱਸਾ ਲੈਣਗੇ। 26 ਮਈ ਨੂੰ ਸੱਦੇ ਹੋਏ ਕਲਾਕਾਰ ਆਪਣੇ ਗੀਤਾਂ ਨਾਲ ਦਰਬਾਰ ਤੇ ਹਾਜਰੀ ਭਰਨਗੇ, ਉਪਰੰਤ ਨੀਲੀ ਬੂਟਾ ਨਕਾਲ ਪਾਰਟੀ ਵਲੋਂ ਨਕਲਾਂ ਪੇਸ਼ ਕੀਤੀਆ ਜਾਣਗੀਆਂ। ਦੋਨੋ ਦਿਨ ਲੰਗਰ ਅਤੁੱਟ ਵਰਤੇਗਾ। ਇਸ ਮੇਲੇ ਦਾ ਸਿੱਧਾ ਪ੍ਰਸਾਰਣ ਸੁਮਨ ਲਾਇਵ 24 ਐਕਸ 7 ਯੂਟਿਊਬ ਚੈਨਲ 'ਤੇ ਹੋਵੇਗਾ। ਇਸ ਮੌਕੇ ਗੁਰਦੀਪ ਸਿੰਘ ਢੀਂਡਸਾ, ਕੁਲਦੀਪ ਸਿੰਘ, ਕੇਵਲ ਸਿੰਘ, ਹਰਬੰਸ ਸੰਧੂ, ਜਸਵੀਰ ਸਿੰਘ, ਗੁਰਮੁੱਖ ਸਿੰਘ, ਸੁੱਚਾ ਸਿੰਘ, ਜੱਸਾ, ਬਿੱਟੂ, ਸ਼ਿੰਗਾਰਾ ਰਾਮ, ਸੇਵਾਦਾਰ ਹੰਸਰਾਜ, ਜਗਦੀਸ਼ ਕੁਮਾਰ, ਰੇਸ਼ਮ ਲਾਲ, ਸਨੀ ਹਾਜ਼ਰ ਸਨ।



# ਸਰਕਾਰ ਨੇ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਧਾ ਕੇ ਲੋਕਾਂ ਨੂੰ ਮਹਿੰਗਾਈ ਦੀ ਚੱਕੀ 'ਚ ਪੀਸਿਆ: ਬੇਗਮਪੁਰਾ ਟਾਈਗਰ ਫੋਰਸ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ, ਬੰਟੀ ਹਰਿਆਣਾ ਬਲਾਕ ਪ੍ਰਧਾਨ ਹਲਕਾ ਸ਼ਾਮ ਚੁਰਾਸੀ, ਰਵਿ ਸੁੰਦਰ ਨਗਰ, ਸ਼ੰਮੀ ਬਿਰਦੀ ਪੁਰਹੀਰਾਂ, ਬੰਟੀ, ਰੋਹਿਤ ਨਾਰਾ ਡਾਡਾ ਨੇ ਪੈਟਰੋਲ, ਡੀਜ਼ਲ, ਸੀ ਐੱਨ ਜੀ ਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਲੈ ਕੇ ਕੇਂਦਰ ਦੀ ਮੋਦੀ ਸਰਕਾਰ ਆੜੇ ਹੱਥੀਂ ਲਿਆ। ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਚੋਣਾਂ ਤੋਂ ਬਾਅਦ ਐੱਲ ਪੀਜੀ ਗੈਸ, ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਾ ਕੇ ਜਨਤਾ 'ਤੇ ਮਹਿੰਗਾਈ ਦਾ ਇੱਕ ਨਵਾਂ ਬੰਬ ਸੁੱਟਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਲਗਾਤਾਰ ਘੱਟ ਸਨ, ਉਦੋਂ ਵੀ ਕੇਂਦਰ ਸਰਕਾਰ ਨੇ ਜਨਤਾ ਨੂੰ ਕੋਈ ਰਾਹਤ ਨਹੀਂ ਦਿੱਤੀ ਤੇ ਭਾਰੀ ਟੈਕਸ ਲਗਾਉਣਾ ਜਾਰੀ ਰੱਖਿਆ। ਪੰਜਾਬ ਸਰਕਾਰ ਨੂੰ ਵੀ ਪੈਟਰੋਲ ਅਤੇ ਡੀਜ਼ਲ ਦੀਆਂ ਵਧੀਆਂ ਕੀਮਤਾਂ ਤੇ 5-5 ਰੁਪਏ ਘਟਾ ਕੇ ਲੋਕਾਂ ਨੂੰ ਰਾਹਤ ਦੇਣ ਲਈ ਵੈਟ ਘਟਾਉਣਾ ਚਾਹੀਦਾ ਹੈ।

# ਤੇਲ ਕੀਮਤਾਂ ਦੇ ਵਾਧੇ ਖ਼ਿਲਾਫ਼ ਆਰ ਐੱਮ ਪੀ ਆਈ ਵੱਲੋਂ ਅਰਥੀ ਫੂਕ ਮੁਜ਼ਾਹਰਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਇਥੇ ਮਹਾਰਾਣਾ ਪ੍ਰਤਾਪ ਚੌਕ ਵਿਖੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ, ਪੰਜਾਬ (ਆਰ ਐੱਮ ਪੀ ਆਈ) ਦੇ ਸੱਦੇ 'ਤੇ ਸਥਾਨਕ ਬ੍ਰਾਂਚ ਕਮੇਟੀ ਨੇ ਤੇਲ ਕੀਮਤਾਂ ਦੇ ਵਾਧੇ ਖ਼ਿਲਾਫ਼ ਕੇਂਦਰ ਸਰਕਾਰ ਵਿਰੁੱਧ ਅਰਥੀ ਫੂਕ ਮੁਜ਼ਾਹਰਾ ਕੀਤਾ। ਮੁਜ਼ਾਹਰੇ ਦੀ ਪ੍ਰਧਾਨਗੀ ਬ੍ਰਾਂਚ ਵਿੱਤ ਸਕੱਤਰ ਸਾਥੀ ਯੁਗਰਾਜ ਸਿੰਘ ਨੇ ਕੀਤੀ। ਸੂਬਾ ਕਮੇਟੀ ਮੈਂਬਰ ਸ਼ਿਵ ਕੁਮਾਰ ਅਮਰੋਹੀ ਅਤੇ ਤਹਿਸੀਲ ਕਮੇਟੀ ਮੈਂਬਰ ਮੁਲਖ ਰਾਜ ਨੇ ਕੇਂਦਰ 'ਚ ਭਾਜਪਾ ਸ਼ਾਸਿਤ ਸਰਕਾਰ ਦੀਆਂ ਲੋਕ ਦੋਖੀ ਅਤੇ ਕਾਰਪੋਰੇਟ ਪੱਖੀ ਨੀਤੀਆਂ ਤੋਂ ਆਮ ਲੋਕਾਂ ਨੂੰ ਜਾਣੂ ਕਰਵਾਇਆ। ਬੁਲਾਰਿਆਂ ਨੇ ਕਿਹਾ ਕਿ ਤੇਲ ਕੀਮਤਾਂ, ਵਪਾਰਕ ਗੈਸ ਸਿਲੰਡਰਾਂ ਅਤੇ ਸੀਐਨਜੀ ਦੀਆਂ ਕੀਮਤਾਂ 'ਚ ਕੀਤੇ ਵਾਧੇ ਨੇ ਘਰੇਲੂ ਬਜਟ ਨੂੰ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਆਉਣ ਵਾਲੇ ਦਿਨਾਂ 'ਚ ਕੀਮਤਾਂ ਹੋਰ ਵਧਾਉਣ ਦਾ ਖਦਸ਼ਾ ਪ੍ਰਗਟ ਕੀਤਾ ਹੈ। ਉੱਥੇ ਹੀ ਮੋਦੀ ਸਰਕਾਰ 'ਤੇ ਕਾਰਪੋਰੇਟ ਜਗਤ ਨੂੰ ਮਾਲਾਮਾਲ ਅਤੇ ਆਮ ਲੋਕਾਂ ਨੂੰ ਕੰਗਾਲ ਕਰਨ ਦੇ ਦੋਸ਼ ਲਗਾਏ ਹਨ। ਆਰਐਮਪੀਆਈ ਨੇ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖ਼ਿਲਾਫ਼ 20 ਤੋਂ 27 ਤਾਰੀਕ ਤੱਕ ਪਿੰਡਾਂ 'ਚ ਨੁੱਕੜ ਮੀਟਿੰਗਾਂ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਦਾ ਫੈਸਲਾ ਕੀਤਾ ਹੈ। ਬਸਪਾ ਤੋਂ ਵਿਧਾਨ ਸਭਾ ਹਲਕਾ ਇੰਚਾਰਜ ਬੰਟੀ ਬਾਜ਼ ਨੇ ਕਿਹਾ ਕਿ ਭਾਜਪਾ ਦੇਸ਼ 'ਚ ਧਰਮ ਅਤੇ ਜਾਤ ਅਧਾਰਿਤ ਸੌੜੀ ਰਾਜਨੀਤੀ ਕਰ ਕੇ ਸਵਿੰਧਾਨ ਦੇ ਉਲਟ ਕੰਮ ਕਰ ਰਹੀ ਹੈ। ਉਨ੍ਹਾਂ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਸੂਰੀਆਕਾਂਤ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਦੀ ਪਰਜੀਵੀ ਕਾਕਰੋਚ ਨਾਲ ਤੁਲਨਾ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ। ਉਪਰੰਤ ਮਹਾਰਾਣਾ ਪ੍ਰਤਾਪ ਚੌਕ 'ਤੇ ਕੇਂਦਰ ਸਰਕਾਰ ਦਾ ਪੁਤਲਾ ਫੂਕ ਕੇ ਤੇਲ ਕੀਮਤਾਂ 'ਚ ਕੀਤਾ ਵਾਧਾ ਵਾਪਸ ਲੈਣ ਦੀ ਮੰਗ ਕੀਤੀ। ਹੋਰਨਾਂ ਤੋਂ ਇਲਾਵਾ ਇਸ ਮੌਕੇ ਸਰਪੰਚ ਨੂਰ ਮੁਹੰਮਦ, ਕੁੰਦਨ ਲਾਲ, ਸੋਹਨ ਲਾਲ, ਅਕਸ਼ੇ ਕੁਮਾਰ, ਕੇਹਰ ਸਿੰਘ, ਬਿਸ਼ਨ ਦਾਸ , ਪ੍ਰੀਤਮ ਸਿੰਘ ਆਦਿ ਹਾਜ਼ਰ ਸਨ।

# ਕੂੜੇ ਦੇ ਢੇਰਾਂ ਨੂੰ ਲਗਾਈ ਅੱਗ, ਫੈਲਿਆ ਜ਼ਹਿਰੀਲਾ ਧੂੰਆਂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ ਸ਼ਹਿਰ ਵਿੱਚ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਨਾਲ ਲੀਹ ਤੋਂ ਲਹਿ ਚੁੱਕੀ ਹੈ ਅਤੇ ਸਥਿਤੀ ਬੇਕਾਬੂ ਹੁੰਦੀ ਜਾ ਰਹੀ ਹੈ। ਨਗਰ ਕੌਂਸਲ ਦੇ ਠੇਕੇ 'ਤੇ ਰੱਖੇ ਸਫ਼ਾਈ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਅਨਿਸ਼ਚਿਤ ਸਮੇਂ ਦੀ ਹੜਤਾਲ ਕਾਰਨ ਪੂਰਾ ਸ਼ਹਿਰ ਗੰਦਗੀ ਦੇ ਢੇਰ ਵਿੱਚ ਤਬਦੀਲ ਹੋ ਗਿਆ ਹੈ। ਪਿਛਲੇ ਕਈ ਦਿਨਾਂ ਤੋਂ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ, ਰਿਹਾਇਸ਼ੀ ਇਲਾਕਿਆਂ ਅਤੇ ਮੁੱਖ ਸੜਕਾਂ ਦੇ ਕਿਨਾਰਿਆਂ ਤੋਂ ਕੂੜਾ ਨਾ ਚੁੱਕੇ ਜਾਣ ਕਾਰਨ ਥਾਂ-ਥਾਂ ਕੂੜੇ ਦੇ ਪਹਾੜ ਖੜ੍ਹੇ ਹੋ ਗਏ ਹਨ। ?ਮਿਲੀ ਜਾਣਕਾਰੀ ਅਨੁਸਾਰ ਬੀਤੀ ਰਾਤ ਸ਼ਹਿਰ ਦੇ ਕੁਝ ਹਿੱਸਿਆਂ ਵਿੱਚ ਸੜਕਾਂ ਕਿਨਾਰੇ ਇਕੱਠੇ ਹੋਏ ਇਸ ਕੂੜੇ-ਕਰਕਟ ਨੂੰ ਕੁਝ ਅਣਪਛਾਤੇ ਸ਼ਰਾਰਤੀ ਅਨਸਰਾਂ ਵੱਲੋਂ ਅੱਗ ਲਗਾ ਦਿੱਤੀ ਗਈ। ਦੇਖਦੇ ਹੀ ਦੇਖਦੇ ਇਸ ਅੱਗ ਨੇ ਭਿਆਨਕ ਰੂਪ ਧਾਰਨ ਕਰ ਲਿਆ, ਜਿਸ ਕਾਰਨ ਪੂਰੇ ਇਲਾਕੇ ਵਿੱਚ ਗੰਭੀਰ ਪ੍ਰਦੂਸ਼ਣ ਫੈਲ ਗਿਆ। ਰਾਤ ਦੇ ਸਮੇਂ ਲੱਗੀ ਇਸ ਅੱਗ ਕਾਰਨ ਪੈਦਾ ਹੋਇਆ ਜ਼ਹਿਰੀਲਾ ਧੂੰਆਂ ਆਲੇ-ਦੁਆਲੇ ਦੇ ਚੌਗਿਰਦੇ ਵਿੱਚ ਬੁਰੀ ਤਰ੍ਹਾਂ ਫੈਲ ਗਿਆ, ਜਿਸ ਕਾਰਨ ਰਾਹਗੀਰਾਂ, ਵਾਹਨ ਚਾਲਕਾਂ ਅਤੇ ਆਸ-ਪਾਸ ਰਹਿਣ ਵਾਲੇ ਲੋਕਾਂ



ਦਾ ਸਾਹ ਘੁੱਟਣ ਲੱਗਾ। ਸਥਾਨਕ ਨਿਵਾਸੀਆਂ ਨੇ ਦੱਸਿਆ ਕਿ ਧੂੰਏਂ ਦੀ ਤੀਬਰਤਾ ਇੰਨੀ ਜ਼ਿਆਦਾ ਸੀ ਕਿ ਲੋਕਾਂ ਨੂੰ ਘਰਾਂ ਦੇ ਅੰਦਰ ਵੀ ਸਾਹ ਲੈਣ ਵਿੱਚ ਭਾਰੀ ਦਿੱਕਤ ਆ ਰਹੀ ਸੀ ਅਤੇ ਬੱਚਿਆਂ ਤੇ ਬਜ਼ੁਰਗਾਂ ਦੀ ਹਾਲਤ ਬੇਹੱਦ ਖ਼ਰਾਬ ਹੋ ਗਈ। ?ਸ਼ਹਿਰ ਵਿੱਚ ਹਰ ਪਾਸੇ ਫੈਲੀ ਗੰਦਗੀ ਅਤੇ ਹਵਾ ਵਿੱਚ ਘੁਲੇ ਜ਼ਹਿਰੀਲੇ ਧੂੰਏਂ ਕਾਰਨ ਸਥਾਨਕ ਲੋਕਾਂ ਵਿੱਚ ਨਗਰ ਕੌਂਸਲ ਪ੍ਰਸ਼ਾਸਨ ਤੇ ਸਬੰਧਤ ਉੱਚ ਅਧਿਕਾਰੀਆਂ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ।

# 'ਆਪ' ਨੇ ਪੰਜਾਬ ਸੋਸ਼ਲ ਮੀਡੀਆ ਵਿੰਗ ਲਈ ਨਵੇਂ ਅਹੁਦੇਦਾਰਾਂ ਦਾ ਕੀਤਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਸੂਬੇ ਭਰ ਵਿੱਚ ਆਪਣੀ ਡਿਜੀਟਲ ਪਹੁੰਚ ਅਜਤੇ ਜ਼ਮੀਨੀ ਪੱਧਰ 'ਤੇ ਸੰਚਾਰ ਨੈੱਟਵਰਕ ਨੂੰ ਹੋਰ ਮਜ਼ਬੂਤ ਕਰਨ ਦੇ ਚੱਲ ਰਹੇ ਯਤਨਾਂ ਦੇ ਹਿੱਸੇ ਵਜੋਂ ਆਪਣੇ ਸੋਸ਼ਲ ਮੀਡੀਆ ਵਿੰਗ ਲਈ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਦਾ ਐਲਾਨ ਕੀਤਾ ਹੈ।ਪਾਰਟੀ ਨੇ ਬਲਜੀਤ ਸਿੰਘ ਬੱਬੂ ਅਤੇ ਕੁਲਦੀਪ ਸੋਹੀ ਨੂੰ ਸੋਸ਼ਲ ਮੀਡੀਆ ਵਿੰਗ ਦਾ ਸੂਬਾ ਸੰਯੁਕਤ ਸਕੱਤਰ ਨਿਯੁਕਤ ਕੀਤਾ ਹੈ। ਜ਼ਿਲ੍ਹਾ ਪੱਧਰ 'ਤੇ ਗੁਰਵਿੰਦਰ ਪੂੰਨਾਵਾਲ ਨੂੰ ਸੰਗਰੂਰ ਦਾ ਜ਼ਿਲ੍ਹਾ ਇੰਚਾਰਜ, ਰਾਸਦੀਪ ਸਿੰਘ ਦਲੂਆਣਾ ਨੂੰ ਮਾਨਸਾ ਦਾ ਜ਼ਿਲ੍ਹਾ ਇੰਚਾਰਜ, ਪਲਵਿੰਦਰ ਸਿੰਘ ਨੂੰ ਕਪੂਰਥਲਾ ਦਾ ਜ਼ਿਲ੍ਹਾ ਸਕੱਤਰ ਅਤੇ ਹਰਵਿੰਦਰ ਰਿਸ਼ੀ ਸਤੋਜ ਨੂੰ ਸੰਗਰੂਰ ਦਾ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ ਗਿਆ ਹੈ।ਇਸ ਤੋਂ ਇਲਾਵਾ, ਪਾਰਟੀ ਨੇ ਜ਼ਮੀਨੀ ਪੱਧਰ 'ਤੇ ਸੋਸ਼ਲ ਮੀਡੀਆ ਵਿੰਗ ਦੇ ਸੰਗਠਨਾਤਮਕ ਢਾਂਚੇ ਨੂੰ ਹੋਰ ਵਿਸਤਾਰ ਦੇਣ ਤੇ ਮਜਬੂਤ ਕਰਨ ਲਈ 27 ਹਲਕਾ ਕੋਆਰਡੀਨੇਟਰ, 41 ਹਲਕਾ ਵਾਈਸ ਕੋਆਰਡੀਨੇਟਰ ਤੇ 450 ਤੋਂ ਵੱਧ ਬਲਾਕ ਕੋਆਰਡੀਨੇਟਰ ਵੀ ਨਿਯੁਕਤ ਕੀਤੇ ਹਨ।

# ਖ਼ਾਲਸਾ ਕਾਲਜ ਦਾ ਬੀ. ਕਾਮ ਪਹਿਲੇ ਸਮੈਸਟਰ ਦਾ ਨਤੀਜਾ ਸ਼ਾਨਦਾਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਚੱਲ ਰਹੇ ਗ੍ਰੈਜੂਏਟ ਕੋਰਸ ਬੀ. ਕਾਮ. ਦੇ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ । ਕਾਮਰਸ ਵਿਭਾਗ ਮੁਖੀ ਪ੍ਰੋ. ਕੰਵਰ ਕੁਲਵੰਤ ਸਿੰਘ ਨੇ ਦੱਸਿਆ ਕਿ



ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਲੋਂ ਐਲਾਨੇ ਬੀ. ਕਾਮ. ਦੇ ਪਹਿਲੇ ਸਮੈਸਟਰ ਦੇ ਨਤੀਜੇ ਵਿਚ ਵਿਦਿਆਰਥਣ ਅਮਨਦੀਪ ਕੌਰ ਨੇ 7.97 ਸੀ ਜੀ ਪੀ ਏ ਲੈ ਕੇ ਪਹਿਲਾ, ਨਵਨੀਤ ਕੌਰ ਅਤੇ ਹਰਲੀਨ ਕੌਰ ਨੇ 7.63 ਸੀ ਜੀ ਪੀ ਏ ਲੈ ਕੇ ਦੂਜਾ ਅਤੇ ਵੰਸ਼ਿਕਾ ਨੇ 7.46 ਸੀ ਜੀ ਪੀ ਏ ਲੈ ਕੇ ਕਲਾਸ ਵਿਚੋਂ ਤੀਜਾ ਸਥਾਨ ਹਾਸਲ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ ਤੇ ਭਵਿੱਖ ਵਿਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ।

# ਚੋਣਾਂ ਦੀ ਸਿਆਸੀ ਲੜਾਈ ਨੂੰ ਨਿੱਜੀ ਨਾ ਬਣਾਇਆ ਜਾਵੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਸਮਾਜ ਸੇਵੀ ਆਗੂ ਅਨਮਪ੍ਰੀਤ ਸਿੰਘ ਅਮਨਾ ਨੇ ਨਗਰ ਕੌਂਸਲ ਮੋਰਿੰਡਾ ਦੀਆਂ ਚੋਣਾਂ ਲੜ ਰਹੇ ਸਾਰੇ ਉਮੀਦਵਾਰਾਂ ਅਤੇ ਉਨ੍ਹਾਂ ਦੇ ਸਮਰਥਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਚੋਣਾਂ ਦੀ ਲੜਾਈ ਨੂੰ ਸਿਰਫ ਰਾਜਨੀਤਿਕ ਮੁਕਾਬਲਾ ਹੀ ਬਣ ਕੇ ਰੱਖਣ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਬਰਕਰਾਰ ਰੱਖਣ ਲਈ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾਣ ਤਾਂ ਜੋ ਇਹ ਲੜਾਈ ਨਿੱਜੀ ਜਾਂ ਪਰਵਾਰਕ ਦੁਸ਼ਮਣੀ ਜਾਂ ਸ਼ਹਿਰ ਵਿੱਚ ਨਫਰਤ ਦਾ ਬੀਜ ਪੈਦਾ ਨਾ ਕਰੇ। ਇਸ ਚੋਣ ਦੌਰਾਨ ਜਦੋਂ ਕਿਸੇ ਵੀ ਪਾਰਟੀ ਦੇ ਜਾਂ ਆਜ਼ਾਦ ਉਮੀਦਵਾਰ ਚੋਣ ਪ੍ਰਚਾਰ ਕਰਦੇ ਸਮੇਂ ਕਿਸੇ ਗਲੀ ਮੁਹੱਲੇ ਵਿੱਚ ਇਕੱਠੇ ਹੋ ਜਾਣ ਤਾਂ ਉਹ ਇੱਕ-ਦੂਜੇ ਨੂੰ ਗੁੱਸੇ ਨਾਲ ਨਾ ਵੇਖਣ, ਸਗੋਂ ਇੱਕ-ਦੂਜੇ ਦਾ ਪੂਰਨ ਸਤਿਕਾਰ ਕਰਨ, ਤਾਂ ਜੋ ਇਹ ਸਿਆਸੀ ਲੜਾਈ ਕਿਸੇ ਵੀ ਤਰ੍ਹਾਂ ਨਿੱਜੀ ਲੜਾਈ ਦਾ ਰੂਪ ਨਾ ਧਾਰਨ ਕਰੇ।



# ਸਾਬਕਾ ਕੌਂਸਲਰ ਕੁਲਜਿੰਦਰ ਕੌਰ ਬਾਂਛਲ, ਨਵਜੋਤ ਸਿੰਘ ਬਾਂਛਲ ਪਰਵਾਰ ਸਹਿਤ ਹੋਏ 'ਆਪ' 'ਚ ਸ਼ਾਮਲ

**ਮੋਹਾਲੀ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਨੂੰ ਮੋਹਾਲੀ ਕਾਰਪੋਰੇਸ਼ਨ ਚੋਣਾਂ ਵਿੱਚ ਪ੍ਰਚਾਰ ਮੁਹਿੰਮ ਦੇ ਦੌਰਾਨ ਉਸ ਵੇਲੇ ਜ਼ਬਰਦਸਤ ਹੁਲਾਰਾ ਮਿਲਿਆ, ਜਦੋਂ ਵਾਰਡ ਨੰਬਰ -25 ਤੋਂ ਆਜ਼ਾਦ ਉਮੀਦਵਾਰ



ਕੁਲਜਿੰਦਰ ਕੌਰ ਤੇ ਉਹਨਾਂ ਦੇ ਪਤੀ ਨਵਜੋਤ ਸਿੰਘ ਪਰਵਾਰ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਤੇ ਇਸ ਮੌਕੇ ਤੇ ਕੁਲਜਿੰਦਰ ਕੌਰ ਸਾਬਕਾ ਕੌਂਸਲਰ ਨੇ ਆਪਣਾ ਨਾਂਅ ਆਜ਼ਾਦ ਉਮੀਦਵਾਰ ਵਜੋਂ ਵਾਪਸ ਲੈਣ ਦਾ ਕੀਤਾ ਫੈਸਲਾ ਕੀਤਾ। ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਤਰਫੋਂ ਸ਼੍ਰੀਮਤੀ ਕੁਲਜਿੰਦਰ ਕੌਰ -ਸਾਬਕਾ ਕੌਂਸਲਰ ਅਤੇ ਨਵਜੋਤ ਸਿੰਘ ਨੂੰ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਜੀ ਆਇਆ ਆਖਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਕੁਲਜਿੰਦਰ ਕੌਰ ਬਾਂਛਲ ਅਤੇ ਨਵਜੋਤ ਸਿੰਘ ਦੇ ਪਰਵਾਰ ਅਤੇ ਉਹਨਾਂ ਦੇ ਸਮਰਥਕਾਂ ਨੇ ਜੋ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ ਤੇ ਸ਼੍ਰੀਮਤੀ ਕੁਲਜਿੰਦਰ ਕੌਰ ਬਾਂਛਲ ਆਜ਼ਾਦ ਉਮੀਦਵਾਰ ਵਜੋਂ ਆਪਣੇ ਨਾਮਜ਼ਦਗੀ ਪੱਤਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਦੇ ਹੱਕ ਵਿੱਚ ਵਾਪਸ ਲੈਣ ਦਾ ਜੋ ਫੈਸਲਾ ਕੀਤਾ ਹੈ, ਇਸ ਦਾ ਅਸੀਂ ਸਵਾਗਤ ਕਰਦੇ ਹਾਂ ਅਤੇ ਮੈਂ ਨਵਜੋਤ ਸਿੰਘ ਦੇ ਪਰਵਾਰ ਨੂੰ ਇਹ ਵਿਸ਼ਵਾਸ ਦਵਾਉਂਦਾ ਹਾਂ ਕਿ ਉਹਨਾਂ ਦਾ ਮਾਣ- ਸਨਮਾਨ ਹਰ ਸੂਰਤ ਵਿੱਚ ਵਿੱਚ ਬਰਕਰਾਰ ਰੱਖਿਆ ਜਾਵੇਗਾ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਦਿਨ ਪ੍ਰਤੀ ਦਿਨ ਵਾਧਾ ਹੋ ਰਿਹਾ ਹੈ।

# ਝੋਨੇ ਦੀ ਸਿੱਧੀ ਬਿਜਾਈ ਕਰਕੇ 1500 ਰੁਪਏ ਪ੍ਰਤੀ ਏਕੜ ਦਾ ਲਾਭ ਲੈਣ ਕਿਸਾਨ : ਮਾਹੀ

**ਨਵਾਂ ਸ਼ਹਿਰ (ਮਨੋਜ ਲਾਡੀ)**-ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੀ ਮੁਹਿੰਮ ਤਹਿਤ ਝੋਨੇ ਦੀ ਸਿੱਧੀ ਬਿਜਾਈ ਦੀ ਸਕੀਮ ਸਾਲ 2026 ਵਿੱਚ ਚਲਾਈ ਜਾ ਰਹੀ ਹੈ। ਇਸ ਤਹਿਤ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਆਈਏਐਸ ਦੇ ਦਿਸ਼ਾ ਨਿਰਦੇਸ਼ ਅਨੁਸਾਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਸ਼ਹੀਦ ਭਗਤ ਸਿੰਘ ਨਗਰ ਦੇ ਅਧਿਕਾਰੀਆਂ ਵੱਲੋਂ ਸਤਿੰਦਰ ਸਿੰਘ ਪੁੱਤਰ ਕੁਲਦੀਪ ਸਿੰਘ ਪਿੰਡ ਕੰਗਲੌੜ ਵਿਖੇ ਪ੍ਰਦਰਸ਼ਨੀ ਪਲਾਟ ਬਿਜਾਇਆ ਗਿਆ। ਇਸ ਮੌਕੇ ਤੇ ਕਿਸਾਨ ਸਤਿੰਦਰ ਸਿੰਘ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਉਹ ਸਾਲ 2019 ਤੋਂ ਤਕਰੀਬਨ 17 ਏਕੜ ਏਰੀਏ ਵਿੱਚ ਝੋਨੇ ਦੀ ਸਿੱਧੀ ਬਿਜਾਈ ਸਫਲਤਾ ਪੂਰਵਕ ਕਰ ਰਿਹਾ ਹੈ।ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਲੇਖ ਰਾਜ ਮਾਹੀ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਲੇਬਰ ਦੀ ਬਚਤ ਦੇ ਨਾਲ-ਨਾਲ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਜਾ ਸਕਦਾ ਹੈ। ਉਹਨਾਂ ਵੱਲੋਂ ਦੱਸਿਆ ਗਿਆ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਤਕਰੀਬਨ 20 ਤੋਂ 25% ਪਾਣੀ ਨੂੰ ਬਚਾਇਆ ਜਾ ਸਕਦਾ ਹੈ। ਉਹਨਾਂ ਵੱਲੋਂ ਦੱਸਿਆ ਗਿਆ ਕਿ ਇਸ ਤਕਨੀਕ ਨਾਲ ਝੋਨੇ ਦੀ ਬਿਜਾਈ ਕਰਨ ਲਈ ਖੇਤ ਦੀ ਪੂਰੀ ਵਿਉਂਤਬੰਦੀ ਕਰਨੀ ਜ਼ਰੂਰੀ ਹੈ ਤਾਂ ਜੋ ਕਿ ਨਦੀਨਾਂ ਤੋਂ ਬਚਿਆ ਜਾ ਸਕੇ। ਉਹਨਾਂ ਵੱਲੋਂ ਦੱਸਿਆ ਗਿਆ ਕਿ ਜੇਕਰ ਕਿਸਾਨ ਸਹੀ ਤਰੀਕੇ ਨਾਲ ਇਸੇ ਦੀ ਬਜਾਈ ਕਰਦਾ ਹੈ ਤਾਂ ਇਸ ਦਾ ਝਾੜ ਵੀ ਕੱਦੂ ਕੀਤੇ ਝੋਨੇ ਦੇ ਬਰਾਬਰ ਹੀ ਨਿਕਲਦਾ ਹੈ।ਇਸ ਮੌਕੇ ਦਿਲਬਾਗ ਸਿੰਘ ਨੰਬਰਦਾਰ, ਗਗਨਦੀਪ ਸਿੰਘ, ਨਿਰਮਲ ਸਿੰਘ, ਦਵਿੰਦਰ ਸਿੰਘ, ਵਰਿੰਦਰਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਹਰਜੀਤ ਸਿੰਘ, ਗੁਰਿੰਦਰ ਵੀਰ ਸਿੰਘ, ਜਗਤਾਰ ਸਿੰਘ ਅਤੇ ਕਮਲਜੀਤ ਸਿੰਘ ਸਮੇਤ 30 ਤੋਂ ਵੱਧ ਕਿਸਾਨ ਹਾਜ਼ਰ ਸਨ।

# ਪੰਜਾਬ ਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਗਗਨਦੀਪ ਜੰਮੂ ਉਪਰ ਹੋਏ ਜਾਨਲੇਵਾ ਹਮਲੇ ਦੀ ਨਿੰਦਾ



**ਕਪੂਰਥਲਾ (ਪ੍ਰੀਤ ਸੰਗੋਜਲਾ)**

ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ ਦੇ ਪੁੱਤਰ ਤੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਬਾਰ ਐਸੋਸੀਏਸ਼ਨ ਦੇ ਸਾਬਕਾ ਆਨਰੇਰੀ ਸਕੱਤਰ ਗਗਨਦੀਪ ਜੰਮੂ ਉਪਰ ਹੋਏ ਜਾਨਲੇਵਾ ਹਮਲੇ ਦੀ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਸਖ਼ਤ ਨਿੰਦਾ ਕੀਤੀ ਹੈ। ਯੂਨੀਅਨ ਵੱਲੋਂ ਹਮਲਾਵਰਾਂ ਦੀ ਤੁਰੰਤ ਗ੍ਰਿਫ਼ਤਾਰੀ ਅਤੇ ਸਖ਼ਤ ਕਾਰਵਾਈ ਦੀ ਮੰਗ ਵੀ ਕੀਤੀ ਗਈ ਹੈ। ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾਈ ਪ੍ਰਧਾਨ ਜੈ ਸਿੰਘ ਛਿੱਬਰ, ਸਕੱਤਰ ਜਨਰਲ ਸੰਤੋਖ ਗਿੱਲ, ਜਥੇਬੰਧਕ ਸਕੱਤਰ ਦਵਿੰਦਰ ਸਿੰਘ ਭੰਗੂ, ਐਡਵੋਕੇਟ ਹਰਜੀਤ ਸਿੰਘ ਕਪੂਰਥਲਾ ਅਤੇ ਸੀਨੀਅਰ ਮੀਤ ਪ੍ਰਧਾਨ ਭੂਸ਼ਨ ਸੂਦ ਨੇ ਇਸ ਘਟਨਾ ਉਪਰ ਡੂੰਘਾ ਦੁੱਖ ਪ੍ਰਗਟਾਇਆ ਹੈ। ਉਨ੍ਹਾਂ ਇਸ ਨੂੰ ਕਾਨੂੰਨੀ ਭਾਈਚਾਰੇ ਉਪਰ ਇੱਕ ਸਿੱਧਾ ਹਮਲਾ ਦੱਸਿਆ।ਆਗੂਆਂ ਨੇ ਕਿਹਾ ਕਿ ਗਗਨਦੀਪ ਜੰਮੂ ਉਪਰ ਕੁਰਾਲੀ-ਖਰੜ ਮਾਰਗ 'ਤੇ ਜਾਨਲੇਵਾ ਹਮਲਾ ਕੀਤਾ ਗਿਆ ਸੀ, ਹਾਲਾਂਕਿ ਉਹ ਸੁਰੱਖਿਅਤ ਹਨ। ਪਰ ਅਜਿਹੀਆਂ ਅਪਰਾਧਿਕ ਘਟਨਾਵਾਂ ਵਕੀਲ ਭਾਈਚਾਰੇ ਦੀ ਆਜ਼ਾਦੀ, ਮਾਣ-ਸਨਮਾਨ ਉਪਰ ਹਮਲਾ ਹੈ। ਇਸ ਮੁਸੀਬਤ ਦੀ ਘੜੀ ਵਿੱਚ ਗਗਨਦੀਪ ਜੰਮੂ ਅਤੇ ਉਨ੍ਹਾਂ ਦੇ ਪਰਵਾਰ ਨਾਲ ਇੱਕਜੁੱਟਤਾ ਪ੍ਰਗਟ ਕੀਤੀ ਹੈ। ਜਥੇਬੰਦੀ ਨੇ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਹਮਲਾਵਰਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ।

# ਖ਼ੂਨਦਾਨ ਕੈਂਪ 'ਚ 26 ਵਿਅਕਤੀਆਂ ਨੇ ਕੀਤਾ ਖ਼ੂਨਦਾਨ

**ਜਲੰਧਰ (ਸ਼ੈਲੀ ਅਲਬਰਟ, ਸੁਰਿੰਦਰ ਕੁਮਾਰ)**-ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਰਹਿਨੁਮਾਈ ਹੇਠ ਹੋਟਲ ਪਾਰਕ ਇਨ ਬਾਏ ਰੈਡੀਸਨ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 26 ਵਿਅਕਤੀਆਂ ਵੱਲੋਂ ਸਵੈ ਇੱਛਾ ਨਾਲ ਖ਼ੂਨਦਾਨ ਕੀਤਾ ਗਿਆ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਸਕੱਤਰ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਡਾ. ਸੁਰਜੀਤ ਲਾਲ ਨੇ ਕਿਹਾ ਕਿ ਖ਼ੂਨਦਾਨ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ। ਉਨ੍ਹਾਂ ਕਿਹਾ ਕਿ ਇਸ ਨੇਕ ਕਾਰਜ ਰਾਹੀਂ ਕਿਸੇ ਦੀ ਕੀਮਤੀ ਜਾਨ ਬਚਾਈ ਜਾ ਸਕਦੀ ਹੈ। ਇਸ ਮੌਕੇ ਜੀ.ਐਮ. ਪ੍ਰਦੀਪ ਕੁਮਾਰ ਦੱਤਾ ਤੇ ਪ੍ਰਸੂੰਨ ਬੈਨਰਜੀ ਜੀ ਐੱਮ ਸਰੋਵਰ ਹੋਟਲ, ਮੈਨੇਜਰ ਵਿਕਾਸ ਕੁਮਾਰ, ਸਹਾਇਕ ਮੈਨੇਜਰ ਪਾਰਕ ਇਨ ਹੋਟਲ ਗੀਤਾਂਜਲੀ ਵੀ ਮੌਜੂਦ ਸਨ। ਇਸ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਯੂਥ ਬਲੱਡ ਡੋਨਰਜ਼ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਵਿਕਾਸ ਕਪੂਰ ਅਤੇ ਉਨ੍ਹਾਂ ਦੀ ਸਮੂਹ ਟੀਮ ਨੇ ਵਿਸ਼ੇਸ਼ ਭੂਮਿਕਾ ਨਿਭਾਈ।ਇਸ ਮੌਕੇ ਲੇਖਾਕਾਰ ਰੈੱਡ ਕਰਾਸ ਸੁਸਾਇਟੀ ਨੇਕ ਰਾਮ, ਅਮਨਦੀਪ ਸਿੰਘ, ਰੋਹਿਤ ਕੁਮਾਰ, ਵਿਹਾਨ ਅਤੇ ਹੋਟਲ ਦਾ ਸਮੂਹ ਸਟਾਫ਼ ਵੀ ਮੌਜੂਦ ਸੀ।



# ਚੱਬੇਵਾਲ ਨੂੰ 4.52 ਕਰੋੜ ਦੀ ਗ੍ਰਾਂਟ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਕਾਸ ਨੂੰ ਇੱਕ ਨਵਾਂ ਹੁਲਾਰਾ ਮਿਲਿਆ ਜਦੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮਾਹਿਲਪੁਰ ਤੇ ਹੁਸ਼ਿਆਰਪੁਰ ਦੇ ਬੀ ਡੀ ਪੀ ਓ ਦਫ਼ਤਰ ਵਿਖੇ ਚੱਬੇਵਾਲ ਹਲਕੇ ਦੀਆਂ ਵੱਖ-ਵੱਖ ਪੰਚਾਇਤਾਂ ਨੂੰ 4.52 ਕਰੋੜ ਰੁਪਏ ਦੀਆਂ ਵਿਕਾਸ ਗ੍ਰਾਂਟਾਂ ਲਈ ਪ੍ਰਵਾਨਗੀ ਪੱਤਰ ਵੰਡੇ। ਇਹ ਗ੍ਰਾਂਟਾਂ ਇਨ੍ਹਾਂ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਲਈ ਜਾਰੀ ਕੀਤੀਆਂ ਗਈਆਂ ਸਨ। 'ਇਹ ਸਿਰਫ਼ ਫੰਡਿੰਗ ਨਹੀਂ ਹੈ, ਸਗੋਂ ਸਾਡੇ ਪਿੰਡਾਂ ਦੇ ਭਵਿੱਖ ਵਿੱਚ ਨਿਵੇਸ਼ ਹੈ,' ਡਾ. ਇਸ਼ਾਂਕ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ। ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਜਾਰੀ ਕੀਤੀਆਂ ਗਈਆਂ ਗ੍ਰਾਂਟਾਂ ਦੀ ਵਰਤੋਂ ਵੱਖ-ਵੱਖ ਜਨਤਕ ਭਲਾਈ ਅਤੇ ਵਿਕਾਸ ਪ੍ਰੋਜੈਕਟਾਂ ਲਈ ਕੀਤੀ ਜਾਵੇਗੀ, ਜਿਸ ਵਿੱਚ ਸੜਕਾਂ, ਗਲੀਆਂ ਅਤੇ ਨਾਲੀਆਂ ਦੀ ਉਸਾਰੀ ਅਤੇ ਮੁਰੰਮਤ, ਸੀਵਰੇਜ ਸਿਸਟਮ, ਕਮਿਊਨਿਟੀ ਹਾਲ, ਪੀਣ ਵਾਲੇ ਪਾਣੀ ਦੇ ਟਿਊਬਵੈੱਲ, ਪਾਣੀ ਦੀਆਂ ਟੈਂਕੀਆਂ ਤੇ ਟਿਊਬਵੈੱਲ ਕਮਰੇ, ਸੋਲਰ ਲਾਈਟਾਂ, ਸੀਵਰੇਜ ਡਿਸਪੋਜ਼ਲ, ਸ਼ਮਸ਼ਾਨਘਾਟ, ਪੰਚਾਇਤ ਘਰ, ਖੇਡ ਦੇ ਮੈਦਾਨ, ਸਟੇਡੀਅਮ, ਧਰਮਸ਼ਾਲਾਵਾਂ, ਤਲਾਬਾਂ ਦੀ ਸਫਾਈ ਤੇ ਚੋਅ ਉੱਤੇ ਪੁਲੀਆਂ ਦੀ ਉਸਾਰੀ ਸ਼ਾਮਲ ਹੈ। ਵਿਧਾਇਕ ਨੇ ਕਿਹਾ ਕਿ ਵਿਕਾਸ ਪ੍ਰੋਜੈਕਟ ਪੂਰੇ ਹਲਕੇ ਵਿੱਚ ਯੋਜਨਾਬੱਧ ਅਤੇ ਪਾਰਦਰਸ਼ੀ ਢੰਗ ਨਾਲ ਕੀਤੇ ਜਾ ਰਹੇ ਹਨ, ਇਹ ਯਕੀਨੀ ਬਣਾਉਂਦੇ ਹੋਏ ਕਿ ਪਿੰਡਾਂ ਨੂੰ ਬਿਹਤਰ ਸਹੂਲਤਾਂ ਅਤੇ ਮਜ਼ਬੂਤ ਬੁਨਿਆਦੀ ਢਾਂਚੇ ਤੱਕ ਪਹੁੰਚ ਹੋਵੇ। ਉਨ੍ਹਾਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਗ੍ਰਾਂਟਾਂ ਦੀ ਸਹੀ ਵਰਤੋਂ ਨੂੰ ਯਕੀਨੀ ਬਣਾਉਣ ਤਾਂ ਜੋ ਵਿਕਾਸ ਪ੍ਰੋਜੈਕਟ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਅਤੇ ਗੁਣਵੱਤਾ ਨਾਲ ਪੂਰੇ ਹੋ ਸਕਣ।



# ਮੈਰਿਟ 'ਚ ਆਈ ਵਿਦਿਆਰਥਣ ਨਵਜੋਤ ਕੌਰ ਸਨਮਾਨਤ

**ਨਕੋਦਰ (ਮਨਜੀਤ ਮਾਨ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਨਪੁਰ ਢੱਡਾ ਦੀ ਖ਼ੁਸ਼ੀ ਉਸ ਵੇਲੇ ਦੁਗਣੀ ਹੋ ਗਈ ਜਦੋਂ ਐਡਵੋਕੇਟ ਅਵਤਾਰ ਸਿੰਘ ਕਲੇਰ, ਸਕੂਲ ਪ੍ਰਿੰਸੀਪਲ ਮੁਕੇਸ਼ ਗੋਤਮ, ਦਰਸ਼ਨ ਸਿੰਘ ਕਲੇਰ ਰਿਟਾਇਰ ਕੈਪਟਨ ਤੇ ਸਾਬਕਾ ਸਰਪੰਚ ਤੇ ਅਕਵਿੰਦਰ



ਕੌਰ ਮੈਂਬਰ ਬਲਾਕ ਸੰਮਤੀ ਤੇ ਨਗਰ ਨਿਵਾਸੀਆਂ ਵੱਲੋਂ ਮੈਰਿਟ ਵਿੱਚੋਂ ਆਈ ਵਿਦਿਆਰਥਣ ਨਵਜੋਤ ਕੌਰ ਪੁੱਤਰੀ ਸੁਰਿੰਦਰ ਸਿੰਘ ਨੂੰ ਸਨਮਾਨਤ ਕਰਨ ਵਾਸਤੇ ਸਕੂਲ ਵਿੱਚ ਸਨਮਾਨ ਸਮਾਰੋਹ ਰੱਖਿਆ ਗਿਆ। ਉਕਤ ਆਗੂਆਂ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਨਵਜੋਤ ਕੌਰ ਨੇ ਪੂਰੇ ਖੇਤਰ ਦੇ ਸਰਕਾਰੀ ਸਕੂਲਾਂ ਦਾ ਨਾਂਅ ਰੌਸ਼ਨ ਕੀਤਾ। ਇੱਥੇ ਦੱਸਣ ਯੋਗ ਹੈ ਕਿ ਮੈਟ੍ਰਿਕ ਪ੍ਰੀਖਿਆ 2026 ਦੇ ਨਵਜੋਤ ਕੌਰ ਨੇ 97.38% ਨੰਬਰ ਲੈ ਕੇ ਪੰਜਾਬ ਵਿੱਚੋਂ ਬਾਰ੍ਹਵਾਂ ਅਤੇ ਜ਼ਿਲ੍ਹਾ ਜਲੰਧਰ ਦੀ ਮੈਰਿਟ ਵਿੱਚੋਂ ਸੱਤਵਾਂ ਸਥਨ ਹਾਸਲ ਕਰਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਨਪੁਰ ਢੱਡਾ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਤੇ ਮੈਟ੍ਰਿਕ ਦੀ ਪ੍ਰੀਖਿਆ ਵਿੱਚੋਂ ਪਰਮ ਰਾਜ, ਲਵਪ੍ਰੀਤ, ਜਤਿਨ, ਏਕਮ ਪ੍ਰੀਤ ਕੌਰ, ਜਸਵੀਰ ਸਿੰਘ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਪ੍ਰਿੰਸੀਪਲ ਮੁਕੇਸ਼ ਗੋਤਮ ਲੇਖ ਰਾਜ ਸੇਵਾ ਮੁਕਤ ਬੈਂਕ ਮੈਨੇਜਰ ਲੈਂਡ ਮਾਰਕ, ਕੁਲਵੰਤ ਸ਼ਰਮਾ ਜਰਨੈਲ ਸਿੰਘ ਸਾਬਕਾ ਡਾਇਰੈਕਟਰ ਲੈਂਡ ਮਾਰਕ, ਅਜੀਤ ਸਿੰਘ ਕਲੇਰ, ਗੁਰਦਿਆਲ ਸਿੰਘ ਮਸੀਹ, ਸਤਵਿੰਦਰ ਸਿੰਘ, ਜਗਜੀਤ ਸਿੰਘ, ਮਨਦੀਪ ਕੌਰ, ਮਨਪ੍ਰੀਤ ਕੌਰ, ਵੀਰਪਾਲ ਕੌਰ, ਜਸਪ੍ਰੀਤ ਸ਼ਰਮਾ, ਮਨਜੀਤ ਕੌਰ, ਵਰੁਣ ਰਾਜ, ਅਕਾਸ਼ਦੀਪ ਸਿੰਘ ਬਰਾੜ, ਰਮੇਸ਼ ਕੁਮਾਰ, ਕਰਨੈਲ ਸਿੰਘ ਸਾਬਕਾ ਡਾਇਰੈਕਟਰ ਲੈਂਡ ਮਾਰਗੇਜ ਬੈਂਕ, ਕੁਲਵੰਤ ਸ਼ਰਮਾ ਮੈਂਬਰ ਪੰਚਾਇਤ ਸੰਮਤੀ, ਸਰਬਜੀਤ ਸੰਘੇੜਾ ਅਤੇ ਬਹੁਤ ਸਾਰੇ ਪਤਵੰਤੇ ਸੱਜਣਾਂ ਨੇ ਨਵਜੋਤ ਕੌਰ ਤੇ ਉਸ ਦੇ ਮਾਤਾ ਪਿਤਾ ਨੂੰ ਮੁਬਾਰਕਾਂ ਦਿੱਤੀਆਂ ਸਕੂਲ ਸਟਾਫ ਵੱਲੋਂ ਸਕੂਲ ਇੰਚਾਰਜ ਮੁਕੇਸ਼ ਗੌਤਮ ਗੁਰਦਿਆਲ ਮਸੀਹ, ਕੁਲਵਿੰਦਰ ਸਿੰਘ, ਸਤਿੰਦਰ ਸਿੰਘ, ਕੁਲਵਿੰਦਰ ਸਿੰਘ, ਜਗਜੀਤ ਸਿੰਘ, ਗੁਰਦਿਆਲ ਮਸੀਹ, ਮਨਦੀਪ ਕੌਰ, ਮਨਜੀਤ ਕੌਰ, ਅਮਨਪ੍ਰੀਤ, ਜਸਪ੍ਰੀਤ ਸ਼ਰਮਾ, ਵਰੁਣ ਰਾਜ, ਰਣਜੀਤ ਕੌਰ, ਕਸ਼ਿਸ਼ ਸ਼ਰਮਾ, ਰਮੇਸ਼ ਕੁਮਾਰ ਤੇ ਰਾਜਕੁਮਾਰ ਵੱਲੋਂ ਇਸ ਖ਼ੁਸ਼ੀ ਦੇ ਮੌਕੇ ਸਭਨਾਂ ਦਾ ਧੰਨਵਾਦ ਕੀਤਾ।

# ਹੋਣਹਾਰ ਵਿਦਿਆਰਥੀਆਂ ਨੂੰ 1 ਲੱਖ 30 ਹਜ਼ਾਰ ਦੀ ਸਕਾਲਰਸ਼ਿਪ ਪ੍ਰਦਾਨ

**ਬੰਗਾ (ਅਵਤਾਰ ਕਲੇਰ)**

ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਦੇ ਟੌਪਰ ਨਰਸਿੰਗ ਵਿਦਿਆਰਥੀਆਂ ਨੂੰ ਆਪਣੀਆਂ ਕਲਾਸਾਂ ਵਿਚ ਪਹਿਲਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਕਰਨ ਲਈ ਬਰਜਿੰਦਰ ਸਿੰਘ ਢਾਹਾਂ ਮੀਤ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ, ਕੈਨੇਡਾ-ਇੰਡੀਆ ਐਜੂਕੇਸ਼ਨਲ ਸੁਸਾਇਟੀ ਅਤੇ ਕੈਨੇਡਾ ਦੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ 1 ਲੱਖ 30 ਹਜ਼ਾਰ ਰੁਪਏ ਦੀਆਂ ਸਕਾਲਰਸ਼ਿਪ ਪ੍ਰਦਾਨ ਕੀਤੀਆਂ ਗਈਆਂ। ਸਮਾਗਮ ਦੇ ਮੁੱਖ ਮਹਿਮਾਨ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਆਪਣੇ ਕਰ ਕਮਲਾਂ ਨਾਲ ਕਾਲਜ ਦੇ ਟੌਪਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇ ਚੈੱਕ ਪ੍ਰਦਾਨ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਖ਼ੁਸ਼ੀ ਪ੍ਰਗਟ ਕੀਤੀ ਕਿ ਪੰਜਾਬ ਦਾ ਪਹਿਲਾ ਨਰਸਿੰਗ ਕਾਲਜ ਹੈ ਜੋ ਹਰ ਸਾਲ ਵਿਦਿਆਰਥੀਆਂ ਨੂੰ 7 ਲੱਖ 40 ਹਜ਼ਾਰ ਰੁਪਏ ਦੀਆਂ ਸਕਾਲਰਸ਼ਿਪ ਅਤੇ ਬਰਸਰੀਜ਼ ਪ੍ਰਦਾਨ ਕਰਦਾ ਹੈ, ਜਿਸ ਦਾ ਮਕਸਦ ਨਰਸਿੰਗ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਤੇ ਹੋਣਹਾਰ ਵਿਦਿਆਰਥੀਆਂ ਦੀ ਆਰਥਿਕ ਮਦਦ ਕਰਨਾ ਹੈ। ਉਹਨਾਂ ਨੇ ਸਮੂਹ ਟਰੱਸਟ ਵੱਲੋਂ ਸਕਾਲਰਸ਼ਿਪ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ। ਕਾਲਜ ਪ੍ਰਿੰਸੀਪਲ ਰਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਪ੍ਰਦਾਨ ਕਰਨ ਲਈ ਕੈਨੇਡਾ-ਇੰਡੀਆ ਐਜੂਕੇਸ਼ਨਲ ਸੁਸਾਇਟੀ, ਕਾਲਜ ਪ੍ਰਬੰਧਕ ਟਰੱਸਟ ਅਤੇ ਦਾਨੀਆਂ ਦਾ ਹਾਰਦਿਕ ਧੰਨਵਾਦ ਕੀਤਾ। ਬੀ ਐੱਸ ਸੀ ਨਰਸਿੰਗ ਚੌਥਾ ਸਾਲ ਦੀ ਵਿਦਿਆਰਥੀ ਹਰਨੀਤ ਕੌਰ ਪੁੱਤਰੀ ਰਾਜਵਿੰਦਰ ਸਿੰਘ-ਸੁਨੀਤਾ ਰਾਣੀ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ 50 ਹਜ਼ਾਰ ਰੁਪਏ ਦੀ ਬਾਬਾ ਬੁੱਧ ਸਿੰਘ ਢਾਹਾਂ ਐਕਸੀਲੈਂਸ ਅਵਾਰਡ ਸਕਾਲਰਸ਼ਿਪ ਪ੍ਰਾਪਤ ਕੀਤੀ। ਜਦਕਿ ਜਸਲੀਨ ਕੌਰ ਪੁੱਤਰੀ ਨਛੱਤਰ ਸਿੰਘ-ਸੁਰਜੀਤ ਕੌਰ ਜੀ ਐੱਨ ਐੱਮ ਤੇ ਅਮਨਪ੍ਰੀਤ ਕੌਰ ਰਾਏ ਪੁੱਤਰੀ ਹਰਵਿੰਦਰ ਸਿੰਘ-ਮਨਜੀਤ ਕੌਰ ਬੀ ਐੱਸ ਸੀ ਨਰਸਿੰਗ ਤੀਜਾ ਸਾਲ ਨੇ ਕਲਾਸ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ 40-40 ਹਜ਼ਾਰ ਰੁਪਏ ਦੀ ਸਕਾਲਰਸ਼ਿਪ ਪ੍ਰਾਪਤ ਕੀਤੀ। ਸਕਾਲਰਸ਼ਿਪ ਜੇਤੂ ਵਿਦਿਆਰਥੀਆਂ ਵੱਲੋਂ ਵੀ ਕਾਲਜ ਪ੍ਰਬੰਧਕਾਂ ਦਾ ਸਕਾਲਰਸ਼ਿੱਪ ਪ੍ਰਦਾਨ ਕਰਕੇ ਉਹਨਾਂ ਦੀ ਹੌਂਸਲਾ ਅਫਜ਼ਾਈ ਕਰਨ ਲਈ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਟਰੱਸਟ ਮੈਂਬਰ ਦਵਿੰਦਰ ਸਿੰਘ ਢਿੱਲੋਂ, ਵਨੀਤਾ ਚੋਟ ਪ੍ਰਿੰਸੀਪਲ ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਡਾਇਰੈਕਟਰ ਹਿਊਮਨ ਰਿਸੋਰਸ ਹੁਨਰਦੀਪ ਸਿੰਘ ਬਰਾੜ, ਦਫ਼ਤਰ ਸੁਪਰਡੈਂਟ ਮਹਿੰਦਰਪਾਲ ਸਿੰਘ, ਸਮੂਹ ਕਾਲਜ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



# ਬੋਰਵੈੱਲ 'ਚ ਡਿੱਗੇ ਬੱਚੇ ਨੂੰ ਬਚਾਉਣ 'ਤੇ ਮਨਜੋਤ ਸਿੰਘ ਤਲਵੰਡੀ ਸਨਮਾਨਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਪਿਛਲੇ ਦਿਨੀਂ ਜੋ ਪਿੰਡ ਚੱਕ ਸਮਾਣਾ ਕੁੱਲੀਆ ਵਿਖੇ 3 ਸਾਲ ਦੇ ਬੱਚੇ ਵੰਸ਼ ਦੇ ਬੋਰਵੈੱਲ ਵਿੱਚ ਡਿੱਗਣ 'ਤੇ ਪ੍ਰਮਾਤਮਾ ਦੀ ਮਿਹਰ ਨਾਲ ਤੇ ਬਾਬਾ ਦੀਪ ਸਿੰਘ ਸੇਵਾ ਦਲ ਗੜ੍ਹਦੀਵਾਲ ਤੇ ਪ੍ਰਸ਼ਾਸਨ ਦੀਆਂ ਮੁਸਤੈਦ ਕੋਸ਼ਿਸ਼ਾਂ ਨਾਲ ਬੱਚੇ ਨੂੰ ਸਹੀ-ਸਲਾਮਤ ਬਾਹਰ ਕੱਢ ਲਿਆ ਗਿਆ ਸੀ। ਇਸ ਮਹਾਨ ਕਾਰਜ ਵਿੱਚ ਬੇਅੰਤ ਸੇਵਾਵਾਂ ਅਤੇ ਸਹਿਯੋਗ ਕਰਨ ਵਾਲੇ ਸੇਵਾ ਦਲ ਬਾਬਾ ਦੀਪ ਸਿੰਘ ਕਲੱਬ ਦੇ ਮੁੱਖ ਸੇਵਾਦਾਰ ਭਾਈ ਮਨਜੋਤ ਸਿੰਘ ਤਲਵੰਡੀ ਦਾ ਸਮਾਜ ਸੇਵੀ ਸੰਸਥਾ ਕੈਸ਼ ਲੈਸ ਟਾਂਡਾ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਸੰਸਥਾ ਦੇ ਮੁੱਖ ਸੰਸਥਾਪਕ ਰਵੀ ਜੰਬਾ ਤੇ ਪ੍ਰਧਾਨ ਅਮਰਦੀਪ ਸਿੰਘ ਦੀ ਅਗਵਾਈ ਹੇਠ ਕੀਤੇ ਗਏ ਸਨਮਾਨ ਸਮਾਰੋਹ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਐਡਵੋਕੇਟ ਗੁਰਵੀਰ ਸਿੰਘ ਚੋਟਾਲਾ, ਐਡਵੋਕੇਟ ਜੇਮਸ, ਮਨਦੀਪ ਪਲਟਾ, ਇੰਦਰਜੀਤ, ਗੋਪਾ ਜੰਬਾ, ਸੇਵਾ ਮੁਕਤ ਡੀ ਐਸ.ਪੀ ਹਰਲੀਨ ਸਿੰਘ, ਲੱਖਵਿੰਦਰ ਸਿੰਘ, ਬੰਟੀ ਸਹੋਤਾ, ਆਕਾਸ਼ ਪੱਟੀ, ਲਖਵਿੰਦਰ ਸਿੰਘ ਮੁਲਤਾਨੀ, ਦਮਨ ਝਾਂਸ ਵੀ ਹਾਜ਼ਰ ਸਨ।



# ਕੁਲਵਿੰਦਰ ਸਿੰਘ ਜੌਹਲ ਦੇ ਲੈਸਟਰ 'ਚ ਸਿੱਖ ਲਾਰਡ ਮੇਅਰ ਬਣਨ 'ਤੇ ਤੇਹਿੰਗ 'ਚ ਖ਼ੁਸ਼ੀ ਦੀ ਲਹਿਰ



**ਫਿਲੌਰ (ਨਿਰਮਲ)**-ਇੰਗਲੈਂਡ ਦੇ ਮਿੰਨੀ ਭਾਰਤ ਵਜੋਂ ਜਾਣੇ ਜਾਂਦੇ ਪ੍ਰਸਿੱਧ ਸ਼ਹਿਰ ਲੈਸਟਰ ਦੀ ਸਿਆਸਤ ਦੇ ਇਤਿਹਾਸ ਵਿਚ ਪਹਿਲੀ ਵਾਰ ਇੱਕ ਗੁਰਸਿੱਖ ਅੰਮ੍ਰਿਤਧਾਰੀ ਪੰਜਾਬੀ ਸਿੱਖ ਨੂੰ ਸਿਟੀ ਕੌਂਸਲ ਦਾ ਲਾਰਡ ਮੇਅਰ ਬਣਨ ਦਾ ਮਾਣ ਪ੍ਰਾਪਤ ਹੋਇਆ ਹੈ। ਕੁਲਵਿੰਦਰ ਸਿੰਘ ਜੌਹਲ ਨੇ ਲੈਸਟਰ ਦੇ ਪਹਿਲੇ ਪੂਰਨ ਗੁਰਸਿੱਖ ਲਾਰਡ ਮੇਅਰ ਵਜੋਂ ਅਹੁਦਾ ਸੰਭਾਲ ਲਿਆ। ਇਸ ਮੌਕੇ ਪੰਜਾਬੀ ਤੇ ਸਿੱਖ ਭਾਈਚਾਰੇ ਵਿੱਚ ਖ਼ੁਸ਼ੀ ਅਤੇ ਮਾਣ ਦਾ ਮਾਹੌਲ ਦੇਖਣ ਨੂੰ ਮਿਲਿਆ। ਕੁਲਵਿੰਦਰ ਸਿੰਘ ਜੌਹਲ ਦਾ ਸਬੰਧ ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਫਿਲੌਰ ਨੇੜਲੇ ਪਿੰਡ ਤੇਹਿੰਗ ਨਾਲ ਹੈ। ਉਹ ਛੋਟੀ ਉਮਰ ਵਿਚ ਆਪਣੇ ਪਰਵਾਰ ਨਾਲ ਇੰਗਲੈਂਡ ਆ ਵਸੇ ਸਨ।ਉਨ੍ਹਾਂ ਦੇ ਪਿਤਾ ਜਸਵੀਰ ਸਿੰਘ ਜੌਹਲ ਤੇ ਮਾਤਾ ਤਰਸੇਮ ਕੌਰ ਜੌਹਲ ਨੇ ਉਨ੍ਹਾਂ ਨੂੰ ਮਿਹਨਤ ਤੇ ਲੋਕ ਸੇਵਾ ਦੇ ਸੰਸਕਾਰ ਦਿੱਤੇ। ਉਨ੍ਹਾਂ ਨੇ ਆਪਣੀ ਪੜ੍ਹਾਈ ਲੈਸਟਰ 'ਚ ਪੂਰੀ ਕੀਤੀ ਤੇ ਬਾਅਦ 'ਚ ਰਸਲ ਕਾਸਟਿੰਗਜ਼ ਕੰਪਨੀ 'ਚ ਲਗਭਗ 25 ਸਾਲ ਕੰਮ ਕੀਤਾ। ਕੰਮ ਦੌਰਾਨ ਉਹ ਮਜ਼ਦੂਰਾਂ ਦੇ ਹੱਕਾਂ ਲਈ ਵੀ ਆਵਾਜ਼ ਚੁੱਕਦੇ ਰਹੇ। ਉਹ ਲੰਮੇ ਸਮੇਂ ਤੋਂ ਲੋਕ ਭਲਾਈ ਦੇ ਕੰਮਾਂ ਨਾਲ ਜੁੜੇ ਰਹੇ ਹਨ। ਕੁਲਵਿੰਦਰ ਸਿੰਘ ਜੋਹਲ ਦੇ ਯੂ ਕੇ ਵਿਚ ਲਾਰਡ ਮੇਅਰ ਬਣਨ ਤੇ ਉਨ੍ਹਾਂ ਦੇ ਜੱਦੀ ਪਿੰਡ ਤੇਹਿੰਗ ਵਿਖੇ ਪਿੰਡ ਵਾਸੀਆਂ ਵੱਲੋਂ ਖ਼ੁਸ਼ੀ ਮਨਾਈ ਅਤੇ ਲੱਡੂ ਵੰਡੇ।ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੁਲਵਿੰਦਰ ਸਿੰਘ ਨੇ ਸਾਡੇ ਪਿੰਡ ਦਾ ਨਾਂਅ ਵਿਦੇਸ਼ 'ਚ ਰੋਸ਼ਨ ਕੀਤਾ ਹੈ।

# 105 ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ 342 ਉਮੀਦਵਾਰ ਚੋਣ ਮੈਦਾਨ 'ਚ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਜ਼ਿਲ੍ਹੇ ਵਿੱਚ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਲਈ 105 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਵਾਪਸ ਲੈਣ ਤੋਂ ਬਾਅਦ 342 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਹਨ।ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਜਲੰਧਰ ਦਿਵਿਆ ਪੀ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਉਪਰੰਤ 447 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਯੋਗ ਪਾਏ ਗਏ ਸਨ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਆਦਮਪੁਰ ਤੋਂ 9, ਨਗਰ ਕੌਂਸਲ ਕਰਤਾਰਪੁਰ ਤੋਂ 5, ਨਗਰ ਕੌਂਸਲ ਨਕੋਦਰ ਤੋਂ 33, ਨਗਰ ਕੌਂਸਲ ਨੂਰਮਹਿਲ ਤੋਂ 23 ਅਤੇ ਨਗਰ ਕੌਂਸਲ ਫਿਲੌਰ ਤੋਂ 5 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਵਾਪਸ ਲਏ ਗਏ ਹਨ। ਜਦਕਿ ਨਗਰ ਪੰਚਾਇਤ ਮਹਿਤਪੁਰ ਤੋਂ 16 ਤੇ ਨਗਰ ਪੰਚਾਇਤ ਲੋਹੀਆਂ ਖਾਸ ਤੋਂ 14 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਵਾਪਸ ਲਏ ਹਨ।ਜ਼ਿਕਰਯੋਗ ਹੈ ਕਿ ਨਗਰ ਕੌਂਸਲ ਆਦਮਪੁਰ ਦੇ 13, ਨਗਰ ਕੌਂਸਲ ਕਰਤਾਰਪੁਰ ਦੇ 15, ਨਗਰ ਕੌਂਸਲ ਨਕੋਦਰ ਦੇ 17, ਨਗਰ ਕੌਂਸਲ ਨੂਰਮਹਿਲ ਦੇ 13, ਨਗਰ ਕੌਂਸਲ ਫਿਲੌਰ ਦੇ 15 ਅਤੇ ਨਗਰ ਪੰਚਾਇਤ ਮਹਿਤਪੁਰ ਤੇ ਲੋਹੀਆਂ ਖਾਸ ਦੇ 13-13 ਵਾਰਡ ਹਨ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਚੋਣਾਂ ਲਈ ਵੋਟਾਂ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

# ਸੰਤ ਬਾਬਾ ਬਾਜਾ ਰਾਮ ਮਹਾਰਾਜ ਦੀ ਯਾਦ 'ਚ ਸਾਲਾਨਾ ਧਾਰਮਿਕ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**

ਨਵਾਂ ਬੱਸ ਸਟੈਂਡ ਮਾਹਿਲਪੁਰ ਦੇ ਨਜ਼ਦੀਕ ਕੁਟੀਆ ਸੰਤ ਬਾਬਾ ਮੇਲਾ ਰਾਮ ਜੀ ਵਿਖੇ ਡੇਰੇ ਦੇ ਸੰਚਾਲਕ ਸੰਤ ਬਾਬਾ ਹਰੀ ਓਮ ਵੱਲੋਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਧੰਨ-ਧੰਨ ਸੰਤ ਬਾਬਾ ਬਾਜਾ ਰਾਮ ਮਹਾਰਾਜ ਦੀ ਯਾਦ ਵਿੱਚ ਸਲਾਨਾ ਧਾਰਮਿਕ ਸਮਾਗਮ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾ ਪਾਠ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਰਾਗੀ ਸਿੰਘਾਂ ਨੇ ਗੁਰਬਾਣੀ ਦਾ ਗੁਣ ਗਾਇਨ ਕਰਕੇ ਸੰਗਤਾਂ ਨੂੰ ਉਸ ਸਰਵ ਸ਼ਕਤੀਮਾਨ ਪਰਮਾਤਮਾ ਦੇ ਚਰਨਾਂ ਨਾਲ ਜੋੜਿਆ, ਜੋ ਇਸ ਬ੍ਰਹਿਮੰਡ ਦੇ ਕਣ ਕਣ ਵਿੱਚ ਮੌਜੂਦ ਹੋ ਕੇ ਸਭਨਾ ਜੀਵਾਂ ਦੀ ਪ੍ਰਤਿਪਾਲਣਾ ਕਰ ਰਿਹਾ ਹੈ। ਇਸ ਮੌਕੇ ਵੱਖ-ਵੱਖ ਸੰਪਰਦਾਵਾਂ ਤੋਂ ਹਾਜ਼ਰ ਸੰਤਾਂ ਮਹਾਂਪੁਰਸ਼ਾਂ ਨੇ ਧਾਰਮਿਕ ਪ੍ਰਵਚਨ ਕੀਤੇ ਅਤੇ ਸੰਤ ਬਾਬਾ ਬਾਜਾ ਰਾਮ ਮਹਾਰਾਜ ਦੇ ਪਰਉਪਕਾਰੀ ਕਾਰਜਾਂ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ। ਸਮਾਗਮ ਦੇ ਅਖੀਰ ਵਿੱਚ ਪ੍ਰਵਚਨ ਕਰਦਿਆਂ ਸੰਤ ਬਾਬਾ ਹਰੀ ਓਮ ਮਹਾਰਾਜ ਨੇ ਕਿਹਾ ਕਿ ਸੰਤ ਬਾਬਾ ਬਾਜਾ ਰਾਮ ਮਹਾਰਾਜ ਦਾ ਜੀਵਨ ਇਕਾਂਤਮਈ- ਸ਼ਾਂਤਮਈ ਅਤੇ ਵੈਰਾਗਮਈ ਸੀ। ਉਹਨਾਂ ਨੇ ਹਮੇਸ਼ਾ ਹੀ ਆਪਣੇ ਦਰਬਾਰ ਤੇ ਆਈਆਂ ਸੰਗਤਾਂ ਨੂੰ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਊਣ ਦਾ ਸੰਦੇਸ਼ ਦਿੱਤਾ। ਇਸ ਦੇ ਨਾਲ ਉਹਨਾਂ ਨੇ ਹਮੇਸ਼ਾ ਹੀ ਸੰਗਤਾਂ ਨੂੰ ਵੱਧ ਤੋਂ ਵੱਧ ਗਿਆਨਵਾਨ ਅਤੇ ਵਿਵੇਕਸ਼ੀਲ ਬਣ ਕੇ ਦੇਸ਼ ਤੇ ਕੌਮ ਦੀ ਸੇਵਾ ਕਰਨ ਲਈ ਵੀ ਪ੍ਰੇਰਿਆ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਚੱਲੇ। ਸੰਤਾਂ ਮਹਾਂਪੁਰਸ਼ਾਂ ਦੀ ਪੰਗਤ ਵਿੱਚ ਮਹਾਂਪੁਰਸ਼ਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਤ ਜਸਵੰਤ ਸਿੰਘ, ਸੰਤ ਟਹਿਲ ਨਾਥ, ਸੰਤ ਸੁਰਜੀਤ ਸਿੰਘ, ਸੰਤ ਬੀਬੀ ਗੁਰਿੰਦਰ ਕੌਰ ਬਾਹੋਵਾਲ, ਸੰਤ ਅਜਮੇਰ ਸਿੰਘ ਬਾੜੀਆਂ, ਸੰਤ ਕਪੂਰ ਦਾਸ, ਸੰਤ ਸਰਬਜੀਤ ਸਿੰਘ ਸਮੇਤ ਇਲਾਕੇ ਦੇ ਸੰਤ ਮਹਾਂਪੁਰਸ਼, ਮਾਹਿਲਪੁਰ ਦੀਆਂ ਸੰਗਤਾਂ ਤੇ ਇਸ ਡੇਰੇ ਤੇ ਆਉਂਦੀਆਂ ਸ਼ਰਧਾਲੂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਸਫਾਈ ਕਰਮਚਾਰੀਆਂ ਦੀ ਹੜਤਾਲ 15ਵੇਂ ਦਿਨ 'ਚ ਦਾਖਲ

**ਫਿਲੌਰ (ਨਿਰਮਲ)**-ਫਿਲੌਰ ਵਿਖੇ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਜੋ ਹੜਤਾਲ ਕੀਤੀ ਗਈ ਹੈ ਉਹ ਅੱਜ 15ਵੇਂ ਦਿਨ ਵਿੱਚ ਦਾਖਿਲ ਹੋ ਗਈ ਹੈ ਜਿਸ ਕਾਰਨ ਸੜਕਾਂ ਕੰਢੇ ਗਲੀਆਂ ਵਿੱਚ ਗੰਦਗੀ ਦੇ ਢੇਰ ਲੱਗੇ ਹੋਏ ਹਨ। ਸ਼ਹਿਰ ਨਿਵਾਸੀਆਂ ਦਾ ਕਹਿਣਾ ਹੈ ਕਿ ਸਫਾਈ ਨਾ ਹੋਣ ਕਾਰਨ ਸ਼ਹਿਰ ਵਿੱਚ ਬਿਮਾਰੀ ਫੈਲਣ ਦਾ ਖਤਰਾ ਵਧ ਗਿਆ ਹੈ। ਸ਼ਹਿਰ ਨਿਵਾਸੀਆਂ ਦੀ ਸਰਕਾਰ ਤੋਂ ਪੁਰਜ਼ੋਰ ਮੰਗ ਹੈ ਕਿ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਮੰਨ ਕੇ ਤੁਰੰਤ ਹੜਤਾਲ ਖਤਮ ਕਰਵਾਈ ਜਾਵੇ ਤਾਂ ਜੋ ਸ਼ਹਿਰ ਵਿੱਚ ਸਫਾਈ ਦਾ ਕੰਮ ਮੁੜ ਸ਼ੁਰੂ ਹੋ ਜਾਵੇ। ਕੱਚੇ ਕਰਮਚਾਰੀ ਪੱਕੇ ਕੀਤੇ ਜਾਣ ,ਠੇਕੇਦਾਰੀ ਪ੍ਰਥਾ ਬੰਦ ਕੀਤੀ ਜਾਵੇ, ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ।



# ਬਲੱਡ ਡੋਨੇਸ਼ਨ ਜਾਗਰੂਕਤਾ ਸੈਮੀਨਾਰ ਕਰਵਾਇਆ

**ਫਗਵਾੜਾ (ਡਾ ਰਮਨ)**

ਅੱਜ ਦੀ ਤੇਜ਼ ਰਫ਼ਤਾਰ ਜ਼ਿੰਦਗੀ ਚ ਬਹੁਤ ਸਾਰੇ ਰੋਡ ਐਕਸੀਡੈਂਟ ਅਕਸਰ ਵੇਖਣ ਨੂੰ ਮਿਲਦੇ ਹਨ ਜਿਸ ਦੌਰਾਨ ਬਹੁਤ ਜ਼ਿਆਦਾ ਖ਼ੂਨ ਵਹਿ ਜਾਣ ਕਾਰਣ ਜ਼ਿੰਦਗੀ ਖਤਰੇ 'ਚ ਪੈ ਜਾਂਦੀ ਹੈ ਅਤੇ ਖ਼ੂਨ ਦੀ ਲੋੜ ਪੈਂਦੀ ਹੈ। ਅਜਿਹੇ ਹਾਲਾਤਾਂ ਚ ਸਵੈ



ਇੱਛੁਕ ਖ਼ੂਨਦਾਨੀ ਅਪਣਾ ਖ਼ੂਨਦਾਨ ਕਰ ਉਨ੍ਹਾਂ ਅਨਮੋਲ ਜ਼ਿੰਦਗੀਆਂ ਲਈ ਵਰਦਾਨ ਸਾਬਿਤ ਹੁੰਦੇ ਹਨ ਤੇ ਕੁਝ ਲੋਕ ਖ਼ੂਨ ਦਾਨ ਕਰ ਤਾਂ ਸਕਦੇ ਹਨ ਪਰ ਉਹ ਖ਼ੂਨਦਾਨ ਪ੍ਰਤੀ ਜਾਣਕਾਰੀ ਨਾ ਹੋਣ ਕਾਰਣ ਵਾਂਝੇ ਰਹਿ ਜਾਂਦੇ ਹਨ। ਅਜਿਹੇ ਲੋਕਾ ਨੂੰ ਜਾਗਰੂਕ ਕਰਨ ਦੇ ਉਦੇਸ਼ ਸਦਕਾ ਲਾਈਫ ਲਾਈਨ ਬਲੱਡ ਡੋਨਰਜ ਕੱਲਬ ਰਜਿ. ਫਗਵਾੜਾ ਵੱਲੋਂ ਪ੍ਰਧਾਨ ਡਾ. ਰਮਨ ਸ਼ਰਮਾ ਦੀ ਯੋਗ ਅਗਵਾਈ ਤੇ ਪ੍ਰੋਫੈਸ਼ਨਲ ਸਕੂਲ ਆਫ਼ ਬਿਊਟੀ ਬਾਰਬਰਿੰਗ ਦੇ ਡਾਇਰੈਕਟਰ ਵੰਦਨਾ ਗੋਇਲ ਤੇ ਸਤਵੀਰ ਸੈਣੀ ਦੀ ਸੁਚੱਜੀ ਦੇਖ ਰੇਖ ਹੇਠ ਪ੍ਰੋਫੈਸ਼ਨਲ ਸਕੂਲ ਆਫ਼ ਬਿਊਟੀ ਬਾਰਬਰਿੰਗ ਹਰਗੋਬਿੰਦ ਨਗਰ ਫਗਵਾੜਾ ਵਿਖੇ ਖ਼ੂਨਦਾਨ ਪ੍ਰਤੀ ਵਿਦਿਆਰਥੀ 'ਚ ਜਾਗਰੂਕਤਾ ਪੈਦਾ ਹੋਵੇ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸਿਵਲ ਹਸਪਤਾਲ ਫਗਵਾੜਾ ਦੇ ਬੀ ਟੀ ਓ ਡਾ ਸੁਰਚੀ ਮੰਗਲ ਵਿਸ਼ੇਸ਼ ਤੌਰ ਤੇ ਮੁੱਖ ਬੁਲਾਰੇ ਵਜੋਂ ਸ਼ਾਮਿਲ ਹੋਏ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਖ਼ੂਨ ਕੀ ਹੈ ਬਾਰੇ ਦਸਦਿਆਂ ਆਖਿਆ ਕਿ ਇਹ ਇੱਕ ਲਾਲ ਤਰਲ ਪਦਾਰਥ ਸਰੀਰਕ ਅੰਗਾਂ ਨੂੰ ਆਕਸੀਜਨ ਅਤੇ ਹੋਰ ਪੌਸ਼ਟਿਕ ਪਦਾਰਥ ਪਹੁੰਚਾਉਣ ਦਾ ਕੰਮ ਕਰਦਾ ਹੈ। ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਬੱਲਡ ਡੋਨੈਸ਼ਨ ਦੇ ਹਰ ਪਹਿਲੂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਵਿਦਿਆਰਥੀਆਂ ਨੂੰ ਬੱਲਡ ਡੋਨੈਸ਼ਨ ਜਾਗਰੂਕਤਾ ਸੰਬੰਧੀ ਲੀਫਲੈਟ ਵੀ ਵੰਡੇ ਗਏ।

# ਲਿੰਕ ਸੜਕ ਦੀ ਖ਼ਸਤਾ ਹਾਲਤ, ਪ੍ਰੀਮਿਕਸ ਪਾਉਣ ਦੀ ਮੰਗ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਖਾਨਪੁਰ ਤੋਂ ਸਾਧੋਵਾਲ ਵਾਇਆ ਬੀਰਮਪੁਰ ਜਾਣ ਵਾਲੀ ਲਿੰਕ ਸੜਕ ਪਿੱਛਲੇ ਸਮੇ ਤੋ ਪੂਰੀ ਤਰ੍ਹਾਂ ਟੁੱਟ ਚੁੱਕੀ ਸੀ। ਪ੍ਰਸ਼ਾਸਨ ਵਲੋਂ ਇਸ ਸੜਕ 'ਤੇ ਪਿੱਛਲੇ ਕਰੀਬ 2 ਮਹੀਨੇ ਤੋ ਪੱਥਰ ਪਾ ਕੇ ਛੱਡਿਆ ਹੋਇਆ ਹੈ ਜਿਸ ਕਰਕੇ ਇਸ ਸੜਕ ਤੋਂ ਲੰਘਣ ਵਾਲਿਆਂ ਲਈ ਸਮੱਸਿਆ ਬਣੀ ਹੋਈ ਹੈ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਹਨਾਂ ਸੜਕਾਂ ਤੋਂ ਸਕੂਲ ਦੇ ਬੱਚਿਆਂ ਦਾ ਆਨਾ ਜਾਣਾ ਬਣਿਆ ਰਹਿੰਦਾ ਹੈ ਪਰ ਕਰੀਬ ਦੋ ਮਹੀਨੇ ਤੋਂ ਪਹਿਲਾਂ ਇਹ ਸੜਕ ਤੇ ਪੱਥਰ ਪਾ ਕੇ ਇਸ ਨੂੰ ਛੱਡ ਦਿੱਤਾ ਗਿਆ ਹੈ ਤੇ ਪ੍ਰਸ਼ਾਸਨ ਦੇ ਦੱਸਣ ਮੁਤਾਬਕ ਠੇਕੇਦਾਰਾਂ ਵੱਲੋਂ ਜਲਦ ਹੀ ਪ੍ਰੀਮਿਕਸ ਪਾ ਦੇਣ ਲਈ ਕਿਹਾ ਗਿਆ ਸੀ ਪਰ ਏਨਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੜਕ ਦੀ ਹਾਲਤ ਜੀਉ ਦੀ ਤੀਓ ਹੈ। ਇਲਾਕੇ ਦੇ ਲੋਕਾਂ ਨੇ ਮੰਗ ਕੀਤੀ ਕਿ ਜਲਦ ਹੀ ਇਸ ਲਿੰਕ ਸੜਕ ਤੇ ਪ੍ਰੀਮਿਕਸ ਪਾ ਕੇ ਲੋਕਾਂ ਨੂੰ ਸਹੂਲਤ ਦਿੱਤੀ ਜਾਵੇ। ਮੌਕੇ ਤੋਂ ਮਿਲੀ ਤਸਵੀਰ 'ਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਸੜਕ ਦੇ ਉੱਪਰ ਪੱਥਰ ਦੀ ਪਰਤ ਪੂਰੀ ਤਰ੍ਹਾਂ ਉੱਖੜ ਚੁੱਕੀ ਹੈ। ਹਾਲਾਤ ਇਹ ਹਨ ਕਿ ਦੋ-ਪਹੀਆ ਵਾਹਨ ਤਾਂ ਦੂਰ, ਚਾਰ ਪਹੀਆ ਵਾਹਨਾਂ ਦਾ ਨਿਕਲਣਾ ਵੀ ਔਖਾ ਹੋ ਗਿਆ ਹੈ। ਰੋਜ਼ਾਨਾ ਇਸ ਸੜਕ ਤੋਂ ਲੰਘਣ ਵਾਲੇ ਸਕੂਲੀ ਬੱਚੇ, ਕਿਸਾਨ, ਮਜ਼ਦੂਰ ਅਤੇ ਮਰੀਜ਼ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹਨ।ਸਾਧੋਵਾਲ ਤੋ ਸਾਬਕਾ ਸਰਪੰਚ ਹਰਪ੍ਰੀਤ ਸਿੰਘ, ਬੀਰਮਪੁਰ ਤੋ ਅਵਤਾਰ ਸਿੰਘ, ਦਵਿੰਦਰ ਸਿੰਘ, ਅਤੇ ਖਾਨਪੁਰ ਤੋ ਹਰਮੇਸ਼ ਲਾਲ ਦਾ ਕਹਿਣਾ ਹੈ ਕਿ ਇਹ ਸੜਕ ਖ਼ਾਨਪੁਰ, ਸਾਧੋਵਾਲ ਤੇ ਬੀਰਮਪੁਰ ਪਿੰਡਾਂ ਨੂੰ ਜੋੜਨ ਵਾਲਾ ਮੁੱਖ ਰਸਤਾ ਹੈ। ਪਿਛਲੇ ਕਈ ਸਾਲਾਂ ਤੋਂ ਇਸ ਸੜਕ ਦੀ ਮੁਰੰਮਤ ਨਹੀਂ ਹੋਈ। ਬਰਸਾਤ ਦੇ ਦਿਨਾਂ 'ਚ ਸਥਿਤੀ ਹੋਰ ਵੀ ਗੰਭੀਰ ਹੋ ਜਾਂਦੀ ਹੈ। ਇਸ ਸਬੰਧੀ ਵਿਭਾਗ ਦੇ ਐੱਸ ਡੀ ਓ ਅਮਨਦੀਪ ਮਹਿਰਾ ਨੇ ਕਿਹਾ ਕਿ ਜਲਦੀ ਇਸ ਸੜਕ ਤੇ ਪ੍ਰੀਮਿਕਸ ਪਾ ਕੇ ਇਸ ਸੜਕ ਦਾ ਨਵੀਨੀਕਰਨ ਕੀਤਾ ਜਾਵੇਗਾ।

# ਸ਼੍ਰੋਮਣੀ ਅਕਾਲੀ ਦਲ (ਬ) ਦੀ ਮੀਟਿੰਗ

**ਫਗਵਾੜਾ (ਡਾ. ਰਮਨ)**

ਸ਼੍ਰੋਮਣੀ ਅਕਾਲੀ ਦਲ (ਬ) ਦੇ ਫਗਵਾੜਾ ਵਿਧਾਨਸਭਾ ਹਲਕਾ (ਸ਼ਹਿਰੀ) ਇੰਚਾਰਜ ਰਣਜੀਤ ਸਿੰਘ ਖੁਰਾਣਾ (ਕੋਰ ਕਮੇਟੀ ਮੈਂਬਰ, ਇੰਡਸਟਰੀ ਅਤੇ ਵਪਾਰ ਵਿੰਗ, ਪੰਜਾਬ) ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਹਦਾਇਤਾਂ ਮੁਤਾਬਕ ਬੂਥ ਪੱਧਰ 'ਤੇ ਕਮੇਟੀਆਂ ਦਾ ਗਠਨ



ਕਰਨ ਸੰਬੰਧੀ ਵਿਚਾਰ ਵਟਾਂਦਰੇ ਲਈ ਸ਼ਹਿਰ ਦੇ ਸਰਕਲ ਸਤਨਾਮਪੁਰਾ ਜੋਨ 4 ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਖੁਰਾਣਾ ਨੇ ਦੱਸਿਆ ਕਿ ਮੀਟਿੰਗ 'ਚ 28 ਬੂਥਾਂ ਦੀਆਂ ਕਮੇਟੀਆਂ ਦੇ ਗਠਨ ਸਬੰਧੀ ਵਿਚਾਰਾਂ ਹੋਈਆਂ ਹਨ। ਜਿਹਨਾਂ ਵਿੱਚ ਵਾਰਡ ਪ੍ਰਧਾਨ, ਐੱਸ ਸੀ ਵਿੰਗ, ਬੀ ਸੀ ਵਿੰਗ, ਇੰਡਸਟਰੀ ਵਿੰਗ, ਵਪਾਰ ਵਿੰਗ, ਯੂਥ ਵਿੰਗ ਅਤੇ ਇਸਤਰੀ ਵਿੰਗ ਦੇ ਮੈਂਬਰ ਸ਼ਾਮਲ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਜੋਨ ਨੰਬਰ 4 ਅਧੀਨ ਆਉਂਦੇ ਵਾਰਡਾਂ ਵਿੱਚ ਬੂਥ ਕਮੇਟੀਆਂ ਦਾ ਐਲਾਨ ਜਲਦ ਕਰ ਦਿੱਤਾ ਜਾਵੇਗਾ।ਉਹਨਾਂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀਆਂ ਹਦਾਇਤਾਂ ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ ਦੇ ਮੱਦੇਨਜਰ ਪਾਰਟੀ ਨੂੰ ਬੂਥ ਪੱਧਰ 'ਤੇ ਮਜਬੂਤ ਕਰਨ ਲਈ ਦਿਨ-ਰਾਤ ਇੱਕ ਕੀਤਾ ਜਾਵੇਗਾ ਤਾਂ ਜੋ ਸੂਬੇ ਵਿੱਚ ਪੰਥ ਅਤੇ ਪੰਜਾਬ ਦੇ ਰਾਖੇ ਸ਼੍ਰੋਮਣੀ ਅਕਾਲੀ ਦਲ (ਬ) ਦੀ ਅਗਲੀ ਸਰਕਾਰ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਮੌਕੇ ਸਾਬਕਾ ਕੌਂਸਲਰ ਬੀਬੀ ਸਰਬਜੀਤ ਕੌਰ, ਸੁਖਵਿੰਦਰ ਸਿੰਘ ਕੰਬੋਜ, ਹਰਵਿੰਦਰ ਸਿੰਘ ਵਾਲੀਆਂ, ਪ੍ਰਿਤਪਾਲ ਸਿੰਘ ਮੰਗਾ, ਦਵਿੰਦਰ ਸਿੰਘ (ਅਜੀਤ ਸਟੂਡੀਓ), ਬਹਾਦਰ ਸਿੰਘ ਸੰਗਤਪੁਰ, ਜੋਗਿੰਦਰ ਸਿੰਘ ਜਗਦੇਵ, ਰਣਜੀਤ ਸਿੰਘ, ਸਰਬਜੀਤ ਸਿੰਘ ਕਾਕਾ ਪ੍ਰਧਾਨ, ਨਿਰਵੈਰ ਸਿੰਘ, ਗਿਆਨ ਸਿੰਘ ਚਾਨਾ, ਨਰਿੰਦਰ ਸਿੰਘ ਗੋਲਡੀ, ਰੋਹਿਤਪਾਲ , ਹਰਦੀਪ ਸਿੰਘ ਭੰਮਰਾ, ਰਵਨੀਤ ਸਿੰਘ ਭੰਮਰਾ, ਅਵਤਾਰ ਚੰਦ, ਜਸਵਿੰਦਰ ਸਿੰਘ ਭਗਤਪੁਰਾ, ਗੁਰਵਿੰਦਰ ਸਿੰਘ, ਆਸੂ ਛਾਬੜਾ, ਅਵਤਾਰ ਸਿੰਘ ਪੰਮਾ, ਮੁਖਤਿਆਰ ਸਿੰਘ, ਇੰਦਰਪਾਲ, ਰਾਜਵਿੰਦਰ ਸਿੰਘ, ਧਰਮਿੰਦਰ ਸਿੰਘ ਆਦਿ ਹਾਜ਼ਰ ਸਨ।

# ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਗਰੂਕ ਕੈਂਪ

**ਨਵਾਂ ਸ਼ਹਿਰ (ਮਨੋਜ ਲਾਡੀ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ-ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਸ਼ਹੀਦ ਭਗਤ ਸਿੰਘ ਨਗਰ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੇ ਆਈ ਸੀ ਏ ਆਰ-ਅਟਾਰੀ ਦੀ ਅਗਵਾਈ ਹੇਠ ਸਕੂਲ ਆਫ਼ ਐਮੀਨੈਂਸ ਵਿਖੇ 'ਖਾਦਾਂ ਦੀ ਸੰਤੁਲਿਤ ਵਰਤੋਂ' ਵਿਸ਼ੇ 'ਤੇ ਇੱਕ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਵਿੱਚ ਕੁੱਲ 108 ਪੇਂਡੂ ਨੌਜਵਾਨਾਂ ਨੇ ਸਰਗਰਮੀ ਨਾਲ ਹਿੱਸਾ ਲਿਆ।ਡਾ. ਪ੍ਰਦੀਪ ਕੁਮਾਰ, ਐਸੋਸੀਏਟ ਡਾਇਰੈਕਟਰ (ਸਿਖਲਾਈ) ਨੇ ਏਕੀਕ੍ਰਿਤ ਪੌਸ਼ਟਿਕ ਪ੍ਰਬੰਧਨ (ਆਈ ਐੱਨ ਐਮ) ਰਾਹੀਂ ਸੰਤੁਲਿਤ ਖਾਦ ਦੀ ਵਰਤੋਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਮਿੱਟੀ ਦੀ ਉਪਜਾਊ ਸ਼ਕਤੀ ਬਣਾਈ ਰੱਖਣ ਅਤੇ ਟਿਕਾਊ ਖੇਤੀਬਾੜੀ ਉਤਪਾਦਕਤਾ ਨੂੰ ਯਕੀਨੀ ਬਣਾਉਣ ਲਈ ਜੈਵਿਕ ਖਾਦਾਂ ਅਤੇ ਜੈਵਿਕ-ਖਾਦਾਂ ਦੀ ਵਰਤੋਂ ਨੂੰ ਉਤਸ਼ਾਹਿਤ ਕੀਤਾ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਮਨੁੱਖੀ ਸਿਹਤ ਦੀ ਰੱਖਿਆ ਲਈ ਮਿੱਟੀ ਦੀ ਸਿਹਤ ਦੀ ਰੱਖਿਆ ਜ਼ਰੂਰੀ ਹੈ।ਡਾ. ਰਾਜਿੰਦਰ ਕੌਰ, ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਪੇਂਡੂ ਕੁੜੀਆਂ ਅਤੇ ਔਰਤਾਂ ਵਿੱਚ ਕੁਪੋਸ਼ਣ ਨੂੰ ਦੂਰ ਕਰਨ ਲਈ ਸੰਤੁਲਿਤ ਖੁਰਾਕ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿੱਚ ਦਾਖਲਾ ਪ੍ਰਕਿਰਿਆਵਾਂ ਅਤੇ ਵਿਦਿਅਕ ਮੌਕਿਆਂ ਬਾਰੇ ਵੀ ਮਾਰਗਦਰਸ਼ਨ ਕੀਤਾ। ਰੇਣੂ ਬਾਲਾ, ਡੈਮੋਸਟ੍ਰੇਟਰ (ਗ੍ਰਹਿ ਵਿਗਿਆਨ) ਨੇ ਭਾਗੀਦਾਰਾਂ ਨੂੰ ਕੇ ਵੀ ਕੇ ਦੁਆਰਾ ਪੇਂਡੂ ਕਿਸਾਨਾਂ ਅਤੇ ਔਰਤਾਂ ਲਈ ਚਲਾਏ ਜਾ ਰਹੇ ਵੱਖ-ਵੱਖ ਸਿਖਲਾਈ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ।ਪ੍ਰੋਗਰਾਮ ਦੇ ਅੰਤ ਵਿੱਚ, ਸਕੂਲ ਆਫ਼ ਐਮੀਨੈਂਸ ਦੇ ਪ੍ਰਿੰਸੀਪਲ ਸ਼੍ਰੀ ਸਰਬਜੀਤ ਸਿੰਘ ਨੇ ਪੀ.ਏ.ਯੂ-ਕੇ.ਵੀ.ਕੇ ਦੇ ਪੇਂਡੂ ਨੌਜਵਾਨਾਂ ਵਿੱਚ ਟਿਕਾਊ ਖੇਤੀਬਾੜੀ, ਪੋਸ਼ਣ ਅਤੇ ਵਿਦਿਅਕ ਮੌਕਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਲਈ ਅਜਿਹਾ ਜਾਣਕਾਰੀ ਭਰਪੂਰ ਅਤੇ ਲਾਭਦਾਇਕ ਪ੍ਰੋਗਰਾਮ ਆਯੋਜਿਤ ਕਰਨ ਲਈ ਕੇਵੀਕੇ ਟੀਮ ਦਾ ਧੰਨਵਾਦ ਕੀਤਾ।



# ਦੂਜੇ ਦੀ ਥਾਂ ਪੇਪਰ ਦਿੰਦੇ 2 ਨੌਜਵਾਨ ਕਾਬੂ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਵਿਵੇਕਾਨੰਦ ਵਰਲਡ ਸਕੂਲ ਪ੍ਰੀਖਿਆ ਕੇਂਦਰ ਵਿੱਚ ਕਿਸੇ ਹੋਰ ਦੀ ਜਗ੍ਹਾ ਗੈਰ-ਕਾਨੂੰਨੀ ਤਰੀਕੇ ਨਾਲ ਪੇਪਰ ਦੇਣ ਦੇ ਮਾਮਲੇ ਵਿੱਚ ਥਾਣਾ ਕੁੱਲਗੜ੍ਹੀ ਪੁਲਸ ਨੇ ਦੋ ਨੌਜਵਾਨਾਂ ਖ਼ਿਲਾਫ਼ 319 (2), 318 (4) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਇਹ ਕਾਰਵਾਈ ਵਿਵੇਕਾਨੰਦ ਵਰਲਡ ਸਕੂਲ ਸੈਂਟਰ ਨੰਬਰ 354.8290/ਬੀ ਵਿਖੇ 10 ਅਪ੍ਰੈਲ 2026 ਨੂੰ ਹੋਈ ਪ੍ਰੀਖਿਆ ਦੌਰਾਨ ਹੋਈ ਗੜਬੜੀ ਤੋਂ ਬਾਅਦ ਅਮਲ ਵਿਚ ਲਿਆਂਦੀ ਗਈ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਕੁੱਲਗੜ੍ਹੀ ਦੇ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਇਸ ਸਬੰਧੀ ਇਕ ਦਰਖਾਸਤ ਨੰਬਰ 1454-ਆਰ/ ਡੀ ਐੱਸ ਪੀ/ ਆਰ, ਮਿਤੀ 11 ਅਪ੍ਰੈਲ 2026 ਪ੍ਰਾਪਤ ਹੋਈ ਸੀ। ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਪ੍ਰੀਖਿਆ ਕੇਂਦਰ ਵਿੱਚ ਦੋ ਨੌਜਵਾਨਾਂ ਵੱਲੋਂ ਅਸਲ ਉਮੀਦਵਾਰਾਂ ਦੀ ਜਗ੍ਹਾ ਬੈਠ ਕੇ ਪੇਪਰ ਦਿੱਤਾ ਜਾ ਰਿਹਾ ਸੀ। ਪੁਲਸ ਨੇ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਵਾਕਿੰਦਰ ਸਿੰਘ ਉਰਫ਼ ਵਿੱਕੀ ਪੁੱਤਰ ਜੰਗੀਰ ਚੰਦ ਵਾਸੀ ਪਿੰਡ ਗਰੀਬਾ ਸਾਦੜ, ਲਮੋਚੜ ਕਲਾਂ, ਥਾਣਾ ਅਮੀਰ ਖਾਸ ਜ਼ਿਲ੍ਹਾ ਫਾਜ਼ਿਲਕਾ ਰੋਲ ਨੰਬਰ 140148 ਤੇ ਸੁਖਪਾਲ ਸਿੰਘ ਉਰਫ਼ ਸੁੱਖਾ ਪੁੱਤਰ ਰੁਲੀਆ ਵਾਸੀ ਪਿੰਡ ਪੀਰ ਕੇ ਉਤਾੜ, ਰੋਲ ਨੰਬਰ 140256 ਵਜੋਂ ਹੋਈ ਹੈ। ਇਹ ਦੋਵੇਂ ਮੁਲਜ਼ਮ ਪ੍ਰੀਖਿਆ ਦੌਰਾਨ ਦੂਜੇ ਵਿਅਕਤੀਆਂ ਦੇ ਰੋਲ ਨੰਬਰਾਂ 'ਤੇ ਗਲਤ ਤਰੀਕੇ ਨਾਲ ਪ੍ਰੀਖਿਆ ਦੇ ਰਹੇ ਸਨ, ਜਿਨ੍ਹਾਂ ਨੂੰ ਮੌਕੇ 'ਤੇ ਮੌਜੂਦ ਸਟਾਫ਼ ਤੇ ਚੈਕਿੰਗ ਟੀਮ ਵੱਲੋਂ ਫੜਿਆ ਗਿਆ। ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਵੱਲੋਂ ਦਿੱਤੇ ਗਏ ਅਧਿਕਾਰਤ ਬਿਆਨਾਂ ਤੇ ਦਸਤਾਵੇਜ਼ੀ ਸਬੂਤਾਂ ਦੇ ਆਧਾਰ 'ਤੇ ਪੁਲਸ ਨੇ ਤੁਰੰਤ ਕਾਰਵਾਈ ਕੀਤੀ ਹੈ। ਪੁਲਸ ਨੇ ਮੁਲਜ਼ਮ ਸੁਖਪਾਲ ਸਿੰਘ ਤੇ ਵਾਕਿੰਦਰ ਸਿੰਘ ਖਿਲਾਫ ਥਾਣਾ ਕੁੱਲਗੜ੍ਹੀ ਵਿਖੇ ਮਾਮਲਾ ਦਰਜ ਕਰ ਲਿਆ ਹੈ।

# ਜ਼ਿਲ੍ਹਾ ਚੋਣ ਅਫਸਰ ਵੱਲੋਂ ਆਦਰਸ਼ ਚੋਣ ਜ਼ਾਬਤੇ ਦੀ ਇੰਨ-ਬਿੰਨ ਪਾਲਣਾ ਕਰਨ ਦੇ ਨਿਰਦੇਸ਼

**ਮਾਨਸਾ, (ਆਤਮਾ ਸਿੰਘ ਪਮਾਰ)** ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨਵਜੋਤ ਕੌਰ ਆਈ ਏ ਐਸ ਦੀ ਪ੍ਰਧਾਨਗੀ ਹੇਠ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ 'ਚ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸਿਮਰਪ੍ਰੀਤ ਕੌਰ ਵੀ ਵਿਸ਼ੇਸ਼



ਤੌਰ 'ਤੇ ਹਾਜ਼ਰ ਸਨ। ਜ਼ਿਲ੍ਹਾ ਚੋਣ ਅਫਸਰ ਨੇ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਬਾਰੇ ਵਿਸਥਾਰਤ ਜਾਣਕਾਰੀ ਦਿੰਦਿਆਂ ਸਾਰੀਆਂ ਪਾਰਟੀਆਂ ਨੂੰ ਆਦਰਸ਼ ਚੋਣ ਜਾਬਤੇ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਹਦਾਇਤ ਕੀਤੀ ਗਈ। ਜ਼ਿਲ੍ਹਾ ਚੋਣ ਅਫ਼ਸਰ ਨੇ ਹਦਾਇਤ ਕੀਤੀ ਕਿ ਕੋਈ ਵੀ ਸਿਆਸੀ ਪਾਰਟੀ ਜਾਂ ਉਮੀਦਵਾਰ ਅਜਿਹੀ ਗਤੀਵਿਧੀ ਨਹੀਂ ਕਰੇਗਾ, ਜਿਸ ਨਾਲ ਜਾਤਾਂ, ਧਰਮਾਂ ਜਾਂ ਭਾਸ਼ਾਈ ਭਾਈਚਾਰਿਆਂ ਵਿਚਾਲੇ ਨਫ਼ਰਤ ਜਾਂ ਤਣਾਅ ਪੈਦਾ ਹੋਵੇ। ਇਸ ਤੋਂ ਇਲਾਵਾ, ਚੋਣ ਪ੍ਰਚਾਰ ਲਈ ਧਾਰਮਿਕ ਥਾਵਾਂ ਜਾਂ ਧਾਰਮਿਕ ਉਪਦੇਸ਼ ਵਾਲੇ ਸਥਾਨਾਂ ਦੀ ਵਰਤੋਂ ਕਰਨ 'ਤੇ ਮੁਕੰਮਲ ਪਾਬੰਦੀ ਹੋਵੇਗੀ।ਚੋਣਾਂ ਦੌਰਾਨ ਕਿਸੇ ਵੀ ਤਰ੍ਹਾਂ ਦੀਆਂ ਚੋਣ ਮੀਟਿੰਗਾਂ ਜਾਂ ਰੈਲੀਆਂ 'ਚ ਸ਼ਰਾਬ ਜਾਂ ਹੋਰ ਨਸ਼ੀਲੇ ਪਦਾਰਥ ਪਰੋਸਣ 'ਤੇ ਪੂਰੀ ਤਰ੍ਹਾਂ ਪਾਬੰਦੀ ਰਹੇਗੀ।ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਕੋਈ ਵੀ ਉਮੀਦਵਾਰ ਚੋਣ ਕਮਿਸ਼ਨ ਵੱਲੋਂ ਨਿਰਧਾਰਿਤ ਕੀਤੀ ਗਈ ਖ਼ਰਚੇ ਦੀ ਸੀਮਾ ਤੋਂ ਵੱਧ ਪੈਸਾ ਖ਼ਰਚ ਨਹੀਂ ਕਰੇਗਾ।ਹਰੇਕ ਉਮੀਦਵਾਰ ਲਈ ਰੋਜ਼ਾਨਾ ਦੇ ਚੋਣ ਖਰਚੇ ਦਾ ਸਹੀ ਰਿਕਾਰਡ ਰੱਖਣਾ ਲਾਜ਼ਮੀ ਹੋਵੇਗਾ।ਚੋਣ ਨਤੀਜੇ ਘੋਸ਼ਿਤ ਹੋਣ ਦੇ 30 ਦਿਨਾਂ ਦੇ ਅੰਦਰ-ਅੰਦਰ ਚੋਣ ਖਰਚੇ ਦਾ ਪੂਰਾ ਵੇਰਵਾ ਚੋਣ ਦਫ਼ਤਰ ਕੋਲ ਜਮ੍ਹਾਂ ਕਰਾਉਣਾ ਜ਼ਰੂਰੀ ਹੈ।ਲਾਊਡ ਸਪੀਕਰ ਵਰਤਣ ਲਈ ਅਧਿਕਾਰਤ ਮਨਜ਼ੂਰੀ ਲਾਜ਼ਮੀ ਹੈ। ਇਹ ਸਿਰਫ ਸਵੇਰੇ 7 ਵਜੇ ਤੋਂ ਰਾਤ 10 ਵਜੇ ਤੱਕ ਵਰਤੇ ਜਾ ਸਕਣਗੇ।ਪੋਲਿੰਗ ਵਾਲੇ ਦਿਨ ਪੋਲਿੰਗ ਬੂਥ ਦੇ 100 ਮੀਟਰ ਦੇ ਘੇਰੇ ਅੰਦਰ ਕਿਸੇ ਵੀ ਤਰ੍ਹਾਂ ਦਾ ਚੋਣ ਪ੍ਰਚਾਰ ਕਰਨ ਜਾਂ ਵੋਟਰਾਂ ਨੂੰ ਪ੍ਰਭਾਵਤ ਕਰਨ ਦੀ ਸਖ਼ਤ ਮਨਾਹੀ ਹੋਵੇਗੀ।ਇਸ ਤੋਂ ਇਲਾਵਾ ਚੋਣ ਡਿਊਟੀ 'ਤੇ ਤਾਇਨਾਤ ਅਤੇ ਹੋਰ ਸਾਰੇ ਸਰਕਾਰੀ ਕ੍ਰਮਚਾਰੀ ਚੋਣ ਪ੍ਰਕਿਰਿਆ ਦੌਰਾਨ ਪੂਰੀ ਤਰ੍ਹਾਂ ਨਿਰਪੱਖ ਰਹਿਣਗੇ ਤੇ ਕਿਸੇ ਵੀ ਸਿਆਸੀ ਗਤੀਵਿਧੀ ਦਾ ਹਿੱਸਾ ਨਹੀਂ ਬਣਨਗੇ।

# ਮਾਲਵਿਕਾ ਸੂਦ ਵੱਲੋਂ ਕਾਂਗਰਸ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਤੇਜ਼

**ਵਾਰਡ ਨੰਬਰ 38 'ਚ ਡਿੰਪਲ ਅਰੋੜਾ ਲਈ ਡੋਰ-ਟੂ-ਡੋਰ ਚਲਾਈ ਮੁਹਿੰਮ, ਲੋਕਾਂ ਤੋਂ ਮਿਲਿਆ ਵੱਡਾ ਸਮਰਥਨ**

**ਮੋਗਾ (ਇਕਬਾਲ ਸਿੰਘ ਖਹਿਰਾ)** ਵਿਧਾਨ ਸਭਾ ਹਲਕਾ ਮੋਗਾ ਦੀ ਕਾਂਗਰਸ ਪਾਰਟੀ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ ਵੱਲੋਂ ਨਗਰ ਨਿਗਮ ਚੋਣਾਂ ਨੂੰ ਲੈ ਕੇ ਕਾਂਗਰਸ ਉਮੀਦਵਾਰਾਂ ਦੇ ਹੱਕ ਵਿਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਵੱਲੋਂ ਕੀਤੀ ਜਾ ਰਹੀ ਧੂੰਆਂ-ਧਾਰ ਮੁਹਿੰਮ ਅਤੇ ਲੋਕਾਂ ਵੱਲੋਂ ਮਿਲ ਰਹੇ ਭਰਪੂਰ ਸਹਿਯੋਗ ਤੋਂ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ



ਆਉਣ ਵਾਲੀਆਂ ਚੋਣਾਂ ਵਿਚ ਸ਼ਹਿਰ ਦੇ ਵੋਟਰ ਕਾਂਗਰਸ ਪਾਰਟੀ ਦੇ ਹੱਕ ਵਿਚ ਫੈਸਲਾ ਦੇ ਸਕਦੇ ਹਨ।ਇਸੇ ਤਹਿਤ ਅੱਜ ਮਾਲਵਿਕਾ ਸੂਦ ਵੱਲੋਂ ਨਗਰ ਨਿਗਮ ਮੋਗਾ ਦੇ ਵਾਰਡ ਨੰਬਰ 38 ਵਿੱਚ ਕਾਂਗਰਸ ਪਾਰਟੀ ਦੀ ਉਮੀਦਵਾਰ ਡਿੰਪਲ ਅਰੋੜਾ ਦੇ ਹੱਕ ਵਿੱਚ ਡੋਰ-ਟੂ-ਡੋਰ ਪ੍ਰਚਾਰ ਕੀਤਾ ਗਿਆ।ਇਸ ਮੁਹਿੰਮ ਦੌਰਾਨ ਉਨ੍ਹਾਂ ਨੇ ਘਰ-ਘਰ ਜਾ ਕੇ ਇਲਾਕਾ ਨਿਵਾਸੀਆਂ ਨਾਲ ਸੰਪਰਕ ਕੀਤਾ ਤੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਦੇ ਹੱਕ ਵਿਚ ਵੋਟ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ, ਸਾਬਕਾ ਮੇਅਰ ਨੀਤਿਕਾ ਭੱਲਾ, ਕੌਂਸਲਰ ਸਾਹਿਲ ਅਰੋੜਾ ਤੇ ਹੋਰ ਕਈ ਸੀਨੀਅਰ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਰਹੇ।ਪ੍ਰਚਾਰ ਦੌਰਾਨ ਵਰਕਰਾਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਲੋਕਾਂ ਵੱਲੋਂ ਵੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਮਾਲਵਿਕਾ ਸੂਦ ਨੇ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਨੂੰ ਹਰ ਵਰਗ ਤੋਂ ਮਿਲ ਰਿਹਾ ਪਿਆਰ ਤੇ ਸਤਿਕਾਰ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਲੋਕ ਬਦਲਾਅ ਚਾਹੁੰਦੇ ਹਨ ਤੇ ਕਾਂਗਰਸ ਪਾਰਟੀ 'ਤੇ ਭਰੋਸਾ ਜਤਾ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਇਹ ਸਮਰਥਨ ਆਉਣ ਵਾਲੇ ਚੋਣ ਨਤੀਜਿਆਂ ਵਿੱਚ ਕਾਂਗਰਸ ਦੀ ਜਿੱਤ ਨੂੰ ਯਕੀਨੀ ਬਣਾਵੇਗਾ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਆਈ ਹੈ ਤੇ ਸ਼ਹਿਰ ਦੇ ਵਿਕਾਸ ਲਈ ਵਚਨਬੱਧ ਹੈ।ਡਿੰਪਲ ਅਰੋੜਾ ਨੂੰ ਇੱਕ ਯੋਗ ਤੇ ਇਮਾਨਦਾਰ ਉਮੀਦਵਾਰ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਜਿਤਾਇਆ ਜਾਂਦਾ ਹੈ ਤਾਂ ਵਾਰਡ ਦੇ ਹਰ ਮਸਲੇ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਡਿੰਪਲ ਅਰੋੜਾ ਨੇ ਵੀ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਜੇ ਉਨ੍ਹਾਂ ਨੂੰ ਸੇਵਾ ਦਾ ਮੌਕਾ ਮਿਲਿਆ ਤਾਂ ਵਾਰਡ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

# ਸੀ ਪੀ ਆਈ (ਐੱਮ) ਅਜ਼ਾਦ ਉਮੀਦਵਾਰਾਂ ਨੂੰ ਦੇਵੇਗੀ ਸਮਰਥਨ

**ਮਾਨਸਾ (ਆਤਮਾ ਸਿੰਘ ਪਮਾਰ)** ਸੀ.ਪੀ.ਆਈ. (ਐਮ) ਵੱਲੋਂ ਨਗਰ ਕੌਂਸਲ ਲਈ ਚੋਣਾਂ 'ਚ ਵਾਰਡ ਨੰਬਰ 13 ਤੋਂ ਆਜ਼ਾਦ ਉਮੀਦਵਾਰ ਬੀਬੀ ਕਿਰਨਾ ਰਾਣੀ ਪਤਨੀ ਕਾਮਰੇਡ ਕ੍ਰਿਸ਼ਨ ਚੌਹਾਨ, ਵਾਰਡ ਨੰਬਰ 18 ਤੋਂ ਆਜ਼ਾਦ ਉਮੀਦਵਾਰ ਅਰਪਿਤ ਚੌਧਰੀ



(ਮਲੇਨੀਅਮ ਸਕੂਲ ਵਾਲੇ) ਤੇ ਵਾਰਡ ਨੰਬਰ 24 ਤੋਂ ਆਜ਼ਾਦ ਉਮੀਦਵਾਰ ਵਿਨੋਦ ਕੁਮਾਰ ਭੰਮਾ ਨੂੰ ਪੂਰਨ ਸਮੱਰਥਨ ਦੇਣ ਦਾ ਫੈਸਲਾ ਕੀਤਾ ਹੈ। ਪਾਰਟੀ ਦੀ ਸ਼ਹਿਰੀ ਕਮੇਟੀ ਦੀ ਮੀਟਿੰਗ ਕਾਰਜਕਾਰੀ ਸ਼ਹਿਰੀ ਸਕੱਤਰ ਕਾਮਰੇਡ ਸੀਤਾ ਰਾਮ ਗੋਇਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਸੀ.ਪੀ.ਐਮ. ਦੇ ਸੂਬਾ ਸਕੱਤਰੇਤ ਮੈਂਬਰ ਤੇ ਜ਼ਿਲ੍ਹਾ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਕਮਿਊਨਿਸਟ ਆਗੂਆਂ ਨੇ ਦੱਸਿਆ ਕਿ ਉਪਰੋਕਤ ਤਿੰਨੇ ਉਮੀਦਵਾਰ ਸਾਫ਼ ਸੁਥਰੇ ਅਕਸ ਵਾਲੇ, ਲੋਕਾਂ ਦੇ ਅੰਗ-ਸੰਗ ਰਹਿਣ ਵਾਲੇ ਤੇ ਲੋਕਾਂ ਦੇ ਹੱਕਾਂ ਹਿਤਾਂ ਲਈ ਆਵਾਜ਼ ਉਠਾਉਂਦੇ ਰਹਿੰਦੇ ਹਨ।

# ਸੁਪਰੀਮ ਕੋਰਟ ਵੱਲੋਂ 'ਵਿਸ਼ੇਸ਼ ਲੋਕ ਅਦਾਲਤ' ਦਾ ਆਯੋਜਨ

**ਗਿੱਦੜਬਾਹਾ, (ਜਸਵੰਤ ਗਿੱਲ ਛੱਤਿਆਣਾ)** ਸੁਪਰੀਮ ਕੋਰਟ ਵੱਲੋਂ ਲੰਮੇ ਸਮੇਂ ਤੋਂ ਲਟਕਦੇ ਮਾਮਲਿਆਂ ਦੇ ਸੁਲਹੀ ਨਿਪਟਾਰੇ ਤੇ ਤੁਰੰਤ ਨਿਸਤਾਰੇ ਦੇ ਉਦੇਸ਼ ਨਾਲ ਸਮਾਧਾਨ ਸਮਾਰੋਹ- 2026 ਅਧੀਨ 21, 22 ਤੇ 23 ਅਗਸਤ ਨੂੰ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਪਹਿਲ ਸੁਪਰੀਮ ਕੋਰਟ ਦੀ ਉਸ ਲਗਾਤਾਰ ਵਚਨਬੱਧਤਾ ਦਾ ਹਿੱਸਾ ਹੈ, ਜਿਸਦਾ ਮਕਸਦ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦੀ ਗਿਣਤੀ ਘਟਾਉਣਾ ਤੇ ਵੈਕਲਪਿਕ ਵਿਵਾਦ ਨਿਪਟਾਰਾ ਪ੍ਰਣਾਲੀ ਰਾਹੀਂ ਲੋਕਾਂ ਨੂੰ ਸਸਤਾ, ਸੌਖਾ, ਤੇਜ਼ ਤੇ ਪ੍ਰਭਾਵਸ਼ਾਲੀ ਇਨਸਾਫ ਪ੍ਰਦਾਨ ਕਰਨਾ ਹੈ। ਸ਼੍ਰੀਮਤੀ ਜਸਵਿੰਦਰ ਸ਼ੀਮਰ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਯੋਗ ਅਗਵਾਈ ਹੇਠ ਇਸ ਵਿਸ਼ੇਸ ਲੋਕ ਅਦਾਲਤ ਦੇ ਮਹੱਤਵ ਅਤੇ ਲਾਭਾਂ ਬਾਰੇ ਲੋਕਾਂ ਨੂੰ ਜਾਗਰੂਕਤਾ ਪ੍ਰੋਗਰਾਮ ਅਤੇ ਪ੍ਰਚਾਰ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ।ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਇਸ ਵਿਸ਼ੇਸ਼ ਲੋਕ ਅਦਾਲਤ ਦੌਰਾਨ ਆਪਸੀ ਸਹਿਮਤੀ, ਰਾਜ਼ੀਨਾਮੇ ਤੇ ਸਮਝੌਤੇ ਰਾਹੀਂ ਨਿਪਟਾਏ ਜਾ ਸਕਣ ਵਾਲੇ ਯੋਗ ਮਾਮਲਿਆਂ ਨੂੰ ਸੁਣਵਾਈ ਲਈ ਲਿਆ ਜਾਵੇਗਾ।ਇਨ੍ਹਾਂ ਵਿੱਚ ਵਿਆਹਿਕ ਅਤੇ ਪਰਵਾਰਕ ਵਿਵਾਦ, ਮੋਟਰ ਹਾਦਸਾ ਕਲੇਮ ਮਾਮਲੇ, ਸਰਵਿਸ ਮਾਮਲੇ, ਭੂਮੀ ਅਧਿਗ੍ਰਹਿਣ ਮਾਮਲੇ, ਉਪਭੋਗਤਾ ਵਿਵਾਦ, ਬੈਂਕ ਰਿਕਵਰੀ ਮਾਮਲੇ, ਨਿਗੋਸ਼ੀਏਬਲ ਇੰਸਟਰੂਮੈਂਟ ਐਕਟ ਦੀ ਧਾਰਾ 138 ਨਾਲ ਸੰਬੰਧਤ ਚੈਕ ਬਾਊਂਸ ਮਾਮਲੇ ਤੇ ਹੋਰ ਸਿਵਲ ਅਤੇ ਸਮਝੌਤਾਯੋਗ ਮਾਮਲੇ ਸ਼ਾਮਲ ਹੋ ਸਕਦੇ ਹਨ। ਉਨ੍ਹਾਂ ਹੋਰ ਦੱਸਿਆ ਕਿ ਜੱਜ ਸਾਹਿਬਾਨ ਤੇ ਨਿਆਂਇਕ ਅਧਿਕਾਰੀਆਂ ਵਾਲੀਆਂ ਵਿਸ਼ੇਸ਼ ਬੈਂਚਾਂ ਵਕੀਲਾਂ, ਪੱਖਕਾਰਾਂ, ਬੈਂਕਾਂ, ਬੀਮਾ ਕੰਪਨੀਆਂ, ਸਰਕਾਰੀ ਵਿਭਾਗਾ



ਤੇ ਹੋਰ ਸਬੰਧਤ ਧਿਰਾਂ ਦੇ ਸਹਿਯੋਗ ਨਾਲ ਮਾਮਲਿਆਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਸੁਗਮ ਬਣਾਉਣਗੀਆਂ, ਪਛਾਣੇ ਗਏ ਮਾਮਲਿਆਂ ਦੇ ਪੱਖਕਾਰਾਂ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾਵੇਗਾ ਤਾਂ ਜੋ ਕਾਰਵਾਈ 'ਚ ਸੁਚਾਰੂ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ। ਇਸ ਵਿਸ਼ੇਸ਼ ਲੋਕ ਅਦਾਲਤ ਤੋਂ ਉਮੀਦ ਹੈ ਕਿ ਪੱਖਕਾਰਾਂ ਨੂੰ ਤੇਜ਼ ਤੇ ਸਹਿਮਤੀ ਆਧਾਰਿਤ ਰਾਹਤ ਪ੍ਰਾਪਤ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਮਿਲੇਗਾ, ਜਿਸ ਨਾਲ ਲੰਬੇ ਮੁਕੱਦਮਿਆਂ ਤੋਂ ਬਚਾਵ, ਸਮੇਂ ਤੇ ਧਨ ਦੀ ਬਚਤ ਅਤੇ ਆਪਸੀ ਸਾਂਝ ਅਤੇ ਸਦਭਾਵਨਾ ਨੂੰ ਪ੍ਰੋਤਸਾਹਨ ਮਿਲੇਗਾ। ਇਸ ਦੇ ਨਾਲ ਹੀ ਇਹ ਪਹਿਲ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦੇ ਬੋਝ ਨੂੰ ਘਟਾਉਣ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਏਗੀ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਵਕੀਲ ਭਾਈਚਾਰੇ, ਪੱਖਕਾਰਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸਮਾਧਾਨ ਸਮਾਰੋਹ 2026 ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਤੇ ਇਸ ਮਹੱਤਵਪੂਰਨ ਪਹਿਲ ਨੂੰ ਕਾਮਯਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ ਤੇ ਇਸ ਸਬੰਧੀ ਪੈਰਾਲੀਗਲ ਵਲੰਟੀਅਰਜ਼ ਵੱਲੋਂ ਵੀ ਪ੍ਰਚਾਰ ਕੀਤਾ ਜਾ ਰਿਹਾ ਹੈ।

# ਤਿੰਨ ਵਾਰਡਾਂ 'ਚ ਵਿਰੋਧੀ ਪਾਰਟੀਆਂ ਦੇ ਨਾਮਜ਼ਦਗੀ ਪੇਪਰ ਰੱਦ

**ਸਮਰਾਲਾ, (ਸੁਰਜੀਤ ਸਿੰਘ)** ਸ਼ਹਿਰ ਦੇ ਤਿੰਨ ਵਾਰਡਾਂ, ਜਿਹਨਾਂ ਵਿੱਚ ਵਾਰਡ ਨੰਬਰ, 1, 4 ਅਤੇ 12 ਵਿਚੋਂ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੇਪਰ ਰੱਦ ਹੋਣ 'ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਲਈ ਰਾਹ ਪੱਧਰਾ ਹੋ ਗਿਆ ਹੈ, ਲਿਹਾਜ਼ਾ ਉਨ੍ਹਾਂ ਬਿਨਾਂ ਮੁਕਾਬਲਾ ਜਿੱਤ ਦਾ ਝੰਡਾ




ਲਹਿਰਾ ਦਿੱਤਾ ਹੈ।ਵਿਰੋਧੀ ਪਾਰਟੀਆਂ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਤੇ ਭਾਰਤੀ ਜਨਤਾ ਪਾਰਟੀਆਂ ਦੇ ਉਮੀਦਵਾਰ ਸਨ, ਨੇ ਪ੍ਰਸ਼ਾਸਨ ਖਿਲਾਫ਼ ਨਾਅਰੇਬਾਜੀ ਕੀਤੀ ਅਤੇ ਮੁੱਖ ਚੌਂਕ ਵਿੱਚ ਧਰਨਾ ਦੇਕੇ ਘੰਟਿਆਂਬੱਧੀ ਟ੍ਰੈਫਿਕ ਵਿੱਚ ਵਿਘਨ ਪਾਇਆ ਅਤੇ ਲੋਕਾਂ ਵਾਸਤੇ ਭਾਰੀ ਪ੍ਰੇਸ਼ਾਨੀ ਖੜੀ ਕੀਤੀ। ਕਾਂਗਰਸ ਪਾਰਟੀ ਦੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਇਹ ਧੱਕਾ ਕਾਂਗਰਸ ਨਾਲ ਮਾਛੀਵਾੜਾ ਨਗਰ ਕੌਂਸਲ ਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਵੀ ਹੋਇਆ, ਜਦੋਂ ਉਨ੍ਹਾਂ ਦੇ 15 ਵਾਰਡਾਂ ਵਿਚੋਂ 7 ਵਾਰਡਾਂ ਦੇ ਉਮੀਦਵਾਰਾਂ ਦੇ ਪੇਪਰ ਰੱਦ ਕਰ ਦਿੱਤੇ ਸਨ।ਹੁਣ ਅਗਲਾ ਐਕਸ਼ਨ ਸਾਰੀਆਂ ਵਿਰੋਧੀ ਪਾਰਟੀਆਂ ਮਿਲ ਕੇ ਤੈਅ ਕਰਨਗੀਆਂ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੂੰ ਇਸ ਗੱਲ ਦਾ ਪਹਿਲਾਂ ਹੀ ਅੰਦੇਸ਼ਾ ਸੀ ਕਿ ਕਾਂਗਰਸ ਨਾਲ ਇਹ ਧੱਕਾ ਹੋਵੇਗਾ।ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲਾ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਤੇ ਹਲਕਾ ਸਮਰਾਲਾ ਦੇ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਸ਼ਰੇਆਮ ਲੋਕਤੰਤਰ ਦਾ ਕਤਲ ਹੈ। ਉਹ ਮਾਨਯੋਗ ਅਦਾਲਤ ਦਾ ਦਰਵਾਜ਼ਾ ਵੀ ਖੜਕਾਉਣਗੇ।ਉਨ੍ਹਾਂ ਕਿਹਾ ਕਿ ਅਕਾਲੀ ਵਰਕਰਾਂ ਦੇ ਹੌਸਲੇ ਬੁਲੰਦ ਹਨ। ਉਹ ਦੁੱਗਣੀ ਤਾਕਤ ਨਾਲ ਨਗਰ ਕੌਂਸਲ ਦੀ ਚੋਣ ਲੜਣਗੇ ਆਏ ਜਿੱਤ ਦਾ ਝੰਡਾ ਜ਼ਰੂਰ ਲਹਿਰਾਉਣਗੇ। ਐਸਡੀਐਮ ਨਾਲ ਫੋਨ 'ਤੇ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

## ਸਾਬਕਾ ਵਿਧਾਇਕ ਰਾਜਿੰਦਰ ਸਿੰਘ ਵੱਲੋਂ ਕਾਂਗਰਸੀ ਵਰਕਰਾਂ ਨਾਲ ਅਹਿਮ ਮੀਟਿੰਗ

**ਸਮਾਣਾ, (ਇਕਬਾਲ ਸਿੰਘ ਬੱਲ)** ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਵਿਖੇ ਕਾਂਗਰਸ ਪਾਰਟੀ ਵੱਲੋਂ ਮੀਟਿੰਗ ਕੀਤੀ ਗਈ, ਜਿਸ ਵਿੱਚ ਹਲਕੇ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਹਾਜ਼ਰੀ ਭਰੀ। ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਮੌਜੂਦਾ ਸੱਤਾਧਾਰੀ ਧਿਰ



'ਤੇ ਧੱਕੇਸ਼ਾਹੀ ਦੇ ਗੰਭੀਰ ਦੋਸ਼ ਲਾਏ। ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਹਾਰ ਦੇ ਡਰ ਕਾਰਨ ਸੱਤਾਧਾਰੀ ਧਿਰ ਵੱਲੋਂ ਕਾਂਗਰਸੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਨਾਜਾਇਜ਼ ਤਰੀਕੇ ਨਾਲ ਰੱਦ ਕਰਾਏ ਜਾ ਰਹੇ ਹਨ, ਜੋ ਲੋਕਤੰਤਰ ਦਾ ਸ਼ਰੇਆਮ ਕਤਲ ਹੈ। ਰਾਜਿੰਦਰ ਸਿੰਘ ਨੇ ਦੋਸ਼ ਲਾਇਆ ਕਿ ਸਾਬਕਾ ਨਗਰ ਕੌਂਸਲ ਪ੍ਰਧਾਨ ਨੇ ਸੁਰਜੀਤ ਸਿੰਘ ਰੱਖੜਾ ਦੀ ਸ਼ਹਿ 'ਤੇ ਕਾਂਗਰਸੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਖਾਰਜ ਕਰਵਾਏ ਹਨ। ਸਾਬਕਾ ਵਿਧਾਇਕ ਨੇ ਸਖ਼ਤ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਸਾਡੀ ਸਰਕਾਰ ਬਣਨ 'ਤੇ ਜਿਨ੍ਹਾਂ ਲੋਕਾਂ ਨੇ ਚੋਣਾਂ ਦੌਰਾਨ ਧੱਕੇਸ਼ਾਹੀਆਂ ਕੀਤੀਆਂ ਹਨ ਅਤੇ ਸਾਡੇ ਵਰਕਰਾਂ 'ਤੇ ਨਾਜਾਇਜ਼ ਪਰਚੇ ਦਰਜ ਕਰਾਏ ਹਨ, ਉਨ੍ਹਾਂ ਤੋਂ ਪਾਈ-ਪਾਈ ਦਾ ਹਿਸਾਬ ਲਿਆ ਜਾਵੇਗਾ।

## ਸ਼ਹੀਦ ਅਵਤਾਰ ਸਿੰਘ ਨਮਿਤ ਸ਼ਰਧਾਂਜਲੀ ਸਮਾਰੋਹ 25 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**- ਪਿੰਡ ਕਪੂਰੇ ਦੇ ਸ਼ਹੀਦ ਹੌਲਦਾਰ ਅਵਤਾਰ ਸਿੰਘ ਦੀ ਯਾਦ ਵਿੱਚ ਸਾਲਾਨਾ ਸ਼ਰਧਾਂਜਲੀ ਸਮਾਰੋਹ 25 ਮਈ ਸੋਮਵਾਰ ਨੂੰ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਕਪੂਰੇ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼ਹੀਦ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਅਵਤਾਰ ਸਿੰਘ ਜੋ ਕਿ ਜੰਮੂ ਕਸ਼ਮੀਰ ਦੇ ਉਧਮਪੁਰ ਜ਼ਿਲ੍ਹੇ ਵਿੱਚ ਅੱਤਵਾਦੀਆਂ ਨਾਲ ਲੋਹਾ ਲੈਂਦੇ ਹੋਏ ਬੰਬ ਧਮਾਕੇ ਵਿੱਚ ਸ਼ਹੀਦ ਹੋ ਗਏ ਸਨ, ਉਨ੍ਹਾਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਰਧਾਂਜਲੀ ਸਮਾਰੋਹ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਗਰੁੱਪ ਸੈਂਟਰ ਜਲੰਧਰ ਤੋਂ ਫੌਜ ਦੀ ਵਿਸ਼ੇਸ਼ ਟੁਕੜੀ, ਨਗਰ ਨਿਵਾਸੀ ਤੇ ਇਲਾਕੇ ਦੀਆਂ ਸ਼ਖ਼ਸੀਅਤਾਂ ਸ਼ਹੀਦ ਨੂੰ ਸ਼ਰਧਾਂਜਲੀ ਅਰਪਣ ਕਰਨਗੀਆਂ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪਿੰਡ ਦੇ ਗੁਰਦੁਆਰਾ ਗੋਬਿੰਦਗੜ੍ਹ ਸਾਹਿਬ ਵਿਖੇ ਸ਼੍ਰੀ ਸਹਿਜ ਪਾਠ ਆਰੰਭ ਕਰਵਾਏ ਗਏ ਹਨ, ਜਿਨ੍ਹਾਂ ਦੇ ਭੋਗ 25 ਮਈ ਨੂੰ ਪਾਏ ਜਾਣਗੇ। ਉਪਰੰਤ ਸ਼ਹੀਦ ਹੌਲਦਾਰ ਅਵਤਾਰ ਸਿੰਘ ਦੇ ਆਦਮ ਕੱਦ ਬੁੱਤ ਉੱਪਰ ਫੁੱਲ ਮਾਲਾਵਾਂ ਭੇਟ ਕਰ ਸ਼ਰਧਾਂਜਲੀ ਅਰਪਣ ਕੀਤੀ ਜਾਵੇਗੀ।

# ਅਧਿਆਪਕਾਂ ਦੀ ਪ੍ਰੇਰਨਾ ਸਦਕਾ ਵਧਦਾ ਵਿਦਿਆਰਥੀਆਂ ਦਾ ਮਨੋਬਲ : ਪ੍ਰਿੰ. ਦਵਿੰਦਰ ਕੌਰ

**ਸਿਰਸਾ (ਸੁਰਿੰਦਰਪਾਲ ਸਿੰਘ)** ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਬੰਧ ਅਧੀਨ ਚਲ ਰਹੇ ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ ਤਿਲੋਕੇਵਾਲਾ (ਸਿਰਸਾ) ਦੇ ਆਏ ਬਿਹਤਰ ਨਤੀਜਿਆ ਸਬੰਧੀ ਸਕੂਲ ਸਟਾਫ ਅਤੇ ਵਿਦਿਆਥੀਆ ਦਾ ਧੰਨਵਾਦ



ਕਰਦੇ ਹੋਏ ਪ੍ਰਿੰਸੀਪਲ ਸ਼੍ਰੀਮਤੀ ਦਵਿੰਦਰ ਕੌਰ ਨੇ ਕਿਹਾ ਕਿ ਇਹ ਸਭ ਅਧਿਆਪਕਾਂ ਦੀ ਸਮਰਪਿਤ ਸੇਵਾ ਭਾਵਨਾ ਦੇ ਨਤੀਜੇ ਹਨ।

ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਅਧਿਆਪਕ ਸਿਰਫ਼ ਪਾਠ ਪੁਸਤਕਾਂ ਤੱਕ ਸੀਮਿਤ ਨਹੀਂ ਰਹੇ, ਸਗੋਂ ਉਹ ਵਿਦਿਆਰਥੀਆਂ ਦੇ ਜੀਵਨ ਨੂੰ ਸਹੀ ਦਿਸ਼ਾ ਦੇਣ ਵਾਲੇ ਮਾਰਗਦਰਸ਼ਕ ਵੀ ਬਣ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਾਡੇ ਸਕੂਲ ਦੇ ਅਧਿਆਪਕ ਪੂਰੇ ਜਜ਼ਬੇ ਨਾਲ ਫ਼ਰਜ਼ ਨਿਭਾਉਂਦੇ ਹੋਏ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਚੰਗੇ ਸੰਸਕਾਰ, ਅਨੁਸ਼ਾਸਨ ਅਤੇ ਨੈਤਿਕ ਮੁੱਲਾਂ ਦੀ ਵੀ ਸਿੱਖਿਆ ਦਿੰਦੇ ਹਨ। ਸਕੂਲ ਦੀ ਤਰਕੀ ਸਬੰਧੀ ਉਨਾਂ ਕਿਹਾ ਕਿ ਆਧੁਨਿਕ ਸਿੱਖਣ ਦੇ ਤਰੀਕਿਆਂ ਜਿਵੇਂ ਕਿ ਆਡੀਓ ਵਿਜ਼ੂਅਲ ਤਕਨੀਕ ਨੂੰ ਅਪਣਾਇਆ ਜਾ ਰਿਹਾ ਹੈ ਤਾਂ ਜੁ ਵਿਦਿਆਰਥੀਆ ਦੀ ਰੁਚੀ ਪੜ੍ਹਾਈ ਵੱਲ ਵਧ ਸਕੇ।

ਉਨ੍ਹਾਂ ਦੱਸਿਆ ਕਿ ਅਧਿਆਪਨ ਦੇ ਨਾਲ-ਨਾਲ ਧਾਰਮਿਕ ਸਿੱਖਿਆ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਨੈਤਿਕ ਸਿੱਖਿਆ ਵਿੱਚ ਵੀ ਬੱਚਿਆਂ ਦੀ ਭਾਗੀਦਾਰੀ ਯਕੀਨੀ ਬਣਾਈ ਜਾਂਦੀ ਹੈ। ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਦਵਿੰਦਰ ਕੌਰ ਨੇ ਕਿਹਾ ਕਿ ਸਕੂਲ ਦੀ ਖਾਸ ਗੱਲ ਇਹ ਹੈ ਕਿ ਸਕੂਲ ਘੱਟ ਖਰਚੇ ਵਿੱਚ ਚੰਗੀ ਸਿਖਿਆ ਪ੍ਰਦਾਨ ਕਰ ਰਿਹਾ ਹੈ, ਜਿਸਦਾ ਲਾਭ ਨਾਲ ਲਗਦੇ ਪਿੰਡ ਤਿਲੋਕੇਵਾਲਾ,ਤਾਰੂਆਣਾ, ਕਾਲਾਂਵਾਲੀ, ਤਖਤਮੱਲ, ਕੇਵਲ, ਧਰਮਪੁਰਾ, ਦਾਦੂ, ਪੱਕਾ ਸ਼ਹੀਦਾਂ, ਕਮਾਲ, ਫੱਗੂ, ਡੋਗਰਾਂਵਾਲੀ, ਕਰੰਗਾਵਾਲੀ, ਗੁਦਰਾਨਾ, ਸੁਖਚੈਨ, ਖਤਰਾਵਾਂ ਦੇ ਬਹੁਤ ਸਾਰੇ ਪਰਵਾਰ ਲੈ ਰਹੇ ਹਨ।

# ਬਰਾਬਰ ਕੰਮ ਬਰਾਬਰ ਤਨਖਾਹ ਲੈਣ ਲਈ ਕੀਤੀ ਮੀਟਿੰਗ

**ਮੁਲਾਜ਼ਮਾਂ ਯੂਨੀਅਨਾਂ ਨੂੰ ਆਵਾਜ਼ ਉਠਾਉਣ ਲਈ ਮੰਗ ਪੱਤਰ ਸੌਂਪੇ**

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪਾਵਰਕਾਮ ਡਵੀਜ਼ਨ ਸਮੇਤ ਸਬ ਡਵੀਜ਼ਨਾਂ, ਗਰਿੱਡਾਂ ਤੇ ਫੀਲਡ ਵਿਚ ਕੰਮ ਕਰ ਰਹੇ ਕ੍ਰਮਚਾਰੀਆਂ ਵੱਲੋਂ ਬਰਾਬਰ ਕੰਮ ਬਰਾਬਰ ਤਨਖਾਹ ਦੇ ਮੁੱਦੇ ਉੱਤੇ ਵੱਖ ਵੱਖ ਮੁਲਾਜ਼ਮ



ਯੂਨੀਅਨਾਂ ਨੂੰ ਮੰਗ ਪੱਤਰ ਸੌਂਪੇ ਗਏ। ਸਾਹਬ ਸਿੰਘ, ਸੁਖਵਿੰਦਰ ਸਿੰਘ ਤੇ ਸੰਜੂ ਜਾਂਗੜਾ ਨੇ ਕਿਹਾ ਕਿ ਪਾਤੜਾਂ ਡਵੀਜ਼ਨ, ਸਬ ਡਵੀਜ਼ਨਾਂ ਸਮੇਤ ਫੀਲਡ ਵਿੱਚ ਕੰਮ ਕਰਦੇ ਪਾਵਰਕਾਮ ਮੁਲਾਜ਼ਮਾਂ ਨੇ ਛੇਵੇਂ ਤੇ ਸੱਤਵੇਂ ਪੇ ਸਕੇਲ ਅਧੀਨ ਬਰਾਬਰ ਕੰਮ ਬਰਾਬਰ ਤਨਖਾਹ ਦੀ ਮੰਗ ਸਬੰਧੀ ਵਿਚਾਰ ਚਰਚਾ ਕੀਤੀ ਗਈ।ਉਨ੍ਹਾਂ ਦੱਸਿਆ ਕਿ ਤਨਖਾਹ ਵਜੋਂ ਸਿਰਫ ਕਰੀਬ 29000 ਰੁਪਏ ਦਿੱਤੇ ਜਾ ਰਹੇ ਹਨ, ਜਦਕਿ ਤਨਖਾਹ ਪੇ ਸਕੇਲਾਂ ਅਧੀਨ 50000 ਰੁਪਏ ਤੋਂ ਵੱਧ ਬਣਦੀ ਹੈ।

ਇਸ ਅੱਧ ਅਧੂਰੀ ਤਨਖਾਹ ਨਾਲ ਸਰਕਾਰ ਮੁਲਾਜ਼ਮ ਵਰਗ ਦਾ ਸਿੱਧੇ ਤੌਰ 'ਤੇ ਸ਼ੋਸ਼ਣ ਕਰ ਰਹੀ ਹੈ। ਮੀਟਿੰਗ ਉਪਰੰਤ ਆਪਣੀ ਜਾਇਜ਼ ਮੰਗ ਨੂੰ ਪੂਰਾ ਕਰਾਉਣ ਲਈ ਬਿਜਲੀ ਮੁਲਾਜ਼ਮਾਂ ਦੀਆਂ ਪ੍ਰਮੁੱਖ ਯੂਨੀਅਨਾਂ ਟੀਐਸਯੂ ਅਤੇ ਇੰਪਲਾਈਜ ਫੈਡਰੇਸ਼ਨ ਨੂੰ ਮੰਗ ਪੱਤਰ ਵੀ ਸੌਂਪਿਆ, ਜਿਸ ਤਹਿਤ ਟੀਐਸਯੂ ਯੂਨੀਅਨ ਦੇ ਪ੍ਰਧਾਨ ਜੇਈ ਅਕਬਰ ਖਾਨ ਨੂੰ ਤੇ ਇੰਪਲਾਈਜ ਫੈਡਰੇਸ਼ਨ ਦੇ ਪ੍ਰਧਾਨ ਜੇਈ ਅਜੀਤ ਸਿੰਘ ਨੂੰ ਮੰਗ ਪੱਤਰ ਦਿੱਤਾ, ਜਿਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਯੂਨੀਅਨਾਂ ਇਹ ਮੁੱਦਾ ਰਾਜ ਪੱਧਰ 'ਤੇ ਆਗੂਆਂ ਨਾਲ ਸਾਂਝਾ ਕਰਕੇ ਬਰਾਬਰ ਕੰਮ ਬਰਾਬਰ ਤਨਖਾਹ ਪਹਿਲ ਦੇ ਆਧਾਰ 'ਤੇ ਲਾਗੂ ਕਰਾਉਣ ਲਈ ਸਰਕਾਰ ਨਾਲ ਗੱਲਬਾਤ ਕੀਤੀ ਜਾਵੇਗੀ।

# ਐੱਮ ਏ ਸਮਾਜ-ਸ਼ਾਸਤਰ ਦੇ ਨਤੀਜੇ ਸ਼ਾਨਦਾਰ ਰਹੇ

**ਦੋਰਾਹਾ (ਹਰਮਿੰਦਰ ਸੇਠ)** ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐੱਮ.ਏ. ਸਮਾਜ ਸ਼ਾਸਤਰ, ਤੀਜਾ ਸਮੈਸਟਰ ਦੇ ਨਤੀਜੇ ਐਲਾਨੇ ਗਏ ਜਿਨ੍ਹਾਂ 'ਚ ਗੁਰੂ ਨਾਨਕ ਨੈਸ਼ਨਲ ਕਾਲਜ ਦੇ



ਵਿਦਿਆਰਥੀਆਂ ਨੇ ਖੂਬ ਮੱਲਾਂ ਮਾਰੀਆਂ। ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਐੱਮ.ਏ. ਸਮਾਜ ਸ਼ਾਸਤਰ, ਤੀਜਾ ਸਮੈਸਟਰ 'ਚੋਂ ਰੁਪਿੰਦਰ ਕੌਰ ਨੇ 75% ਅੰਕ ਪ੍ਰਾਪਤ ਕਰਕੇ ਯੂਨਿਵਰਸਿਟੀ ਵਿੱਚੋਂ 25ਵੀਂ ਪੁਜ਼ੀਸ਼ਨ ਹਾਸਲ ਕੀਤੀ।ਇਨ੍ਹਾਂ ਸ਼ਾਨਦਾਰ ਨਤੀਜਿਆਂ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਦੇ ਮਾਪਿਆਂ, ਅਧਿਆਪਕਾਂ ਤੇ ਵਿਸ਼ੇਸ਼ ਕਰਕੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਸਾਂਝੀ ਮਿਹਨਤ ਸਦਕਾ ਕਾਲਜ ਤੇ ਇਲਾਕੇ ਦਾ ਨਾਂਅ ਰੌਸ਼ਨ ਹੋਇਆ।

## ਐਸ ਆਰ ਐਸ ਵਿੱਦਿਆਪੀਠ ਦਾ 12ਵੀਂ ਦੀ ਅੰਗਰੇਜ਼ੀ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ

**ਸਮਾਣਾ (ਇਕਬਾਲ ਸਿੰਘ ਬੱਲ)**- ਐਸ ਆਰ ਐਸ ਵਿੱਦਿਆਪੀਠ ਨੇ ਸੀ ਬੀ ਐਸ ਈ ਕਲਾਸ 12ਵੀਂ ਬੋਰਡ ਪ੍ਰੀਖਿਆਵਾਂ (2025-26) ਵਿੱਚ ਇਕ ਵਾਰ ਫਿਰ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਕਰਦਿਆਂ ਅੰਗਰੇਜ਼ੀ ਵਿਸ਼ੇ ਵਿੱਚ ਉਲੇਖਣਯੋਗ ਸਫਲਤਾ ਹਾਸਲ ਕੀਤੀ ਹੈ।ਸਕੂਲ ਦੇ ਕੁੱਲ 17 ਵਿਦਿਆਰਥੀਆਂ ਨੇ ਅੰਗਰੇਜ਼ੀ ਵਿਸ਼ੇ ਵਿੱਚ 90 ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕੀਤੇ। ਸਕੂਲ ਪ੍ਰਬੰਧਨ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਖਾਸ ਤੌਰ 'ਤੇ ਅੰਗਰੇਜ਼ੀ ਵਿਭਾਗ ਦੀ ਮੁਖੀ ਹਰਪ੍ਰੀਤ ਕੌਰ ਹੁੰਜਨ ਦੇ ਸਮਰਪਿਤ ਯਤਨਾਂ ਦੀ ਪ੍ਰਸ਼ੰਸਾ ਕੀਤੀ। ਚਿਕਿਤਸਾ ਸ਼ਾਖਾ ਦੀ ਗੁਰਮਨਪ੍ਰੀਤ ਕੌਰ ਨੇ 99 ਅੰਕ ਪ੍ਰਾਪਤ ਕਰ ਪਹਿਲਾ ਸਥਾਨ ਹਾਸਲ ਕੀਤਾ। ਵਪਾਰ ਸ਼ਾਖਾ ਦੇ ਗੁਰਸ਼ਰਨਪ੍ਰੀਤ ਸਿੰਘ ਅਤੇ ਗੈਰ-ਚਿਕਿਤਸਾ ਸ਼ਾਖਾ ਦੀ ਮਾਹਿਰਾ ਗੋਇਲ ਨੇ 96-96 ਅੰਕ ਪ੍ਰਾਪਤ ਕੀਤੇ। ਵਪਾਰ ਸ਼ਾਖਾ ਦੀ ਜੈਸਮੀਨ ਕੌਰ ਅਤੇ ਗੈਰ-ਚਿਕਿਤਸਾ ਸ਼ਾਖਾ ਦੇ ਰਿਆਂਸ਼ ਨੇ 95 ਅੰਕ ਪ੍ਰਾਪਤ ਕੀਤੇ। ਵਪਾਰ ਸ਼ਾਖਾ ਦੀ ਸੀਆ ਵਰਮਾ ਨੇ 94 ਅੰਕ ਅਤੇ ਗੈਰ-ਚਿਕਿਤਸਾ ਸ਼ਾਖਾ ਦੇ ਉਦੈ ਗਰਗ ਨੇ 93 ਅੰਕ ਹਾਸਲ ਕੀਤੇ। ਮਨੁੱਖੀ ਵਿਸ਼ਿਆਂ ਦੀ ਸ਼ਾਖਾ ਦੀ ਅਭਿਨੂਰ ਕੌਰ ਨੇ 91 ਅੰਕ, ਜਦਕਿ ਵਿਗਿਆਨ ਸ਼ਾਖਾ ਦੀ ਨਿਮਰਤ ਕੌਰ ਵਿਰਕ, ਮਨੁੱਖੀ ਵਿਸ਼ਿਆਂ ਦੀ ਸ਼ਾਖਾ ਦੀ ਸੁਖਪ੍ਰੀਤ ਕੌਰ, ਵਪਾਰ ਸ਼ਾਖਾ ਦੀ ਖੁਸ਼ਦੀਪ ਕੌਰ, ਚਿਕਿਤਸਾ ਸ਼ਾਖਾ ਦੀ ਹਰਨੂਰ ਕੌਰ ਅਤੇ ਵਪਾਰ ਸ਼ਾਖਾ ਦੇ ਹਰਸ਼ਪ੍ਰੀਤ ਸਿੰਘ ਨੇ 90 ਅੰਕ ਪ੍ਰਾਪਤ ਕੀਤੇ।

## ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਫਲਾਂ ਦੀ ਸਾਂਭ-ਸੰਭਾਲ ਸੰਬੰਧੀ ਸਿਖਲਾਈ ਕੋਰਸ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪੰਜਾਬ ਐਗਰੀਕਲਚਰ ਯੂਨੀਵਰਸਿਟੀ ਲੁਧਿਆਣਾ ਅਧੀਨ ਆਉਂਦੇ ਕ੍ਰਿਸ਼ੀ ਵਿਗਿਆਨ ਕੇਂਦਰ ਫਤਹਿਗੜ੍ਹ ਸਾਹਿਬ ਵਿਖੇ ਕਿਸਾਨ ਬੀਬੀਆਂ ਲਈ ਗਰਮੀ



ਰੁੱਤ ਦੇ ਫਲਾਂ ਦੀ ਸਾਂਭ ਸੰਭਾਲ ਦਾ ਇਕ ਹਫਤੇ ਦਾ ਕਿਤਾਮੁਖੀ ਸਿਖਲਾਈ ਕੋਰਸ ਕਰਵਾਇਆ ਗਿਆ।ਡਿਪਟੀ ਡਾਇਰੈਕਟਰ (ਟ੍ਰੇਨਿੰਗ) ਡਾ. ਹਰਦੀਪ ਸਿੰਘ ਸਭਿਖੀ ਨੇ ਦੱਸਿਆ ਕਿ ਇਸ ਕੋਰਸ ਦੇ ਤਕਨੀਕੀ ਇੰਚਾਰਜ ਡਾ. ਮਨੀਸ਼ਾ ਭਾਟੀਆ, ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ) ਵੱਲੋਂ ਬਿੱਲ ਦਾ ਸ਼ਰਬਤ, ਅੰਬ ਦਾ ਸ਼ਰਬਤ, ਅੰਬ ਸੁਕੈਸ਼, ਅੰਬ ਚਟਣੀ, ਆੜੂ ਦਾ ਜੈਮ, ਆਲੂ ਬੁਖਾਰੇ ਦਾ ਜੈਮ ਬਣਾਉਣ ਬਾਰੇ ਤਕਨੀਕੀ ਅਤੇ ਪ੍ਰੈਕਟੀਕਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਮਨੀਸ਼ਾ ਭਾਟੀਆ ਨੇ ਦੱਸਿਆ ਕਿ ਆਚਾਰ, ਚਟਨੀਆਂ, ਸ਼ਰਬਤ, ਸਕੈਸ਼ ਆਦਿ ਬਣਾ ਕੇ ਮੌਸਮੀ ਫਲਾਂ ਅਤੇ ਸਬਜ਼ੀਆਂ ਦੀ ਕੀਮਤ ਵਿੱਚ ਵਾਧਾ ਕੀਤਾ ਜਾ ਸਕਦਾ ਹੈ। ਮੌਸਮੀ ਫਲਾਂ ਅਤੇ ਸਬਜ਼ੀਆਂ ਦੀ ਕੀਮਤ ਵਿੱਚ ਵਾਧਾ ਕਰਕੇ ਕਿਸਾਨ ਬੀਬੀਆਂ ਇਸ ਕੰਮ ਨੂੰ ਇੱਕ ਸਹਾਇਕ ਧੰਦੇ ਵਜੋਂ ਅਪਣਾ ਸਕਦੀਆ ਹਨ, ਜਿਸ ਨਾਲ ਉਹਨਾਂ ਦੀ ਪਰਵਾਰਕ ਆਮਦਨ ਵਿੱਚ ਕਾਫੀ ਵਾਧਾ ਹੋ ਸਕਦਾ ਹੈ।

# ਪੀ ਐਨ ਜੀ ਪਾਈਪਲਾਈਨ ਦਾ ਕੰਮ ਤੇਜ਼ੀ ਨਾਲ ਨਿਪਟਾਉਣ ਦੇ ਨਿਰਦੇਸ਼

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪਾਈਪਡ ਨੈਚੁਰਲ ਗੈਸ (ਪੀਐਨਜੀ) ਨੈੱਟਵਰਕ ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਟੋਰੈਂਟ ਗੈਸ



ਪਾਈਪਲਾਈਨਾਂ ਵਿਛਾਉਣ ਨਾਲ ਸਬੰਧਤ ਰੁਕਾਵਟਾਂ ਦੂਰ ਕਰਨ ਲਈ ਤੇਜ਼ੀ ਨਾਲ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਨਾਲ ਹੀ ਪਟਿਆਲਾ ਵਾਸੀਆਂ ਨੂੰ ਐਲਪੀਜੀ ਸਿਲੰਡਰਾਂ 'ਤੇ ਨਿਰਭਰਤਾ ਘਟਾਉਣ ਲਈ ਪੀਐਨਜੀ ਕੁਨੈਕਸ਼ਨਾਂ ਲੈਣ ਦੀ ਵੀ ਅਪੀਲ ਕੀਤੀ। ਡਾ. ਹਿਮਾਂਸ਼ੂ ਅਗਰਵਾਲ ਨੇ ਟੋਰੈਂਟ ਗੈਸ ਕੰਪਨੀ ਦੇ ਅਧਿਕਾਰੀਆਂ ਨੂੰ ਚੱਲ ਰਹੇ ਕੰਮ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੁ ਪੂਰੇ ਸ਼ਹਿਰ ਨੂੰ ਜਲਦੀ ਤੋਂ ਜਲਦੀ ਐਲਪੀਜੀ-ਮੁਕਤ ਜ਼ੋਨ ਐਲਾਨਿਆ ਜਾ ਸਕੇ।ਕੰਪਨੀ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਪਟਿਆਲਾ 'ਚ ਲਗਭਗ 30,000 ਘਰਾਂ ਲਈ ਪੀਐਨਜੀ ਨੈੱਟਵਰਕ ਪਹਿਲਾਂ ਹੀ ਵਿਛਾਇਆ ਜਾ ਚੁੱਕਾ ਹੈ।ਇਨ੍ਹਾਂ 'ਚੋਂ 21,000 ਘਰਾਂ ਨੇ ਕੁਨੈਕਸ਼ਨ ਬੁੱਕ ਕੀਤੇ ਹਨ, ਜਦੋਂ ਕਿ 15,000 ਘਰ ਪਹਿਲਾਂ ਹੀ ਇਸ ਪਾਈਪਲਾਈਨ ਨਾਲ ਜੁੜ ਗਏ ਹਨ ਤੇ ਲਗਭਗ 12,500 ਘਰ ਇਸ ਸਮੇਂ ਖਾਣਾ ਪਕਾਉਣ ਲਈ ਪੀਐਨਜੀ ਸਪਲਾਈ ਪ੍ਰਾਪਤ ਕਰ ਰਹੇ ਹਨ। ਕੰਪਨੀ ਨੇ ਇਹ ਵੀ ਦੱਸਿਆ ਕਿ ਸ਼ਹਿਰ ਵਿੱਚ ਹੁਣ ਤੱਕ ਲਗਭਗ 400 ਕਿਲੋਮੀਟਰ ਪਾਈਪਲਾਈਨ ਨੈੱਟਵਰਕ ਵਿਛਾਇਆ ਜਾ ਚੁੱਕਾ ਹੈ ਅਤੇ 100 ਤੋਂ ਵੱਧ ਵਪਾਰਕ ਕੁਨੈਕਸ਼ਨ ਵੀ ਦਿੱਤੇ ਗਏ ਹਨ। ਟੋਰੈਂਟ ਗੈਸ ਨੇ ਨਾਭਾ ਸ਼ਹਿਰ ਵਿੱਚ ਪੀਐਨਜੀ ਨੈੱਟਵਰਕ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਹੈ। ਮੀਟਿੰਗ ਦੌਰਾਨ ਕੰਪਨੀ ਦੇ ਨੁਮਾਇੰਦਿਆਂ ਨੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਕੁਝ ਮੁੱਦਿਆਂ ਨੂੰ ਉਜਾਗਰ ਕੀਤਾ।ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਡਿਪਟੀ ਕਮਿਸ਼ਨਰ ਨੇ ਸਾਰੇ ਵਿਭਾਗਾਂ ਨੂੰ ਇਨ੍ਹਾਂ ਮੁੱਦਿਆਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣ ਲਈ ਆਪਸੀ ਤਾਲਮੇਲ ਤੇ ਸਮੂਹਿਕ ਤੌਰ 'ਤੇ ਕੰਮ ਕਰਨ ਦੇ ਨਿਰਦੇਸ਼ ਦਿੱਤੇ।

# ਰੇਤਾ ਦੀ ਭਰੀ ਟਰੈਕਟਰ ਟਰਾਲੀ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ ਰੇਤਾ ਦੀ ਭਰੀ ਟਰੈਕਟਰ ਟਰਾਲੀ ਸਮੇਤ ਗ੍ਰਿਫਤਾਰ ਕਰਕੇ ਦੋ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਚਸੀ ਰਮੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਦੁਲਚੀ ਕੇ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਗੁਰਮੇਜ ਸਿੰਘ ਪੁੱਤਰ ਭਜਨ ਸਿੰਘ ਵਾਸੀ ਗਨੇਸ਼ੇ ਵਾਲਾ ਝੁੱਗੇ ਆਪਣੇ ਟਰੈਕਟਰ ਤੇ ਰੇਤਾ ਦੀ ਨਾਜਾਇਜ਼ ਨਿਕਾਸੀ ਕਰਕੇ ਅੱਗੇ ਮਹਿੰਗੇ ਭਾਅ 'ਤੇ ਵੇਚਦਾ ਹੈ ਅਤੇ ਸੁਖਦੇਵ ਸਿੰਘ ਉਰਫ ਦੇਬੂ ਵਾਸੀ ਅਲੀ ਕੇ ਇਸ ਪਾਸੋਂ ਨਾਜਾਇਜ਼ ਨਿਕਾਸੀ ਕਰਵਾਉਂਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕੀਤੀ ਤਾਂ ਦੋਸ਼ੀ ਗੁਰਮੇਜ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਸੁਖਦੇਵ ਸਿੰਘ ਮੌਕੇ ਤੋਂ ਭੱਜਣ ਵਿਚ ਸਫਲ ਹੋ ਗਿਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਸ਼ਹੀਦ ਕਰਮਜੀਤ ਸਿੰਘ ਸਰਕਾਰੀ ਸਕੂਲ ਦੇ ਹੋਣਹਾਰ ਬੱਚਿਆਂ ਨੂੰ ਕੀਤਾ ਸਨਮਾਨਤ

**ਕੋਟ ਈਸੇ ਖਾਂ (ਅਰੋੜਾ)**- ਸ਼ਹੀਦ ਕਰਮਜੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜਨੇਰ ਜ਼ਿਲ੍ਹਾ ਮੋਗਾ ਦਾ ਮਾਰਚ 2026 ਦਾ ਬੋਰਡ ਦੀਆਂ ਕਲਾਸਾਂ ਦਾ ਸਾਲਾਨਾ ਨਤੀਜਾ ਬਹੁਤ ਸ਼ਾਨਦਾਰ ਰਿਹਾ।ਅੱਠਵੀਂ, ਦਸਵੀਂ ਤੇ ਬਾਰਵੀਂ ਸ਼੍ਰੇਣੀ ਦੇ ਸਾਰੇ ਵਿਦਿਆਰਥੀ ਪਾਸ ਹੋਣ ਵਿੱਚ ਸਫਲ ਰਹੇ ਤੇ ਨਤੀਜਾ 100% ਰਿਹਾ।ਬਾਰਵੀਂ ਸ਼੍ਰੇਣੀ ਦੀ ਅਮਨਦੀਪ ਕੌਰ 93.2% ਨੰਬਰ ਲੈ ਕੇ ਪਹਿਲੇ, ਖੁਸ਼ਦੀਪ ਕੌਰ 92.2% ਨੰਬਰ ਲੈ ਕੇ ਦੂਜੇ,



ਨਵਦੀਪ ਕੌਰ ਤੇ ਪ੍ਰਭਦੀਪ ਕੌਰ 91.6% ਨੰਬਰ ਲੈ ਕੇ ਤੀਜੇ ਸਥਾਨ 'ਤੇ ਰਹੀਆਂ। ਬਾਰਵੀਂ ਸ਼੍ਰੇਣੀ ਦੇ ਅੱਠ ਵਿਦਿਆਰਥੀਆਂ ਨੇ 90% ਤੋਂ ਉੱਪਰ ਨੰਬਰ ਪ੍ਰਾਪਤ ਕੀਤੇ।ਬਾਰਵੀਂ ਸ਼੍ਰੇਣੀ ਦੇ ਸਾਰੇ ਵਿਦਿਆਰਥੀ ਫਸਟ ਡਵੀਜ਼ਨ ਵਿੱਚ ਪਾਸ ਹੋਏ। ਦਸਵੀਂ ਜਮਾਤ ਦੀ ਪ੍ਰਵੀਨ ਕੌਰ 84.61% ਨੰਬਰ ਲੈ ਕੇ ਪਹਿਲੇ ਤੇ ਹਰਮਨਪ੍ਰੀਤ ਕੌਰ 83.53% ਨੰਬਰ ਲੈ ਕੇ ਦੂਜੇ, ਅਮਰ ਨੂਰ ਕੌਰ 83.2 ਨੰਬਰ ਲੈ ਕੇ ਤੀਜੇ ਸਥਾਨ 'ਤੇ ਰਹੀ।ਅੱਠਵੀਂ ਸ਼੍ਰੇਣੀ ਦੀ ਜਸ਼ਨਪ੍ਰੀਤ ਕੌਰ 89% ਅੰਕ ਲੈ ਕੇ ਪਹਿਲੇ ਸਥਾਨ, ਕਿਰਨ ਜੋਤ ਕੌਰ 87% ਨੰਬਰ ਲੈ ਕੇ ਦੂਜੇ, ਲੱਛਮੀ ਕੌਰ 86% ਨੰਬਰ ਲੈ ਕੇ ਤੀਜੇ ਸਥਾਨ 'ਤੇ ਰਹੀ। ਇਸ ਮੌਕੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਸਕੂਲ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਪਿੰਡ ਜਨੇਰ ਦੇ ਸਰਪੰਚ ਪਰਮਿੰਦਰ ਸਿੰਘ ਗਿੱਲ ਤੇ ਸਕੂਲ ਪ੍ਰਿੰਸੀਪਲ ਸ. ਲਖਵਿੰਦਰ ਸਿੰਘ ਭੁੱਲਰ ਵੱਲੋਂ ਬੱਚਿਆਂ ਨੂੰ ਵਿਸ਼ੇਸ਼ ਸਨਮਾਨ ਪੱਤਰ ਤੇ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ।

ਬੱਚਿਆਂ ਨੂੰ ਆਸ਼ੀਰਵਾਦ ਦੇਣ ਲਈ ਸਕੂਲ ਦੇ ਸਾਬਕਾ ਪ੍ਰਿੰਸੀਪਲ ਸ਼੍ਰੀਮਤੀ ਸੀਮਾ ਬਾਂਸਲ ਤੇ ਪਰਮਜੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਗ੍ਰਾਮ ਪੰਚਾਇਤ ਜਨੇਰ ਵੱਲੋਂ ਦਰਸ਼ਨ ਸਿੰਘ ਮਿਸਤਰੀ, ਪੰਚਾਇਤ ਮੈਂਬਰ ਅਮਰਜੀਤ ਕੌਰ, ਐੱਸਐੱਮਸੀ ਕਮੇਟੀ ਦੇ ਚੇਅਰਮੈਨ ਗੁਰਮੀਤ ਕੌਰ, ਸੀਨੀਅਰ ਲੈਕਚਰਾਰ ਸ਼੍ਰੀਮਤੀ ਸਰੋਜ ਬਾਲਾ, ਸ਼੍ਰੀਮਤੀ ਸੀਮਾ ਰਾਣੀ, ਮਿਸ ਈਸ਼ਾ, ਮਿਸ ਸਿਮਰਜੀਤ ਕੌਰ ਤੇ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਪੇ ਹਾਜ਼ਰ ਹੋਏ।

## 'ਆਪ' ਉਮੀਦਵਾਰ ਸਵਿਤਾ ਰਾਣੀ ਦੇ ਦਫ਼ਤਰ ਦਾ ਉਦਘਾਟਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਨਗਰ ਕੌਂਸਲ ਦੇ ਵਾਰਡ ਨੰਬਰ ਸੱਤ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸਵੀਤਾ ਰਾਣੀ ਪਤਨੀ ਐਡਵੋਕੇਟ ਹਰਦੀਪ ਸ਼ਰਮਾ ਦੇ ਚੋਣ ਦਫਤਰ ਦਾ ਉਦਘਾਟਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕੀਤਾ। ਹੋਰਨਾਂ ਤੋਂ ਇਲਾਵਾ ਮਾਰਕਿਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ,



ਕੰਬੋਜ ਵੈਲਫੇਅਰ ਬੋਰਡ ਦੇ ਡਾਇਰੈਕਟਰ ਕੁਲਦੀਪ ਸਿੰਘ ਥਿੰਦ, ਆੜ੍ਹਤੀਆਂ ਐਸੋਸੀਏਸ਼ਨ ਦੇ ਪ੍ਰਧਾਨ ਤੇਜਪਾਲ ਸ਼ਰਮਾ, ਸਾਬਕਾ ਪ੍ਰਧਾਨ ਸੁਰਿੰਦਰ ਪੈਂਦ, ਐਡਵੋਕੇਟ ਹਰਦੀਪ ਸਿੰਘ, ਲਖਦੀਪ ਸਿੰਘ ਗੋਗਾ, ਧਰਮਪਾਲ ਕਾਹਨਗੜ੍ਹ, ਵਕੀਲ ਚੰਦ, ਪਵਨ ਕੁਮਾਰ, ਹਿੰਮਤ ਸ਼ਰਮਾ, ਰੋਹਿਤ ਸ਼ਰਮਾ ਤੇ ਭਾਰਤ ਭੂਸ਼ਣ ਰੋਕੀ ਆਦਿ ਹਾਜ਼ਰ ਸਨ।

# ਕੈਮਿਸਟ ਐਸੋਸੀਏਸ਼ਨ ਵੱਲੋਂ ਦੁਕਾਨਾਂ ਬੰਦ ਰੱਖ ਕੇ ਹੜਤਾਲ

**ਮੱਖੂ, (ਰਛਪਾਲ ਸਿੰਘ ਸੰਧੂ)** ਆਲ ਇੰਡੀਆ ਆਰਗੇਨਾਈਜੇਸ਼ਨ ਆਫ ਕੈਮਿਸਟ ਐਂਡ ਡਰੱਗਿਸਟਸ ਦੇ ਸੱਦੇ 'ਤੇ ਆਨਲਾਈਨ ਵਿਕਰੀ ਦੇ ਵਿਰੋਧ ਵਿਚ



ਕੈਮਿਸਟ ਐਸੋਸੀਏਸ਼ਨ ਵੱਲੋਂ ਆਪਣੀਆਂ ਕੈਮਿਸਟ ਦੀਆਂ ਦੁਕਾਨਾਂ ਬੰਦ ਰੱਖ ਕੇ ਹੜਤਾਲ ਕੀਤੀ ਗਈ।ਕੈਮਿਸਟ ਦੀਆਂ ਦੁਕਾਨਾਂ ਬੰਦ ਹੋਣ ਕਾਰਨ ਕੁੱਝ ਮਰੀਜ਼ਾਂ ਨੂੰ ਦਵਾਈਆਂ ਲੈਣ ਲਈ ਦਿੱਕਤ ਦਾ ਸਾਹਮਣਾ ਕਰਨਾ ਪਿਆ।ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਡਾ. ਰਾਜੀਵ ਆਹੂਜਾ ਨੇ ਕਿਹਾ ਕਿ ਵੱਡੇ ਘਰਾਣਿਆ ਦੀਆਂ ਕੰਪਨੀਆਂ ਨਿਯਮਾਂ ਨੂੰ ਛਿੱਕੇ ਟੰਗ ਕੇ ਆਨਲਾਈਨ ਪਲੇਟਫਾਰਮਾਂ ਰਾਹੀਂ ਦਵਾਈਆਂ 'ਤੇ ਭਾਰੀ ਡਿਸਕਾਊਂਟ ਦੇ ਰਹੇ ਹਨ, ਜਿਸ ਕਾਰਨ ਗਲੀਆਂ ਮੁਹੱਲਿਆਂ ਦੇ ਰਵਾਇਤੀ ਕੈਮਿਸਟ ਸਟੋਰਾਂ ਦਾ ਧੰਦਾ ਬੰਦ ਹੋ ਰਿਹਾ ਹੈ। ਆਨਲਾਈਨ ਪਲੇਟਫਾਰਮਾਂ ਰਾਹੀਂ ਘਟੀਆਂ ਮਿਆਰ ਦੀਆਂ ਦਵਾਈਆਂ ਤੇ ਬਿਨਾਂ ਕਿਸੇ ਵੈਧ ਡਾਕਟਰੀ ਦੇ ਪਰਚੀ ਦੇ ਨਸ਼ੀਲੀਆਂ ਅਤੇ ਗੰਭੀਰ ਮਾਨਸਿਕ ਰੋਗਾਂ ਨਾਲ ਸਬੰਧਤ ਦਵਾਈਆਂ ਦੀ ਹੋਮ ਡਲੀਵਰੀ ਕੀਤੀ ਜਾ ਰਹੀ ਹੈ, ਜਿਸ ਨਾਲ ਨੌਜਵਾਨ ਪੀੜ੍ਹੀ ਨਸ਼ੇ ਦੀ ਪ੍ਰਵਿਰਤੀ ਵਧਣ ਦਾ ਖਤਰਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਆਨਲਾਈਨ ਦਵਾਈਆਂ ਦੀ ਵਿਕਰੀ ਨੂੰ ਲੈ ਕੇ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਸੰਖਿਆ ਜੀਐਸਆਰ 817 ਨੂੰ ਤੁਰੰਤ ਵਾਪਸ ਲਿਆ ਜਾਵੇ ਤੇ ਇਸ ਸਬੰਧੀ ਨਵੇਂ ਸਿਰੇ ਤੋਂ ਨਿਯਮ 'ਤੇ ਢਾਂਚਾ ਤਿਆਰ ਕੀਤਾ ਜਾਵੇ।

# ਰਾਠੀਆਂ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ

**ਸਨੌਰ, (ਰਾਜਿੰਦਰ ਸਿੰਘ ਥਿੰਦ)** ਪੰਜਾਬ ਸਰਕਾਰ ਵੱਲੋਂ ਆਮ ਲੋਕਾਂ, ਖ਼ਾਸ ਕਰਕੇ ਬਜ਼ੁਰਗਾਂ ਤੇ ਸ਼ਰਧਾਲੂਆਂ ਨੂੰ ਦੇਸ਼ ਦੇ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਾਉਣ ਲਈ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਸਨੌਰ ਦੇ ਪਿੰਡ ਰਾਠੀਆ ਤੋਂ ਸ਼ਰਧਾਲੂਆਂ ਨਾਲ ਭਰੀ ਇੱਕ ਬੱਸ ਨੂੰ ਸ਼ਾਨਦਾਰ ਢੰਗ ਨਾਲ ਰਵਾਨਾ ਕੀਤਾ ਗਿਆ ਪਿੰਡ ਦੇ ਸਰਪੰਚ ਅਤੇ ਬਲਾਕ ਸਨੌਰ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਠੀਆ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਾਈ ਅਤੇ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਫੁੱਲ ਮਾਲਾਵਾਂ ਪਾ ਕੇ ਤੇ ਸ਼ੁਭਕਾਮਨਾਵਾਂ ਦੇ ਕੇ ਵਿਦਾ ਕੀਤਾ।ਸਮਾਗਮ ਦੌਰਾਨ ਪਿੰਡ ਵਾਸੀਆਂ ਵਿੱਚ ਭਾਰੀ ਉਤਸ਼ਾਹ ਤੇ ਖ਼ੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ। ਅਮਰਿੰਦਰ ਸਿੰਘ ਰਾਠੀਆ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਹਡਾਣਾ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼ੁਰੂ ਕੀਤੀ ਗਈ ਇਹ ਯੋਜਨਾ ਬਹੁਤ ਹੀ ਸ਼ਲਾਘਾਯੋਗ ਤੇ ਲੋਕ-ਹਿਤੈਸ਼ੀ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਕਈ ਅਜਿਹੇ ਪਰਿਵਾਰ ਹਨ, ਜੋ ਆਰਥਿਕ ਕਾਰਨਾਂ ਕਰਕੇ ਤੀਰਥ ਯਾਤਰਾ 'ਤੇ ਨਹੀਂ ਜਾ ਸਕਦੇ, ਪਰ ਹੁਣ ਸਰਕਾਰ ਦੀ ਇਸ ਯੋਜਨਾ ਨਾਲ ਉਨ੍ਹਾਂ ਨੂੰ ਮੁਫ਼ਤ ਵਿੱਚ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸਿਰਫ਼ ਇੱਕ ਸਰਕਾਰੀ



ਸਕੀਮ ਨਹੀਂ, ਸਗੋਂ ਲੋਕਾਂ ਦੀਆਂ ਆਸਥਾਵਾਂ ਅਤੇ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਇਕ ਮਹੱਤਵਪੂਰਨ ਉਪਰਾਲਾ ਹੈ।ਇਸ ਨਾਲ ਬਜ਼ੁਰਗਾਂ, ਮਹਿਲਾਵਾਂ ਅਤੇ ਆਮ ਪਰਵਾਰਾਂ ਨੂੰ ਖ਼ਾਸ ਲਾਭ ਮਿਲ ਰਿਹਾ ਹੈ।ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੇ ਵੀ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਲੰਮੇ ਸਮੇਂ ਤੋਂ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦੀ ਇੱਛਾ ਇਸ ਯੋਜਨਾ ਰਾਹੀਂ ਪੂਰੀ ਹੋ ਰਹੀ ਹੈ।ਬੱਸ ਰਵਾਨਾ ਹੋਣ ਤੋਂ ਪਹਿਲਾਂ ਪਿੰਡ ਵਾਸੀਆਂ ਨੇ ਸ਼ਰਧਾਲੂਆਂ ਦੀ ਸੁਖਮਈ ਯਾਤਰਾ ਲਈ ਅਰਦਾਸ ਕੀਤੀ ਅਤੇ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਵਿਸ਼ਵ ਹਾਈਪਰਟੈਂਸ਼ਨ ਦਿਵਸ ਮੌਕੇ ਵਿਸ਼ੇਸ਼ ਜਾਗਰੂਕਤਾ ਤੇ ਜਾਂਚ ਕੈਂਪ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਜ਼ਿਲ੍ਹਾ ਬਰਨਾਲਾ ਦੀਆਂ ਸਿਹਤ ਸੰਸਥਾਵਾਂ ਵੱਲੋਂ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾਇਆ ਗਿਆ, ਜਿਸ ਦਾ ਮਕਸਦ ਲੋਕਾਂ ਨੂੰ ਬਲੱਡ ਪ੍ਰੈਸ਼ਰ ਵਰਗੀ ਖਾਮੋਸ਼ ਬਿਮਾਰੀ ਬਾਰੇ ਜਾਗਰੂਕ ਕਰਨਾ ਸੀ, ਤਾਂ ਜੁ ਲੋਕ ਆਪਣੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਵਿੱਚ ਰੱਖ ਕੇ ਲੰਮੀ ਤੇ ਤੰਦਰੁਸਤ ਜ਼ਿੰਦਗੀ ਜੀਅ ਸਕਣ।ਇਹ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਨੇ ਕਰਦਿਆਂ ਕਿਹਾ ਕਿ ਹਾਈਪਰਟੈਂਨਸ਼ਨ ਇੱਕ ਖਾਮੋਸ਼ ਕਾਤਲ ਹੈ, ਜੋ ਬਿਨਾਂ ਲੱਛਣਾਂ ਦੇ ਮਨੁੱਖ ਦੇ ਸਰੀਰ ਨੂੰ ਨੁਕਸਾਨ ਪੁਚਾਉਂਦਾ ਹੈ।ਉਨ੍ਹਾਂ ਕਿਹਾ ਕਿ ਸਮੇਂ-ਸਮੇਂ ਤੇ ਬਲੱਡ ਪ੍ਰੈਸ਼ਰ ਦੀ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ ਤਾਂ ਜੁ ਗੰਭੀਰ ਬਿਮਾਰੀਆਂ ਤੋਂ ਬਚਿਆ ਜਾ ਸਕੇ। ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਪ੍ਰਵੇਸ ਕੁਮਾਰ ਤੇ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਬਰਨਾਲਾ ਡਾ. ਇੰਦੂ ਬਾਂਸਲ ਨੇ ਦੱਸਿਆ ਕਿ ਹਾਈਪਰਟੈਂਨਸ਼ਨ ਸਟ੍ਰੋਕ, ਦਿਲ ਦੇ ਦੌਰੇ, ਗੁਰਦੇ ਦੀ ਬਿਮਾਰੀ ਤੇ ਦਿਮਾਗੀ ਕਮਜ਼ੋਰੀ ਵਰਗੀਆਂ ਗੰਭੀਰ ਸਮੱਸਿਆਵਾਂ ਦਾ ਮੁੱਖ ਕਾਰਨ ਹੈ।ਬਹੁਤ ਸਾਰੇ ਲੋਕਾਂ ਨੂੰ ਇਸ ਬਿਮਾਰੀ ਦਾ ਪਤਾ ਨਹੀਂ ਹੁੰਦਾ ਕਿਉਂਕਿ



ਕਈ ਵਾਰ ਇਸਦੇ ਕੋਈ ਲੱਛਣ ਸਾਹਮਣੇ ਨਹੀਂ ਆਉਂਦੇ ਤੇ ਅਕਸਰ ਦਿਲ ਦਾ ਦੌਰਾ ਪੈਣ ਤੋਂ ਬਾਅਦ ਹੀ ਲੋਕਾਂ ਨੂੰ ਇਸ ਬਾਰੇ ਜਾਣਕਾਰੀ ਮਿਲਦੀ ਹੈ।ਐਮ.ਡੀ. ਮੈਡੀਸਨ ਡਾ. ਦੀਪਲੇਖ ਸਿੰਘ ਬਾਜਵਾ ਨੇ ਕਿਹਾ ਕਿ ਹਾਈਪਰਟੈਂਨਸ਼ਨ ਭਾਰਤ ਵਿੱਚ ਤੇਜ਼ੀ ਨਾਲ ਵਧ ਰਹੀ ਸਮੱਸਿਆ ਹੈ, ਜੋ ਕਾਰਡੀਓਵੈਸਕੁਲਰ ਬਿਮਾਰੀਆਂ, ਕੋਰੋਨਰੀ ਦਿਲ ਦੀ ਬਿਮਾਰੀ, ਗੁਰਦਿਆਂ ਦੇ ਫੇਲ੍ਹ ਹੋਣ ਤੇ ਦਿਮਾਗੀ ਕਮਜ਼ੋਰੀ ਦਾ ਕਾਰਨ ਬਣਦੀ ਹੈ। ਇਸਦਾ ਪੂਰਨ ਇਲਾਜ ਨਹੀਂ, ਪਰ ਦਵਾਈਆਂ ਤੇ ਜੀਵਨ ਸ਼ੈਲੀ ਵਿੱਚ ਤਬਦੀਲੀਆਂ ਨਾਲ ਖ਼ਤਰੇ ਨੂੰ ਕਾਫ਼ੀ ਹੱਦ ਤੱਕ ਘਟਾਇਆ ਜਾ ਸਕਦਾ ਹੈ।ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਕੁਲਦੀਪ ਸਿੰਘ ਮਾਨ, ਡਿਪਟੀ ਮਾਸ ਮੀਡੀਆ ਅਫ਼ਸਰ ਬਲਰਾਜ ਸਿੰਘ ਅਤੇ ਜ਼ਿਲ੍ਹਾ ਬੀ.ਸੀ.ਸੀ. ਕੋਆਰਡੀਨੇਟਰ ਹਰਜੀਤ ਸਿੰਘ ਨੇ ਦੱਸਿਆ ਕਿ ਖੁਰਾਕ ਵਿੱਚ ਲੂਣ, ਚੀਨੀ, ਘਿਓ ਤੇ ਤੇਲ ਦੀ ਵਰਤੋਂ ਘਟਾ ਕੇ, ਤੰਬਾਕੂ ਪਦਾਰਥਾਂ ਅਤੇ ਹੋਰ ਨਸ਼ਿਆਂ ਤੋਂ ਦੂਰ ਰਹਿ ਕੇ ਹਾਈਪਰਟੈਂਨਸ਼ਨ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਸੀ.ਐਚ.ਸੀ ਮਹਿਲ ਕਲਾਂ ਦੇ ਐਸ.ਐਮ.ਓ ਡਾ. ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਵਿਸ਼ੇਸ਼ ਜਾਗਰੂਕਤਾ ਕੈਂਪ ਲਾਇਆ ਗਿਆ।

ਡਾ. ਅਮਿਤਪਾਲ ਕੌਰ ਨੇ ਦੱਸਿਆ ਕਿ ਦੇਸ਼ ਵਿੱਚ ਹਰ ਚੌਥਾ ਵਿਅਕਤੀ ਹਾਈਪਰਟੈਂਨਸ਼ਨ ਨਾਲ ਪੀੜਤ ਹੈ ਤੇ ਦੇਸ਼ ਵਿੱਚ ਕੁੱਲ ਮੌਤਾਂ ਵਿੱਚੋਂ ਲਗਭਗ 63 ਫ਼ੀਸਦੀ ਗੈਰ-ਸੰਚਾਰੀ ਰੋਗਾਂ ਨਾਲ ਹੁੰਦੀਆਂ ਹਨ, ਜਿਨ੍ਹਾਂ ਵਿੱਚ ਹਾਈਪਰਟੈਂਨਸ਼ਨ ਮੁੱਖ ਕਾਰਨ ਹੈ।ਇਸੇ ਤਰ੍ਹਾਂ ਪਿੰਡ ਕਰਮਗੜ੍ਹ ਸਥਿਤ ਆਯੂਸ਼ਮਾਨ ਅਰੋਗਿਆ ਕੇਂਦਰ ਦੀ ਟੀਮ ਵੱਲੋਂ ਵੀ ਸਿਹਤ ਜਾਂਚ ਕੈਂਪ ਲਾਇਆ ਗਿਆ, ਜਿਸ ਦੌਰਾਨ ਲੋਕਾਂ ਦੀ ਗੈਰ-ਸੰਚਾਰੀ ਬਿਮਾਰੀਆਂ ਅਤੇ ਬਲੱਡ ਪ੍ਰੈਸ਼ਰ ਦੀ ਜਾਂਚ ਕੀਤੀ ਗਈ।

# ਦੁਬਈ ਅਧਾਰਤ ਡਰੱਗ ਕਾਰਟੇਲ ਦਾ ਪਰਦਾਫ਼ਾਸ਼

## 10 ਕਿੱਲੋ ਆਈ ਸੀ ਈ ਤੇ 4 ਕਿੱਲੋ ਹੈਰੋਇਨ ਸਮੇਤ ਦੋ ਕਾਬੂ



**ਛੇਹਰਟਾ/ਖਾਸਾ, (ਮਨੋਜ ਕੁਮਾਰ, ਸ਼ਸ਼ਪਾਲ ਸਿੰਘ)** :ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਦੋ ਮੁਲਜ਼ਮਾਂ ਨੂੰ 10 ਕਿਲੋਗ੍ਰਾਮ ਆਈ. ਸੀ. ਈ. (ਮੈਥਾਮਫੇਟਾਮਾਈਨ) ਤੇ 4 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਅੰਤਰਰਾਸ਼ਟਰੀ ਡਰੱਗ ਕਾਰਟੇਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮੋਹਿਤ ਉਰਫ਼ ਬੱਚੀ (19), ਵਾਸੀ ਪਿੰਡ ਪਾਵਾਰ (ਜਲੰਧਰ) ਤੇ ਅਰਸ਼ਦੀਪ ਸਿੰਘ ਉਰਫ਼ ਅਰਸ਼ ਉਰਫ਼ ਹਰਮਨ (23) ਵਾਸੀ ਕੋਟ ਖਾਲਸਾ (ਅੰਮ੍ਰਿਤਸਰ), ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਆਬੂਧਾਬੀ/ਦੁਬਈ ਤੋਂ ਨਸ਼ੇ ਦਾ ਕਾਰੋਬਾਰ ਚਲਾ ਰਹੇ ਇਕ ਨਸ਼ਾ ਤਸਕਰ ਦੇ ਸੰਪਰਕ ਵਿਚ ਸਨ, ਜੋ ਉਕਤ ਮੁਲਜ਼ਮਾਂ ਤੋਂ ਪੰਜਾਬ ਤੇ ਦਿੱਲੀ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਵਾਉਂਦਾ ਸੀ। ਡੀਜੀਪੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਮੋਹਿਤ ਹਾਲ ਹੀ ਵਿਚ ਦੁਬਈ ਤੋਂ ਵਾਪਸ ਆਇਆ ਹੈ, ਜਿੱਥੇ ਉਸ ਨੂੰ ਤਸਕਰੀ ਕਰਨ ਸਬੰਧੀ ਸਿਖਲਾਈ ਦਿੱਤੀ ਗਈ ਸੀ ਅਤੇ ਹੈਰੋਇਨ ਤੇ ਆਈ.ਸੀ.ਈ. ਦੀ ਖੇਪ ਲਿਜਾਣ ਦਾ ਕੰਮ ਸੌਂਪਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਅੱਗੇ ਮਾਝਾ ਤੇ ਦੋਆਬਾ ਖੇਤਰਾਂ ਵਿਚ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰ ਰਹੇ ਸਨ। ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖ਼ੁਫ਼ੀਆ ਇਤਲਾਹ 'ਤੇ ਕਾਰਵਾਈ ਕਰਦਿਆਂ ਯੋਜਨਾਬੱਧ ਢੰਗ ਨਾਲ ਪੁਲਸ ਟੀਮਾਂ ਨੇ ਮੋਹਿਤ ਉਰਫ਼ ਬੱਚੀ ਤੇ ਅਰਸ਼ਦੀਪ ਸਿੰਘ ਉਰਫ਼ ਅਰਸ਼ ਨੂੰ ਉਦੋਂ ਗ੍ਰਿਫ਼ਤਾਰ ਕੀਤਾ, ਜਦੋਂ ਉਹ ਮੋਟਰਸਾਈਕਲ 'ਤੇ ਜਾ ਰਹੇ ਸਨ। ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਪੁਲਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿਚੋਂ 10 ਕਿਲੋਗ੍ਰਾਮ ਆਈ.ਸੀ.ਈ. ਤੇ 4 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ। ਸੀ. ਪੀ. ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਦੁਬਈ ਤੋਂ ਵਾਪਸ ਆਏ ਮੁਲਜ਼ਮ ਮੋਹਿਤ ਨੇ ਖੁਲਾਸਾ ਕੀਤਾ ਹੈ ਕਿ ਉਕਤ ਤਸਕਰ, ਮਜ਼ਦੂਰ-ਵਰਗ ਦੇ ਨੌਜਵਾਨਾਂ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਨੂੰ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ ਲਈ ਪ੍ਰੇਰਦਾ ਸੀ। ਜਾਂਚ ਦੌਰਾਨ ਇਹ ਵੀ ਪਤਾ ਲੱਗਿਆ ਹੈ ਕਿ ਮੁਲਜ਼ਮ ਅਰਸ਼ਦੀਪ ਉਰਫ਼ ਅਰਸ਼, ਜੋ ਪਹਿਲਾਂ ਹੀ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ ਵਿਚ ਸ਼ਾਮਲ ਸੀ ਤੇ ਦੁਬਈ ਸਥਿਤ ਤਸਕਰ ਨਾਲ ਸਿੱਧੇ ਸੰਪਰਕ ਵਿਚ ਸੀ, ਅਣਪਛਾਤੇ ਵਿਅਕਤੀਆਂ ਰਾਹੀਂ ਭੇਜੀ ਗਈ ਹੈਰੋਇਨ ਦੀ ਖੇਪ ਨੂੰ ਆਪਣੇ ਕੋਲ ਸੰਭਾਲ ਕੇ ਰੱਖਦਾ ਸੀ ਅਤੇ ਅੱਗੇ ਡਲਿਵਰ ਕਰਨ ਲਈ ਮੋਹਿਤ ਨੂੰ ਸੌਂਪ ਦਿੰਦਾ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਅੰਮ੍ਰਿਤਸਰ ਦੇ ਥਾਣਾ ਛੇਹਰਟਾ ਵਿਖੇ ਕੇਸ ਦਰਜ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਇਸ ਸਾਲ ਫਰਵਰੀ ਵਿਚ ਵੀ ਇਸੇ ਦੁਬਈ ਅਧਾਰਤ ਤਸਕਰ ਦੇ ਦੋ ਸਾਥੀਆਂ, ਜਿਨ੍ਹਾਂ ਦੀ ਪਛਾਣ ਸਾਹਿਬਪ੍ਰੀਤ ਸਿੰਘ ਉਰਫ਼ ਸਾਹਿਬ ਤੇ ਗਗਨਦੀਪ ਸਿੰਘ ਉਰਫ਼ ਗਗਨ ਵਜੋਂ ਹੋਈ ਹੈ, ਨੂੰ 7.6 ਕਿਲੋਗ੍ਰਾਮ ਹੈਰੋਇਨ ਤੇ 21000 ਰੁਪਏ ਦੇ ਡਰੱਗ ਮਨੀ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਇਲਾਵਾ ਦੁਬਈ ਅਧਾਰਤ ਤਸਕਰ ਦੀ ਮਾਂ ਤੇ ਭੈਣ ਇਸ ਸਮੇਂ 42 ਕਿਲੋਗ੍ਰਾਮ ਹੈਰੋਇਨ ਦੀ ਬਰਾਮਦਗੀ ਨਾਲ ਸਬੰਧਤ ਕੇਸ ਅਧੀਨ ਕੇਂਦਰੀ ਜੇਲ੍ਹ ਅੰਮ੍ਰਿਤਸਰ ਵਿਚ ਬੰਦ ਹਨ।

## ਹਥਿਆਰ ਲੈ ਕੇ ਚੱਲਣ/ਕੈਰੀ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ



**ਪਠਾਨਕੋਟ (ਦਵਿੰਦਰ ਸਿੰਘ)**-ਪੰਜਾਬ ਰਾਜ ਵਿੱਚ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ 26 ਮਈ ਨੂੰ ਕਰਵਾਈਆਂ ਜਾਣੀਆਂ ਹਨ।ਇਸ ਲਈ ਸਮੁੱਚੀ ਚੋਣ ਪ੍ਰਕਿਰਿਆ ਦੌਰਾਨ ਜ਼ਿਲ੍ਹੇ ਅੰਦਰ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਅਤੇ ਚੋਣਾਂ ਦੌਰਾਨ ਕਿਸੇ ਅਣ-ਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਣ ਲਈ ਹਥਿਆਰ ਲੈ ਕੇ ਚੱਲਣ/ਕੈਰੀ ਕਰਨ ਤੇ ਪਾਬੰਦੀ ਦਾ ਹੁਕਮ ਜਾਰੀ ਕੀਤਾ ਗਿਆ ਹੈ।ਡਾ. ਪੱਲਵੀ, ਆਈਏਐੱਸ ਜ਼ਿਲ੍ਹਾ ਮੈਜਿਸਟਰੇਟ ਪਠਾਨਕੋਟ ਨੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਆਰਮਜ਼ ਐਕਟ 1959 ਤਹਿਤ ਜ਼ਿਲ੍ਹਾ ਪਠਾਨਕੋਟ ਵਿੱਚ ਨਗਰ ਨਿਗਮ ਪਠਾਨਕੋਟ ਅਤੇ ਨਗਰ ਕੌਂਸਲ ਸੁਜਾਨਪੁਰ ਦੀ ਹੋਣ ਵਾਲੀ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਵਕ ਤਰੀਕੇ ਨਾਲ ਮੁਕੰਮਲ ਕਰਵਾਉਣ ਅਤੇ ਮੌਕੇ ਤੇ ਅਮਨ-ਕਾਨੂੰਨ ਦੀ ਵਿਵਸਥਾ ਨੂੰ ਬਣਾਏ ਰੱਖਣ ਲਈ ਨਗਰ ਨਿਗਮ ਪਠਾਨਕੋਟ ਅਤੇ ਨਗਰ ਕੌਂਸਲ ਸੁਜਾਨਪੁਰ ਦੀ ਹਦੂਦ ਅੰਦਰ ਅਸਲਾ ਲਾਇਸੰਸੀਆਂ ਨੂੰ ਆਪਣੇ ਨਾਲ ਹਥਿਆਰ ਲੈ ਕੇ ਚੱਲਣ/ਕੈਰੀ ਕਰਨ ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ।ਇਸ ਹੁਕਮ ਨੂੰ ਸੀਨੀਅਰ ਕਪਤਾਨ ਪੁਲਸ, ਪਠਾਨਕੋਟ ਲਾਗੂ ਕਰਵਾਉਣ ਦੇ ਜ਼ਿੰਮੇਵਾਰ ਹੋਣਗੇ।ਆਰਮੀ ਪ੍ਰਸੋਨਲ, ਪੈਰਾ ਮਿਲਟਰੀ ਫੋਰਸਜ਼, ਡਿਊਟੀ ਤੇ ਤਾਇਨਾਤ ਪੁਲਸ ਕਰਮਚਾਰੀਆਂ ਅਤੇ ਧਾਰਮਿਕ ਤੌਰ 'ਤੇ ਰੀਤੀ ਰਿਵਾਜਾਂ ਕਾਰਨ ਹਥਿਆਰ ਚੁੱਕਣ ਦੇ ਅਧਿਕਾਰ ਹਨ।ਜਿਨ੍ਹਾਂ ਨੂੰ ਭਾਰਤ ਜਾਂ ਪੰਜਾਬ ਸਰਕਾਰ ਵਲੋਂ ਪਹਿਲਾਂ ਹੀ ਸੁਰੱਖਿਆ ਕਵਚ ਪ੍ਰਦਾਨ ਕੀਤਾ ਹੋਇਆ ਹੈ 'ਤੇ ਇਹ ਪਾਬੰਦੀ ਲਾਗੂ ਨਹੀਂ ਹੋਵੇਗੀ।ਇਹ ਹੁਕਮ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ।

# ਮੰਗਾਂ ਨੂੰ ਲੈ ਕੇ ਐੱਨ ਐੱਚ ਐੱਮ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਇਕੱਤਰਤਾ



**ਚੋਹਲਾ ਸਾਹਿਬ (ਰਮਨ ਚੱਢਾ)**-ਪਿਛਲੇ ਲੰਮੇ ਸਮੇਂ ਤੋਂ ਸਿਹਤ ਵਿਭਾਗ 'ਚ ਕੰਮ ਕਰਦੇ ਨੈਸ਼ਨਲ ਹੈਲਥ ਮਿਸ਼ਨ ਪੰਜਾਬ ਦੇ ਸਮੂਹ ਮੁਲਾਜ਼ਮਾਂ ਦੀ ਇੱਕ ਸੂਬਾ ਪੱਧਰੀ ਮੀਟਿੰਗ ਲੁਧਿਆਣਾ ਵਿਖੇ ਐੱਨ ਐੱਚ ਐੱਮ ਇੰਪਲਾਈਜ ਯੂਨੀਅਨ ਪੰਜਾਬ ਦੇ ਬੈਨਰ ਹੇਠ ਲੁਧਿਆਣਾ ਵਿਖੇ ਹੋਈ ਜਿਸ ਵਿਚ ਪੰਜਾਬ ਦੇ ਸਮੂਹ ਜ਼ਿਲਿਆਂ ਤੋਂ ਜ਼ਿਲਾ ਆਗੂਆਂ ਨੇ ਬੜੀ ਹੀ ਗਰਮਜੋਸ਼ੀ ਨਾਲ ਭਾਗ ਲਿਆ।ਇਸ ਮੀਟਿੰਗ 'ਚ ਨੈਸ਼ਨਲ ਹੈਲਥ ਮਿਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਸੰਦੀਪ ਕੌਰ ਬਰਨਾਲਾ ਨੇ ਦੱਸਿਆ ਕਿ ਯੂਨੀਅਨ ਲੰਮੇ ਸਮੇਂ ਤੋਂ ਬਰਾਬਰ ਕੰਮ ਬਰਾਬਰ ਤਨਖਾਹ, ਸਮੂਹ ਮੁਲਾਜ਼ਮਾਂ ਲਈ ਗਰੈਚੁਟੀ, ਬਨੋਸ ਅਤੇ ਹੋਰ ਮੁੱਖ ਮੰਗਾਂ ਨੂੰ ਲੈ ਕੇ ਸਰਕਾਰ ਅਤੇ ਵਿਭਾਗ ਵਿਰੁੱਧ ਸੰਘਰਸ਼ ਕਰ ਰਹੀ ਹੈ, ਪਰੰਤੂ ਵਿਭਾਗ ਤੇ ਸਰਕਾਰ ਨਾਲ ਅਨੇਕਾਂ ਮੀਟਿੰਗਾ ਹੋਣ ਤੋਂ ਬਾਅਦ ਵੀ ਕੋਈ ਹੱਲ ਨਹੀਂ ਨਿਕਲਿਆ, ਜਿਸ ਕਾਰਨ ਸਮੂਹ ਐੱਨ ਐੱਚ ਐੱਮ ਮੁਲਾਜ਼ਮਾਂ ਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ।ਇਸ ਲਈ ਯੂਨੀਅਨ ਨੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦੀ ਰਣਨੀਤੀ ਤਿਆਰ ਕਰਨ ਲਈ ਇੱਕ ਸਰਬਸਾਂਝੀ ਮੀਟਿੰਗ ਈਸੜੂ ਭਵਨ ਲੁਧਿਆਣਾ ਵਿਖੇ ਕੀਤੀ ਗਈ।ਮੀਟਿੰਗ ਵਿੱਚ ਸਮੂਹ ਦੇ ਆਗੂਆਂ ਨੇ ਸਰਬਸਾਂਝੀ ਆਵਾਜ਼ ਚ ਸਰਕਾਰ ਅਤੇ ਵਿਭਾਗ ਵਿਰੁੱਧ ਤਿੱਖਾ ਸੰਘਰਸ਼ ਕਰਨ ਦੀ ਸਹਿਮਤੀ ਦਿੱਤੀ।ਸੋ ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਪੂਰਾ ਕੀਤਾ ਜਾਵੇ, ਨਹੀਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕਰਦੇ ਹੋਏ ਸਰਕਾਰ ਦਾ ਘਿਰਾਓ ਕੀਤਾ ਜਾਵੇਗਾ।

ਇਸ ਮੀਟਿੰਗ 'ਚ ਸੰਦੀਪ ਕੌਰ ਬਰਨਾਲਾ, ਰਾਮ ਸਿੰਘ ਕਪੂਰਥਲਾ, ਡਾਕਟਰ ਜਤਿੰਦਰ, ਜਸਵੀਰ ਤਰਨਤਾਰਨ, ਗੁਰਪ੍ਰੀਤ ਮੁਕਤਸਰ, ਸੁਖਜੀਤ ਰੋਪੜ, ਕਿਰਨਜੀਤ ਕੌਰ ਮੋਹਾਲੀ, ਡਾਕਟਰ ਸ਼ਿਵਰਾਜ ਲੁਧਿਆਣਾ, ਅਮਨਦੀਪ ਪਟਿਆਲਾ, ਜਸ਼ਨ ਫਤਿਹਗੜ੍ਹ ਸਾਹਿਬ, ਡਾ. ਸਿਮਰ ਮੋਗਾ, ਮਨਿੰਦਰ ਨਵਾਂਸ਼ਹਿਰ, ਡਾ. ਰਾਜ ਅਤੇ ਹੋਰ ਜ਼ਿਲਿਆਂ ਦੇ ਆਗੂ ਸ਼ਾਮਲ ਸਨ।

# ਅਕਸ਼ੈ ਸ਼ਰਮਾ ਨੇ ਸੁਣੀਆਂ ਵਪਾਰੀਆਂ ਦੀਆਂ ਸਮੱਸਿਆਵਾਂ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਉੱਤਰੀ ਹਲਕੇ ਤੋਂ ਭਾਜਪਾ ਦੇ ਨੌਜਵਾਨ ਆਗੂ ਅਕਸ਼ੈ ਸ਼ਰਮਾ ਨੇ ਬੁੱਧਵਾਰ ਨੂੰ ਲਿਬਰਟੀ ਮਾਰਕੀਟ ਵਿੱਚ ਵਪਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਕਿਹਾ ਕਿ ਉਹ ਲੰਮੇਂ ਸਮੇਂ ਤੋਂ ਵਪਾਰੀਆਂ ਨਾਲ ਮਿਲ ਕੇ ਉਨ੍ਹਾਂ ਦੀਆਂ ਦਿੱਕਤਾਂ ਸਮਝਣਾ ਚਾਹੁੰਦੇ ਸਨ। ਅਕਸ਼ੈ ਸ਼ਰਮਾ ਨੇ ਕਿਹਾ ਕਿ ਜੇਕਰ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਦੀ ਹੈ ਤਾਂ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਵਪਾਰੀ ਮਜ਼ਬੂਤ ਹੋਵੇਗਾ ਤਾਂ ਸ਼ਹਿਰ ਵੀ ਮਜ਼ਬੂਤ ਹੋਵੇਗਾ, ਕਿਉਂਕਿ ਬਾਜ਼ਾਰ ਸ਼ਹਿਰ ਦੀ ਅਰਥ-ਵਿਵਸਥਾ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਿਰਫ਼ ਦੁਕਾਨਾਂ ਚੱਲਣ ਨਾਲ ਕੰਮ ਨਹੀਂ ਚਲੇਗਾ, ਸਗੋਂ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਤੇ ਉਨ੍ਹਾਂ ਦਾ ਹੱਲ ਕੱਢਣਾ ਵੀ ਜ਼ਰੂਰੀ ਹੈ। ਮੀਟਿੰਗ ਦੌਰਾਨ ਵਪਾਰੀਆਂ ਨੇ ਮਾਰਕੀਟ ਵਿਚ ਵਾਸ਼ਰੂਮ, ਸੀਸੀਟੀਵੀ ਕੈਮਰੇ, ਸਟਰੀਟ ਲਾਈਟਾਂ, ਸੁਰੱਖਿਆ ਪ੍ਰਬੰਧ ਤੇ ਪਾਰਕਿੰਗ ਵਰਗੀਆਂ ਸਮੱਸਿਆਵਾਂ ਉਠਾਈਆਂ। ਅਕਸ਼ੈ ਸ਼ਰਮਾ ਨੇ ਕਿਹਾ ਕਿ ਵਪਾਰੀਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਬਹੁਤ ਜ਼ਰੂਰੀ ਹੈ ਤੇ ਭਾਜਪਾ ਹਰ ਉਸ ਸਮੱਸਿਆ ਦੇ ਹੱਲ ਲਈ ਕੰਮ ਕਰੇਗੀ ਜਿਸ ਕਾਰਨ ਵਪਾਰੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਦਾ ਹੈ। ਉਨ੍ਹਾਂ ਵਪਾਰੀਆਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਉਹ ਵਪਾਰੀਆਂ ਨਾਲ ਹਰ ਵੇਲੇ ਚਟਾਨ ਵਾਂਗ ਖੜ੍ਹੇ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਮਾਰਕੀਟ ਵਿਚ ਠੰਢੇ ਪਾਣੀ ਦੀ ਮਸ਼ੀਨ ਲਗਵਾਉਣ ਤੇ ਹੋਰ ਸੁਵਿਧਾਵਾਂ ਸਬੰਧੀ ਉਹ ਦੁਬਾਰਾ ਵਪਾਰੀਆਂ ਵਿਚ ਆਉਣਗੇ। ਇਸ ਮੌਕੇ ਪੱਪੂ ਮਹਾਜਨ, ਰਾਜੇਸ਼ ਮਹਾਜਨ, ਅਭੀ ਮਹਾਜਨ, ਹਨੀ ਸਹਿਗਲ, ਮਣੀ, ਵਿਸ਼ਾਲ ਸਹਿਗਲ, ਬਲਵੰਤ ਸਿੰਘ, ਕਾਲੀ, ਡਾ. ਮਨੂੰ, ਸੰਦੀਪ ਸਿੰਘ, ਰਮਨਦੀਪ ਸਿੰਘ ਤੇ ਪਵਨ ਮਹਾਜਨ ਸਮੇਤ ਹੋਰ ਸਾਥੀ ਵੀ ਮੌਜੂਦ ਸਨ।

## ਕੇਂਦਰੀ ਸਭਾ ਦੇ ਰੋਸ ਮੁਜ਼ਾਹਰੇ 'ਚ ਸਾਹਿਤ ਸਭਾਵਾਂ ਤੇ ਲੇਖਕ ਜਥੇਬੰਦੀਆਂ ਵੱਡੀ ਪੱਧਰ 'ਤੇ ਕਰਨਗੀਆਂ ਸ਼ਿਰਕਤ

**ਅੰਮ੍ਰਿਤਸਰ/ਚੇਤਨਪੁਰਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ/ਸੁਖਵੰਤ ਚੇਤਨਪੁਰੀ)**-ਪੰਜਾਬ ਵਿਚਲੇ ਆਰਮੀ ਪਬਲਿਕ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਨੂੰ ਹਾਸ਼ੀਏ ਤੇ ਧੱਕਣ ਦੇ ਫੈਸਲੇ ਖਿਲਾਫ਼ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਤਿੱਖਾ ਵਿਰੋਧ ਜਤਾਉਂਦਿਆਂ ਚੰਡੀਗੜ੍ਹ ਵਿਖੇ ਮਿਤੀ 20 ਮਈ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ ਜਿਸ ਵਿਚ ਸਾਹਿਤ ਸਭਾਵਾਂ, ਲੇਖਕ ਜਥੇਬੰਦੀਆਂ ਅਤੇ ਹੋਰ ਪੰਜਾਬੀ ਹਤੈਸ਼ੀ ਜਥੇਬੰਦੀਆਂ ਵੱਡੀ ਪੱਧਰ ਤੇ ਸ਼ਿਰਕਤ ਕਰ ਰਹੀਆਂ ਹਨ।

ਕੇਂਦਰੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਮੁਜ਼ਾਹਰੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪੰਜਾਬ ਵਿਚ ਪੰਜਾਬੀ ਭਾਸ਼ਾ ਨਾਲ ਹੋ ਰਿਹਾ ਇਹ ਵਿਵਹਾਰ ਸਭ ਲਈ ਚਿੰਤਾ ਦਾ ਵਿਸ਼ਾ ਹੈ।

ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਪੰਜਾਬੀ ਭਾਸ਼ਾ ਤੋਂ ਵਾਂਝਾ ਕਰਨਾ ਮੰਦਭਾਗਾ ਅਤੇ ਚਿੰਤਾਜਨਕ ਹੈ।ਉਨ੍ਹਾਂ ਦੱਸਿਆ ਕਿ ਆਰਮੀ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਨੂੰ ਸਕੂਲਾਂ ਵਿਚ ਭੇਜਿਆ ਸਰਕੂਲਰ ਵਾਪਸ ਕਰਵਾਉਣ ਹਿੱਤ ਹੀ ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ 22 ਮਈ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿਖੇ ਪੰਜਾਬ ਦੀਆਂ ਸੱਮੁਚੀਆਂ ਸਾਹਿਤ ਸਭਾਵਾਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬੀ ਵਿਰੋਧੀ ਇਸ ਫੈਸਲੇ ਖਿਲਾਫ਼ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ।

ਇਸ ਦੌਰਾਨ ਮੁਜ਼ਾਹਰੇ ਦੇ ਕੋਆਰਡੀਨੇਟਰ ਅਤੇ ਕੇਂਦਰੀ ਸਭਾ ਦੇ ਅਹੁਦੇਦਾਰ ਡਾ. ਸਿੰਦਰਪਾਲ ਸਿੰਘ, ਸ਼ੈਲਿੰਦਰਜੀਤ ਸਿੰਘ ਰਾਜਨ, ਦਲਜੀਤ ਸਿੰਘ ਸਾਹੀ, ਸੁਰਿੰਦਰਪ੍ਰੀਤ ਘਣੀਆ, ਬਲਵਿੰਦਰ ਸੰਧੂ, ਮੂਲ ਚੰਦ ਸ਼ਰਮਾ, ਰਾਜਿੰਦਰ ਰਾਜਨ, ਮਨਜੀਤ ਇੰਦਰਾ, ਭੁਪਿੰਦਰ ਪ੍ਰੀਤ ਕੌਰ, ਡਾ. ਸਿੰਦਰਪਾਲ ਸਿੰਘ, ਯਤਿੰਦਰ ਮਾਹਲ, ਡਾ. ਕਰਮਜੀਤ ਸਿੰਘ, ਗੁਰਮੀਤ ਬਾਜਵਾ, ਡਾ. ਪਰਮਜੀਤ ਸਿੰਘ ਬਾਠ, ਮਨਜੀਤ ਸਿੰਘ ਵੱਸੀ, ਗੁਰਪ੍ਰੀਤ ਸਿੰਘ ਰੰਗੀਲਪੁਰ, ਡਾ. ਹਰਪ੍ਰੀਤ ਸਿੰਘ, ਐੱਸ ਨਸੀਮ ਆਦਿ ਨੇ ਕਿਹਾ ਕਿ ਜੇ ਫੈਸਲਾ ਵਾਪਸ ਨਾ ਹੋਇਆ ਤਾਂ ਸੂਬੇ ਭਰ ਵਿਚ ਇਸੇ ਤਰਜ਼ 'ਤੇ ਵਿਆਪਕ ਵਿਰੋਧ ਕੀਤਾ ਜਾਵੇਗਾ।

## ਵੋਟ ਪਾਉਣ ਲਈ ਵੋਟਰ ਕਾਰਡ ਤੋਂ ਇਲਾਵਾ ਹੋਰ ਦਸਤਾਵੇਜ਼ ਵੀ ਹੋਣਗੇ ਮਾਨਤਾ ਪ੍ਰਾਪਤ : ਏ ਡੀ ਸੀ

ਬਟਾਲਾ, (ਡਾ. ਮਲਵਿੰਦਰ ਸਿੰਘ)-ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਗੁਰਦਾਸਪੁਰ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਨਗਰ ਨਿਗਮ ਬਟਾਲਾ ਤੇ ਨਗਰ ਕੌਂਸਲ ਧਾਰੀਵਾਲ, ਫਤਿਹਗੜ੍ਹ ਚੂੜੀਆਂ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਲਈ ਵੋਟਾਂ 26 ਮਈ, ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈ ਰਹੀਆਂ ਹਨ।

ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੋਟਰ ਕੋਲ ਵੋਟ ਪਾਉਣ ਸਮੇਂ ਆਪਣੀ ਸ਼ਨਾਖਤ ਲਈ ਐਪਿਕ (ਵੋਟਰ ਸ਼ਨਾਖ਼ਤੀ ਕਾਰਡ) ਮੌਜੂਦ ਨਹੀਂ ਹੈ, ਤਾਂ ਉਹ ਵੋਟਰ ਕਿਸੇ ਹੋਰ ਦਸਤਾਵੇਜ਼ (ਡਾਕੂਮੈਂਟ) ਜਿਵੇਂ ਕਿ ਪਾਸਪੋਰਟ, ਪੈਨਸ਼ਨ ਕਾਰਡ, ਯੂ. ਡੀ. ਆਈ. ਡੀ. ਕਾਰਡ, ਬੈਂਕ/ਡਾਕਖਾਨਾ ਪਾਸਬੁੱਕ, ਮਨਰੇਗਾ ਕਾਰਡ, ਡਰਾਈਵਿੰਗ ਲਾਇਸੰਸ, ਸਰਵਿਸ ਆਈ. ਡੀ. ਕਾਰਡ, ਆਫ਼ੀਸ਼ੀਅਲ ਆਈ. ਡੀ. ਕਾਰਡ, ਆਧਾਰ ਕਾਰਡ, ਪੈਨ ਕਾਰਡ, ਹੈਲਥ ਇੰਸ਼ੋਰੈਂਸ ਸਮਾਰਟ ਕਾਰਡ ਆਦਿ ਸਬੰਧਤ ਅਧਿਕਾਰੀ ਨੂੰ ਦਿਖਾ ਕੇ ਆਪਣੀ ਵੋਟ ਪਾ ਸਕਦਾ ਹੈ।

## ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦਾ ਮਾਣਮੱਤਾ ਨਤੀਜਾ



ਮਜੀਠਾ (ਸੋਇਮ ਆਨੰਦ)-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਐਲਾਨੇ ਗਏ ਅੱਠਵੀਂ, ਦਸਵੀਂ ਅਤੇ ਬਾਰਵੀਂ ਜਮਾਤ ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਵਿੱਚ ਪੀ.ਐਮ, ਸ੍ਰੀ ਸ.ਸ. ਸਕੂਲ ਨਾਗ ਕਲਾਂ ਦਾ ਨਤੀਜਾ ਇਸ ਵਾਰੀ ਵੀ 100 ਫੀਸਦੀ ਰਿਹਾ ਅਤੇ ਸਕੂਲ ਦੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ। ਪ੍ਰਿੰਸੀਪਲ ਵਰੁਣ ਕੁਮਾਰ ਵੱਲੋਂ ਮਿਲੀ ਜਾਣਕਾਰੀ ਮੁਤਾਬਕ ਅੱਠਵੀਂ ਜਮਾਤ ਦੀ ਸ਼ਗੁਨਦੀਪ ਕੌਰ 90.6 ਫ਼ੀਸਦੀ ਅੰਕ ਲੈ ਕੇ ਪਹਿਲੇ ਸਥਾਨ ਤੇ ਰਹੀ।ਨਵਜੋਤ ਕੌਰ 90.3, ਫ਼ੀਸਦੀ ਅੰਕ ਲੈ ਕੇ ਦੂਜੇ ਸਥਾਨ ਤੇ ਅਤੇ ਇਸੇ ਤਰ੍ਹਾਂ ਰਿਧਿਕਾ 89 ਫ਼ੀਸਦੀ ਅੰਕਾਂ ਨਾਲ ਤੀਜੇ ਸਥਾਨ ਤੇ ਰਹੀ।ਦਸਵੀਂ ਜਮਾਤ ਦੀ ਜਸਦੀਪ ਕੌਰ 92 ਫ਼ੀਸਦੀ ਅੰਕ ਲੈ ਕੇ ਪਹਿਲੇ ਸਥਾਨ ਤੇ, ਅਨੁਰੀਤ ਕੌਰ ਅਤੇ ਰੋਜ਼ਦੀਪ ਕੌਰ 91ਫ਼ੀਸਦੀ ਅੰਕ ਲੈ ਕੇ ਦੂਜੇ ਸਥਾਨ ਤੇ ਇਸੇ ਤਰ੍ਹਾਂ ਮਨਦੀਪ 90 ਫ਼ੀਸਦੀ ਅੰਕ ਲੈ ਕੇ ਤੀਸਰੇ ਸਥਾਨ 'ਤੇ ਰਹੀ।ਬਾਰਵੀਂ ਜਮਾਤ ਦੇ ਆਏ ਨਤੀਜਿਆਂ ਵਿੱਚ ਸਕੂਲ ਦੀਆਂ ਹੋਣ ਹਾਰ ਵਿਦਿਆਰਥਣਾਂ ਸਮਰੋਜਦੀਪ ਕੌਰ 93.4 ਫ਼ੀਸਦੀ ਅੰਕ ਲੈ ਕੇ ਪਹਿਲੇ ਸਥਾਨ 'ਤੇ, ਸਾਮਯਾ ਭਗਤ 92.6 ਫ਼ੀਸਦੀ ਅੰਕ ਲੈ ਕੇ ਦੂਜੇ ਸਥਾਨ 'ਤੇ, ਅਤੇ ਮਾਨਸੀ 91.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਸਰੇ ਸਥਾਨ 'ਤੇ ਆਈਆਂ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਵਰੁਣ ਕੁਮਾਰ ਨੇ ਸਾਰੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਮੂਹ ਸਟਾਫ਼ ਮੈਂਬਰਾਂ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਇਸ ਉਪਲਬਧੀ ਦਾ ਸਿਹਰਾ ਸਕੂਲ ਦੇ ਮਿਹਨਤੀ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਦਿੱਤਾ।

## 'ਗ੍ਰੇਟੈਸਟ ਔਨ ਏ ਟ੍ਰੈਕ': ਸਕੋਡਾ ਆਟੋ ਇੰਡੀਆ ਨੇ ਆਪਣੇ ਪਰਫਾਰਮੈਂਸ ਡੀਐੱਨਏ ਨੂੰ ਦਿੱਤੀ ਰਫ਼ਤਾਰ

ਅੰਮ੍ਰਿਤਸਰ-ਆਪਣੇ ਤੇਜ਼ ਪ੍ਰੋਡਕਟ ਐਕਸ਼ਨ ਅਤੇ ਲਗਾਤਾਰ ਨੈੱਟਵਰਕ ਵਿਸਤਾਰ ਦੇ ਵਿਚਕਾਰ ਸਕੋਡਾ ਆਟੋ ਇੰਡੀਆ ਨੇ ਸਕੋਡਾ ਦੀ ਪਰਫਾਰਮੈਂਸ ਸਟੋਰੀ ਨੂੰ ਦਰਸਾਉਂਦਾ ਹੋਇਆ ਆਪਣਾ ਸਭ ਤੋਂ ਨਵਾਂ ਕੰਪੇਨ ਲਾਂਚ ਕੀਤਾ ਹੈ।ਇਸ ਕੰਪੇਨ ਦੀ ਸ਼ੁਰੂਆਤ ਇੱਕ ਰਿਕਾਰਡ ਨਾਲ ਹੋਈ ਹੈ, ਜੋ ਕਿ ਉਨ੍ਹਾਂ ਕਈ ਪਹਿਲਕਦਮੀਆਂ ਵਿੱਚੋਂ ਇੱਕ ਹੈ ਜੋ ਇਹ ਸਾਬਤ ਕਰਦੀ ਹੈ ਕਿ 'ਗ੍ਰੇਟੈਸਟ ਔਨ ਏ ਟ੍ਰੈਕ' ਅਸਲ ਵਿੱਚ ਇੱਕ 'ਸਕੋਡਾ ਔਨ ਏ ਟ੍ਰੈਕ' ਹੈ।ਇਸ ਕੰਪੇਨ 'ਤੇ ਗੱਲ ਕਰਦੇ ਹੋਏ ਆਸ਼ੀਸ਼ ਗੁਪਤਾ, ਬ੍ਰਾਂਡ ਡਾਇਰੈਕਟਰ, ਸਕੋਡਾ ਆਟੋ ਇੰਡੀਆ ਨੇ ਕਿਹਾ ਕਿ ਹਰ ਸਕੋਡਾ ਨੂੰ ਪਰਫਾਰਮੈਂਸ ਦੇ ਬਿਲਕੁਲ ਆਖਰੀ ਸਿਰੇ ਤੇ ਸਟੀਕਤਾ, ਕੰਟਰੋਲ ਅਤੇ ਗਤੀਸ਼ੀਲਤਾ ਪ੍ਰਦਾਨ ਕਰਨ ਲਈ ਇੰਜੀਨੀਅਰ ਕੀਤਾ ਗਿਆ ਹੈ।ਸਾਡੇ ਲਈ ਮੋਟਰਸਪੋਰਟ ਡੀਐੱਨਏ ਕੋਈ ਦਿਖਾਵਾ ਨਹੀਂ ਹੈ—ਇਹ ਸਾਡੇ ਅੰਦਰੂਨੀ ਹਿੱਸੇ ਵਿੱਚ ਹੈ ਅਤੇ ਇਹ ਸਾਡੀ ਪੂਰੀ ਰੇਂਜ ਵਿੱਚ ਸਟੈਂਡਰਡ ਵਜੋਂ ਆਉਂਦਾ ਹੈ।ਇਹ ਵਿਸ਼ਵਾਸ ਸਾਡੇ ਸਭ ਤੋਂ ਨਵੇਂ ਕੰਪੇਨ ਨੂੰ ਮਜ਼ਬੂਤੀ ਦਿੰਦਾ ਹੈ, ਜਿੱਥੇ ਅਸੀਂ 'ਗ੍ਰੇਟੈਸਟ ਔਨ ਏ ਟ੍ਰੈਕ' ਨੂੰ ਬਹੁਤ ਹੀ ਸਰਲ ਸ਼ਬਦਾਂ ਵਿੱਚ, ਇੱਕ ਟ੍ਰੈਕ 'ਤੇ ਸਕੋਡਾ ਵਜੋਂ ਮੁੜ-ਪਰਿਭਾਸ਼ਿਤ ਕਰਦੇ ਹਾਂ।ਇਹ ਕੰਪੇਨ ਪਰਫਾਰਮੈਂਸ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਸਾਡੀ ਰਣਨੀਤੀ ਦਾ ਇੱਕ ਕੁਦਰਤੀ ਵਿਸਤਾਰ ਹੈ—ਇਹ ਯਕੀਨੀ ਬਣਾਉਣਾ ਕਿ ਹਰ ਸਕੋਡਾ, ਸਾਰੇ ਸੈਗਮੈਂਟਸ ਵਿੱਚ ਬਿਨਾਂ ਕਿਸੇ ਸਮਝੌਤੇ ਦੇ ਗਤੀਸ਼ੀਲ ਸਮਰੱਥਾ, ਸੁਰੱਖਿਆ ਅਤੇ ਆਤਮ-ਵਿਸ਼ਵਾਸ ਪ੍ਰਦਾਨ ਕਰੇ ਜੋ ਅਸਲ ਦੁਨੀਆ ਵਿੱਚ ਬਿਨਾਂ ਕਿਸੇ ਰੁਕਾਵਟ ਦੇ ਸਾਹਮਣੇ ਆਉਂਦਾ ਹੈ। ਇਸਦੇ ਮੂਲ ਰੂਪ ਵਿੱਚ ਗ੍ਰੇਟੈਸਟ ਔਨ ਏ ਟ੍ਰੈਕ' ਉਨ੍ਹਾਂ ਅਨਮੋਲ ਚੀਜ਼ਾਂ ਦਾ ਜਸ਼ਨ ਮਨਾਉਂਦਾ ਹੈ ਜੋ ਅਸਲ ਵਿੱਚ ਸਕੋਡਾ ਦੇ ਡਰਾਈਵਿੰਗ ਅਨੁਭਵ ਨੂੰ ਪਰਿਭਾਸ਼ਿਤ ਕਰਦੀਆਂ ਹਨ-ਸਟੀਅਰਿੰਗ ਸਟੀਕਤਾ, ਚੈਸੀ ਸੰਤੁਲਨ ਬ੍ਰੇਕਿੰਗ ਭਰੋਸਾ ਅਤੇ ਡਰਾਈਵਰ ਤੇ ਮਸ਼ੀਨ ਵਿਚਕਾਰ ਡੂੰਘਾ ਸਬੰਧ।ਇਹ ਉਹ ਗੁਣ ਹਨ ਜੋ ਕਦੇ ਵੀ ਕਿਸੇ ਸਪੈਕ ਸ਼ੀਟ ਤੇ ਦਰਜ ਨਹੀਂ ਕੀਤੇ ਜਾ ਸਕਦੇ, ਪਰ ਜਿਸ ਪਲ ਤੁਸੀਂ ਸਟੀਅਰਿੰਗ ਵ੍ਹੀਲ ਦੇ ਪਿੱਛੇ ਬੈਠਦੇ ਹੋ, ਇਹ ਸਾਫ਼ ਮਹਿਸੂਸ ਹੁੰਦੇ ਹਨ।

# ਚੀਫ਼ ਖ਼ਾਲਸਾ ਦੀਵਾਨ ਸਕੂਲਾਂ 'ਚ ਡਿਜੀਟਲ ਐਜੂਕੇਸ਼ਨ ਵੱਲ ਵੱਧਦੇ ਮਜ਼ਬੂਤ ਕਦਮ

## * ਸੱਤ ਦੀਵਾਨ ਸਕੂਲਾਂ 'ਚ ਅਤਿ ਆਧੁਨਿਕ ਸਮਾਰਟ ਕਲਾਸਾਂ ਦਾ ਕੀਤਾ ਗਿਆ ਵਾਧਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਵੱਲੋਂ ਆਧੁਨਿਕ ਤਕਨੀਕੀ ਸਿੱਖਿਆ ਵੱਲ ਹੋਰ ਮਜ਼ਬੂਤੀ ਨਾਲ ਕਦਮ ਵਧਾਉਂਦਿਆਂ ਦੀਵਾਨ ਅਧੀਨ ਸੱਤ ਸੀ. ਕੇ. ਡੀ. ਸਕੂਲਾਂ ਵਿਚ ਦੱਸ ਨਵੀਆਂ ਸਮਾਰਟ ਕਲਾਸਾਂ ਤਿਆਰ ਕੀਤੀਆਂ ਗਈਆਂ ਹਨ ਜਿਸ ਵਿਚ ਐੱਚ. ਡੀ. ਐੱਫ. ਸੀ. ਬੈਂਕ, ਰਣਜੀਤ ਐਵੀਨਿਊ ਵੱਲੋਂ ਕਾਰਪੋਰੇਟ ਸੋਸ਼ਲ ਜ਼ਿੰਮੇਵਾਰੀ (ਸੀ.ਐੱਸ.ਆਰ.) ਤਹਿਤ ਵੱਡਾ ਆਰਥਿਕ ਯੋਗਦਾਨ ਦਿੱਤਾ ਗਿਆ ਹੈ।ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜੀ.ਟੀ.ਰੋਡ, ਗੋਲਡਨ ਐਵੀਨਿਊ ਅਤੇ ਰਣਜੀਤ ਐਵੀਨਿਊ ਹਰੇਕ ਸਕੂਲ ਵਿਚ ਦੋ ਸਮਾਰਟ ਕਲਾਸਾਂ ਤਿਆਰ ਕੀਤੀਆਂ ਗਈਆਂ ਹਨ ਜਦ ਕਿ ਸੁਲਤਾਨਵਿੰਡ ਲਿੰਕ ਰੋਡ, ਭਗਤਾਂਵਾਲਾ, ਫਰੈਂਡਜ਼ ਐਵੀਨਿਊ ਅਤੇ ਸੀਕੇਡੀ ਸਕੂਲ ਆਫ ਐਕਸੀਲੈਂਸ ਸ਼ੁਭਮ ਇਨਕਲੈਵ ਨੂੰ ਵੀ ਅਤਿ ਆਧੁਨਿਕ ਡਿਜੀਟਲ ਰੂਮਜ਼ ਨਾਲ ਸੁਸਜਿਤ ਕਰ ਦਿੱਤਾ ਗਿਆ ਹੈ।ਇਸ ਲੜੀ ਦੀ ਸ਼ੁਰੂਆਤ ਤਹਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਸੀ.ਸੈਕੰਡਰੀ ਸਕੂਲ, ਜੀ. ਟੀ. ਰੋਡ ਵਿਖੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਰਮਣੀਕ ਸਿੰਘ ਅਤੇ ਜ਼ੋਨਲ ਹੈਡ ਰਿਟੇਲ ਬੈਕਿੰਗ ਐੱਚ. ਡੀ. ਐੱਫ. ਸੀ. ਬੈਂਕ ਅਮਿਤ ਗਗਨੇਜਾ ਵੱਲੋਂ ਸਾਂਝੇ ਤੌਰ ਤੇ ਸਕੂਲ ਦੇ ਪ੍ਰਾਇਮਰੀ ਅਤੇ ਸੀਨੀਅਰ ਵਿੰਗ ਵਿਖੇ ਆਧੁਨਿਕ ਸਹੂਲਤਾਂ ਅਤੇ ਤਕਨੀਕਾਂ ਨਾਲ ਲੈਸ ਦੋ ਸਮਾਰਟ ਕਲਾਸਾਂ ਦਾ ਉਦਘਾਟਨ ਕੀਤਾ ਗਿਆ।ਇਨ੍ਹਾਂ ਕਲਾਸਾਂ ਵਿਚ 65 ਇੰਚ ਐੱਲ. ਈ. ਡੀ, ਸਕਰੀਨ ਡਿਜੀਟਲ ਲਰਨਿੰਗ ਸਿਸਟਮ, ਇੰਟਰਐਕਟਿਵ ਟੀਚਿੰਗ ਸਾਫਟਵੇਅਰ, ਆਡੀਓ ਵੀਡੀਓ ਪ੍ਰੈਜ਼ੇਟੇਸ਼ਨ ਸਿਸਟਮ, ਸੁੰਦਰ ਲਾਈਟਨਿੰਗ, ਵਿਨਾਇਲ ਫਲੋਰਿੰਗ, ਬੈਂਚ ਦਿਲਚਸਪ ਅਤੇ ਅਰਾਮਦਾਇਕ ਵਿੱਦਿਅਕ ਵਾਤਾਵਰਨ ਤਿਆਰ ਕੀਤਾ ਗਿਆ ਹੈ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ ਨੇ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿਚ ਸਮਾਰਟ ਕਲਾਸਾਂ ਪੜ੍ਹਾਈ ਨੂੰ ਹੋਰ ਦਿਲਚਸਪ, ਪ੍ਰਭਾਵਸ਼ਾਲੀ ਅਤੇ ਆਸਾਨ ਬਣਾਉਂਦੀਆਂ ਹਨ ਜੋ ਕਿ ਸਮੇਂ ਦੀ ਮੁੱਖ ਲੋੜ੍ਹ ਹੈ। ਉਹਨਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਦੀਵਾਨ ਵੱਲੋਂ ਸ਼ਹਿਰੀ ਸਕੂਲਾਂ ਦੇ ਨਾਲ—ਨਾਲ ਪੇਂਡੂ ਸੀ.ਕੇ.ਡੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੀ ਵੱਧ ਤੋ ਵੱਧ ਆਧੁਨਿਕ ਡਿਜੀਟਲ ਵਿਦਿਅਕ ਸਹੂਲਤਾਂ ਨਾਲ ਜੋੜਨ ਦੇ ਵਿਸ਼ੇਸ਼ ਯਤਨ ਕੀਤੇ ਜਾਣਗੇ।ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਅਤੇ ਆਨਰੇਰੀ ਸਕੱਤਰ ਰਮਣੀਕ ਸਿੰਘ ਨੇ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਵਿਚ ਕਿਤਾਬੀ ਅਤੇ ਤਕਨੀਕੀ ਗਿਆਨ ਦੇ ਨਾਲ—ਨਾਲ ਬੱਚਿਆਂ ਨੂੰ ਨੈਤਿਕ ਕਦਰਾਂ—ਕੀਮਤਾਂ, ਚੰਗੇ ਸੰਸਕਾਰਾਂ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਵੀ ਸਿਖਾਈ ਜਾਂਦੀ ਹੈ।ਐੱਚ. ਡੀ. ਐੱਫ. ਸੀ. ਬੈਂਕ ਵੱਲੋਂ ਆਪਣੀ ਸੀ. ਐੱਸ. ਆਰ. ਲਈ ਦੀਵਾਨ ਸਕੂਲਾਂ ਨੂੰ ਤਰਜੀਹ ਦੇਣਾ ਦੀਵਾਨ ਦੀ ਭਰੋਸੇਯੋਗ ਸਿੱਖਿਆ ਪ੍ਰਣਾਲੀ ਅਤੇ ਸਮਾਜ ਸੇਵਾ ਪ੍ਰਤੀ ਵਚਨਬੱਧਤਾ ਦਾ ਠੋਸ ਪ੍ਰਮਾਣ ਹੈ।ਇਸ ਮੌਕੇ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਸਮਾਰਟ ਕਲਾਸਾਂ ਦੀ ਤਿਆਰੀ ਵਿਚ ਐੱਚ.ਡੀ.ਐੱਫ.ਸੀ. ਬੈਂਕ, ਰਣਜੀਤ ਐਵੀਨਿਊ ਵੱਲੋਂ ਦਿੱਤੇ ਗਏ ਵੱਡਮੁੱਲੇ ਸਹਿਯੋਗ ਦਾ ਧੰਨਵਾਦ ਕੀਤਾ ਗਿਆ ਅਤੇ ਮੌਕੇ ਤੇ ਹਾਜ਼ਰ ਬੈਂਕ ਅਧਿਕਾਰੀਆਂ ਜ਼ੋਨਲ ਹੈੱਡ ਰਿਟੇਲ ਬੈਕਿੰਗ ਅਮਿਤ ਗਗਨੇਜਾ, ਕਲਸਟਰ ਹੈੱਡ ਰਿਟੇਲ ਬ੍ਰਾਂਚ ਬੈਕਿੰਗ ਸਮੀਰ ਸਰੀਨ, ਕਲਸਟਰ ਹੈਡ ਰਿਟੇਲ ਮਧੁਰ ਅਰੋੜਾ, ਬ੍ਰਾਂਚ ਮੈਨੇਜਰ ਰਣਜੀਤ ਐਵੀਨਿਊ ਪਰਵੇਸ਼ ਮੋਹਨ ਸ੍ਰੀਵਾਸਤਵ ਨੂੰ ਦੀਵਾਨ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਸਕੂਲ ਮੈਂਬਰਜ਼ ਇੰਚਾਰਜ ਏ. ਪੀ. ਐੱਸ. ਮਾਨ, ਰਬਿੰਦਰਬੀਰ ਸਿੰਘ ਭੱਲਾ, ਸਰਜੋਤ ਸਿੰਘ ਸਾਹਨੀ, ਦੀਵਾਨ ਮੈਂਬਰਜ਼ ਪ੍ਰੋ. ਭੁਪਿੰਦਰ ਸਿੰਘ ਸੇਠੀ, ਡਾ. ਆਤਮਜੀਤ ਸਿੰਘ ਬਸਰਾ, ਮਨਪ੍ਰੀਤ ਸਿੰਘ, ਗੁਰਭੇਜ ਸਿੰਘ, ਤਰਲੋਚਨ ਸਿੰਘ, ਕੁਲਜੀਤ ਸਿੰਘ ਸਿੰਘ ਬ੍ਰਦਰਜ਼, ਡਾਇਰੈਕਟਰ ਡਾ. ਏ. ਪੀ. ਐੱਸ. ਚਾਵਲਾ, ਡਿਪਟੀ ਡਾਇਰੈਕਟਰ ਉਰਮਿੰਦਰ ਕੌਰ, ਪ੍ਰਿੰਸੀਪਲ ਕਵਲਪ੍ਰੀਤ ਕੌਰ ਅਤੇ ਸਟਾਫ ਹਾਜ਼ਰ ਸੀ।

## ਸ਼ਹਿਰ ਦੇ ਵਿਕਾਸ ਕੰਮਾਂ ਲਈ 1.80 ਕਰੋੜ ਰੁਪਏ ਖਰਚ ਕੀਤੇ ਜਾਣਗੇ: ਸ਼ਮਸ਼ੇਰ ਸਿੰਘ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਸ਼ਹਿਰ ਦੇ ਵਿਕਾਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ 1.80 ਕਰੋੜ ਰੁਪਏ ਖਰਚ ਕਰਨ ਜਾ ਰਹੀ ਹੈ, ਜਿਸ ਨਾਲ ਸ਼ਹਿਰ ਦੇ ਵੱਖ-ਵੱਖ ਵਾਰਡਾਂ ਅੰਦਰ ਵਿਕਾਸ ਦੇ ਕੰਮ ਕੀਤੇ ਜਾਣਗੇ।ਇਸ ਗੱਲ ਦਾ ਖੁਲਾਸਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸ਼ਹਿਰ ਦੇ ਵਾਰਡ ਨੰਬਰ 1 ਵਿਖੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਕਾਰਜਾਂ ਉਪਰ 1.80 ਕਰੋੜ ਰੁਪਏ ਖਰਚ ਕਰਨ ਲਈ ਪੰਜਾਬ ਸਰਕਾਰ ਵਲੋਂ ਟੈਂਡਰ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਜਲਦੀ ਹੀ ਸ਼ਹਿਰ ਅੰਦਰ ਵਿਕਾਸ ਦੇ ਕੰਮ ਸ਼ੁਰੂ ਕਰ ਦਿੱਤੇ ਜਾਣਗੇ।ਉਨ੍ਹਾਂ ਨੇ ਵਿਰੋਧੀ ਪਾਰਟੀਆਂ ਕਾਂਗਰਸ ਅਤੇ ਅਕਾਲੀ ਭਾਜਪਾ ਉਪਰ ਸਵਾਰਥ ਦੀ ਰਾਜਨੀਤੀ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਇਨ੍ਹਾਂ ਰਵਾਇਤੀ ਪਾਰਟੀਆਂ ਦੇ ਆਗੂਆਂ ਨੇ ਹਮੇਸ਼ਾ ਲੋਕਾਂ ਨੂੰ ਆਪਸ ਵਿਚ ਲੜਾ ਕੇ ਰਾਜ ਕੀਤਾ ਹੈ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੇ ਸਾਰੇ ਲੋਕਾਂ ਨੂੰ ਨਾਲ ਲੈ ਕੇ ਚੱਲਣ ਵਿਚ ਵਿਸ਼ਵਾਸ ਰੱਖਦੀ ਹੈ। ਇਸ ਮੌਕੇ ਆਪ ਆਗੂ ਚੰਦਰ ਸ਼ੇਖਰ ਦੀਪਾ, ਪ੍ਰਦੀਪ ਕੁਮਾਰ ਨੰਨੀ, ਵਿਜੇ ਕੁਮਾਰ ਪਿੰਕਾ, ਅੰਜਲੀ ਅਤਰੀ, ਸ਼ਮਸ਼ੇਰ ਸਿੰਘ ਅਤੇ ਰਵੀਸ਼ ਬਹਿਲ ਦੇ ਇਲਾਵਾ ਹੋਰ ਲੋਕ ਵੀ ਮੌਜੂਦ ਸਨ।

## ਫੱਤੂਵਾਲ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ



ਬਿਆਸ (ਪਰਮਜੀਤ ਸਿੰਘ ਰੱਖੜਾ) ਹਲਕਾ ਬਾਬਾ ਬਕਾਲਾ ਸਾਹਿਬ ਦੇ ਅਧੀਨ ਪੈਂਦੇ ਪਿੰਡ ਫੱਤੂਵਾਲ ਦੇ ਗੁਰਦੁਆਰਾ ਸਾਹਿਬ ਵਿਖੇ ਓਮ ਪ੍ਰਕਾਸ਼ ਆਈ ਕੇਅਰ ਹਸਪਤਾਲ ਵੱਲੋਂ ਸਮਾਜ ਸੇਵਕ ਸਭਾ ਰਈਆ ਦੇ ਪ੍ਰਧਾਨ ਸੁਖਵਿੰਦਰ ਸਿੰਘ ਮੱਤੇਵਾਲ, ਹਲਕਾ ਬਾਬਾ ਬਕਾਲਾ ਸਾਹਿਬ ਦੇ ਆਪ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਸਹੋਤਾ ਅਤੇ ਸਰਪੰਚ ਕੁਲਦੀਪ ਸਿੰਘ ਕਾਲੀ , ਕਸ਼ਮੀਰ ਸਿੰਘ ਆਦਿ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਲੋੜਵੰਦ ਬਜ਼ੁਰਗਾਂ ਨੂੰ ਡਾਕਟਰਾਂ ਵੱਲੋਂ ਅੱਖਾਂ ਦਾ ਦਾਰੂ ਅਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ।

ਇਸ ਮੌਕੇ ਸੰਦੀਪ ਕੁਮਾਰ, ਚੰਦਰ ਭੂਸਣ, ਬਲਜੀਤ ਸਿੰਘ, ਰਿਟਾਇਰਡ ਤਹਿਸੀਲਦਾਰ ਜਸਵੰਤ ਸਿੰਘ, ਬੀਬੀ ਪਰਮਜੀਤ ਕੌਰ, ਮੈਂਬਰ ਸੁਖਜਿੰਦਰ ਸਿੰਘ, ਸਾਬਕਾ ਮੈਂਬਰ ਕਸ਼ਮੀਰ ਸਿੰਘ, ਈਸ਼ਵਰ ਪ੍ਰੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਸਤਿਕਾਰ ਐਕਟ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਨੇ 31 ਨੂੰ ਬਾਬਾ ਬਕਾਲਾ ਸਾਹਿਬ ਵਿਖੇ ਬੁਲਾਈ ਵਿਸ਼ਾਲ ਪੰਥਕ ਕਾਨਫਰੰਸ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026' ਵਿੱਚ ਸਿੱਖ ਭਾਵਨਾਵਾਂ ਵਿਰੁੱਧ ਦਰਜ ਮੱਦਾਂ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਪੰਥਕ ਕਾਨਫਰੰਸ 31 ਮਈ 2026 ਨੂੰ ਬਾਬਾ ਬਕਾਲਾ ਸਾਹਿਬ ਵਿਖੇ ਸੱਦੀ ਗਈ ਹੈ। ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅੰਮ੍ਰਿਤਸਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਲੰਘੇ ਦਿਨੀਂ ਵੱਖ-ਵੱਖ ਅਸਥਾਨਾਂ ਤੇ ਪੰਥਕ ਮੀਟਿੰਗਾਂ ਕੀਤੀਆਂ ਗਈਆਂ ਸਨ ਜਿਸ ਵਿਚ ਸੰਗਤਾਂ ਦੀ ਭਾਵਨਾ ਸੀ ਕਿ ਇਸ ਗੰਭੀਰ ਮਸਲੇ ਸਬੰਧੀ ਸਮੁੱਚੀਆਂ ਸਿੱਖ ਜਥੇਬੰਦੀਆਂ ਦਾ ਵਿਸ਼ਾਲ ਪੰਥਕ ਇਕੱਠ ਬੁਲਾਇਆ ਜਾਵੇ। ਬਹੁਤ ਸਾਰੇ ਸਿੱਖ ਵਿਦਵਾਨਾਂ ਵੱਲੋਂ ਵੀ ਅਜਿਹੇ ਸੁਝਾਅ ਮਿਲੇ ਸਨ। ਇਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਨਾਲ ਵਿਚਾਰ ਕਰਕੇ ਇਹ ਪ੍ਰੋਗਰਾਮ ਉਲੀਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪੰਥਕ ਇਕੱਠ ਟਕਰਾ ਲਈ ਨਹੀਂ ਬਲਕਿ ਸਿੱਖ ਸੰਗਤਾਂ ਦੇ ਇਤਰਾਜ਼ਾਂ ਦੀ ਤਰਜਮਾਨੀ ਲਈ ਹੈ। ਉਨ੍ਹਾਂ ਕਿਹਾ ਕਿ ਇਸ ਪੰਥਕ ਕਾਨਫਰੰਸ ਲਈ ਸਮੂਹ ਸਿੱਖ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਨਿਰਮਲੇ, ਉਦਾਸੀ ਸੰਪਰਦਾ, ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਤੇ ਸਮੂਹ ਸਿੱਖ ਫੈਡਰੇਸ਼ਨਾਂ ਨੂੰ ਅਪੀਲ ਹੈ ਕਿ ਉਹ ਇਸ ਵਿੱਚ ਭਰਵੀਂ ਸ਼ਮੂਲੀਅਤ ਕਰਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਨਾਲ ਸਬੰਧਤ ਕਨੂੰਨ ਵਿਚ ਜਦੋਂ ਵੀ ਸੋਧ ਹੋਈ ਹੈ ਉਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਬਕਾਇਦਾ ਮਤਾ ਪਾਸ ਕਰਕੇ ਭੇਜਿਆ ਗਿਆ ਸੀ। ਸਿੱਖ ਗੁਰਦੁਆਰਾ ਐਕਟ 1925 ਵਿਚ ਬੀਬੀਆਂ ਦੇ ਰਾਖਵੇਂਕਰਨ ਅਤੇ 2008 ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਤੇ ਪ੍ਰਕਾਸ਼ਨ ਸਬੰਧੀ ਐਕਟ ਲਈ ਮਤੇ ਪਾਸ ਕਰਕੇ ਭੇਜੇ ਗਏ ਸਨ। ਸਹਿਜਧਾਰੀਆਂ ਸਬੰਧੀ ਸਰਕਾਰ ਦੀ ਸੋਧ ਵੀ ਇਸੇ ਕਾਰਨ ਰੱਦ ਹੋ ਗਈ ਸੀ ਕਿਉਂਕਿ ਸ਼੍ਰੋਮਣੀ ਕਮੇਟੀ ਦੁਆਰਾ ਇਸ ਸੋਧ ਸਬੰਧੀ ਕੋਈ ਮਤਾ ਨਹੀਂ ਸੀ ਕੀਤਾ। ਪਰ ਸਰਕਾਰ ਦੁਆਰਾ ਇਸ ਕਾਨੂੰਨ ਵਿਚ ਸੋਧ ਕਰਨ ਲਈ ਸ਼੍ਰੋਮਣੀ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਖਰੜਾ ਦੱਸਣਾ ਵੀ ਮੁਨਾਸਿਬ ਨਹੀਂ ਸਮਝਿਆ ਗਿਆ। ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਸਿੱਖ ਜਥੇਬੰਦੀਆਂ ਨਾਲ ਗੱਲਬਾਤ ਤੋਂ ਬਿਨਾਂ ਤਿਆਰ ਕੀਤੇ ਕਨੂੰਨ ਵਿੱਚ ਕਈ ਮੱਦਾਂ ਸਿੱਖ ਸਿਧਾਂਤਾਂ ਨਾਲ ਮੇਲ ਨਹੀਂ ਖਾਂਦੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ 2008 ਵਾਲੇ ਸਤਿਕਾਰ ਐਕਟ ਬਾਰੇ ਜੋ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦੇਣ ਦੀ ਗੱਲ ਪ੍ਰਚਾਰੀ ਜਾ ਰਹੀ ਹੈ ਉਹ ਬਾਹਰੀ ਪ੍ਰਕਾਸ਼ਕਾਂ ਪਾਸੋਂ ਪਾਵਨ ਬੀੜਾਂ ਲੈ ਕੇ ਉਨ੍ਹਾਂ ਨੂੰ ਅਦਾਇਗੀ ਲਈ ਸੀ ਕਿਉਂਕਿ ਇਸ ਐਕਟ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ਨ ਦਾ ਅਧਿਕਾਰ ਸ਼੍ਰੋਮਣੀ ਕਮੇਟੀ ਨੂੰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸੋਧੇ ਗਏ ਐਕਟ ਵਿੱਚ ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਸਬੰਧੀ ਕੋਈ ਵਿਰੋਧ ਨਹੀਂ ਹੈ ਬਲਕਿ ਸਿੱਖ ਭਾਵਨਾਵਾਂ ਵਿਰੁੱਧ ਮਰਯਾਦਾ ਸਬੰਧੀ ਦਰਜ ਕੁਝ ਮੱਦਾਂ ਅਤੇ ਸ਼ਬਦਾਵਲੀ ਨੂੰ ਹਟਾਏ ਜਾਣ ਸੰਬੰਧੀ ਸੰਗਤਾਂ ਅੰਦਰ ਇਤਰਾਜ਼ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਿੱਖ ਭਾਵਨਾਵਾਂ ਦੇ ਮਾਮਲੇ ਵਿਚ ਅੜੀਅਲ ਰੱਵਈਆ ਨਹੀਂ ਰੱਖਣਾ ਚਾਹੀਦਾ। ਮਾਨਯੋਗ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਵੀ ਇਕ ਪਟੀਸ਼ਨ ਦੇ ਮਾਮਲੇ ਵਿਚ ਕਹਿ ਰਹੇ ਹਨ ਕਿ ਧਰਮ ਦੇ ਮਾਮਲਿਆਂ ਵਿਚ ਦਖਲ ਨਹੀਂ ਦਿੱਤਾ ਜਾ ਸਕਦਾ। ਸਰਕਾਰਾਂ ਨੂੰ ਵੀ ਚੀਫ਼ ਜਸਟਿਸ ਦੀ ਇਸ ਭਾਵਨਾ ਨੂੰ ਸਮਝਣਾ ਚਾਹੀਦਾ ਹੈ ਅਤੇ ਸਿੱਖਾਂ ਦੇ ਧਾਰਮਿਕ ਮਾਮਲਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਅਲਵਿੰਦਰਪਾਲ ਸਿੰਘ ਪੱਖੋਕੇ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖਸ਼ ਸਿੰਘ ਖ਼ਾਲਸਾ, ਜਰਨੈਲ ਸਿੰਘ ਡੋਗਰਾਂਵਾਲਾ, ਮੋਹਨ ਸਿੰਘ ਬੰਗੀ, ਜਥੇਦਾਰ ਕੌਰ ਸਿੰਘ, ਭੁਪਿੰਦਰ ਸਿੰਘ ਭਲਵਾਨ, ਰਘਬੀਰ ਸਿੰਘ ਸਹਾਰਨਮਾਜਰਾ, ਜਸਮੇਰ ਸਿੰਘ ਲਾਛੜੂ, ਓਐੱਸਡੀ ਸਤਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ ਤੇ ਮੀਤ ਸਕੱਤਰ ਹਰਭਜਨ ਸਿੰਘ ਵਕਤਾ ਆਦਿ ਹਾਜ਼ਰ ਸਨ।

## ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਸਟਾਫ਼ ਨੇ ਵਿਦਿਆਰਥੀਆਂ ਨੂੰ ਆਵਾਜਾਈ ਨਿਯਮਾਂ ਬਾਰੇ ਦਿੱਤੀ ਜਾਣਕਾਰੀ



**ਬਟਾਲਾ, (ਤਰਲੋਕ ਬੱਗਾ/ਡਾ. ਮਲਵਿੰਦਰ ਸਿੰਘ)**- ਡਾ. ਮਹਿਤਾਬ ਸਿੰਘ, ਐੱਸ.ਐੱਸ.ਪੀ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਟ੍ਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਸਰਕਾਰੀ ਮਿਡਲ ਸਕੂਲ, ਗਾਂਧੀ ਕੈਂਪ ਵਿਖੇ ਰੋਡ ਸੇਫਟੀ ਸੈਮੀਨਾਰ ਲਗਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਟ੍ਰੈਫਿਕ ਚਿੰਨ੍ਹਾਂ, ਹੈਲਮੇਟ ਅਤੇ ਸੀਟ ਬੈਲਟ ਦੀ ਮਹੱਤਤਾ ਅਤੇ ਸੜਕੀ ਹਾਦਸਿਆਂ ਤੋਂ ਬਚਣ ਲਈ ਜ਼ਿੰਮੇਵਾਰੀ ਭਰੇ ਵਿਵਹਾਰ ਬਾਰੇ ਜਾਗਰੂਕ ਕੀਤਾ ਗਿਆ।ਜਾਗਰੂਕਤਾ ਸੈਮੀਨਾਰ ਵਿਚ ਵਿਦਿਆਰਥੀਆਂ ਨੂੰ ਨਾਬਾਲਗ ਬੱਚਿਆਂ ਨੂੰ ਗੱਡੀ ਚਲਾਉਣ ਵਿਰੁੱਧ ਨਵੇਂ ਕਾਨੂੰਨ ਅਤੇ ਸੜਕ ਸੁਰੱਖਿਆ ਨਿਯਮਾਂ ਬਾਰੇ ਜਾਣਕਾਰੀ ਦਿੱਤੀ।ਪੁਲਸ ਦੇ ਟਰੈਫਿਕ ਐਜੂਕੇਸ਼ਨ ਸੈੱਲ ਦੇ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਵਲੋਂ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਰੋਡ ਲਾਈਨ ਤੇ ਰੋਡ ਸਾਈਨ ਬਾਰੇ ਜਾਗਰੂਕ ਕੀਤਾ ਜਾਂਦਾ ਹੈ ਅਤੇ ਹੈਲਮਟ, ਸੀਟ ਬੈਲਟ ਲਗਾਉਣ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ।

ਜਾਗਰੂਕਤਾ ਸੈਮੀਨਾਰ ਵਿਚ ਵਿਦਿਆਰਥੀਆਂ ਨੂੰ ਘੱਟ ਉਮਰ ਵਿੱਚ ਡਰਾਈਵਿੰਗ ਕਰਨ ਉਪਰੰਤ ਹੋਣ ਵਾਲੀ ਕਾਨੂੰਨੀ ਕਾਰਵਾਈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਬਾਰੇ ਅਤੇ ਫ਼ਰਿਸ਼ਤੇ ਸਕੀਮ ਬਾਰੇ ਜਾਗਰੂਕ ਕੀਤਾ ਗਿਆ ।ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਪੌਦਿਆਂ ਦੀ ਸਾਂਭ-ਸੰਭਾਲ ਬਾਰੇ ਪ੍ਰੇਰਿਤ ਕੀਤਾ ਗਿਆ।

## ਗਾਇਕ ਮਲਕੀਤ ਸਿੰਘ ਵੱਲੋਂ 'ਸ਼ਾਂਤੀ ਨਾਦ' ਦੀ ਪੇਸ਼ਕਾਰੀ ਭਲਕੇ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪ੍ਰਾਚੀਨ ਕਲਾ ਕੇਂਦਰ, ਜੋ ਕਿ 1956 ਤੋਂ ਭਾਰਤੀ ਕਲਾ ਅਤੇ ਸੱਭਿਆਚਾਰ ਦੇ ਪ੍ਰਚਾਰ ਲਈ ਸਮਰਪਿਤ ਇੱਕ ਪ੍ਰਮੁੱਖ ਸੰਸਥਾ ਹੈ 22 ਮਈ ਨੂੰ ਸ਼ਾਮ 6:30 ਵਜੇ ਡਾ. ਐਮ.ਐਸ. ਰੰਧਾਵਾ ਆਡੀਟੋਰੀਅਮ ਪੰਜਾਬ ਕਲਾ ਭਵਨ, ਸੈਕਟਰ 16-ਬੀ, ਚੰਡੀਗੜ੍ਹ ਵਿਖੇ 'ਸ਼ਾਂਤੀ ਨਾਦ' - ਹਿੰਦੁਸਤਾਨੀ ਸ਼ਾਸਤਰੀ ਸੰਗੀਤ ਦੀ ਇੱਕ ਸ਼ਾਮ ਪੇਸ਼ ਕਰਨ ਜਾ ਰਿਹਾ ਹੈ। ਇਹ ਸਮਾਗਮ ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਦੁਆਰਾ ਸਮਰਪਿਤ ਹੈ ਅਤੇ ਸ਼ਹਿਰ ਨੂੰ ਸੁੰਦਰ ਹੌਂਕ ਮੁਕਤ ਬਣਾਉਣ ਦੇ ਸਮਾਜਿਕ ਸੰਦੇਸ਼ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਮੌਕੇ ਮਾਣਯੋਗ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਚੀਫ ਜਸਟਿਸ, ਹਾਈ ਕੋਰਟ, ਹਿਮਾਚਲ ਪ੍ਰਦੇਸ਼ ਮੁੱਖ ਮਹਿਮਾਨ ਹੋਣਗੇ, ਜਦਕਿ ਵਿਸ਼ੇਸ਼ ਮਹਿਮਾਨ ਮਾਨਯੋਗ ਸ਼੍ਰੀ ਜਸਟਿਸ ਵਿਨੋਦ ਭਾਰਦਵਾਜ, ਜਸਟਿਸ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਵਿਸ਼ੇਸ਼ ਮਹਿਮਾਨ ਮੇਅਰ, ਚੰਡੀਗੜ੍ਹ, ਸ਼੍ਰੀ ਸੌਰਭ ਜੋਸ਼ੀ ਅਤੇ ਮੁੱਖ ਬੁਲਾਰੇ ਪੀਜੀਆਈ, ਚੰਡੀਗੜ੍ਹ ਦੀ ਆਡੀਓਲੋਜਿਸਟ ਅਤੇ ਸਪੀਚ ਪੈਥੋਲੋਜਿਸਟ ਡਾ. ਪਾਰੁਲ ਸੂਦ ਹੋਣਗੇ। ਇਸ ਸੰਗੀਤਕ ਸ਼ਾਮ ਵਿੱਚ ਉੱਘੇ ਹਿੰਦੁਸਤਾਨੀ ਸ਼ਾਸਤਰੀ ਗਾਇਕ ਡਾ. ਮਲਕੀਤ ਸਿੰਘ ਜੰਡਿਆਲਾ ਦੁਆਰਾ ਇੱਕ ਮਨਮੋਹਕ ਪੇਸ਼ਕਾਰੀ ਪੇਸ਼ ਕੀਤੀ ਜਾਵੇਗੀ। ਇਸ ਸੰਗੀਤਕ ਸ਼ਾਮ ਦੀ ਸ਼ਾਨ ਨੂੰ ਚਾਰ ਚੰਨ ਲਗਾਉਣ ਲਈ, ਸੰਗੀਤ ਸਮਾਰੋਹ ਵਿੱਚ ਪ੍ਰਸਿੱਧ ਤਬਲਾ ਵਾਦਕ ਉਸਤਾਦ ਅਕਰਮ ਖਾਨ, ਉੱਘੇ ਸਾਰੰਗੀ ਵਾਦਕ ਉਸਤਾਦ ਮੁਰਾਦ ਅਲੀ ਖਾਨ ਤੇ ਵਿਸ਼ੇਸ਼ ਮਹਿਮਾਨ ਵਜੋਂ ਕਲਾਸੀਕਲ ਸੰਗੀਤਕਾਰ ਉਸਤਾਦ ਅਮਜਦ ਅਲੀ ਖਾਨ ਦੁਆਰਾ ਵਿਸ਼ੇਸ਼ ਪੇਸ਼ਕਾਰੀਆਂ ਅਤੇ ਸੰਗੀਤ ਵੀ ਦੇਖਣ ਨੂੰ ਮਿਲੇਗਾ।

## ਬੰਦ ਦੀ ਕਾਲ 'ਤੇ ਕਾਦੀਆਂ ਦੇ ਮੈਡੀਕਲ ਸਟੋਰ ਬੰਦ ਰਹੇ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕੈਮਿਸਟ ਐਸੋਸੀਏਸ਼ਨ ਕਾਦੀਆਂ ਦੇ ਪ੍ਰਧਾਨ ਸੁਖਵਿੰਦਰ ਪਾਲ ਸਿੰਘ ਸੁੱਖ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਲ ਇੰਡੀਆ ਆਰਗੇਨਾਈਜੇਸ਼ਨ ਆਫ ਕੈਮਿਸਟ ਐਂਡ ਡਰੱਗਿਸਟ ਦੇ ਸੱਦੇ 'ਤੇ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ। ਜਾਣਕਾਰੀ ਦਿੰਦਿਆ ਉਨ੍ਹਾਂ ਦੱਸਿਆ ਕਿ 20 ਮਈ ਨੂੰ ਪੰਜਾਬ ਬੰਦ ਦੇ ਸੱਦੇ 'ਤੇ ਕਾਦੀਆਂ ਦੇ ਸਮੂਹ ਕੈਮਿਸਟ ਭਾਈਚਾਰੇ ਵਲੋਂ ਮੁਕੰਮਲ ਹੜਤਾਲ ਕੀਤੀ ਗਈ ਅਤੇ ਆਪਣੀਆਂ ਦੁਕਾਨਾਂ ਬੰਦ ਰੱਖੀਆਂ। ਉਨ੍ਹਾਂ ਦੱਸਿਆ ਕਿ ਇਹ ਹੜਤਾਲ ਮੁੱਖ ਤੌਰ 'ਤੇ ਆਨਲਾਈਨ ਦਵਾਈਆਂ ਦੀ ਵਿਕਰੀ ਦੇ ਵਿਰੋਧ ਵਿੱਚ ਕੀਤੀ ਗਈ ਹੈ ਜਿਸ ਨਾਲ ਰਵਾਇਤੀ ਕੈਮਿਸਟਾਂ ਦੇ ਕਾਰੋਬਾਰ 'ਤੇ ਮਾੜੂ ਅਸਰ ਪੈ ਰਿਹਾ ਹੈ। ਉਨ੍ਹਾਂ ਨੇ ਕਾਦੀਆਂ ਸ਼ਹਿਰ ਸਮੇਤ ਆਲੇ-ਦੁਆਲੇ ਦੇ ਸਾਰੇ ਪਿੰਡਾਂ ਦੇ ਸਮੂਹ ਕੈਮਿਸਟਾਂ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ 20 ਮਈ ਵਾਲੇ ਦਿਨ ਆਪਣੇ ਮੈਡੀਕਲ ਸਟੋਰ ਮੁਕੰਮਲ ਤੌਰ ਤੇ ਬੰਦ ਰੱਖ ਕੇ ਇਸ ਹੜਤਾਲ ਨੂੰ ਸਫਲ ਕੀਤਾ। ਇੱਥੇ ਜ਼ਿਕਰਯੋਗ ਹੈ ਕਿ ਇਸ ਹੜਤਾਲ ਨਾਲ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।

## ਤਰਕਸ਼ੀਲ ਲਹਿਰ ਦੇ ਕਾਫਲੇ 'ਚੋਂ ਵਿਛੜੇ ਸਾਥੀਆਂ ਦੀ ਯਾਦ 'ਚ ਨਾਟਕ ਮੇਲਾ 23 ਨੂੰ



ਨੰਗਲ (ਸੁਰਜੀਤ ਸਿੰਘ)-ਤਰਕਸ਼ੀਲ ਸੁਸਾਇਟੀ (ਰਜਿ) ਪੰਜਾਬ ਇਕਾਈ ਰੋਪੜ ਦੇ ਮੁਖੀ ਅਸ਼ੋਕ ਕੁਮਾਰ ਨੇ ਪ੍ਰੈੱਸ ਨੂੰ ਦੱਸਿਆ ਕਿ 23 ਮਈ ਦਿਨ ਨੂੰ ਸਮਾਂ 10.00 ਤੋਂ12.00 ਤੱਕ ਤਰਕਸ਼ੀਲ ਲਹਿਰ ਦੇ ਕਾਫਲੇ ਚੋਂ ਵਿਛੜੇ ਸਾਥੀ ਮਾਸਟਰ ਪ੍ਰੀਤਮ ਕੁਮਾਰ, ਮੋਹਣ ਡੱਲਾ,ਖੁਸਿੰਦਰ ਸਿੰਘ ਪੁਰਾ (ਕੁਰਾਲੀ) ਹਰਵਿੰਦਰ ਸਿੰਘ ਫਿਰੋਜ਼ਪੁਰ (ਬੇਲਾ)ਦੀ ਯਾਦ ਵਿੱਚ ਜੀ ਐਮ ਐਨ ਸੀਨੀਅਰ ਸੈਕੰਡਰੀ ਸਕੂਲ (ਨਜਦੀਕ ਭਗਤ ਸਿੰਘ ਚੌਕ /ਬੇਲਾ ਚੌਕ) ਰੋਪੜ ਵਿਖੇ ਨਾਟਕ ਮੇਲਾ ਕਰਵਾਇਆ ਜਾ ਰਿਹਾ ਹੈ।ਇਹਨਾ ਸਾਥੀਆਂ ਨੇ ਤਰਕਸ਼ੀਲ ਸੁਸਾਇਟੀ ਰੋਪੜ ਵਿੱਚ ਕਾਫੀ ਲੰਬਾ ਸਮਾਂ ਕੰਮ ਕੀਤਾ।ਇਹ ਸਾਥੀ ਅਗਾਂਹ ਵਧੂ ਸੋਚ ਦੇ ਧਾਰਨੀ ਸਨ ਅਤੇ ਆਪਣੇ ਕੰਮ ਪ੍ਰਤੀ ਬਹੁਤ ਇਮਾਨਦਾਰ ਸਨ। ਹਰ ਸਮੇਂ ਉਹ ਕੁੱਝ ਨਾ ਕੁੱਝ ਨਵਾ ਕਰਨ ਦੀ ਸੋਚਦੇ ਰਹਿੰਦੇ ਸਨ। ਜਦੋ ਵੀ ਉਹ ਆਪਣੇ ਕੰਮ ਤੋ ਫਰੀ ਹੁੰਦੇ ਸਨ ਤਾ ਉਹ ਪਿੰਡ ਦੀਆ ਸੱਥਾਂ ਤੋ ਲੈ ਕੇ ਸ਼ਹਿਰ ਦੇ ਗਲੀ ਮੁਹੱਲੇ ਤੱਕ ਤਰਕਸ਼ੀਲ ਅਤੇ ਵਿਗਿਆਨਕ ਸੋਚ ਅਪਣਾਉਣ ਲਈ ਪ੍ਰਚਾਰ ਕਰਦੇ ਰਹਿੰਦੇ ਸੀ।ਇਕਾਈ ਰੋਪੜ ਦੇ ਮੈਂਬਰ ਹਰਨੇਕ ਚੱਕ ਕਰਮਾਂ, ਅਮਰਨਾਥ ਸੈਣੀ ਮਾਜਰਾ, ਮਾਸਟਰ ਪਰਵਿੰਦਰ, ਪਵਨ ਰੱਤੋ, ਹਰਵਿੰਦਰ ਸੁਖਰਾਮਪੁਰ, ਸਲਿੰਦਰ ਸੁਹਾਲੀ, ਪਵਨ ਕੁਮਾਰ ਸਰਪੰਚ ਚੱਕ ਕਰਮਾਂ, ਜ਼ੋਨ ਮੁਖੀ ਅਜੀਤ ਪ੍ਰਦੇਸੀ ਨੇ ਕਿਹਾ ਕਿ ਹਰ ਸਾਲ ਇਹਨਾ ਸਾਥੀਆ ਨੂੰ ਸੈਮੀਨਾਰ, ਖੂਨਦਾਨ ਕੈਂਪ, ਨਾਟਕ ਮੇਲੇ ਕਰਵਾਕੇ ਯਾਦ ਕੀਤਾ ਜਾਵੇਗਾ।

## ਗਿੱਲ ਕਲਾਂ ਭਾਈਚਾਰਕ ਸਾਂਝ 'ਤੇ ਅਧਾਰਿਤ ਜਲ ਪ੍ਰਬੰਧਨ ਲਈ ਮਾਡਲ ਪਿੰਡ ਵਜੋਂ ਉਭਰਿਆ: ਡੀ ਸੀ



ਬਠਿੰਡਾ-ਰਾਮਪੁਰਾ ਬਲਾਕ ਦਾ ਪਿੰਡ ਗਿੱਲ ਕਲਾਂ ਭਾਈਚਾਰਕ ਸਾਂਝ 'ਤੇ ਅਧਾਰਿਤ ਜਲ ਪ੍ਰਬੰਧਨ ਦਾ ਇਕ ਸ਼ਾਨਦਾਰ ਮਾਡਲ ਬਣ ਕੇ ਉਭਰਿਆ ਹੈ, ਜਿੱਥੇ ਜਨ ਭਾਗੀਦਾਰੀ ਅਤੇ ਸਾਂਝੀ ਜ਼ਿੰਮੇਵਾਰੀ ਨੇ ਹਰ ਘਰ ਤੱਕ ਟੈਪ ਵਾਟਰ ਸਪਲਾਈ ਪਹੁੰਚਾਇਆ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪਿੰਡ ਦੇ ਜਲ ਪ੍ਰਬੰਧਨ ਯਤਨਾਂ ਨੂੰ ਅੱਜ ਜਲ ਜੀਵਨ ਮਿਸ਼ਨ ਤਹਿਤ ਹੋਈ 'ਸੁਜਲ ਗ੍ਰਾਮ ਸੰਵਾਦ' ਦੀ ਵਰਚੁਅਲ ਕਾਨਫਰੰਸ ਦੌਰਾਨ ਸ਼ਲਾਘਾ ਮਿਲੀ।ਇਸ ਨਾਲ ਬਠਿੰਡਾ ਜ਼ਿਲ੍ਹੇ ਨੂੰ ਪ੍ਰਭਾਵਸ਼ਾਲੀ ਭਾਗੀਦਾਰੀ ਅਤੇ ਟਿਕਾਊ ਜਲ ਸਪਲਾਈ ਪ੍ਰਬੰਧਨ ਲਈ ਕੌਮੀ ਪੱਧਰ 'ਤੇ ਮਾਨਤਾ ਪ੍ਰਾਪਤ ਹੋਈ ਹੈ।ਉਨ੍ਹਾਂ ਕਿਹਾ ਕਿ ਗਿੱਲ ਕਲਾਂ ਨੇ ਇਹ ਸਾਬਤ ਕੀਤਾ ਹੈ ਕਿ ਜਾਗਰੂਕਤਾ ਅਤੇ ਲੋਕਾਂ ਦਾ ਭਰੋਸਾ ਪਿੰਡਾਂ ਦੀ ਜਲ ਸਪਲਾਈ ਪ੍ਰਣਾਲੀ ਵਿੱਚ ਕਿਵੇਂ ਬਦਲਾਅ ਲਿਆ ਸਕਦੇ ਹਨ।ਨਹਿਰੀ ਪਾਣੀ 'ਤੇ ਆਧਾਰਿਤ ਪਿੰਡ ਦੀ ਜਲ ਸਪਲਾਈ ਸਕੀਮ ਨੂੰ ਸਾਲ 2020 ਵਿੱਚ 2.96 ਕਰੋੜ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਸੀ।ਇਸ ਤੋਂ ਬਾਅਦ ਸਾਲ 2021-22 ਦੌਰਾਨ ਇਸ ਦੀ ਮਜ਼ਬੂਤੀ ਲਈ ਹੋਰ ਕੰਮ ਵੀ ਮੁਕੰਮਲ ਕੀਤੇ ਗਏ।ਬਾਅਦ ਵਿੱਚ ਸਤੰਬਰ 2022 ਵਿੱਚ ਇਸ ਸਕੀਮ ਨੂੰ ਸਥਾਨਕ ਪ੍ਰਬੰਧਨ ਅਤੇ ਸੰਚਾਲਨ ਲਈ ਗ੍ਰਾਮ ਪੰਚਾਇਤ ਵਾਟਰ ਸਪਲਾਈ ਕਮੇਟੀ ਦੇ ਹਵਾਲੇ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਪਿੰਡ ਦੇ ਸਾਰੇ 784 ਘਰਾਂ ਵਿੱਚ ਹੁਣ ਟੈਪ ਵਾਟਰ ਕੁਨੈਕਸ਼ਨ ਉਪਲਬਧ ਹਨ।ਸ਼ੁਰੂ ਵਿੱਚ ਕਈ ਪਿੰਡ ਵਾਸੀ ਸਪਲਾਈ ਦੇ ਪਾਣੀ ਦੀ ਵਰਤੋਂ ਕਰਨ ਤੋਂ ਹਿਚਕਿਚਾਉਂਦੇ ਸਨ ਅਤੇ ਸਬਮਰਸੀਬਲ ਪੰਪ ਦੇ ਪਾਣੀ ਨੂੰ ਤਰਜੀਹ ਦਿੰਦੇ ਸਨ। ਹਾਲਾਂਕਿ ਨਿਯਮਿਤ ਜਾਗਰੂਕਤਾ ਮੁਹਿੰਮਾਂ, ਘਰ-ਘਰ ਸੰਪਰਕ ਅਤੇ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਫੀਲਡ ਟੈਸਟਿੰਗ ਕਿੱਟਾਂ ਰਾਹੀਂ ਕੀਤੀ ਗਈ ਪਾਣੀ ਦੀ ਗੁਣਵੱਤਾ ਜਾਂਚ ਨਾਲ ਲੋਕਾਂ ਦਾ ਭਰੋਸਾ ਵਧਿਆ।ਪਾਰਦਰਸ਼ੀ ਜਾਂਚ ਪ੍ਰਕਿਰਿਆ ਅਤੇ ਚੰਗੇ ਨਤੀਜਿਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਵਾਸੀਆਂ ਨੇ ਆਪਣੀ ਮਰਜ਼ੀ ਨਾਲ ਘਰੇਲੂ ਪਾਣੀ ਕੁਨੈਕਸ਼ਨਾਂ ਲਈ ਅਰਜ਼ੀਆਂ ਦਿੱਤੀਆਂ, ਜਿਸ ਨਾਲ 100 ਫੀਸਦੀ ਕਵਰੇਜ ਹਾਸਲ ਹੋਈ।ਡੀਸੀ ਰਾਜੇਸ਼ ਧੀਮਾਨ ਨੇ ਅੱਗੇ ਦੱਸਿਆ ਕਿ ਕਮੇਟੀ ਨੇ ਸਿਸਟਮ ਦੇ ਸੁਚਾਰੂ ਢੰਗ ਨਾਲ ਚਲਾਉਣ ਲਈ ਅਤੇ ਨਿਯਮਿਤ ਰੱਖ-ਰਖਾਅ ਲਈ ਇਕ ਨਿੱਜੀ ਪੰਪ ਆਪਰੇਟਰ ਨੂੰ ਨਿਯੁਕਤ ਕੀਤਾ ਹੈ। ਸਾਲਾਨਾ ਸੰਚਾਲਨ ਖਰਚੇ ਪੂਰੇ ਕਰਨ ਤੋਂ ਬਾਅਦ ਕਮੇਟੀ ਨੂੰ ਹਰ ਸਾਲ ਕਰੀਬ 2 ਲੱਖ ਰੁਪਏ ਦੀ ਆਮਦਨ ਹੋ ਰਹੀ ਹੈ ਅਤੇ ਪਾਣੀ ਸਪਲਾਈ ਸੰਚਾਲਨ ਤੋਂ ਕਰੀਬ 6 ਲੱਖ ਰੁਪਏ ਦੀ ਬਚਤ ਇਕੱਠੀ ਹੋ ਚੁੱਕੀ ਹੈ।ਉਨ੍ਹਾਂ ਪਿੰਡ ਦੀ ਪੰਚਾਇਤ, ਪਾਣੀ ਸਬੰਧੀ ਕਮੇਟੀ ਦੇ ਮੈਂਬਰਾਂ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਅਤੇ ਪਿੰਡ ਵਾਸੀਆਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਸਕੀਮ ਨੂੰ ਲੰਬੇ ਸਮੇਂ ਤੱਕ ਟਿਕਾਊ ਬਣਾਉਣ ਲਈ ਸਾਂਝੇ ਉਪਰਾਲੇ ਕੀਤੇ ਹਨ।ਉਨ੍ਹਾਂ ਕਿਹਾ ਕਿ ਲਗਾਤਾਰ ਜਾਗਰੂਕਤਾ ਕੈਂਪ, ਪਿੰਡ ਵਾਸੀਆਂ ਦੀਆਂ ਮੀਟਿੰਗਾਂ ਅਤੇ ਪਾਣੀ ਜਾਂਚ ਗਤੀਵਿਧੀਆਂ ਲੋਕ ਭਾਗੀਦਾਰੀ ਅਤੇ ਜਵਾਬਦੇਹੀ ਨੂੰ ਕਾਇਮ ਰੱਖਣ ਵਿੱਚ ਮਦਦਗਾਰ ਸਾਬਤ ਹੋ ਰਹੀਆਂ ਹਨ, ਜਿਸ ਨਾਲ ਗਿੱਲ ਕਲਾਂ ਕਮਿਊਨਿਟੀ ਪ੍ਰਬੰਧਿਤ ਜਲ ਸਪਲਾਈ ਪ੍ਰਣਾਲੀਆਂ ਲਈ ਇਕ ਮਾਡਲ ਪਿੰਡ ਬਣ ਗਿਆ ਹੈ।

## ਫਲਾਈਟ ਨੇ 'ਸਟਾਈਲ ਦਾ ਨਵਾਂ ਅੰਦਾਜ਼' ਮੁਹਿੰਮ ਦੀ ਕੀਤੀ ਸ਼ੁਰੂਆਤ

ਲੁਧਿਆਣਾ-ਫਲਾਈਟ, ਰਿਲੈਕਸੋ ਫੁੱਟਵੀਅਰ ਲਿਮਟਿਡ ਦੇ ਪ੍ਰਮੁੱਖ ਪਰਿਵਾਰਕ ਫੈਸ਼ਨ ਫੁੱਟਵੀਅਰ ਬ੍ਰਾਂਡ, ਨੇ ਆਪਣੀ ਨਵੀਂ ਮੁਹਿੰਮ, ਸਟਾਈਲ ਕਾ ਨਯਾ ਅੰਦਾਜ਼ (ਸਟਾਈਲ ਦਾ ਨਵਾਂ ਅੰਦਾਜ਼) ਦੀ ਸ਼ੁਰੂਆਤ ਕੀਤੀ ਹੈ।ਕੰਪਨੀ ਨੇ ਆਪਣੀ ਨਵੀਂ ਬਕਲ ਰੇਂਜ ਵੀ ਪੇਸ਼ ਕੀਤੀ, ਜੋ ਰੋਜ਼ਾਨਾ ਪਾਉਣ ਲਈ ਖੁੱਲ੍ਹੇ ਫੁੱਟਵੀਅਰ ਵਿੱਚ ਆਰਾਮ ਅਤੇ ਆਧੁਨਿਕ ਸ਼ੈਲੀ ਦਾ ਸੰਪੂਰਨ ਮਿਕਸ ਦੇਣ ਲਈ ਤਿਆਰ ਕੀਤੀ ਗਈ ਹੈ।ਅੱਜ ਦੇ ਸਮੇਂ ਫੁੱਟਵੀਅਰ ਹੁਣ ਸਿਰਫ਼ ਇੱਕ ਜ਼ਰੂਰਤ ਨਹੀਂ ਹੈ, ਸਗੋਂ ਲੋਕਾਂ ਦੇ ਨਿੱਜੀ ਸਟਾਈਲ ਦਾ ਹਿੱਸਾ ਬਣ ਗਈ ਹੈ।ਕੰਪਨੀ ਦੇ ਕੋ-ਚੀਫ ਐਗਜ਼ੀਕਿਊਟਿਵ ਅਧਿਕਾਰੀ ਅਤੇ ਹੋਲ ਟਾਇਮ ਡਾਇਰੈਕਟਰ, ਗੌਰਵ ਕੁਮਾਰ ਦੁਆ ਨੇ ਕਿਹਾ ਕਿ ਅੱਜ ਲੋਕ ਫੁੱਟਵੀਅਰ ਨੂੰ ਇੱਕ ਵੱਖਰੀ ਨਜ਼ਰ ਤੋਂ ਦੇਖ ਰਹੇ ਹਨ, ਕਿਉਂਕਿ ਇਹ ਉਨ੍ਹਾਂ ਦੇ ਨਿੱਜੀ ਅਦਾਜ਼ ਦਾ ਹਿੱਸਾ ਬਣ ਗਿਆ ਹੈ। ਸਟਾਈਲ ਕਾ ਨਯਾ ਅੰਦਾਜ਼ ਮੁਹਿੰਮ ਰਾਹੀਂ, ਅਸੀਂ ਲੋਕਾਂ ਨੂੰ ਕੁਝ ਨਵਾਂ ਕਰਨ ਅਤੇ ਆਪਣੇ ਆਪ ਨੂੰ ਵਧੇਰੇ ਵਿਸ਼ਵਾਸ ਨਾਲ ਪ੍ਰਗਟ ਕਰਨ ਲਈ ਪ੍ਰੇਰਿਤ ਕਰਨਾ ਚਾਹੁੰਦੇ ਹਾਂ।ਨਵੀਂ ਬਕਲ ਰੇਂਜ ਇਸ ਤਬਦੀਲੀ ਨੂੰ ਦਰਸਾਉਂਦੀ ਹੈ, ਆਰਾਮ ਦੇ ਨਾਲ-ਨਾਲ ਸਟਾਇਲ ਤੇ ਵੀ ਧਿਆਨ ਦਿੱਤਾ ਗਿਆ ਹੈ, ਜੋ ਅੱਜ ਦੇ ਗਾਹਕਾਂ ਨੂੰ ਪਸੰਦ ਆਉਂਦਾ ਹੈ।

## ਲੂ ਤੋਂ ਬਚਾਅ ਲਈ ਸਾਵਧਾਨੀਆਂ ਵਰਤਣ ਦੀ ਅਪੀਲ

ਜਲੰਧਰ (ਸੁਰਿੰਦਰ ਕੁਮਾਰ)-ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਮੌਸਮ ਵਿਭਾਗ ਵੱਲੋਂ ਪੰਜਾਬ ਵਿੱਚ 18 ਤੋਂ 24 ਮਈ ਤੱਕ 'ਹੀਟ ਵੇਵ' (ਲੂ) ਚੱਲਣ ਦੇ ਮੱਦੇਨਜ਼ਰ ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਵਿਸ਼ੇਸ਼ ਐਡਵਾਇਜ਼ਰੀ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਵਾਸੀ ਸਾਵਧਾਨੀਆਂ ਵਰਤਕੇ ਹੀ ਹੀਟ ਵੇਵ ਤੋਂ ਬਚਾਅ ਕਰ ਸਕਦੇ ਹਨ।ਵਾਲੀਆ ਨੇ ਕਿਹਾ ਕਿ ਤੇਜ਼ ਧੁੱਪ ਅਤੇ ਗਰਮ ਹਵਾਵਾਂ ਮਨੁੱਖੀ ਸਿਹਤ ਲਈ ਨੁਕਸਾਨਦੇਹ ਸਾਬਤ ਹੋ ਸਕਦੀਆਂ ਹਨ, ਇਸ ਲਈ ਲੋਕਾਂ ਨੂੰ ਦੁਪਹਿਰ ਸਮੇਂ ਬੇਲੋੜਾ ਬਾਹਰ ਨਿਕਲਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਦੁਪਹਿਰ ਵੇਲੇ ਬਾਹਰ ਨਿਕਲਣਾ ਬਹੁਤ ਜ਼ਰੂਰੀ ਹੋਵੇ, ਤਾਂ ਸਿਰ ਨੂੰ ਢੱਕ ਕੇ ਰੱਖਿਆ ਜਾਵੇ ਅਤੇ ਹਲਕੇ ਰੰਗ ਦੇ ਸੂਤੀ ਕੱਪੜੇ ਪਹਿਨਣ ਨੂੰ ਤਰਜੀਹ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਸਿਰ ਨੂੰ ਸਿੱਧੀ ਧੁੱਪ ਤੋਂ ਬਚਾਉਣ ਲਈ ਛਤਰੀ, ਟੋਪੀ, ਤੌਲੀਏ, ਪੱਗ ਜਾਂ ਦੁਪੱਟੇ ਦੀ ਵਰਤੋਂ ਕੀਤੀ ਜਾਵੇ ਅਤੇ ਨੰਗੇ ਪੈਰ ਧੁੱਪ ਵਿੱਚ ਨਾ ਜਾਇਆ ਜਾਵੇ। ਉਨ੍ਹਾਂ ਕਿਹਾ ਕਿ ਜੋ ਲੋਕ ਧੁੱਪ ਵਿੱਚ ਕੰਮ ਕਰਦੇ ਹਨ, ਉਹ ਸਰੀਰ ਦਾ ਤਾਪਮਾਨ ਸਹੀ ਰੱਖਣ ਲਈ ਥੋੜ੍ਹੀ ਦੇਰ ਬਾਅਦ ਛਾਂ ਵਿੱਚ ਆਰਾਮ ਕਰਨ ਜਾਂ ਸਿਰ 'ਤੇ ਗਿੱਲਾ ਤੌਲੀਆ ਜਾਂ ਕੱਪੜਾ ਜ਼ਰੂਰ ਰੱਖਣ।

**ਜਨਮ ਦਿਨ ਮੁਬਾਰਕ**



ਜਗਜੋਤ ਸਿੰਘ ਮੱਟੂ, ਪਿੰਡ ਵਿਧਾਤਾ (ਬਰਨਾਲਾ)

## ਠੇਕਾ ਕਰਮਚਾਰੀਆਂ ਨਾਲ ਜੁੜੇ ਮਾਮਲਿਆਂ ਦਾ ਹੋਵੇਗਾ ਤੇਜ਼ੀ ਨਾਲ ਨਿਪਟਾਰਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਨੇ ਹਰਿਆਣਾ ਕੌਸ਼ਲ ਰੁਜ਼ਗਾਰ ਨਿਗਮ ਰਾਹੀਂ ਲੱਗੇ ਠੇਕਾ ਕਰਮਚਾਰੀਆਂ ਨਾਲ ਸਬੰਧਤ ਮਾਮਲਿਆਂ ਦੇ ਤੇਜ਼ ਅਤੇ ਪ੍ਰਭਾਵੀ ਨਿਪਟਾਰੇ ਅਤੇ ਬੇਲੋੜੇ ਨਿਆਇਕ ਵਿਵਾਦਾਂ ਨੂੰ ਘਟਾਉਣ ਦੇ ਉਦੇਸ਼ ਨਾਲ ਇੱਕ ਤਾਲਮੇਲ ਸ਼ਿਕਾਇਤ ਨਿਵਾਰਨ ਕਮੇਟੀ ਦਾ ਗਠਨ ਕੀਤਾ ਹੈ।ਮੁੱਖ ਸਕੱਤਰ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧ ਵਿੱਚ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ।ਇਹ ਕਮੇਟੀ ਰੁਜ਼ਗਾਰ ਸੁਰੱਖਿਆ ਕਾਨੂੰਨ, ਠੇਕਾ ਨਿਯੁਕਤੀਆਂ, ਯੋਗਤਾ ਵਿਵਾਦਾਂ, ਸੇਵਾ ਦੀ ਪੁਸ਼ਟੀ (ਵੇਰੀਫਿਕੇਸ਼ਨ) ਤੇ ਐੱਚ ਕੇ ਆਰ ਐੱਨ ਨਾਲ ਸਬੰਧਤ ਹੋਰ ਮਾਮਲਿਆਂ ਦੀ ਸਮੀਖਿਆ ਕਰੇਗੀ

# ਜਨਗਣਨਾ 'ਚ ਅਨੁਸੂਚਿਤ ਜਾਤੀਆਂ ਦੇ ਲੋਕਾਂ ਲਈ ਮਨਾਹੀ ਵਾਲੇ ਸ਼ਬਦ ਹਟਾਉਣ ਦੀ ਅਪੀਲ

**ਚੰਡੀਗੜ੍ਹ (ਸੁਰਜੀਤ ਸੁਮਨ)**

ਭਾਰਤ ਸਰਕਾਰ ਵੱਲੋਂ ਜਨਗਣਨਾ 2027 ਲਈ ਤਿਆਰ ਫ਼ਾਰਮ ਵਿਚ ਅਨੁਸੂਚਿਤ ਜਾਤੀਆਂ ਦੇ ਲੋਕਾਂ ਲਈ ਮਨਾਹੀ ਵਾਲੇ ਸ਼ਬਦ ਵਰਤਣ ਦੇ ਮਾਮਲੇ ਵਿਚ ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵਲੋਂ ਰਾਸ਼ਟਰੀ ਅਨੁਸੂਚਿਤ ਜਾਤੀਆਂ ਕਮਿਸ਼ਨ ਭਾਰਤ ਦੇ ਚੇਅਰਮੈਨ ਨਾਲ ਮੁਲਾਕਾਤ ਕੀਤੀ ਗਈ ਅਤੇ ਇਨ੍ਹਾਂ ਮਨਾਹੀ ਵਾਲੇ ਸ਼ਬਦ ਦੀ ਵਰਤੋਂ ਨੂੰ ਰੁਕਵਾਉਣ ਲਈ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ।ਇਸ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਜਨਗਣਨਾ 2027 ਦੀਆਂ ਸੂਚੀਆਂ ਅਤੇ ਡਿਜੀਟਲ ਪਲੇਟਫਾਰਮਾਂ ਤੋਂ ਅਨੁਸੂਚਿਤ ਜਾਤੀਆਂ ਲਈ ਵਰਤੀ ਗਈ ਅਪਮਾਨਜਨਕ ਅਤੇ ਸਮਾਜ ਵਿਰੋਧੀ ਸ਼ਬਦਾਵਲੀ ਨੂੰ ਤੁਰੰਤ ਹਟਵਾਉਣ ਲਈ ਕੌਮੀ ਕਮਿਸ਼ਨ ਕੋਲ ਪਹੁੰਚ ਕੀਤੀ ਗਈ ਹੈ।ਬੁਲਾਰੇ ਨੇ ਦੱਸਿਆ ਕਿ ਇਸ ਮਾਮਲੇ ਵਿਚ ਕਮਿਸ਼ਨ ਕੋਲ ਦਾਇਰ ਇੱਕ ਸ਼ਿਕਾਇਤ (ਨੰਬਰ 1211/26/ਪੀਐਸ ਐਸ ਸੀ ਸੀ/ 5325-26) ਦਾ ਨੋਟਿਸ ਲੈਂਦੇ ਹੋਏ, ਜਸਵੀਰ ਸਿੰਘ ਗੜ੍ਹੀ ਨੇ ਇਹ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਦਸਤਾਵੇਜ਼ਾਂ ਵਿੱਚ ਇਨ੍ਹਾਂ ਦੀ ਲਗਾਤਾਰ ਵਰਤੋਂ ਭਾਰਤ ਦੇ ਸੰਵਿਧਾਨ



ਦੇ ਅਨੁਛੇਦ 14 (ਸਮਾਨਤਾ), ਅਨੁਛੇਦ 17 (ਛੂਤਛਾਤ ਦਾ ਖਾਤਮਾ), ਅਤੇ ਅਨੁਛੇਦ 21 (ਸਨਮਾਨ ਨਾਲ ਰਹਿਣ ਦਾ ਅਧਿਕਾਰ) ਦੀ ਸਿੱਧੀ ਉਲੰਘਣਾ ਕਰਦੀ ਹੈ। ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਸੌਂਪੇ ਗਏ ਮੰਗ ਪੱਤਰ ਵਿੱਚ ਮੁੱਖ ਤੌਰ ਤੇ ਸਾਰੇ ਇਤਰਾਜ਼ਯੋਗ ਸ਼ਬਦਾਂ ਨੂੰ ਜਨਗਣਨਾ ਫਾਰਮੈਟ ਅਤੇ ਸਵੈ-ਗਣਨਾ ਪੋਰਟਲ ਤੋਂ ਤੁਰੰਤ ਹਟਾ ਹਟਾਉਣ ਸਬੰਧੀ ਹੈ ਅਤੇ ਭਵਿੱਖ ਵਿੱਚ ਇਸ ਤਰ੍ਹਾਂ ਦੀ ਸਥਿਤੀ ਤੋਂ ਬਚਣ ਲਈ ਉਪਾਅ ਸੁਝਾਏ ਗਏ ਹਨ।

# ਬਿਜਲੀ ਦੇ ਕੱਟ ਤੋਂ ਲੋਕ ਪਰੇਸ਼ਾਨ

**ਬਲਾਚੌਰ, (ਜਸਵਿੰਦਰ ਬੈਂਸ)**-ਪਿੰਡਾਂ ਵਿਚ ਬਿਜਲੀ ਨਾ ਆਉਣ ਦੀ ਚਲ ਰਹੀ ਸਮੱਸਿਆ ਤੇ ਲੱਗ ਰਹੇ ਅਣਦੱਸੇ ਕੱਟ ਤੋਂ ਪਰੇਸ਼ਾਨ ਹੋ ਕੇ ਪਿੰਡ ਗਹੂੰਣ, ਰੜ੍ਹਕਾਂ ਬੇਟ, ਲੋਹਟ, ਸੁੱਧਾਮਾਜਰਾ, ਜੰਡੀ, ਟੰਡੋਹ, ਮਾਣੇਵਾਲ, ਮੁੱਤੋਂ, ਮੱਕੋਵਾਲ, ਤੇਜ ਪਲਾਣਾ, ਮਹਿਮੂਦਪੁਰ ਭਾਈਪੁਰ ਮੰਡ ਦੇ ਲੋਕ ਇੱਕਠੇ ਹੋ ਕੇ ਬਿਜਲੀ ਘਰ ਪਹੁੰਚੇ। ਐੱਸ ਡੀ ਓ ਬਿਜਲੀ ਵਿਭਾਗ ਨਾਲ ਮੁਲਾਕਾਤ ਕਰਕੇ ਆਪਣੀ ਸਮੱਸਿਆ ਦੱਸਦੇ ਹੋਏ ਕਿਹਾ ਕਿ ਪਿੰਡਾਂ ਦੇ ਵਿਚ ਲੱਗ ਰਹੇ ਬਿਜਲੀ ਦੇ ਲੰਬੇ-ਲੰਬੇ ਕੱਟ ਖਾਸ ਕਰਕੇ ਮੋਟਰਾਂ ਦੀ ਬਿਜਲੀ ਜਿਆਦਾ ਪ੍ਰਭਾਵਿਤ ਹੋਣ ਨਾਲ ਫਸਲਾਂ ਸੁੱਕ ਰਹੀਆਂ ਹਨ। ਕਿਉਂਕਿ ਇਸ ਇਲਾਕੇ ਵਿਚ ਜਿਆਦਾਤਰ ਪੱਪੂਲਰ ਅਤੇ ਸਬਜੀਆਂ ਦੀ ਖੇਤੀ ਹੁੰਦੀ ਹੈ ਤੇ ਇਹਨਾਂ ਦਿਨਾਂ ਵਿਚ ਪਾਣੀ ਦੀ ਜਿਆਦਾ ਲੋੜ ਪੈਦੀ ਹੈ। ਐੱਸ ਡੀ ਓ ਬਿਜਲੀ ਵਿਭਾਗ ਨੇ ਵੀ ਗੱਲ ਨੂੰ ਧਿਆਨ ਨਾਲ ਸੁਣਦੇ ਹੋਏ ਵਿਸਵਾਸ਼ ਦਵਾਇਆ ਕਿ ਚੱਲ ਰਹੀ ਸਮੱਸਿਆ ਨੂੰ ਜਲਦੀ ਦੂਰ ਕਰਕੇ ਨਿਰਵਿਘਨ ਬਿਜਲੀ ਸਪਲਾਈ ਜਲਦੀ ਬਹਾਲ ਕੀਤੀ ਜਾਵੇਗੀ। ਇਸ ਸਮੇਂ ਲੋਕਾਂ ਦੇ ਵਫਦ ਨਾਲ ਚੇਅਰਮੈਨ ਬਲਾਕ ਸੰਮਤੀ ਨਾਨਕ ਸਿੰਘ ਜੰਡੀ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਤਰਲੋਚਨ ਸਿੰਘ ਰੱਕੜ, ਕਿਸਾਨ ਆਗੂ ਹਰਪਾਲ ਸਿੰਘ ਮੱਕੋਵਾਲ, ਗੁਰਮੁਖ ਸਿੰਘ ਮਹਿਮੂਦਪੁਰ, ਮੋਹਨ ਲਾਲ ਸੰਧੂ, ਦਲਜੀਤ ਸਿੰਘ ਮਾਣੇਵਾਲ, ਸੈਕਰ ਸਿੰਘ ਜੰਡੀ, ਦੇਵ ਰਾਜ ਫੌਜੀ, ਜਸਵੰਤ ਸਿੰਘ, ਹਰੀ ਸਿੰਘ, ਠੇਕੇਦਾਰ ਤਿਲਕ ਰਾਜ, ਅਵੀਨਾਸ, ਕਲਵਿੰਦਰ ਸਿੰਘ ਤੇਜਪਲਾਣਾ ਆਦਿ ਹਾਜ਼ਰ ਸਨ।

# ਕਾਂਗਰਸੀ ਉਮੀਦਵਾਰ ਕਰਨਦੀਪ ਸਿੰਘ ਢਿੱਲੋਂ ਨੇ ਕੀਤਾ ਚੋਣ ਪ੍ਰਚਾਰ ਤੇਜ਼

**ਮੋਹਾਲੀ (ਗੁਰਜੀਤ ਬਿੱਲਾ)**-ਵਾਰਡ ਨੰਬਰ 16 (ਫੇਜ਼ 10 ਅਤੇ 11) ਤੋਂ ਕਾਂਗਰਸੀ ਉਮੀਦਵਾਰ ਕਰਨਦੀਪ ਸਿੰਘ ਢਿੱਲੋਂ ਵੱਲੋਂ ਆਪਣਾ ਚੋਣ ਪ੍ਰਚਾਰ ਤੇਜ਼ ਕਰ ਦਿੱਤਾ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਢਿਲੋਂ ਨੂੰ ਸਮਾਜ ਦੇ ਹਰ ਵਰਗ ਦਾ ਪੂਰਨ ਸਹਿਯੋਗ ਮਿਲ ਰਿਹਾ।ਉਸ ਦੀ ਮੁਹਿੰਮ ਨੂੰ ਜਿੱਥੇ ਸਾਬਕਾ ਮੇਅਰ ਜੀਤੀ ਸਿੱਧੂ ਯੋਜਨਾ ਬੱਧ ਢੰਗ ਨਾਲ ਚਲਾ ਰਹੇ ਹਨ, ਉਥੇ ਉਨ੍ਹਾਂ ਨੂੰ ਸਿੱਖਿਆ ਬੋਰਡ ਦੇ ਸੇਵਾ ਮੁਕਤ ਕਰਮਚਾਰੀ ਅਤੇ ਇਸ ਵਾਰਡ ਵਿੱਚ ਰਹਿੰਦੇ ਸਿੱਖਿਆ ਬੋਰਡ ਦੇ ਕਰਮਚਾਰੀ ਉਸ ਦੀ ਕਾਮਯਾਬੀ ਲਈ ਦਿਨ ਰਾਤ ਮਿਹਨਤ ਕਰ ਰਹੇ ਹਨ।ਇਸ ਦੌਰਾਨ ਉਹਨਾਂ ਵਲੋਂ ਆਪਣੇ ਸਮਰਥਕਾਂ ਦੇ ਨਾਲ ਲੋਕਾਂ ਦੇ ਘਰੋਂ ਘਰੀ ਜਾ ਕੇ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਤੋਂ ਵੋਟਾਂ ਮੰਗੀਆਂ ਜਾ ਰਹੀਆਂ ਹਨ।



# ਪ੍ਰਾਹੁਣਚਾਰੀ ਵਿਭਾਗ ਐਸੋਸੀਏਸ਼ਨ ਦੇ ਨੇਗੀ ਪ੍ਰਧਾਨ, ਬਜਰੰਗ ਯਾਦਵ ਜਨਰਲ ਸਕੱਤਰ ਚੁਣੇ ਗਏ



**ਚੰਡੀਗੜ੍ਹ (ਸੁਰਜੀਤ ਸੁਮਨ)**-ਪ੍ਰਾਹੁਣਚਾਰੀ ਵਿਭਾਗ ਦਰਜਾ-4 ਐਸੋਸੀਏਸ਼ਨ ਪੰਜਾਬ ਸਿਵਲ ਸਕੱਤਰੇਤ,ਤ ਚੰਡੀਗੜ੍ਹ ਦੀ ਚੋਣ ਹੋਈ, ਜਿਸ ਵਿੱਚ ਕੁਲਦੀਪ ਸਿੰਘ ਨੇਗੀ ਪ੍ਰਧਾਨ, ਰਾਜੇਸ਼ ਕੁਮਾਰ ਚੇਅਰਮੈਨ, ਬਜਰੰਗ ਯਾਦਵ ਜਰਨਲ ਸਕੱਤਰ, ਗਜਿੰਦਰ ਭੱਟ ਉਪ ਪ੍ਰਧਾਨ-ਕਮ-ਕੈਸ਼ੀਅਰ, ਰਮੇਸ਼ ਅਰੋੜਾ ਮੀਤ ਪ੍ਰਧਾਨ, ਓਮ ਪ੍ਰਕਾਸ਼ ਪ੍ਰੈਸ ਸਕੱਤਰ, ਵਿਕਰਮ ਸਿੰਘ ਸੀਨੀਅਰ ਮੁੱਖ ਸਲਾਹਕਾਰ, ਸੰਦੀਪ ਬੜਵਾ ਮੁੱਖ ਸਲਾਹਕਾਰ ਅਤੇ ਕੁਸ਼ੱਲਿਆ ਦੇਵੀ ਮਹਿਲਾ ਵਿੰਗ ਪ੍ਰਧਾਨ, ਨਿਰਵਿਰੋਧ ਚੁਣੇ ਗਏ ਗਏ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਕੁਲਦੀਪ ਨੇਗੀ ਅਤੇ ਜਨਰਲ ਸਕੱਤਰ ਬਜਰੰਗ ਯਾਦਵ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਐਸੋਸੀਏਸ਼ਨ ਦੇ ਪ੍ਰਧਾਨ ਮਹੇਸ਼ ਚੰਦਰ ਸਨ ਜੋ ਕਿ ਸੇਵਾ ਮੁਕਤ ਹੋ ਚੁੱਕੇ ਹਨ। ਇਸ ਲਈ ਪ੍ਰਾਹੁਣਚਾਰੀ ਵਿਭਾਗ ਦੇ ਮੁਲਾਜ਼ਮਾਂ ਦੇ ਮਾਮਲਿਆਂ ਨੂੰ ਨਜਿੱਠਣ ਲਈ ਐਸੋਸੀਏਸ਼ਨ ਦੀ ਚੋਣ ਕੀਤੀ ਗਈ ਹੈ ਜੋ ਕਿ ਸਰਕਾਰ ਨਾਲ ਤਾਲਮੇਲ ਕਰਕੇ ਬਣਦੀਆਂ ਮੁਲਾਜ਼ਮ ਮੰਗਾਂ ਦਾ ਨਿਪਟਾਰਾ ਕਰਵਾਉਣਗੇ।

# ਗੌਰਮਿੰਟ ਟੀਚਰਜ਼ ਯੂਨੀਅਨ ਦਾ ਵਫ਼ਦ ਐੱਸ ਡੀ ਐੱਮ ਨੂੰ ਮਿਲਿਆ



**ਸੁਲਤਾਨਪੁਰ ਲੋਧੀ (ਹਨੀ)**

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਕਪੂਰਥਲਾ ਇਕਾਈ ਦਾ ਇੱਕ ਵਫ਼ਦ ਸੂਬਾਈ ਆਗੂ ਰਛਪਾਲ ਸਿੰਘ ਵੜੈਚ ਤੇ ਜਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਬੱਧਣ ਦੀ ਅਗਵਾਈ 'ਚ ਅਮਨਪਾਲ ਸਿੰਘ ਐੱਸ ਡੀ ਐੱਮ ਸੁਲਤਾਨਪੁਰ ਲੋਧੀ ਤੇ ਬਲਜੀਤ ਸਿੰਘ ਬਿਲਗਾ ਕਾਰਜ ਸਾਧਕ ਅਫਸਰ ਸੈਸਜ ਸੁਲਤਾਨਪੁਰ ਲੋਧੀ ਨੂੰ ਮਿਲਿਆ। ਵਫ਼ਦ ਨੇ ਅਧਿਕਾਰੀਆਂ ਨੂੰ ਮੰਗ ਪੱਤਰ ਦਿੰਦੇ ਹੋਏ ਮੁੱਖ ਮੰਗਾਂ ਜਿਸ ਵਿੱਚ ਜਨਗਣਨਾ ਡਿਊਟੀ ਨੇੜੇ ਤੋਂ ਨੇੜੇ ਲਗਾਉਣ ਸੰਬੰਧੀ ਜਾਣੂ ਕਰਾਉਣ ਦੇ ਬਾਵਜੂਦ ਫਿਰ ਵੀ ਬਹੁਤ ਦੂਰ ਦੂਰ ਡਿਊਟੀ ਲਗਾਉਣ, ਇਸ ਦੇ ਨਾਲ ਹੀ ਕੁਝ ਦਫਤਰਾਂ ਨੇ ਕਥਿਤ ਤੌਰ ਤੇ ਕਿਸੇ ਪਹੁੰਚ ਵਾਲੇ ਦੀ ਡਿਊਟੀ ਕੱਟ ਕੇ ਡਰਾ ਧਮਕਾ ਕੇ ਉਹਨਾਂ ਅਧਿਆਪਕਾਂ ਨੂੰ ਸਮਾਨ ਚੁਕਵਾ ਦੇਣ, ਜਿਨ੍ਹਾਂ ਨੂੰ ਕੋਈ ਰਿਹਰਸਲ ਤੱਕ ਵੀ ਨਹੀਂ ਕਰਵਾਈ, ਇਸ ਦੇ ਨਾਲ ਹੀ ਜੋ ਮੁਲਾਜਮ ਸਮਾਨ ਲੈ ਵੀ ਗਏ ਹਨ ਉਹਨਾਂ ਦੀ ਡਿਊਟੀ ਕੱਟ ਕੇ ਉਹਨਾਂ ਦੀ ਥਾਂ ਤੇ ਹੋਰ ਅਧਿਆਪਕ ਲਗਾਏ ਜਾ ਰਹੇ ਸੰਬੰਧੀ ਵਿਸੇਸ਼ ਧਿਆਨ ਦਿਵਾਇਆ। ਆਗੂਆਂ ਨੇ ਕਿਹਾ ਕਿ ਅਧਿਆਪਕ ਵਰਗ ਬੀ ਐੱਲ ਓ ਅਤੇ ਹਰ ਕਿਸਮ ਦੀ ਡਿਊਟੀ ਲਈ ਹਮੇਸ਼ਾ ਪ੍ਰਸਾਸ਼ਨ ਦਾ ਸਹਿਯੋਗ ਦਿੰਦਾ ਹੈ। ਪਰ ਇਸ ਦੇ ਬਾਵਜੂਦ ਦੂਰ ਦੁਰੇਡੇ ਇਸਤਰੀ ਕਰਮਚਾਰੀਆਂ ਦੀ ਡਿਊਟੀ ਲਗਾਉਣਾ ਅਧਿਆਪਕ ਵਰਗ ਨਾਲ ਸਰਾਸਰ ਧੱਕਾ ਹੈ। ਉਹਨਾਂ ਕਿਹਾ ਕਿ ਇਹ ਸਮੱਸਿਆਵਾਂ ਇਲੈਕਸ਼ਨ ਡਿਊਟੀਆਂ ਵਿੱਚ ਵੀ ਆ ਰਹੀਆਂ ਹਨ। ਉਹਨਾਂ ਵਿੱਚ ਵੀ ਜਿਆਦਾਤਰ ਉਹਨ੍ਹਾਂ ਅਧਿਆਪਕਾਂ ਦੀ ਡਿਊਟੀ ਆਈ ਹੈ ਜੋ ਪਹਿਲਾਂ ਹੀ ਮਰਦਮਸ਼ੁਮਾਰੀ ਜਾਂ ਡਰੱਗ ਸੈਂਸਜ਼ ਦੀ ਡਿਊਟੀ ਕਰ ਰਹੇ ਹਨ।ਫਗਵਾੜਾ ਤੋਂ 70 ਕਿਲੋਮੀਟਰ ਦੂਰ ਟੀਚਰ ਸੁਲਤਾਨਪੁਰ ਲੋਧੀ ਵਿੱਚ ਇਲੈਕਸ਼ਨ ਕਰਨ ਲਈ ਭੇਜੇ ਜਾ ਰਹੇ ਹਨ।ਆਗੂਆਂ ਨੇ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਡਬਲ ਡਿਊਟੀ ਕੱਟੀ ਜਾਵੇ ਅਤੇ ਫਗਵਾੜਾ ਤਹਿਸੀਲ ਦੀ ਦੂਰੀ ਨੂੰ ਧਿਆਨ ਵਿੱਚ ਰੱਖਦੇ ਹੋਏ ਉੱਥੋਂ ਦੇ ਅਧਿਆਪਕਾਂ ਦੀ ਚੋਣਾਂ ਵਿੱਚ ਡਿਊਟੀ ਨਾ ਲਗਾਈ ਜਾਵੇ।

# ਈ-ਫਾਰਮੇਸੀ ਦੇ ਵਿਰੋਧ ਸੰਬੰਧੀ ਹੜਤਾਲ ਨੂੰ ਮਿਲਿਆ ਭਰਵਾਂ ਹੁੰਗਾਰਾ

**ਦਸੂਹਾ (ਕਰਨੈਲ ਮਾਂਗਟ)**-ਕੇਂਦਰ ਸਰਕਾਰ ਦੀਆਂ ਕਥਿਤ ਲੋਕ ਮਾਰੂ ਨੀਤੀਆਂ ਅਤੇ ਈ-ਫਾਰਮੇਸੀ (ਆਨਲਾਈਨ ਦਵਾਈਆਂ ਦੀ ਵਿਕਰੀ) ਦੇ ਵਿਰੋਧ ਵਿੱਚ ਦੇਸ਼ ਭਰ ਦੇ ਕੈਮਿਸਟਾਂ ਦੀ ਹੜਤਾਲ ਰਹੀ ਜਿਸ ਦਾ ਅਸਰ ਦਸੂਹਾ ਸ਼ਹਿਰ ਅੰਦਰ ਵੀ ਦੇਖਣ ਨੂੰ ਮਿਲਿਆ ਤੇ




ਸਮੂਹ ਮੈਡੀਕਲ ਸਟੋਰ ਮੁਕੰਮਲ ਤੌਰ ਤੇ ਬੰਦ ਕਰਕੇ ਕੈਮਿਸਟਾਂ ਵੱਲੋਂ ਹੜਤਾਲ ਦਾ ਸਮਰਥਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੈਡੀਕਲ ਐਸੋਸੀਏਸ਼ਨ ਦਸੂਹਾ ਦੇ ਪ੍ਰਧਾਨ ਅੰਸ਼ੁਲ ਖੰਨਾ ਨੇ ਦੱਸਿਆ ਕਿ ਦਸੂਹਾ ਅੰਦਰ 70 ਦੇ ਕਰੀਬ ਦਵਾਈਆਂ ਦੇ ਮੈਡੀਕਲ ਸਟੋਰ ਮੁਕੰਮਲ ਤੌਰ ਤੇ ਬੰਦ ਰਹੇ। ਉਨ੍ਹਾਂ ਕਿਹਾ ਆਨਲਾਈਨ ਦਵਾਈਆਂ ਵੇਚਣ ਵਾਲੀਆਂ ਵੱਡੀਆਂ ਕੰਪਨੀਆਂ (ਈ-ਫਾਰਮੇਸੀ) ਕਾਰਨ ਰਵਾਇਤੀ ਦਵਾਈ ਵਪਾਰੀਆਂ ਤੇ ਮੈਡੀਕਲ ਸਟੋਰ ਸੰਚਾਲਕਾਂ ਨੂੰ ਭਾਰੀ ਆਰਸੀ ਨੁਕਸਾਨ ਝੱਲਣਾ ਪੈ ਰਿਹਾ ਹੈ ਜਿਸ ਕਾਰਨ ਸਮੂਹ ਦਸੂਹਾ ਕੈਮਿਸਟਾਂ ਨੇ ਹੜਤਾਲ ਦਾ ਸਮਰਥਨ ਕੀਤਾ ਹੈ। ਉਨ੍ਹਾਂ ਕਿਹਾ ਸਰਕਾਰ ਚਾਹੁੰਦੀ ਹੈ ਕਿ ਸਭ ਕੁਝ ਡਿਜੀਟਲ ਪ੍ਰਕਿਰਿਆ ਵਿੱਚ ਹੋ ਜਾਵੇ ਪਰ ਉਹ ਇਸ ਦੇ ਮਾੜੇ ਪ੍ਰਭਾਵ ਨੂੰ ਅਣਗੌਲਿਆ ਕਰ ਰਹੀ ਹੈ। ਉਨ੍ਹਾਂ ਕਿਹਾ ਸਰਕਾਰ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਲੱਖਾਂ ਛੋਟੇ ਦੁਕਾਨਦਾਰਾਂ ਤੇ ਉਨ੍ਹਾਂ ਦੇ ਪਰਵਾਰਾਂ ਦੇ ਰੁਜ਼ਗਾਰ ਨੂੰ ਉਜਾੜਨ ਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਈ-ਫਾਰਮੇਸੀ ਕਾਰਨ ਦਵਾਈਆਂ ਦੇ ਕਾਰੋਬਾਰੀਆਂ ਨੂੰ ਭਾਰੀ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਜਿਸ ਦਾ ਵਿਰੋਧ ਦੇਸ਼ ਭਰ ਦੇ ਕੈਮਿਸਟਾਂ ਵੱਲੋਂ ਇਕੱਠੇ ਹੋ ਕੇ ਕੀਤਾ ਜਾ ਰਿਹਾ ਹੈ ਤੇ ਮੈਡੀਕਲ ਸਟੋਰ ਮਾਲਕ ਦੀ ਹੜਤਾਲ ਕਾਰਨ ਮਰੀਜ਼ਾਂ ਨੂੰ ਇਧਰ ਉਧਰ ਭਟਕਣਾ ਪਿਆ ਅਤੇ ਦੁਕਾਨਾਂ ਬੰਦ ਹੋਣ ਕਰਕੇ ਦਵਾਈਆਂ ਨਹੀਂ ਮਿੱਲ ਸਕੀਆਂ।

# ਪੰਜਾਬ ਸਰਕਾਰ ਨੇਤਰਦਾਨ ਮੁਹਿੰਮ ਨੂੰ ਤੇਜ਼ ਕਰਨ ਲਈ ਹਰ ਸੰਭਵ ਸਹਾਇਤਾ ਦੇਵੇਗੀ : ਥੋਰੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਰੋਟਰੀ ਆਈ ਬੈਂਕ ਅਤੇ ਕੋਰਨੀਆਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਜੇ ਬੀ ਬਹਿਲ ਦੀ ਅਗਵਾਈ ਹੇਠ ਸਿਹਤ ਵਿਭਾਗ ਦੇ ਸਕੱਤਰ ਘਨਸ਼ਿਆਮ ਥੋਰੀ ਨਾਲ ਉਨ੍ਹਾਂ ਦੇ ਚੰਡੀਗੜ੍ਹ ਸਥਿਤ ਦਫ਼ਤਰ ਵਿੱਚ ਮੁਲਾਕਾਤ ਕੀਤੀ ਗਈ। ਇਸ ਮੌਕੇ ਸੋਸਾਇਟੀ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਰੋਟਰੀ ਆਈ ਬੈਂਕ ਦੇ ਕਾਰਜਾਂ ਬਾਰੇ ਜਾਣੂ ਕਰਵਾਇਆ। ਇਸ ਦੌਰਾਨ ਪ੍ਰਧਾਨ ਜੇ ਬੀ ਬਹਿਲ ਨੇ ਸਿਹਤ ਸਕੱਤਰ ਨੂੰ ਦੱਸਿਆ ਕਿ ਰਾਜ ਵਿੱਚ ਕੋਰਨੀਆ ਬਲਾਈਂਡਨੈੱਸ ਨਾਲ ਪੀੜਤ ਲੋਕਾਂ ਦੀ ਗਿਣਤੀ ਕਾਫ਼ੀ ਵੱਧ ਹੈ, ਜਦਕਿ ਕੋਰਨੀਆ ਇਕੱਠੇ ਕਰਨ ਦੀ ਦਰ ਬਹੁਤ ਘੱਟ ਹੈ। ਉਨ੍ਹਾਂ ਨੇ ਬੇਨਤੀ ਕੀਤੀ ਕਿ ਸਰਕਾਰੀ ਤੇ ਨਿੱਜੀ ਹਸਪਤਾਲਾਂ ਨੂੰ ਨਿਰਦੇਸ਼ ਜਾਰੀ ਕੀਤੇ ਜਾਣ ਕਿ ਉਹ ਆਪਣੇ ਕੋਲ ਮੌਜੂਦ ਕੋਰਨੀਆ ਬਲਾਈਂਡ ਮਰੀਜ਼ਾਂ ਦੀਆਂ ਸੂਚੀਆਂ ਤੁਰੰਤ ਸੋਸਾਇਟੀ ਨੂੰ ਮੁਹੱਈਆ ਕਰਵਾਉਣ, ਤਾਂ ਜੋ ਪੰਜਾਬ ਨੂੰ ਕੋਰਨੀਆ ਬਲਾਈਂਡਨੈੱਸ ਤੋਂ ਮੁਕਤ ਕਰਨ ਦੇ ਮਿਸ਼ਨ ਨੂੰ ਸਫਲ ਬਣਾਇਆ ਜਾ ਸਕੇ।ਇਸ ਤੋਂ ਇਲਾਵਾ ਬਹਿਲ ਨੇ ਮੰਗ ਕੀਤੀ ਕਿ ਜੋ ਵਿਅਕਤੀ ਨੇਤਰਦਾਨ ਕਰਦਾ ਹੈ, ਉਸ ਦੇ ਪਰਵਾਰ ਨੂੰ ਆਜ਼ਾਦੀ ਦਿਵਸ ਜਾਂ ਗਣਤੰਤਰ ਦਿਵਸ ਮੌਕੇ ਸਨਮਾਨਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਵਿੱਚ ਇਸ ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਇਹ ਪ੍ਰਥਾ ਪੂਰੇ ਪੰਜਾਬ ਵਿੱਚ ਲਾਗੂ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਇਹ ਵੀ ਮੰਗ ਰੱਖੀ ਕਿ ਪੰਜਾਬ ਵਿੱਚ ਲਾਵਾਰਿਸ ਮ੍ਰਿਤਕਾਂ ਦੇ ਕੋਰਨੀਆ ਪ੍ਰਾਪਤ ਕਰਨ ਲਈ ਵੀ ਨਿਰਦੇਸ਼ ਜਾਰੀ ਕੀਤੇ ਜਾਣ, ਤਾਂ ਜੋ ਕੋਰਨੀਆ ਬਲਾਈਂਡਨੈੱਸ ਨਾਲ ਪੀੜਤ ਮਰੀਜ਼ਾਂ ਦੀ ਗਿਣਤੀ ਘਟਾਈ ਜਾ ਸਕੇ। ਇਸ ਦੇ ਨਾਲ ਹੀ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਨੂੰ ਨੇਤਰਦਾਨ ਜਾਗਰੂਕਤਾ ਮੁਹਿੰਮ ਨੂੰ ਤੇਜ਼ ਕਰਨ ਲਈ ਵੱਡੇ ਹੋਰਡਿੰਗ ਲਗਾਉਣ ਦੇ ਨਿਰਦੇਸ਼ ਵੀ ਜਾਰੀ ਕੀਤੇ ਜਾਣ।ਸਿਹਤ ਵਿਭਾਗ ਦੇ ਸਕੱਤਰ ਘਨਸ਼ਿਆਮ ਥੋਰੀ ਨੇ ਸੋਸਾਇਟੀ ਦੇ ਕੰਮਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਪੰਜਾਬ ਨੂੰ ਕੋਰਨੀਆ ਬਲਾਈਂਡਨੈੱਸ ਤੋਂ ਮੁਕਤ ਕਰਨ ਲਈ ਸੋਸਾਇਟੀ ਵੱਲੋਂ ਚੁੱਕਿਆ ਗਿਆ ਕਦਮ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਕਿਹਾ ਕਿ ਕਿਸੇ ਦੀ ਹਨ੍ਹੇਰੀ ਜ਼ਿੰਦਗੀ ਨੂੰ ਰੌਸ਼ਨ ਕਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਇਸ ਮੌਕੇ ਪ੍ਰੋ. ਦਲਜੀਤ ਸਿੰਘ ਅਤੇ ਪ੍ਰੋ. ਰਾਜੀਵ ਸ਼ਰਮਾ ਵੀ ਹਾਜ਼ਰ ਸਨ।

# ਮੀਟਰ ਰੀਡਰ ਯੂਨੀਅਨ ਨੇ ਐਕਸੀਅਨ ਨੂੰ ਸੌਂਪਿਆ ਮੰਗ ਪੱਤਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**

ਪੰਜਾਬ ਰਾਜ ਪਾਵਰ ਕਾਮ ਕਾਰਪੋਰੇਸ਼ਨ ਅਧੀਨ ਆਉਂਦੀ ਡਿਵੀਜ਼ਨ ਭੋਗਪੁਰ ਦੇ ਕੱਚੇ ਮੀਟਰ ਰੀਡਰਾਂ ਵੱਲੋਂ ਪੱਕੇ ਹੋਣ ਦੀ ਮੰਗ ਨੂੰ ਲੈ ਕੇ ਐਕਸੀਅਨ ਜਸਵੰਤ ਸਿੰਘ



ਪਾਬਲਾ ਨੂੰ ਮੰਗ ਪੱਤਰ ਸੌਂਪਿਆ ਗਿਆ। ਮੀਟਰ ਰੀਡਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਅਸ਼ਵਨੀ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਡਿਵੀਜ਼ਨ ਦੇ ਪ੍ਰਧਾਨ ਭੋਗਪੁਰ ਮਨਪ੍ਰੀਤ ਸਿੰਘ ਦੀ ਅਗਵਾਈ ਵਿੱਚ ਨੀਰ ਸਿੰਘ, ਨਵੀਨ ਦੁੱਬੇ, ਸੰਦੀਪ ਸਿੰਘ, ਲਖਵੀਰ ਸਿੰਘ, ਅਨਿਲ ਕੁਮਾਰ, ਲਵਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਜਸਪਾਲ ਸਿੰਘ, ਸੁਖਜਿੰਦਰ, ਹਰਮਨਪ੍ਰੀਤ, ਪਰਮਜੀਤ, ਸੁਖਵਿੰਦਰ ਲਾਲ ਨੇ ਐਕਸੀਅਨ ਭੋਗਪੁਰ ਜਸਵੰਤ ਸਿੰਘ ਪਾਬਲਾ ਨੂੰ ਮੰਗ ਪੱਤਰ ਦਿੰਦੇ ਹੋਏ ਦੱਸਿਆ ਕਿ ਉਹ ਪਿਛਲੇ 14 ਸਾਲਾਂ ਤੋਂ ਕੱਚੇ ਮੁਲਾਜ਼ਮ ਦੇ ਤੌਰ ਤੇ ਨਿਗੂਣੀਆਂ ਤਨਖਾਹਾਂ ਤੇ ਧੁੱਪ, ਗਰਮੀ ਤੇ ਸਰਦੀ ਵਿੱਚ ਕੰਮ ਕਰਨ ਲਈ ਮਜਬੂਰ ਹਨ ਅਤੇ ਆਪਣੇ ਪੱਕੇ ਹੋਣ ਦੀ ਮੰਗ ਉਹ ਪਿਛਲੇ ਲੰਬੇ ਸਮੇਂ ਤੋਂ ਕਰ ਰਹੇ ਪ੍ਰੰਤੂ ਬਿਜਲੀ ਵਿਭਾਗ ਤੇ ਸਰਕਾਰ ਵੱਲੋਂ ਉਨਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ। ਉਹਨਾਂ ਮੰਗ ਪੱਤਰ ਸੌਂਪਦੇ ਹੋਏ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਹੁਣ ਵੀ ਉਹਨਾਂ ਦੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਤਾਂ ਉਸ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

# ਸੜਕਾਂ ਦੀ ਉਸਾਰੀ ਕਰਨ ਵਾਲੇ ਮਜ਼ਦੂਰਾਂ ਦੀ ਸੁਰੱਖਿਆ ਰੱਬ ਆਸਰੇ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**-ਕੰਮ ਦੌਰਾਨ ਮਜ਼ਦੂਰ, ਕਰਮਚਾਰੀਆਂ ਦੀ ਸੈਫਟੀ ਸੰਵਿਧਾਨਕ ਅਧਿਕਾਰ ਹੈ।ਸੈਫਟੀ ਨਿਯਮਾਂ ਨੂੰ ਅਮਲੀ ਜਾਮਾ ਪਹਿਨਾਉਣ ਲਈ ਲੱਖਾਂ ਰੁਪਏ



ਤਨਖਾਹ ਲੈਣ ਵਾਲੇ ਅਧਿਕਾਰੀ ਅਤੇ ਲੇਬਰ ਮੰਤਰਾਲਾ ਮੌਜੂਦ ਹੈ ਤੇ ਇਸ ਸਭ ਦੇ ਬਾਵਜੂਦ ਮਜਦੂਰ ਦਾ ਜੀਵਨ ਖਤਰਿਆਂ ਨਾਲ ਘਿਰਿਆ ਪਿਆ ਹੈ।ਇਸ ਸਬੰਧ ਵਿਚ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਸ਼ਾਮ ਲਾਲ ਨੇ ਸੜਕਾਂ ਦੀ ਉਸਾਰੀ ਸਮੇਂ ਮਜ਼ਦੂਰਾਂ ਨਾਲ ਕੀਤੇ ਜਾ ਰਹੇ ਧੱਕੇ ਅਤੇ ਬਿਨ੍ਹਾਂ ਸੈਫਟੀ ਕਿੱਟਾਂ ਮੁਹਈਆਂ ਕਰਵਾਇਆਂ ਕੰਮ ਕਰਵਾਉਣ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਲੇਬਰ ਵਿਭਾਗ ਦਾ ਮਜਦੂਰਾਂ ਪ੍ਰਤੀ ਵਰਤਾਰਾ ਗੈਰ ਮਨੁੱਖਤਾ ਵਾਲਾ ਹੈ।ਉਨ੍ਹਾਂ ਕਿਹਾ ਕਿ ਕਾਗਜਾਂ ਵਿਚ ਮਜ਼ਦੂਰ ਦੀ ਸੁਰੱਖਿਆ ਸਬੰਧੀ ਸਭ ਕੁਝ ਨਿਯਮਾਂ ਬਾਰੇ ਦਰਜ ਹੈ ਤੇ ਭਾਰਤ ਵੀ ਇੰਟਰਨੈਸ਼ਲ ਲੇਬਰ ਆਰਗੇਨਾਈਜੇਸ਼ਨ ਦਾ ਮੈਂਬਰ ਹੈ।ਸਰਕਾਰਾਂ ਦਾ ਅਣਗਹਿਲੀਆਂ ਭਰਿਆ ਵਤੀਰਾ ਪੂਰੀ ਤਰ੍ਹਾਂ ਮਨੁੱਖੀ ਅਧਿਕਾਰਾਂ ਦੀ ਵਾਲਾ ਹੈ।ਪਰ ਦੁੱਖ ਇਸ ਗੱਲ ਦਾ ਹੈ ਕਿ ਮਜ਼ਦੂਰ ਨੂੰ ਇਨਸਾਨ ਸਮਝਿਆ ਹੀ ਨਹੀਂ ਜਾਂਦਾ।ਅਸਲ ਵਿਚ ਜਿਸ ਵੀ ਕੰਪਨੀ ਦੇ ਅਧੀਨ ਕੰਮ ਹੁੰਦਾ ਹੈ ਉਸ ਦੀ ਜੁੰਮੇਵਾਰੀ ਬਣਦੀ ਹੈ ਕਿ ਉਹ ਇਸ ਤਰ੍ਹਾਂ ਦੇ ਔਖੇ ਕੰਮ ਵਿਚ ਹਰੇਕ ਮਜਦੂਰ ਨੂੰ ਸੈਫਟੀ ਬੂਟ,ਵਰਦੀਆਂ,ਸਿਰ ਤੇ ਹੈਲਮਟ ਅਤੇ ਦੁਪਿਹਰ ਦਾ ਖਾਣਾ ਖਾਣ ਲਈ ਇਕ ਸਥਾਨ ਮੁਹਈਆ ਕਰਵਾਏ ਤੇ ਸਾਫ ਪੀਣ ਵਾਲਾ ਪਾਣੀ ਆਦਿ ਦਾ ਵੀ ਪ੍ਰਬੰਧ ਕਰਕੇ ਦੇਣਾ ਚਾਹੀਦਾ ਹੈ।ਕੰਮ ਵਾਲੀ ਥਾਂ ਉਤੇ ਹਰੇਕ ਕੰਪਨੀ ਦਾ ਨਾਂਅ ਅਤੇ ਬੋਰਡ ਜ਼ਰੂਰ ਡਿਸਪਲੇ ਕੀਤਾ ਜਾਣਾ ਲਾਜ਼ਮੀ ਹੈ।

# ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ ਬਰਸੀ 23 ਨੂੰ

**ਬੰਗਾ (ਅਵਤਾਰ ਕਲੇਰ)**-ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸਾਬਕਾ ਕੌਮੀ ਆਗੂ, ਸੀ ਪੀ ਆਈ ਦੇ ਸਾਬਕਾ ਸੂਬਾਈ ਆਗੂ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦਾ ਸਲਾਨਾ ਬਰਸੀ ਸਮਾਗਮ 23 ਮਈ ਨੂੰ ਮੇਹਲੀ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਜਸਵਿੰਦਰ ਸਿੰਘ ਭੰਗਲ, ਜ਼ਿਲ੍ਹਾ ਮੀਤ ਸਕੱਤਰ ਕਾਮਰੇਡ ਨਰੰਜਣ ਦਾਸ ਮੇਹਲੀ, ਬਲਾਕ ਬੰਗਾ ਦੇ



ਸਕੱਤਰ ਕਾਮਰੇਡ ਗੁਰਮੁੱਖ ਸਿੰਘ ਫਰਾਲਾ ਨੇ ਦੱਸਿਆ ਕਿ ਇਸ ਸ਼ਹੀਦੀ ਸਮਾਗਮ ਨੂੰ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਬੰਤ ਸਿੰਘ ਬਰਾੜ, ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਅਤੇ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਸੰਬੋਧਨ ਕਰਨਗੇ। ਇਸ ਮੌਕੇ ਇਨਕਲਾਬੀ ਨਾਟਕ ਅਤੇ ਕੋਰੀਓਗਰਾਫੀਆ ਪੇਸ਼ ਕੀਤੀਆਂ ਜਾਣਗੀਆਂ। ਇੱਥੇ ਜ਼ਿਕਰਯੋਗ ਹੈ ਕਿ ਕਾਮਰੇਡ ਮਲਕੀਤ ਚੰਦ ਮੇਹਲੀ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਸ਼ਹੀਦ ਹੋਏ।ਸਮਾਜ ਵਿਰੋਧੀ ਅਨਸਰਾਂ ਵੱਲੋਂ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਨੂੰ 23 ਮਈ 1988 ਨੂੰ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ ਸੀ।

# ਪਨਾਮ ਤੇ ਨੰਗਲ ਖਿਲਾੜੀਆਂ ਵਿਚਕਾਰ ਫਸਵਾਂ ਤੇ ਦਿਲਚਸਪ ਫੁੱਟਬਾਲ ਮੈਚ ਹੋਇਆ

**ਜੇਜੋ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**

ਕਹਾਰਪੁਰ ਨਗਰ ਨਿਵਾਸੀਆਂ ਵੱਲੋਂ ਕਰਵਾਏ ਜਾ ਰਹੇ ਸੈਵਨ ਸਾਈਡ ਫੁੱਟਬਾਲ ਮੁਕਾਬਲਿਆਂ ਵਿੱਚ ਭਾਰਤੀ ਫੁੱਟਬਾਲ ਦਾ ਦੁਨੀਆਂ ਭਰ ਵਿੱਚ ਨਾਂਅ ਰੌਸ਼ਨ ਕਰਨ ਵਾਲੇ ਓਲੰਪੀਅਨ ਫੁੱਟਬਾਲਰ ਸਵ: ਜਰਨੈਲ ਸਿੰਘ ਦੇ ਪਿੰਡ ਪਨਾਮ ਤੇ ਮਾਹਿਲਪੁਰ ਇਲਾਕੇ ਦੇ ਖੇਡਾਂ ਪ੍ਰਫੁਲਿਤ ਕਰਨ ਵਾਲੇ ਪਿੰਡ ਨੰਗਲ ਖਿਲਾੜੀਆਂ ਵਿਚਕਾਰ ਬਹੁਤ ਹੀ ਫਸਵਾਂ ਤੇ ਦਿਲਚਸਪ ਮੁਕਾਬਲਾ ਹੋਇਆ। ਪਨਾਮ ਦੀ ਟੀਮ ਨੇ ਤਿੰਨ ਗੋਲ ਕੀਤੇ ਤੇ



ਬਹੁਤ ਹੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਨੰਗਲ ਖਿਲਾੜੀਆਂ ਦੀ ਟੀਮ ਵਲੋਂ ਚਾਰ ਗੋਲ ਦਾਗੇ ਗਏ ਤੇ ਇੱਕ ਗੋਲ ਨਾਲ ਮੈਚ ਵਿੱਚ ਜਿੱਤ ਪ੍ਰਾਪਤ ਕੀਤੀ।ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਬਹੁਤ ਹੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਮੈਚ ਨੂੰ ਦੇਖਣ ਲਈ ਫੁੱਟਬਾਲ ਜਗਤ ਦੀਆਂ ਮਹਾਨ ਸ਼ਖ਼ਸੀਅਤਾਂ ਪਹੁੰਚੀਆਂ ਹੋਈਆਂ ਸਨ। ਕੋਚ ਬੰਧਨਾਂ ਸਿੰਘ ,ਦਰਸ਼ਨ ਸਿੰਘ ਢਿੱਲੋਂ,ਦਲਜੀਤ ਸਿੰਘ ਬਿੱਟੂ,ਇੰਸਪੈਕਟਰ ਗੁਰਦਿਆਲ ਸਿੰਘ,ਹਰਬਲਰਾਜ ਸਿੰਘ ਰਾਜਾ ਲੰਗੇਰੀ ਤੇ ਮਦਨ ਲਾਲ ਮੱਦੋ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਤੇ ਮਿਹਨਤ ਤੇ ਲਗਨ ਨਾਲ ਅਭਿਆਸ ਕਰਕੇ ਖੇਡਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਲੋਂ ਟੂਰਨਾਮੈਂਟ ਦੇ ਮੁੱਖ ਪ੍ਰਬੰਧਕ ਹਰਨੰਦਨ ਸਿੰਘ ਖਾਬੜਾ ਨੂੰ ਗਿਆਰਾਂ ਹਜ਼ਾਰ ਰੁਪਏ ਸਹਾਇਤਾ ਵਜੋਂ ਵੀ ਦਿੱਤੇ।ਇਸ ਮੌਕੇ ਤੇ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਪੰਡਿਤ ਰਾਕੇਸ਼ ਕੁਮਾਰ ਪਨਾਮ, ਪ੍ਰਵੀਨ ਕੁਮਾਰ ਮਹਿਤਾ, ਸੰਦੀਪ ਸਿੰਘ ਕੈਂਡੋਵਾਲ, ਰਾਜਾ ਕਹਾਰਪੁਰ, ਕੋਚ ਮਨਜੀਤ ਸਿੰਘ ਪਨਾਮ, ਕੋਚ ਸਨੀ ਖਾਬੜਾ, ਰਿੰਪੀ ਖਾਬੜਾ, ਲੱਕੀ ਠੇਕੇਦਾਰ ਸਮੇਤ ਵੱਡੀ ਗਿਣਤੀ ਵਿੱਚ ਪੁਰਾਣੇ ਖਿਡਾਰੀ ਤੇ ਖੇਡ ਪ੍ਰੇਮੀ ਮੈਚ ਨੂੰ ਦੇਖਣ ਲਈ ਪਹੁੰਚੇ ਹੋਏ ਸਨ।

# ਮੇਲਾ ਬਾਬਾ ਗੁਲਾਮ ਮੁਸਤਫਾ : ਖੁੱਲ੍ਹੇ ਅਖਾੜੇ 'ਚ ਖੂਬਸੂਰਤ ਗਾਇਕੀ ਦੀ ਪੇਸ਼ਕਾਰੀ ਹੋਈ





**ਸ਼ਾਹਕੋਟ (ਗਿਆਨ ਸੈਦਪੁਰੀ)**

ਮੰਗਲਵਾਰ ਨੂੰ ਨੇੜਲੇ ਪਿੰਡ ਸੈਦਪੁਰ ਝਿੜੀ, ਸਲੈਚਾਂ, ਹਾਜੀਪੁਰ ਦੀਆਂ ਪੰਚਾਇਤਾਂ ਅਤੇ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਵਿੱਚ ਗ਼ੁਲਾਮ ਮੁਸਤਫਾ ਉਰਫ ਬਾਬਾ ਮਸਤ ਰਾਮ ਲਾਲ ਜੀ ਦੋ ਰੋਜ਼ਾ ਮੇਲਾ ਸ਼ੁਰੂ ਹੋਇਆ। ਦੁਪਹਿਰ 1 ਵਜੇ ਨਿਸ਼ਾਨ ਸਾਹਿਬ ਦੀ ਰਸਮ ਕਰਨ ਉਪਰੰਤ ਸਟੇਜੀ ਪ੍ਰੋਗਰਾਮ ਸ਼ੁਰੂ ਹੋਇਆ। ਸਟੇਜ ਦੀ ਸ਼ੁਰੂਆਤ ਗੁਰਮੇਲ ਭੰਗਾਣੀਆ ਨੇ ਖ਼ੂਬਸੂਰਤ ਗੀਤਾਂ ਰਾਹੀਂ ਕੀਤੀ। ਉਪਰੰਤ ਜੱਸਾ ਨੋਕਦਰੀਆ, ਗੁਰਸੀਰਤ ਗਿੱਲ, ਹਰਸਾਬ, ਮੰਗੀ ਹੰਸ, ਕੁਲਜੀਤ ਬਾਈ, ਅਭਿਸ਼ੇਕ, ਸੌਰਵ ਜਾਨੂੰ ਨੇ ਵੀ ਹਾਜਰੀ ਲਗਵਾਈ। ਰਾਤ ਨੂੰ ਮਹਿਫ਼ਲ-ਏ-ਕਵਾਲੀ ਦਾ ਅਗਾਜ਼ ਫ਼ਕੀਰ ਕਰਾਮਤ ਅਲੀ ਮਲੇਰ ਕੋਟਲਾ ਵਾਲਿਆਂ ਦੀ ਕਾਵੱਲ ਪਾਰਟੀ ਨੇ ਕੀਤਾ। ਰਾਤ ਮਹਿਫ਼ਲ ਵਿੱਚ ਵਨੀਤ ਖ਼ਾਨ, ਸਲਾਮਤ ਅਲੀ ਮਲੇਰ ਕੋਟਲਾ ਨੇ ਸੂਫ਼ੀ ਮਾਹੌਲ ਨੂੰ ਹੋਰ ਦਿਲਚਸਪ ਬਣਾਇਆ।ਔਕਸਫੋਰਡ ਹਸਪਤਾਲ ਜਲੰਧਰ ਵੱਲੋਂ ਖ਼ੂਨਦਾਨ ਕੈਂਪ ਅਤੇ ਫ੍ਰੀ ਟੈਸਟ ਕੀਤੇ ਗਏ।ਇਸ ਮੌਕੇ ਹੋਰਨਾਂ ਤੋਂ ਤਰਸੇਮ ਸਿੰਘ ਧੰਜੂ ਸਰਪੰਚ, ਗਿਆਨ ਸਿੰਘ ਸੇਵਾ ਮੁਕਤ ਏ ਐੱਸ ਆਈ, ਠੇਕੇਦਾਰ ਅਵਤਾਰ ਸਿੰਘ, ਬਾਬਾ ਨਿੰਦ, ਬਲਦੇਵ ਰਾਜ ਪੋਕਾ, ਭੂਸ਼ਣ ਸਿੱਧੂ, ਜਸਵੀਰ ਸਿੰਘ ਜੱਸਾ, ਗੋਰਾ ਸੈਦਪੁਰ, ਨਿੱਕੂ ਧੰਜੂ, ਬਲਵਿੰਦਰ ਗਿੱਲ, ਪ੍ਰੀਤਮ ਸਿੰਘ ਸਾਬਕਾ ਸਰਪੰਚ, ਹਰਦਿਆਲ ਸਿੰਘ ਸਾਬਕਾ ਸਰਪੰਚ, ਪ੍ਰੇਮ ਹੰਸ, ਬੰਟੀ ਹੰਸ, ਸੈਮੀ ਤੱਖਰ, ਮਨਿੰਦਰ ਧੰਜੂ, ਤਾਰਿਕ ਹੁਸੈਨ, ਹੈਪੀ, ਗਿੱਲ, ਅਜੇ ਸੋਹਤਾ ਆਦਿ ਮੌਜੂਦ ਸਨ। ਸਟੇਜ ਸਕੱਤਰ ਦੇ ਫਰਜ਼ ਸੂਫ਼ੀ ਮੰਚ ਸੰਚਾਲਕ ਮੰਗਾ ਕੋਟਲੀ ਅਤੇ ਅਮਨਦੀਪ ਸੈਦਪੁਰੀ ਨੇ ਨਿਭਾਏ।

# ਏ ਜੀ ਆਈ ਵੀਕਲੀ ਕ੍ਰਿਕਟ ਲੀਗ ਚੈਂਪੀਅਨਸ਼ਿਪ ਕਰਵਾਈ

**ਜਲੰਧਰ (ਰਾਜੇਸ਼ ਥਾਪਾ)**

ਏ ਜੀ ਆਈ ਲਿਓਨ ਸਿਕਿਉਰਟੀ ਅਰਬਾਨਾ ਕ੍ਰਿਕਟ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਏ ਜੀ ਆਈ ਵੀਕਲੀ ਕ੍ਰਿਕਟ ਲੀਗ ਦਾ ਮੈਚ ਜਿੱਤ ਲਿਆ। ਇਹ ਰੋਮਾਂਚਕ ਮੈਚ ਜਲੰਧਰ ਹਾਈਟਸ-1, 66 ਫੁੱਟ ਰੋਡ, ਜਲੰਧਰ ਵਿਖੇ ਸਥਿਤ ਏ ਜੀ ਆਈ ਕ੍ਰਿਕਟ ਗ੍ਰਾਊਂਡ ਵਿੱਚ ਖੇਡਿਆ ਗਿਆ।ਇਸ ਮੈਚ ਵਿੱਚ ਏ ਜੀ ਆਈ ਲਿਓਨ ਸਿਕਿਉਰਟੀ ਅਰਬਾਨਾ ਟੀਮ ਦੇ ਖਿਡਾਰੀ ਰੋਹਿਤ ਨੂੰ ਸ਼ਾਨਦਾਰ ਆਲਰਾਊਂਡ ਪ੍ਰਦਰਸ਼ਨ ਲਈ ਬੈਸਟ ਆਲਰਾਊਂਡਰ ਆਫ ਦ ਮੈਚ ਘੋਸ਼ਿਤ ਕੀਤਾ ਗਿਆ।ਮੈਚ ਏ ਜੀ ਆਈ ਲਿਓਨ ਸਿਕਿਉਰਟੀ ਅਰਬਾਨਾ ਕ੍ਰਿਕਟ ਟੀਮ ਤੇ ਏ ਜੀ ਆਈ ਡੇ ਐਂਡ ਨਾਈਟ ਸਿਕਿਉਰਟੀ ਕ੍ਰਿਕਟ ਟੀਮ ਵਿਚਕਾਰ ਖੇਡਿਆ ਗਿਆ। ਏ ਜੀ ਆਈ ਲਿਓਨ ਸਿਕਿਉਰਟੀ ਅਰਬਾਨਾ ਟੀਮ ਨੇ ਵਧੀਆ ਖੇਡ ਦਿਖਾਉਂਦੇ ਹੋਏ ਇਹ ਮੈਚ 106 ਦੌੜਾਂ ਨਾਲ ਜਿੱਤਿਆ।ਟਾਸ ਜਿੱਤਣ ਤੋਂ ਬਾਅਦ ਏ ਜੀ ਆਈ ਲਿਓਨ ਸਿਕਿਉਰਟੀ ਅਰਬਾਨਾ ਟੀਮ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ 209 ਦੌੜਾਂ ਬਣਾਈਆਂ। ਟੀਮ ਵੱਲੋਂ ਰੋਹਿਤ ਨੇ ਸ਼ਾਨਦਾਰ ਬੱਲੇਬਾਜ਼ੀ ਕਰਦਿਆਂ 57 ਦੌੜਾਂ ਬਣਾਈਆਂ, ਜਿਸ ਵਿੱਚ ਪੰਜ ਛੱਕੇ ਅਤੇ ਚਾਰ ਚੌਕੇ ਸ਼ਾਮਲ ਸਨ। ਇਸ ਤੋਂ ਇਲਾਵਾ ਵਿਸ਼ਾਲ ਨੇ ਧਮਾਕੇਦਾਰ ਬੱਲੇਬਾਜ਼ੀ ਕਰਦਿਆਂ 53 ਦੌੜਾਂ ਬਣਾਈਆਂ, ਜਿਸ ਵਿੱਚ ਅੱਠ ਛੱਕੇ ਅਤੇ ਇੱਕ ਚੌਕਾ ਲਾਇਆ। ਸੁਖਪਾਲ ਨੇ ਵੀ ਬੇਹਤਰੀਨ ਪ੍ਰਦਰਸ਼ਨ ਕਰਦਿਆਂ 49 ਦੌੜਾਂ ਬਣਾਈਆਂ, ਜਿਸ ਵਿੱਚ ਪੰਜ ਛੱਕੇ ਅਤੇ ਚਾਰ ਚੌਕੇ ਸ਼ਾਮਲ ਸਨ। ਬੈਂਤ ਸਿੰਘ ਨੇ 8 ਦੌੜਾਂ ਦਾ ਯੋਗਦਾਨ ਦਿੱਤਾ।209 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ ਏ ਜੀ ਆਈ ਡੇ ਐਂਡ



ਨਾਈਟ ਸਿਕਿਉਰਟੀ ਕ੍ਰਿਕਟ ਟੀਮ ਸਿਰਫ 103 ਦੌੜਾਂ ਹੀ ਬਣਾ ਸਕੀ। ਟੀਮ ਵੱਲੋਂ ਅੰਨੂਦੀਪ ਨੇ ਸਭ ਤੋਂ ਵੱਧ 20 ਦੌੜਾਂ ਬਣਾਈਆਂ, ਜਿਸ ਵਿੱਚ ਦੋ ਛੱਕੇ ਅਤੇ ਦੋ ਚੌਕੇ ਸ਼ਾਮਲ ਸਨ। ਇਸ ਤੋਂ ਬਾਅਦ ਸੈਮ ਨੇ 17 ਦੌੜਾਂ ਬਣਾਈਆਂ, ਜਿਸ ਵਿੱਚ ਇੱਕ ਛੱਕਾ ਅਤੇ ਦੋ ਚੌਕੇ ਲਗਾਏ। ਕਰਨ ਨੇ 12 ਦੌੜਾਂ ਬਣਾਈਆਂ, ਜਦਕਿ ਹੈਪੀ ਅਤੇ ਰਮੇਸ਼ ਨੇ 8-8 ਦੌੜਾਂ ਦਾ ਯੋਗਦਾਨ ਦਿੱਤਾ। ਲਵ ਨੇ 6 ਦੌੜਾਂ ਬਣਾਈਆਂ।ਗੇਂਦਬਾਜ਼ੀ ਵਿੱਚ ਏ ਜੀ ਆਈ ਡੇ ਐਂਡ ਨਾਈਟ ਸਿਕਿਉਰਟੀ ਟੀਮ ਦੇ ਅਵਤਾਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 2 ਵਿਕਟਾਂ ਹਾਸਲ ਕੀਤੀਆਂ ਅਤੇ ਉਨ੍ਹਾਂ ਨੂੰ ਬੈਸਟ ਬੌਲਰ ਆਫ ਦ ਮੈਚ ਘੋਸ਼ਿਤ ਕੀਤਾ ਗਿਆ। ਇਸ ਤੋਂ ਇਲਾਵਾ ਬੈਂਤ ਸਿੰਘ, ਹੈਪੀ ਅਤੇ ਬਸੰਤ ਨੇ ਵੀ 1-1 ਵਿਕਟ ਹਾਸਲ ਕੀਤੀ।ਏ ਜੀ ਆਈ ਇੰਫਰਾਸਟਰਕਚਰ ਪ੍ਰਾਈਵੇਟ ਲਿਮਿਟੇਡ ਦੇ ਡਾਇਰੈਕਟਰ ਵਰਿੰਦਰ ਸਿੰਘ, ਜਿਨ੍ਹਾਂ ਨੇ ਏ ਜੀ ਆਈ ਵੀਕਲੀ ਕ੍ਰਿਕਟ ਲੀਗ ਦੀ ਸ਼ੁਰੂਆਤ ਕੀਤੀ ਹੈ, ਨੇ ਦੋਵੇਂ ਟੀਮਾਂ ਦਾ ਹੌਸਲਾ ਵਧਾਇਆ ਅਤੇ ਭਾਗ ਲੈ ਰਹੀਆਂ ਟੀਮਾਂ ਨੂੰ ਹਰ ਤਰ੍ਹਾਂ ਦੀ ਮਦਦ ਦੇਣ ਦਾ ਭਰੋਸਾ ਦਿੱਤਾ।

# ਜ਼ਿਲ੍ਹਾ ਹੁਸ਼ਿਆਰਪੁਰ ਦੀਆਂ 6 ਨਗਰ ਕੌਂਸਲਾਂ ਲਈ 263 ਉਮੀਦਵਾਰ ਚੋਣ ਮੈਦਾਨ 'ਚ

**ਹੁਸ਼ਿਆਰਪੁਰ (ਓ ਪੀ ਰਾਣਾ)**-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨਿਕਾਸ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ 6 ਨਗਰ ਕੌਂਸਲ ਦੇ 80 ਵਾਰਡਾਂ ਦੀ ਚੋਣ ਲਈ ਕੁੱਲ 328 ਉਮੀਦਵਾਰਾਂ ਵਲੋਂ ਨਾਮਜ਼ਦਗੀ ਪੱਤਰ ਭਰੇ ਗਏ ਸਨ ਜਦ ਕਿ ਪੜਤਾਲ ਦੌਰਾਨ 1 ਨਾਮਜ਼ਦਗੀ ਪੱਤਰ ਰੱਦ ਹੋ ਗਿਆ ਸੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਨਾਮਜ਼ਦਗੀ ਪੱਤਰਾਂ ਨੂੰ ਵਾਪਸ ਲੈਣ ਦੀ ਮਿਤੀ 19 ਮਈ 2026 ਨੂੰ 64 ਨਾਮਜ਼ਦਗੀ ਪੱਤਰ ਵਾਪਸ ਲੈਣ ਉਪਰੰਤ ਕੁੱਲ 263 ਉਮੀਦਵਾਰ ਚੋਣ ਮੈਦਾਨ ਵਿਚ ਰਹਿ ਗਏ ਹਨ।ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਨਗਰ ਕੌਂਸਲ ਗੜ੍ਹਸ਼ੰਕਰ ਵਿਚ 1 ਨਾਮਜ਼ਦਗੀ ਪੱਤਰ ਰੱਦ ਕੀਤਾ ਗਿਆ, ਜਦ ਕਿ ਨਗਰ ਕੌਂਸਲ ਟਾਂਡਾ ਵਿਚ 19 ਨਾਮਜ਼ਦਗੀ ਪੱਤਰ ਵਾਪਸ ਲਏ ਗਏ। ਇਸੇ ਤਰ੍ਹਾਂ ਨਗਰ ਕੌਂਸਲ ਹਰਿਆਣਾ ਵਿਚ 10, ਨਗਰ ਕੌਂਸਲ ਗੜ੍ਹਦੀਵਾਲਾ ਵਿਚ 11, ਨਗਰ ਕੌਂਸਲ ਦਸੂਹਾ ਵਿਚ 8, ਨਗਰ ਕੌਂਸਲ ਮੁਕੇਰੀਆਂ ਵਿਚ 6 ਅਤੇ ਨਗਰ ਕੌਂਸਲ ਗੜ੍ਹਸ਼ੰਕਰ ਵਿਚ 10 ਨਾਮਜ਼ਦਗੀ ਪੱਤਰ ਵਾਪਸ ਲਏ ਗਏ ਹਨ । ਉਨ੍ਹਾਂ ਦੱਸਿਆ ਕਿ ਹੁਣ ਚੋਣ ਮੈਦਾਨ ਵਿਚ ਕੁਲ 263 ਉਮੀਦਵਾਰ ਰਹਿ ਗਏ ਹਨ ਜਿਨ੍ਹਾਂ ਵਿਚ ਨਗਰ ਕੌਂਸਲ ਟਾਂਡਾ ਵਿਚ 46, ਨਗਰ ਕੌਂਸਲ ਹਰਿਆਣਾ ਵਿਚ 33, ਨਗਰ ਕੌਂਸਲ ਗੜ੍ਹਦੀਵਾਲਾ ਵਿਚ 37 , ਨਗਰ ਕੌਂਸਲ ਦਸੂਹਾ ਵਿਚ 45, ਨਗਰ ਕੌਂਸਲ ਮੁਕੇਰੀਆਂ ਵਿਚ 52 ਅਤੇ ਨਗਰ ਕੌਂਸਲ ਗੜ੍ਹਸ਼ੰਕਰ ਵਿਚ 50 ਉਮੀਦਵਾਰ ਚੋਣ ਮੈਦਾਨ ਵਿਚ ਰਹਿ ਗਏ ਹਨ।

# ਚੰਡੀਗੜ੍ਹ ਫੋਟੋਗ੍ਰਾਫ਼ਰਜ਼ ਐਸੋਸੀਏਸ਼ਨ ਦੀ ਜਨਰਲ ਬਾਡੀ ਮੀਟਿੰਗ ਸੰਪੰਨ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਚੰਡੀਗੜ੍ਹ ਫੋਟੋਗ੍ਰਾਫ਼ਰਜ਼ ਐਸੋਸੀਏਸ਼ਨ ਦੀ ਜਨਰਲ ਬਾਡੀ ਮੀਟਿੰਗ ਲਾਇਨਜ਼ ਕਲੱਬ, ਸੈਕਟਰ 18 ਚੰਡੀਗੜ੍ਹ ਵਿਖੇ ਹੋਈ, ਜਿਸ ਵਿੱਚ ਲਗਭਗ 200 ਵਿਅਕਤੀਆਂ ਵੱਲੋਂ ਭਾਗ ਲਿਆ ਗਿਆ। ਚੰਡੀਗੜ੍ਹ, ਮੋਹਾਲੀ ਅਤੇ ਪੰਚਕੂਲਾ ਦੇ ਸੀਨੀਅਰ ਫੋਟੋਗ੍ਰਾਫ਼ਰਾਂ, ਜਿਨ੍ਹਾਂ ਨੇ ਬਹੁਤ ਜ਼ਿਆਦਾ ਪੇਸ਼ੇਵਰ ਸਫਲਤਾ ਪ੍ਰਾਪਤ ਕੀਤੀ, ਨੂੰ ਸਨਮਾਨਤ ਕੀਤਾ ਗਿਆ। ਇਨ੍ਹਾਂ ਵਿੱਚ ਸਭ ਤੋਂ ਮਹੱਤਵਪੂਰਨ ਸੁਰੇਸ਼ ਸ਼ਰਮਾ (ਇੰਡੀਆਨੋ ਸਟੂਡੀਓ) ਹਨ, ਜਿਨ੍ਹਾਂ ਨੂੰ ਆਰਕੀਟੈਕਚਰ ਫੋਟੋਗ੍ਰਾਫੀ ਵਿੱਚ ਆਪਣੇ ਕੰਮ ਲਈ ਰਾਸ਼ਟਰੀ ਪੱਧਰ 'ਤੇ ਪ੍ਰਸ਼ੰਸਾ ਪ੍ਰਾਪਤ ਹੋਈ ਹੈ।ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਨੀਲ ਭੱਟ ਨੇ ਗਵਰਨਿੰਗ ਬਾਡੀ ਦੀਆਂ ਇਤਿਹਾਸਕ ਪ੍ਰਾਪਤੀਆਂ ਦਾ ਵਿਸਤ੍ਰਿਤ ਵੇਰਵਾ ਪੇਸ਼ ਕੀਤਾ। ਇਸ ਪੂਰੀ ਟੀਮ ਦੀ ਅਗਵਾਈ ਸੀ ਪੀ ਏ ਦੇ ਪ੍ਰਧਾਨ, ਸਰੋਜ ਸਿੰਘ ਚੌਹਾਨ ਕਰ ਰਹੇ ਹਨ, ਜਿਨ੍ਹਾਂ ਨੂੰ ਸੰਸਥਾਪਕ ਮੈਂਬਰ ਅਤੇ ਖਜ਼ਾਨਚੀ ਸੁਭਾਸ਼ ਭਾਟੀਆ ਦਾ ਪੂਰਾ ਸਮਰਥਨ ਪ੍ਰਾਪਤ ਹੈ। ਇਹ ਸਾਰੀਆਂ ਪ੍ਰਾਪਤੀਆਂ ਸਿਰਫ਼ ਨੌਂ ਮਹੀਨਿਆਂ ਦੇ ਬਹੁਤ ਘੱਟ ਸਮੇਂ ਵਿੱਚ ਪ੍ਰਾਪਤ ਕੀਤੀਆਂ ਗਈਆਂ ਹਨ, ਜੋ ਕਿ ਸਾਰੇ ਮੈਂਬਰਾਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਦੱਸਿਆ ਕਿ ਪ੍ਰਧਾਨ ਸਰੋਜ ਸਿੰਘ ਚੌਹਾਨ ਨੂੰ ਫੋਟੋਗ੍ਰਾਫਰਜ਼ ਵੈਲਫੇਅਰ ਐਸੋਸੀਏਸ਼ਨ ਆਫ਼ ਪੰਜਾਬ ਦੇ ਸੰਯੁਕਤ ਸਕੱਤਰ ਦੇ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਹੈ, ਜੋ ਕਿ ਮਾਣ ਵਾਲੀ ਗੱਲ ਹੈ। ਇਸ ਦੌਰਾਨ ਸੀ ਪੀ ਏ ਦੇ ਚੇਅਰਮੈਨ ਜੈ ਪਾਲ ਸਿੰਘ ਗਰਚਾ ਨੇ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਤੇ ਭੱਵਿਖ ਵਿੱਚ ਵੀ ਇਸੇ ਤਰ੍ਹਾਂ ਕੰਮ ਕਰਨ ਲਈ ਪ੍ਰੇਰਿਤ ਕੀਤਾ।

# ਨਗਰ ਕੌਂਸਲ ਚੋਣਾਂ 'ਚ 15 ਵਾਰਡਾਂ ਲਈ 52 ਉਮੀਦਵਾਰ ਮੈਦਾਨ 'ਚ

**ਬੰਗਾ (ਅਵਤਾਰ ਕਲੇਰ)**-ਪੰਜਾਬ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਬੰਗਾ ਨਗਰ ਕੌਂਸਲ ਦਫ਼ਤਰ ਵਿੱਚ ਨਾਮਜ਼ਦਗੀਆਂ ਵਾਪਸ ਲੈਣ ਦੀ ਆਖ਼ਰੀ ਤਾਰੀਖ਼ ਸੀ। ਨਾਮਜ਼ਦਗੀਆਂ ਵਾਪਸੀ ਦੀ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਬੰਗਾ ਦੇ ਰਿਟਰਨਿੰਗ ਅਫ਼ਸਰ-ਕਮ-ਐੱਸ ਡੀ ਐੱਮ ਵਿਪਨ ਭੰਡਾਰੀ ਵੱਲੋਂ ਚੋਣ ਮੈਦਾਨ ਵਿੱਚ ਰਹਿ ਗਏ ਉਮੀਦਵਾਰਾਂ ਦੀ ਅੰਤਿਮ ਸੂਚੀ ਜਾਰੀ ਕੀਤੀ ਗਈ। ਇਸ ਦੇ ਨਾਲ ਹੀ ਆਜ਼ਾਦ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਵੀ ਅਲਾਟ ਕੀਤੇ ਗਏ। ਬੰਗਾ ਨਗਰ ਕੌਂਸਲ ਦੇ 15 ਵਾਰਡਾਂ ਵਿੱਚ ਹੁਣ ਕੁੱਲ 52 ਉਮੀਦਵਾਰ ਚੋਣ ਮੈਦਾਨ ਵਿੱਚ ਹਨ। ਕਾਂਗਰਸ ਪਾਰਟੀ ਵੱਲੋਂ 15 ਦੇ 15 ਵਾਰਡਾਂ ਵਿੱਚ ਉਮੀਦਵਾਰ ਖੜੇ ਕੀਤੇ ਗਏ ਹਨ, ਜਦਕਿ ਆਮ ਆਦਮੀ ਪਾਰਟੀ ਵੱਲੋਂ 14, ਸ਼੍ਰੋਮਣੀ ਅਕਾਲੀ ਦਲ ਵੱਲੋਂ 9, ਭਾਰਤੀ ਜਨਤਾ ਪਾਰਟੀ ਵੱਲੋਂ 3 ਅਤੇ ਬਹੁਜਨ ਸਮਾਜ ਪਾਰਟੀ ਵੱਲੋਂ 2 ਉਮੀਦਵਾਰ ਮੈਦਾਨ ਵਿੱਚ ਹਨ। ਇਸ ਤੋਂ ਇਲਾਵਾ 9 ਆਜ਼ਾਦ ਉਮੀਦਵਾਰ ਵੀ ਆਪਣੀ ਕਿਸਮਤ ਅਜ਼ਮਾ ਰਹੇ ਹਨ। 26 ਮਈ ਨੂੰ ਹੋਣ ਵਾਲੀਆਂ ਚੋਣਾਂ ਨੂੰ ਲੈ ਕੇ ਬੰਗਾ ਸ਼ਹਿਰ ਵਿੱਚ ਰਾਜਨੀਤਿਕ ਗਤੀਵਿਧੀਆਂ ਤੇਜ਼ ਹੋ ਚੁੱਕੀਆਂ ਹਨ ਤੇ ਸਾਰੀਆਂ ਪਾਰਟੀਆਂ ਵੱਲੋਂ ਚੋਣ ਪ੍ਰਚਾਰ ਤੇਜ਼ ਕਰ ਦਿੱਤਾ ਗਿਆ ਹੈ।ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

# ਏ ਬੀ ਫਾਊਂਡੇਸ਼ਨ ਵੱਲੋਂ ਦਿਸ਼ਾਦੀਪ ਐੱਨ ਜੀ ਓ ਨੂੰ 1000 ਫ਼ਲਦਾਰ ਬੂਟੇ ਕੀਤੇ ਦਾਨ

**ਜਲੰਧਰ (ਸ਼ੈਲੀ ਐਲਬਰਟ)**

ਜਲੰਧਰ ਦੀ ਏ ਬੀ ਫਾਊਂਡੇਸ਼ਨ ਜੋ ਕਿ ਗਰੀਬ ਬੱਚਿਆਂ ਨੂੰ ਉਨ੍ਹਾਂ ਦੀ ਪੜ੍ਹਾਈ ਲਈ ਦਾਖਲੇ ਤੇ ਫੀਸਾਂ ਦੇਣ ਵਿੱਚ ਸਹਾਇਤਾ ਕਰਨ ਲਈ ਜਾਣੀ



ਜਾਂਦੀ ਹੈ, ਵੱਲੋਂ ਬਹੁਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਤੇ ਨਿਸ਼ਕਾਮ ਸੇਵਾ ਵੈਲਫੇਅਰ ਸੁਸਾਇਟੀ ਨੂੰ ਵਾਤਾਵਰਨ ਸੁਰੱਖਿਆ ਜਲੰਧਰ ਨੂੰ ਹਰਿਆ ਭਰਿਆ ਬਣਾਉਣ ਵਿੱਚ ਪਿਛਲੇ ਕੁਝ ਸਾਲਾਂ ਤੋਂ ਚਲ ਰਹੀ ਮੁਹਿੰਮ 'ਹਰ ਘਰ ਵਿੱਚ ਇੱਕ ਫ਼ਲਦਾਰ ਬੂਟਾ' ਲਈ 1000 ਫਲਦਾਰ ਬੂਟੇ ਲਗਾਉਣ ਲਈ 20 ਹਜ਼ਾਰ ਰੁਪਏ ਦਾ ਚੈੱਕ ਏ ਬੀ ਫਾਊਂਡੇਸ਼ਨ ਦੇ ਮੁਖੀ ਅਤੇ ਫੋਰਟੀਜ਼ ਹਸਪਤਾਲ ਜਲੰਧਰ ਦੇ ਉੱਘੇ ਸਰਜਨ ਹਰਮੀਤ ਪਾਲ ਸਿੰਘ ਵਲੋਂ ਲਾਇਨ ਐਸ ਐਮ ਸਿੰਘ, ਕਿਰਨ ਨਾਗਪਾਲ , ਸੁਸ਼ਮਾ ਡੋਗਰਾ ਅਤੇ ਤਰਸੇਮ ਜਲੰਧਰੀ ਨੂੰ ਸੌਂਪਿਆ। ਆਪਣੇ ਸਾਂਝੇ ਬਿਆਨ ਵਿੱਚ ਡਾਕਟਰ ਹਰਮੀਤ ਪਾਲ ਸਿੰਘ, ਲਾਇਨ ਐਸ ਐਮ ਸਿੰਘ, ਸੰਸਥਾਪਕ ਅਤੇ ਚੀਫ਼ ਦਿਸ਼ਾਦੀਪ , ਕਿਰਨ ਕਟਾਰੀਆ ਨਾਗਪਾਲ ਪ੍ਰਧਾਨ , ਸੁਸ਼ਮਾ ਡੋਗਰਾ ਅਤੇ ਤਰਸੇਮ ਜਲੰਧਰੀ ਉਪ ਚੇਅਰਮੈਨ ਨੇ ਕਿਹਾ ਕਿ ਵਾਤਾਵਰਨ ਸੁਰੱਖਿਆ ਤੇ ਆਪਣੇ ਚੌਗਿਰਦੇ ਨੂੰ ਹਰਿਆ ਭਰਿਆ ਬਣਾਉਣਾ ਸਾਡਾ ਸਭ ਦਾ ਨੈਤਿਕ ਅਤੇ ਕੌਮੀ ਫਰਜ਼ ਹੈ। ਜਦੋਂ ਵਿਸ਼ਵ ਦਾ ਹਰ ਨਾਗਰਿਕ ਵਾਤਾਵਰਨ ਸੁਰੱਖਿਆ ਪ੍ਰਤੀ ਗੰਭੀਰ ਹੋਵੇਗਾ ਤਾਂ ਨਾ ਸਿਰਫ ਅਸੀਂ ਵੱਧ ਰਹੇ ਪ੍ਰਦੂਸ਼ਣ ਨਾਲ ਨਜਿੱਠਣ ਲਈ ਸਮਰੱਥ ਹੋਵਾਂਗੇ ਬਲਕਿ ਗਲੋਬਲ ਵਾਰਮਿੰਗ ਅਤੇ ਦੂਸ਼ਿਤ ਵਾਤਾਵਰਨ ਕਾਰਨ ਹੋਣ ਵਾਲੀਆਂ ਗੰਭੀਰ ਬਿਮਾਰੀਆਂ ਨੂੰ ਠੱਲ ਪਾਉਣ ਵਿੱਚ ਵੀ ਕਾਮਯਾਬ ਹੋਵਾਂਗੇ।

# ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ 'ਚ ਇੰਟਰ ਹਾਊਸ ਖੇਡ ਮੁਕਾਬਲੇ



**ਸੁਲਤਾਨਪੁਰ ਲੋਧੀ (ਹਨੀ)**-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਸਕੂਲ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਦੀ ਅਗਵਾਈ ਵਿੱਚ ਵਿਦਿਆਰਥੀਆਂ ਦੇ ਸਰੀਰਿਕ ਵਿਕਾਸ ਅਤੇ ਖੇਡਾਂ ਪ੍ਰਤੀ ਰੁਚੀ ਵਧਾਉਣ ਲਈ ਇੰਟਰ ਹਾਊਸ ਵਾਲੀਬਾਲ ਅਤੇ ਟੱਗ ਆਫ ਵਾਰ ਆਦਿ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਸਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਨੇ ਵਾਲੀਬਾਲ ਮੁਕਾਬਲੇ ਦੌਰਾਨ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਜਿੱਤ ਹਾਸਲ ਕੀਤੀ। ਟੱਗ ਆਫ ਵਾਰ ਦੇ ਰੋਮਾਂਚਕ ਮੁਕਾਬਲੇ ਵਿੱਚ ਸਾਹਿਬਜ਼ਾਦਾ ਫਤਿਹ ਸਿੰਘ ਹਾਊਸ ਜੇਤੂ ਰਿਹਾ। ਇਹ ਮੁਕਾਬਲੇ ਦੇਖ ਰਹੇ ਬਾਕੀ ਵਿਦਿਆਰਥੀਆਂ ਨੇ ਵੀ ਖਿਡਾਰੀਆਂ ਦਾ ਹੌਸਲਾ ਵਧਾਇਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ, ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਖੇਡ ਮੁਕਾਬਲੇ ਵਿਦਿਆਰਥੀਆਂ ਵਿੱਚ ਟੀਮ ਵਰਕ, ਅਨੁਸ਼ਾਸਨ ਅਤੇ ਆਤਮ ਵਿਸ਼ਵਾਸ ਪੈਦਾ ਕਰਦੇ ਹਨ। ਅੰਤ ਵਿੱਚ ਜੇਤੂ ਟੀਮਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।